@Qpatrika
@qaumipatrika punjabi
instagram.com/ qaumipatrika
Largest Circulated
विश्व भर में सबसे ज्यादा पढ़ा जाने वाला
# ਕੌਮੀ ਪਤ੍ਰਿਕਾ
Qaumi Patrika NO.1
Punjabi National Daily
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Tuesday, 22 April 2025
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਮੰਗਲਵਾਰ 22 ਅਪ੍ਰੈਲ 2025, 9 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ–12) ਮੁੱਲ 3.00 ਰੁਪਏ
R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 140, qpatrika@gmail.com ਫੋਨ : 9971359517 www.qaumipatrika.org

## ਸਾਡੀ ਸਰਕਾਰ ਦੀਆਂ ਨੀਤੀਆਂ ਅਗਲੇ 1,000 ਸਾਲਾਂ ਦਾ ਭਵਿੱਖ ਤੈਅ ਕਰਨਗੀਆਂ: ਪ੍ਰਧਾਨ ਮੰਤਰੀ ਮੋਦੀ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 21 ਅਪ੍ਰੈਲ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਸਰਕਾਰ ਜਿਨ੍ਹਾਂ ਨੀਤੀਆਂ ’ਤੇ ਕੰਮ ਕਰ ਰਹੀ ਹੈ, ਉਹ ਆਗਾਮੀ 1000 ਸਾਲ ਦਾ ਭਵਿੱਖ ਤੈਅ ਕਰਨਗੀਆਂ। ਪ੍ਰਧਾਨ ਮੰਤਰੀ ਨੇ ਇੱਥੇ ਸਿਵਲ ਸੇਵਾਵਾਂ ਦਿਵਸ ਮੌਕੇ ਆਯੋਜਿਤ ਇਕ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਦੇ ਸਮੁੱਚੇ ਵਿਕਾਸ ਦਾ ਅਰਥ ਹੈ ਕਿ ਕੋਈ ਵੀ ਪਿੰਡ, ਕੋਈ ਵੀ ਪਰਿਵਾਰ ਅਤੇ ਕੋਈ ਵੀ ਨਾਗਰਿਕ ਪਿੱਛੇ ਨਾ ਰਹੇ। ਉਨ੍ਹਾਂ ਕਿਹਾ ਕਿ ਅਸੀਂ ਜਿਨ੍ਹਾਂ ਨੀਤੀਆਂ ’ਤੇ ਕੰਮ ਕਰ ਰਹੇ ਹਾਂ ਅਤੇ ਅੱਜ ਜੋ ਫੈਸਲੇ ਲੈ ਰਹੇ ਹਾਂ, ਉਹ ਅਗਲੇ 1,000 ਸਾਲਾਂ ਦੇ ਭਵਿੱਖ ਨੂੰ ਆਕਾਰ ਦੇਣਗੇ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਦਾ ਇੱਛਾਵਾਂ ਵਾਲਾ ਸਮਾਜ- ਨੌਜਵਾਨ, ਕਿਸਾਨ ਅਤੇ ਔਰਤਾਂ ਅਤੇ ਇਸਦੇ ਸੁਪਨੇ ਬੇਮਿਸਾਲ ਉਚਾਈਆਂ ’ਤੇ ਪਹੁੰਚ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਅਸਾਧਾਰਨ ਇੱਛਾਵਾਂ ਨੂੰ ਪ੍ਰਾਪਤ ਕਰਨ ਲਈ ਅਸਾਧਾਰਨ ਗਤੀ ਦੀ ਲੋੜ ਹੁੰਦੀ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸ਼ਾਸਨ ਦੀ ਗੁਣਵੱਤਾ ਇਸ ਗੱਲ ਤੋਂ ਤੈਅ



ਹੁੰਦੀ ਹੈ ਕਿ ਯੋਜਨਾਵਾਂ ਲੋਕਾਂ ਤੱਕ ਕਿੰਨੀ ਡੂੰਘਾਈ ਨਾਲ ਪਹੁੰਚਦੀਆਂ ਹਨ ਅਤੇ ਜ਼ਮੀਨੀ ਪੱਧਰ ’ਤੇ ਉਨ੍ਹਾਂ ਦਾ ਅਸਲ ਪ੍ਰਭਾਵ ਕਿੰਨਾ ਪੈਂਦਾ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 10 ਸਾਲਾਂ ’ਚ ਭਾਰਤ ਹੌਲੀ ਤਬਦੀਲੀ ਤੋਂ ਹੁਣ ਪ੍ਰਭਾਵਸ਼ਾਲੀ ਤਬਦੀਲੀਆਂ ਦਾ ਗਵਾਹ ਬਣ ਗਿਆ ਹੈ। ਉਨ੍ਹਾਂ ਕਿਹਾ ÷ਭਾਰਤ ਸ਼ਾਸਨ, ਪਾਰਦਰਸ਼ਤਾ ਅਤੇ ਨਵੀਨਤਾ ’ਚ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਹੈ।÷ ਤਕਨਾਲੋਜੀ ਦੇ ਯੁੱਗ ਵਿਚ ਸ਼ਾਸਨ ਦਾ ਅਰਥ ਸਿਸਟਮ ਦਾ ਪ੍ਰਬੰਧਨ ਨਹੀਂ ਹੈ, ਸਗੋਂ ਇਸ ਦਾ ਅਰਥ ਹੈ ਸੰਭਾਵਨਾਵਾਂ ਦਾ ਵਿਸਥਾਰ ਕਰਨਾ। 2023 ’ਚ ਭਾਰਤ ਵੱਲੋਂ ਆਯੋਜਿਤ ਜੀ–20 ਸੰਮੇਲਨ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਜਨਤਕ ਭਾਗੀਦਾਰੀ ਦੇ ਦ੍ਰਿਸ਼ਟੀਕੋਣ ਨੇ ਇਸ ਸਮਾਗਮ ਨੂੰ ਇਕ ਲੋਕ ਲਹਿਰ ਵਿਚ ਬਦਲ ਦਿੱਤਾ ਅਤੇ ਦੁਨੀਆ ਵਲੋਂ ਇਸ ਨੂੰ ਮਾਨਤਾ ਦਿੱਤੀ ਗਈ। ਭਾਰਤ ਸਿਰਫ਼ ਹਿੱਸਾ ਨਹੀਂ ਲੈ ਰਿਹਾ, ਸਗੋਂ ਅਗਵਾਈ ਕਰ ਰਿਹਾ ਹੈ। ਪ੍ਰਧਾਨ ਮੰਤਰੀ ਮੋਦੀ ਨੇ ਸਿਵਲ ਸੇਵਕਾਂ ਨੂੰ ਗਰੀਬਾਂ ਦੀਆਂ ਸਮੱਸਿਆਵਾਂ ਪ੍ਰਤੀ ਸੰਵੇਦਨਸ਼ੀਲ ਹੋਣ ਉਨ੍ਹਾਂ ਦੀ ਆਵਾਜ਼ ਸੁਣਨ, ਉਨ੍ਹਾਂ ਦੀਆਂ ਸੰਵੇਦਨਸ਼ੀਲਤਾਵਾਂ ਦਾ ਸਤਿਕਾਰ ਕਰਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਨੂੰ ਤਰਜੀਹ ਦੇਣ ਲਈ ਕਿਹਾ।

## ਕਿਸਾਨਾਂ ਲਈ ਵੱਡੀ ਰਾਹਤ !

ਚੰਡੀਗੜ੍ਹ 21 ਅਪ੍ਰੈਲ। ਹਰਿਆਣਾ ’ਚ ਪਿਛਲੇ ਕੁਝ ਦਿਨਾਂ ’ਚ ਖੇਤਾਂ ’ਚ ਹੋ ਰਹੀਆਂ ਅਚਾਨਕ ਅੱਗ ਲੱਗਣ ਦੀਆਂ ਘਟਨਾਵਾਂ ਨਾਲ ਫ਼ਸਲਾਂ ਅਤੇ ਪਸ਼ੂਆਂ ਨੂੰ ਹੋਏ ਨੁਕਸਾਨ ਨੂੰ ਲੈ ਕੇ ਪ੍ਰਦੇਸ਼ ਸਰਕਾਰ ਨੇ ਸੋਮਵਾਰ ਨੂੰ ਕਿਸਾਨਾਂ ਨੂੰ ਮੁਆਵਜ਼ੇ ਦੇਣ ਦਾ ਐਲਾਨ ਕੀਤਾ। ਅਧਿਕਾਰਤ ਸੂਤਰਾਂ ਅਨੁਸਾਰ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇਹ ਐਲਾਨ ਕਰਦੇ ਹੋਏ ਕਿਹਾ ਕਿ ਪਿਛਲੇ ਕੁਝ ਦਿਨਾਂ ’ਚ ਪ੍ਰਦੇਸ਼ ਹੋਈਆਂ ਅੱਗ ਲੱਗਣ ਦੀਆਂ ਘਟਨਾਵਾਂ ਨਾਲ ਫ਼ਸਲਾਂ ਅਤੇ ਪਸ਼ੂਆਂ ਸੰਬੰਧੀ ਜਾਨ–ਮਾਲ ਦਾ ਨੁਕਸਾਨ ਹੋਇਆ ਹੈ, ਜਿਸ ਨਾਲ ਕਿਸਾਨਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸਰਕਾਰ ਨੇ ਫ਼ੈਸਲਾ ਲਿਆ ਹੈ ਕਿ ਅਜਿਹੇ ਸਾਰੇ ਪ੍ਰਭਾਵਿਤ ਕਿਸਾਨਾਂ ਨੂੰ ਜਲਦ ਹੀ ਮੁਆਵਜ਼ਾ ਦਿੱਤਾ ਜਾਵੇਗਾ। ਮੁੱਖ ਮੰਤਰੀ ਨੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਵੀ ਨਿਰਦੇਸ਼ ਜਾਰੀ ਕੀਤੇ ਹਨ ਕਿ ਉਹ ਅੱਗ ਲੱਗਣ ਨਾਲ ਸੰਬੰਧਤ ਘਟਨਾਵਾਂ ਦੀ ਰਿਪੋਰਟ ਲੈਣ। ਉਨ੍ਹਾਂ ਨੇ ਕਿਹਾ ਕਿ ਪ੍ਰਭਾਵਿਤ ਕਿਸਾਨ ਸੰਬੰਧਤ ਡਿਪਟੀ ਕਮਿਸ਼ਨਰਾਂ ਦੇ ਸਾਹਮਣੇ ਅਪੀਲ ਕਰਨ ਤਾਂ ਕਿ ਉਨ੍ਹਾਂ ਨੂੰ ਜਲਦ ਤੋਂ ਜਲਦ ਮੁਆਵਜ਼ਾ ਦੇਣ ਦੀ ਪ੍ਰਕਿਰਿਆ ਅਮਲ ’ਚ ਲਿਆਂਦੀ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਨੁਕਸਾਨ ਨਾਲ ਪ੍ਰਭਾਵਿਤ ਕਿਸਾਨਾਂ ਨੂੰ ਆਉਣ ਵਾਲੀਆਂ ਫ਼ਸਲਾਂ ਦੀ ਬਿਜਾਈ ਲਈ ਬੀਜ ਅਤੇ ਖਾਦ ’ਚ ਵੀ ਮਦਦ ਕੀਤੀ ਜਾਵੇਗੀ ਤਾਂ ਕਿ ਕਿਸਾਨਾਂ ਨੂੰ ਆਰਥਿਕ ਰੂਪ ਨਾਲ ਬੋਝ ਨਾ ਝੱਲਣਾ ਪਵੇ।

## ਪੋਪ ਫਰਾਂਸਿਸ ਦੇ ਦਿਹਾਂਤ ’ਤੇ ਰਾਹੁਲ ਗਾਂਧੀ ਨੇ ਜਤਾਇਆ ਦੁੱਖ

ਨਵੀਂ ਦਿੱਲੀ 21 ਅਪ੍ਰੈਲ। ਪੋਪ ਫਰਾਂਸਿਸ ਨੇ ਅੱਜ 88 ਸਾਲ ਦੀ ਉਮਰ ’ਚ ਦੁਨੀਆ ਨੂੰ ਅਲਵਿਦਾ ਆਖ਼ ਦਿੱਤਾ ਹੈ। ਪੋਪ ਦੇ ਦਿਹਾਂਤ ਕਾਰਨ ਦੁਨੀਆ ਭਰ ’ਚ ਸੋਗ ਦੀ ਲਹਿਰ ਹੈ। ਉਨ੍ਹਾਂ ਦੇ ਦਿਹਾਂਤ ਨੂੰ ਲੈ ਕੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਲੈ ਕੇ ਕਈ ਆਗੂਆਂ ਨੇ ਦੁੱਖ਼ ਜ਼ਾਹਰ ਕੀਤਾ। ਕਾਂਗਰਸ ਦੇ ਸਾਬਕਾ ਨੇਤਾ ਰਾਹੁਲ ਗਾਂਧੀ ਨੇ ’ਐਕਸ’ ’ਤੇ ਪੋਸਟ ਕਰ ਕੇ ਕਿਹਾ ਕਿ ਦਇਆ, ਨਿਆਂ ਅਤੇ ਸ਼ਾਂਤੀ ਦੀ ਵਿਸ਼ਵਵਿਆਪੀ ਆਵਾਜ਼, ਪੋਪ ਫਰਾਂਸਿਸ ਦੇ ਦਿਹਾਂਤ ’ਤੇ ਬਹੁਤ ਦੁੱਖ ਹੋਇਆ। ਉਹ ਦੱਬੇ–ਕੁਚਲੇ ਅਤੇ



ਹਾਸ਼ੀਏ ’ਤੇ ਧੱਕੇ ਗਏ ਲੋਕਾਂ ਦੇ ਨਾਲ ਖੜ੍ਹੇ ਰਹੇ, ਅਸਮਾਨਤਾ ਵਿਰੁੱਧ ਨਿਡਰਤਾ ਨਾਲ ਬੋਲੇ, ਪਿਆਰ ਅਤੇ ਮਨੁੱਖਤਾ ਦੇ ਆਪਣੇ ਸੰਦੇਸ਼ ਨਾਲ ਲੱਖਾਂ ਧਰਮਾਂ ਦੇ ਲੋਕਾਂ ਨੂੰ ਪ੍ਰੇਰਿਤ ਕੀਤਾ। ਮੇਰੇ ਵਿਚਾਰ ਭਾਰਤ ਅਤੇ ਦੁਨੀਆ ਭਰ ਦੇ ਕੈਥੋਲਿਕ ਭਾਈਚਾਰੇ ਦੇ ਨਾਲ ਹਨ। ਦੱਸ ਦੇਈਏ ਕਿ ਪੋਪ ਫਰਾਂਸਿਸ ਇਤਿਹਾਸ ਦੇ ਪਹਿਲੇ ਲੈਟਿਨ ਅਮਰੀਕੀ ਯਾਨੀ ਕਿ ਗੈਰ ਯੂਰੋਪੀਅਨ ਪੋਪ ਸਨ। ਉਨ੍ਹਾਂ ਨੂੰ 14 ਫਰਵਰੀ ਨੂੰ ਰੋਮ ਦੇ ਜੇਮੇਲੀ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਸੀ। ਉਨ੍ਹਾਂ ਦਾ ਨਿਮੋਨੀਆ ਦਾ ਇਲਾਜ ਵੀ ਚੱਲ ਰਿਹਾ ਸੀ। ਪੋਪ ਫਰਾਂਸਿਸ ਪਿਛਲੇ ਕਈ ਮਹੀਨਿਆਂ ਤੋਂ ਸਿਹਤ ਸਮੱਸਿਆਵਾਂ ਤੋਂ ਜੂਝ ਰਹੇ ਸਨ।

## ਭਾਰਤੀ ਹਵਾਈ ਫੌਜ ਦੇ ਹੈਲੀਕਾਪਟਰ ਦੀ ਕਰਵਾਉਣੀ ਪਈ ਐਮਰਜੈਂਸੀ ਲੈਂਡਿੰਗ

ਨੈਸ਼ਨਲ ਡੈਸਕ 21 ਅਪ੍ਰੈਲ। ਗੁਜਰਾਤ ਦੇ ਜਾਮਨਗਰ ਜ਼ਿਲ੍ਹੇ ਤੋਂ ਇਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੇ ਸੋਮਵਾਰ ਨੂੰ ਭਾਰਤੀ ਹਵਾਈ ਸੈਨਾ ਦਾ ਇਕ ਹੈਲੀਕਾਪਟਰ ਦੀ ਇਕ ਡੈਮ ਦੇ ਕੋਲ ਐਮਰਜੈਂਸੀ ਲੈਂਡਿੰਗ ਕਰਵਾਉਣੀ ਪੈ ਗਈ। ਹਾਲਾਂਕਿ ਇਹ ਤਾਂ ਪਤਾ ਨਹੀਂ ਚੱਲ ਸਕਿਆ ਕਿ ਇਸ ਹੈਲੀਕਾਪਟਰ ’ਚ ਕਿੰਨੇ





ਲੋਕ ਸਵਾਰ ਸਨ, ਪਰ ਪੁਲਸ ਅਧਿਕਾਰੀਆਂ ਤੋਂ ਮਿਲੀ ਜਾਣਕਾਰੀ ਅਨੁਸਾਰ ਕਿਸੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਹੈ। ਸਥਾਨਕ ਪੁਲਸ ਅਨੁਸਾਰ ਇਹ ਹੈਲੀਕਾਪਟਰ ਦੀ ਜਾਮਨਗਰ ਹਵਾਈ ਸੈਨਾ ਸਟੇਸ਼ਨ ਤੋਂ ਲਗਭਗ 22 ਕਿੱਲੋਮੀਟਰ ਦੂਰ ਰੰਗਮਤੀ ਡੈਮ ਦੇ ਕੋਲ ਚੰਗਾ ਪਿੰਡ ਦੇ ਬਾਹਰੀ ਇਲਾਕੇ ’ਚ ਕਰੀਬ ਸਵੇਰੇ 11 ਵਜੇ ਐਮਰਜੈਂਸੀ ਲੈਂਡਿੰਗ ਕਰਵਾਈ ਗਈ। ਜਾਣਕਾਰੀ ਮਿਲਦਿਆਂ ਹੀ ਭਾਰਤੀ ਹਵਾਈ ਸੈਨਾ ਦੇ ਅਧਿਕਾਰੀ ਮੌਕੇ ’ਤੇ ਪਹੁੰਚ ਗਏ ਹਨ ਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਫਿਲਹਾਲ ਹਵਾਈ ਫੌਜ ਨੇ ਇਸ ਬਾਰੇ ਕੋਈ ਵੀ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਹੈ।

## ਇਸਰੋ ਨੇ ਸੈਟੇਲਾਈਟਾਂ ਦੀ ‘ਡੌਕਿੰਗ’ ’ਚ ਦੂਜੀ ਵਾਰ ਸ.ਫਲਤਾ ਕੀਤੀ ਹਾਸਲ

**ਏਜੰਸੀਆਂ**

ਨਵੀਂ ਦਿੱਲੀ 21 ਅਪ੍ਰੈਲ। ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਨੇ ’ਸਪੇਸ ਡੌਕਿੰਗ ਪ੍ਰਯੋਗ’ (ਸਪੇਡੈਕਸ) ਮਿਸ਼ਨ ਦੇ ਤਹਿਤ ਦੂਜੀ ਵਾਰ 2 ਸੈਟੇਲਾਈਟਾਂ ਦੀ ’ਡੌਕਿੰਗ’ ਸਫਲਤਾਪੂਰਵਕ ਪੂਰੀ ਕਰ ਲਈ ਹੈ। ਕੇਂਦਰੀ ਮੰਤਰੀ ਜਤਿੰਦਰ ਸਿੰਘ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਾੜ ’ਚ ’ਡੌਕਿੰਗ’ ਤਕਨੀਕ ਉਦੋਂ ਜ਼ਰੂਰੀ ਹੁੰਦੀ ਹੈ, ਜਦੋਂ ਆਮ ਮਿਸ਼ਨ ਉਦੇਸ਼ਾਂ ਨੂੰ ਪ੍ਰਾਪਤ ਕਰਨ ਲਈ ਕਈ ਰਾਕੇਟ ਜਾਂ ਪੁਲਾੜ ਯਾਨ ਲਾਂਚ ਕਰਨ ਦੀ ਲੋੜ ਹੁੰਦੀ ਹੈ। ਇਸ ਤਕਨੀਕ ਦੀ ਵਰਤੋਂ 2 ਜਾਂ 2 ਤੋਂ ਵੱਧ ਪੁਲਾੜ ਯਾਨਾਂ ਨੂੰ ਇਕੱਠੇ ਜੋੜ ਕੇ ਜਾਂ ਪੰਧ ’ਚ ਨਾਲ ਲਿਆ ਕੇ ਇਕ ਵੱਡਾ ਢਾਂਚਾ ਬਣਾਉਣ ਅਤੇ ਸਮਾਨ ਦੀ ਸਪਲਾਈ ਕਰਨ ਲਈ ਇਸਤੇਮਾਲ ਕੀਤੀ ਜਾਂਦੀ ਹੈ। ਇਸ ਨਾਲ ਭਾਰਤ ਨੂੰ ਆਪਣਾ ਪੁਲਾੜ ਸਟੇਸ਼ਨ ਬਣਾਉਣ ਅਤੇ ਚੰਦਰਯਾਨ–4 ਮਿਸ਼ਨ ਨੂੰ ਸੰਚਾਲਿਤ ਕਰਨ ’ਚ ਮਦਦ ਮਿਲੇਗੀ। ਵਿਗਿਆਨ ਅਤੇ ਤਕਨਾਲੋਜੀ ਮੰਤਰੀ ਜਿਤੇਂਦਰ ਸਿੰਘ ਨੇ ਸੋਸ਼ਲ ਮੀਡੀਆ ਪਲੇਟਫਾਰਮ ’ਐਕਸ’ ’ਤੇ ਇਕ ਪੋਸਟ ’ਚ ਕਿਹਾ,÷ਇਸਰੋ ਸਪੇਡੈਕਸ ਅਪਡੇਟ: ਇਹ ਦੱਸਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਸੈਟੇਲਾਈਟਾਂ ਦੀ ਦੂਜੀ ’ਡੌਕਿੰਗ’ ਸਫਲਤਾਪੂਰਵਕ ਪੂਰੀ ਹੋ ਗਈ ਹੈ।÷ ਇਸਰੋ ਨੇ ਪਿਛਲੇ ਸਾਲ 30 ਦਸੰਬਰ ਨੂੰ ’ਸਪੇਸਡੈਕਸ’ ਮਿਸ਼ਨ ਸ਼ੁਰੂ ਕੀਤਾ ਸੀ ਅਤੇ ਪੁਲਾੜ ’ਚ ’ਡੌਕਿੰਗ’ ਸੰਬੰਧੀ ਪ੍ਰਯੋਗ ਲਈ 2 ’ਚ ਸਥਾਪਤ ਕੀਤਾ ਸੀ। ਸਿੰਘ ਨੇ ਕਿਹਾ,’’ਜਿਵੇਂ ਕਿ ਪਹਿਲੇ



ਸੂਚਿਤ ਕੀਤਾ ਗਿਆ ਹੈ, ਪੀਐੱਸਐੱਲਵੀ–ਸੀ60/ਸਪੇਸਡੈਕਸ ਮਿਸ਼ਨ ਨੂੰ 30 ਦਸੰਬਰ 2024 ਨੂੰ ਸਫ਼ਲਤਾਪੂਰਵਕ ਸ਼ੁਰੂ ਕੀਤਾ ਗਿਆ ਸੀ। ਇਸ ਤੋਂ ਬਾਅਦ ਸੈਟੇਲਾਈਟਾਂ ਨੂੰ ਪਹਿਲੀ ਵਾਰ 16 ਜਨਵਰੀ 2025 ਨੂੰ ਸਵੇਰੇ 6.20 ਵਜੇ ਸਫ਼ਲਤਾਪੂਰਵਕ ’ਡੌਕ’ ਅਤੇ 13 ਮਾਰਚ 2025 ਨੂੰ ਸਵੇਰੇ 9.20 ਵਜੇ ਸਫ਼ਲਤਾਪੂਰਵਕ ’ਅਨਡੌਕ’ (ਸੈਟੇਲਾਈਟਾਂ ਨੂੰ ਵੱਖ ਕਰਨ ਦੀ ਪ੍ਰਕਿਰਿਆ) ਕੀਤਾ ਗਿਆ। ਅਗਲੇ 2 ਹਫ਼ਤਿਆਂ ’ਚ ਅੱਗੇ ਦੇ ਪ੍ਰਯੋਗਾਂ ਦੀ ਯੋਜਨਾ ਬਣਾਈ ਗਈ ਹੈ।’’ ਅਮਰੀਕਾ, ਰੂਸ ਅਤੇ ਚੀਨ ਤੋਂ ਬਾਅਦ ਭਾਰਤ ਪੁਲਾੜ ’ਚ ’ਡੌਕਿੰਗ’ ਸੰਬੰਧੀ ਪ੍ਰਯੋਗ ਕਰਨ ਵਾਲਾ ਚੌਥਾ ਦੇਸ਼ ਹੈ। ’ਸਪੇਸਡੈਕਸ’ ’ਚ ਮਹਾਰਤ ਹਾਸਲ ਕਰਨਾ ਭਾਰਤ ਦੀ ਪੁਲਾੜ ਇੱਛਾਵਾਂ- ਜਿਵੇਂ ਚੰਨ ’ਤੇ ਮਨੁੱਖੀ ਮਿਸ਼ਨ ਭੇਜਣਾ, ਉੱਥੇ ਖੋਜ ਲਈ ਨਮੂਨੇ ਲਿਆਉਣ ਅਤੇ ਭਾਰਤੀ ਪੁਲਾੜ ਸਟੇਸ਼ਨ (ਬੀਏਐੱਸ) ਦਾ ਨਿਰਮਾਣ ਅਤੇ ਸੰਚਾਲਨ ਕਰਨ ਲਈ ਜ਼ਰੂਰੀ ਹੈ। ਇਸਰੋ ਅਨੁਸਾਰ,’ਸਪੇਸਡੈਕਸ’ 2 ਛੋਟੇ ਪੁਲਾੜ ਯਾਨ ਦਾ ਉਪਯੋਗ ਕਰ ਕੇ ਪੁਲਾੜ ’ਚ ’ਡੌਕਿੰਗ’ ਲਈ ਇਕ ਕਿਫਾਇਤੀ ਤਕਨਾਲੋਜੀ ਮਿਸ਼ਨ ਹੈ, ਜਿਸ ਨੂੰ ਪੀਐੱਸਐੱਲਵੀ ਰਾਹੀਂ ਲਾਂਚ ਕੀਤਾ ਗਿਆ ਸੀ।

## ਰਾਸ਼ਟਰਪਤੀ ਮੈਡਲ ਨਾਲ ਸਨਮਾਨਿਤ ਪੁਲਸ ਅਧਿਕਾਰੀ ਨੂੰ ਹੋਈ ਉਮਰ ਕੈਦ ਦੀ ਸਜ਼ਾ

ਨੈਸ਼ਨਲ ਡੈਸਕ 21 ਅਪ੍ਰੈਲ। ਮਹਾਰਾਸ਼ਟਰ ਦੀ ਇੱਕ ਅਦਾਲਤ ਨੇ ਸੋਮਵਾਰ ਨੂੰ ਰਾਸ਼ਟਰਪਤੀ ਮੈਡਲ ਜੇਤੂ ਸਾਬਕਾ ਪੁਲਸ ਅਧਿਕਾਰੀ ਅਭੈ ਕੁਰੁੰਦਕਰ ਨੂੰ 2016 ਵਿੱਚ ਸਹਾਇਕ ਪੁਲਸ ਇੰਸਪੈਕਟਰ (ਏ.ਪੀ.ਆਈ.) ਅਸ਼ਵਨੀ ਬਿਦਰੇ–ਗੋਰ ਦੀ ਹੱਤਿਆ ਦੇ ਦੋਸ਼ ਵਿੱਚ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਵਧੀਕ ਸੈਸ਼ਨ ਅਦਾਲਤ (ਪਨਵੇਲ) ਦੇ ਜੱਜ ਕੇ ਜੀ ਪਲਦੇਵਰ ਨੇ ਪਿਛਲੇ ਮਹੀਨੇ ਕੁਰੁੰਦਕਰ ਨੂੰ ਭਾਰਤੀ ਦੰਡ ਸੰਹਿਤਾ ਦੀਆਂ ਸਬੰਧਤ ਧਾਰਾਵਾਂ ਤਹਿਤ ਕਤਲ ਅਤੇ ਹੋਰ ਅਪਰਾਧਾਂ ਦਾ ਦੋਸ਼ੀ ਠਹਿਰਾਇਆ ਸੀ। ਕੁਰੁੰਦਕਰ ਦੇ ਸਾਥੀਆਂ - ਕੁੰਦਨ ਭੰਡਾਰੀ ਅਤੇ ਮਹੇਸ਼ ਫਲਾਨੀਕਰ ਨੂੰ ਸਬੂਤ ਨਸ਼ਟ ਕਰਨ ਦਾ ਦੋਸ਼ੀ



ਠਹਿਰਾਇਆ ਗਿਆ ਅਤੇ ਸੱਤ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ। ਨਵੀਂ ਮੁੰਬਈ ਪੁਲਸ ਦੇ ਮਨੁੱਖੀ ਅਧਿਕਾਰ ਸੈੱਲ ਦੀ ਸਹਾਇਕ ਪੁਲਸ ਇੰਸਪੈਕਟਰ 37 ਸਾਲਾ ਅਸ਼ਵਨੀ ਬਿਦਰੇ–ਗੋਰ 11 ਅਪ੍ਰੈਲ, 2016 ਨੂੰ ਲਾਪਤਾ ਹੋ ਗਈ ਸੀ। ਪੁਲਸ ਨੇ ਸ਼ੁਰੂ ਵਿੱਚ ਕੁਰੁੰਦਕਰ, ਉਸ ਦੇ ਡਰਾਈਵਰ ਭੰਡਾਰੀ ਅਤੇ ਉਸ ਦੇ ਦੋਸਤਾਂ ਗਿਆਨਦੇਵ ਪਾਟਿਲ ਅਤੇ ਫਲਾਨੀਕਰ ਵਿਰੁੱਧ ਅਗਵਾ ਦਾ ਮਾਮਲਾ ਦਰਜ ਕੀਤਾ ਸੀ। ਜਾਂਚ ਤੋਂ ਬਾਅਦ ਐੱਫ.ਆਈ.ਆਰ. ਵਿੱਚ ਕਤਲ ਦਾ ਦੋਸ਼ ਜੋੜਿਆ ਗਿਆ। ਪਾਟਿਲ ਨੂੰ ਬਾਅਦ ਵਿੱਚ ਇਸ ਮਾਮਲੇ ਵਿੱਚੋਂ ਬਰੀ ਕਰ ਦਿੱਤਾ ਗਿਆ। ਪੁਲਸ ਦਾ ਕਹਿਣਾ ਹੈ ਕਿ ਕੁਰੁੰਡਕਰ ਦਾ ਬਿਦਰੇ–ਗੋਰ ਨਾਲ ਅਫੇਅਰ ਚੱਲ ਰਿਹਾ ਸੀ। ਇਸਤਗਾਸਾ ਪੱਖ ਦੇ ਅਨੁਸਾਰ, ਕੁਰੁੰਦਕਰ ਨੇ 11 ਅਪ੍ਰੈਲ, 2016 ਨੂੰ ਠਾਣੇ ਜ਼ਿਲ੍ਹੇ ਦੇ ਭਯੰਦਰ ਦੇ ਮੁਕੁੰਦ ਪਲਾਜ਼ਾ ਵਿੱਚ ਦੂਜਿਆਂ ਦੀ ਮਦਦ ਨਾਲ ਬਿਦਰੇ–ਗੋਰ ਦਾ ਕਤਲ ਕਰ ਦਿੱਤਾ ਸੀ। ਫਿਰ ਉਸ ਦੀ ਲਾਸ਼ ਦੇ ਟੁਕੜੇ ਕਰ ਕੇ ਫਰਿੱਜ ਵਿੱਚ ਰੱਖਿਆ ਤੇ ਬਾਅਦ ਵਿੱਚ ਭਯੰਦਰ ਖਾੜੀ ਵਿੱਚ ਸੁੱਟ ਦਿੱਤਾ। ਇੱਕ ਹੋਰ ਪੁਲਸ ਅਧਿਕਾਰੀ ਨੇ ਕਿਹਾ ਕਿ ਕੁਰੁੰਡਕਰ ਨੂੰ ਗਣਤੰਤਰ ਦਿਵਸ, 2017 ’ਤੇ ਸ਼ਾਨਦਾਰ ਸੇਵਾ ਲਈ ਵੱਕਾਰੀ ਰਾਸ਼ਟਰਪਤੀ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਸੀ। ਕੁਰੁੰਡਾਕਰ, ਜੋ ਕਿ ਠਾਣੇ ਦਿਹਾਤੀ ਪੁਲਸ ਵਿੱਚ ਇੰਸਪੈਕਟਰ ਸੀ, ਨੂੰ 7 ਦਸੰਬਰ, 2017 ਨੂੰ ਗ੍ਰਿਫਤਾਰ ਕੀਤਾ ਗਿਆ ਸੀ।

## ਕਿਸਾਨਾਂ ਨੇ ਮੰਡੀ ਦੇ ਦੌਰੇ ’ਤੇ ਪਹੁੰਚੇ ਡੀਜੀਐੱਮ ਸਾਹਮਣੇ ਖੋਲ੍ਹਿਆ ਸਮੱਸਿਆਵਾ ਦਾ ‘ਪਿਟਾਰਾ’

**ਨਵਦੀਪ ਸਿੰਘ ਸਾਹਨੀ**

ਭਵਾਨੀਗੜ੍ਹ 21 ਅਪ੍ਰੈਲ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਪੰਜਾਬ ਮੰਡੀ ਬੋਰਡ ਦੇ ਡਿਪਟੀ ਜਨਰਲ ਮੈਨੇਜਰ (ਡੀਜੀਐੱਮ) ਭਜਨ ਕੌਰ ਨੇ ਐਤਵਾਰ ਨੂੰ ਅਨਾਜ ਮੰਡੀਆਂ ਦਾ ਅਚਨਚੇਤ ਦੌਰਾ ਕੀਤਾ। ਇਸ ਤਹਿਤ ਉਹ ਮਾਰਕੀਟ ਕਮੇਟੀ ਭਵਾਨੀਗੜ੍ਹ ਅਧੀਨ ਪੈਂਦੇ ਰਾਮਪੁਰਾ ਸਬ ਯਾਰਡ ਵਿਖੇ ਪਹੁੰਚੇ ਤੇ ਅਨਾਜ ਮੰਡੀ ਦਾ ਨਿਰੀਖਣ ਕਰਦਿਆਂ ਕਿਸਾਨਾਂ ਦੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਦੌਰਾਨ ਫਸਲਾਂ ਨਾਲ ਮੰਡੀ ’ਚ ਮੌਜੂਦ ਕਿਸਾਨਾਂ ਨੇ ਡੀਜੀਐੱਮ ਦੇ ਸਾਹਮਣੇ ਆਪਣੀਆਂ ਸਮੱਸਿਆਵਾਂ ਦਾ ਪਿਟਾਰਾ ਖੋਲ੍ਹ ਦਿੱਤਾ। ਜਿਸ ਤੋਂ ਸਪੱਸ਼ਟ ਰੂਪ ’ਚ ਜਾਪਦਾ ਸੀ ਕਿ ਕਿਸ ਤਰ੍ਹਾਂ ਕਿਸਾਨ ਅਨਾਜ ਮੰਡੀਆਂ ਵਿਚ ਮੁੱਢਲੀਆਂ ਸਹੂਲਤਾਂ ਲਈ ਵੀ ਤਰਸ ਰਹੇ ਹਨ। ਨੇੜਲੇ ਪਿੰਡ ਰਾਏਸਿੰਘ ਵਾਲਾ ਦੇ ਕਿਸਾਨ ਕੁਲਵਿੰਦਰ ਸਿੰਘ ਨੇ ’ਜਗ ਬਾਣੀ’ ਨੂੰ ਦੱਸਿਆ ਕਿ ਉਸ ਦੇ ਵੱਲੋਂ ਡੀਜੀਐੱਮ ਕੋਲ ਮੰਡੀ ਵਿਚ



ਸਪਲਾਈ ਕੀਤੇ ਜਾ ਰਹੇ ਦੂਸ਼ਿਤ ਪਾਣੀ, ਪਖਾਨਿਆਂ ਦੀ ਸਮੱਸਿਆ ਤੇ ਪਾਣੀ ਪਿਲਾਉਣ ਦੇ ਬਦਲੇ ਕਿਸਾਨਾਂ ਤੋਂ ਕੀਤੀ ਜਾ ਰਹੀ ਕਣਕ ਦੀ ਮੰਗ ਆਦਿ ਮੁੱਦੇ ਉਠਾਏ ਗਏ। ਕਿਸਾਨ ਨੇ ਦੱਸਿਆ ਕਿ ਪਾਣੀ ਦੀ ਟੈਂਕੀ ’ਚੋਂ ਲਗਾਤਾਰ ਗੰਦਾ ਪਾਣੀ ਨਿਕਲ ਰਿਹਾ ਹੈ ਜਿਸ ਕਾਰਨ ਕਿਸਾਨ–ਮਜ਼ਦੂਰ ਦੂਸ਼ਿਤ ਪਾਣੀ ਪੀਣ ਲਈ ਮਜਬੂਰ ਹੋ ਰਹੇ ਹਨ। ਇਸ ਤੋਂ ਇਲਾਵਾ, ਅਧਿਕਾਰੀ ਨੂੰ ਮੰਡੀ ਵਿਚ ਸਫਾਈ ਤੇ ਰੱਖ–ਰਖਾਅ ਲਈ ਢੁਕਵੇਂ ਪ੍ਰਬੰਧਾਂ ਦੀ ਘਾਟ ਦੇ ਨਾਲ ਮੰਡੀ ਦੇ ਸੀਜ਼ਨ ਦੌਰਾਨ ਅਸਥਾਈ ਪਖਾਨੇ ਨਾ ਬਣਾਏ ਜਾਣ ਬਾਰੇ ਵੀ ਜਾਣੂ ਕਰਵਾਇਆ ਗਿਆ। ਇਸ ਮੌਕੇ ਕਿਸਾਨਾਂ ਨੇ ਫ਼ਸਲਾਂ ਦੀ ਖਰੀਦ ਤੇ ਲਿਫਟਿੰਗ ਵਿਚ ਤੇਜ਼ੀ ਲਿਆਉਣ ਦੀ ਮੰਗ ਕੀਤੀ। ਕਿਸਾਨਾਂ ਦੀਆਂ ਸਮੱਸਿਆਵਾਂ ਸੁਣਨ ਤੋਂ ਬਾਅਦ ਡੀਜੀਐੱਮ ਨੇ ਭਰੋਸਾ ਦਿੱਤਾ ਕਿ ਮੰਡੀਆਂ ਵਿਚ ਆਉਣ ਵਾਲੇ ਕਿਸਾਨਾਂ ਲਈ ਹਰ ਸਹੂਲਤ ਯਕੀਨੀ ਬਣਾਈ ਜਾਵੇਗੀ। ਉੱਧਰ, ਦੂਜੇ ਪਾਸੇ ਮੰਡੀ ਬੋਰਡ ਦੇ ਜ਼ਿਲ੍ਹਾ ਮੈਨੇਜਰ ਕੁਲਜੀਤ ਸਿੰਘ ਨੇ ਕਿਹਾ ਕਿ ਰਾਮਪੁਰਾ ਸਬ ਯਾਰਡ ਵਿਚ ਦੂਸ਼ਿਤ ਪਾਣੀ ਨੂੰ ਸਾਫ਼ ਕਰਨ ਲਈ ਅਧਿਕਾਰੀਆਂ ਨੂੰ ਪਾਣੀ ’ਚ ਕਲੋਰੀਨ ਪਾਉਣ ਲਈ ਆਖਿਆ ਗਿਆ ਹੈ ਤੇ ਕਿਸਾਨਾਂ ਨੂੰ ਦਰਪੇਸ਼ ਹੋਰ ਸਮੱਸਿਆਵਾਂ ਨੂੰ ਜਲਦੀ ਹੱਲ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ ਹਨ।

## ਤਾਂ ਫਿਰ ਸੰਸਦ ਭਵਨ ਬੰਦ ਕਰ ਦੇਣਾ ਚਾਹੀਦਾ ਹੈ’: ਨਿਸ਼ਿਕਾਂਤ ਦੂਬੇ

ਨਵੀਂ ਦਿੱਲੀ 21 ਅਪ੍ਰੈਲ। ਝਾਰਖੰਡ ਦੇ ਭਾਜਪਾ ਸੰਸਦ ਮੈਂਬਰ ਨਿਸ਼ਿਕਾਂਤ ਦੂਬੇ ਦੀਆਂ ਪਰੇਸ਼ਾਨੀਆਂ ਵੱਧ ਸਕਦੀਆਂ ਹਨ। ਦਰਅਸਲ ਦੂਬੇ ਨੇ ਆਪਣੇ ਐਕਸ ਅਕਾਊਂਟ ’ਤੇ ਪੋਸਟ ਕਰ ਕੇ ਕਿਹਾ ਕਿ ’ਕਾਨੂੰਨ ਜੇਕਰ ਸੁਪਰੀਮ ਕੋਰਟ ਹੀ ਬਣਾਏਗਾ ਤਾਂ ਸੰਸਦ ਭਵਨ ਬੰਦ ਕਰ ਦੇਣਾ ਚਾਹੀਦਾ ਹੈ’ ਦਾ ਬਿਆਨ ਦਿੱਤਾ। ਬਸ ਇੰਨਾ ਹੀ ਨਹੀਂ ਦੂਬੇ ਨੇ ਕਿਹਾ ਕਿ ਭਾਰਤ ਦੇ ਮੁੱਖ ਜੱਜ ਸੰਜੀਵ ਖੰਨਾ ਇਸ ਦੇਸ਼ ਵਿਚ ਹੋ ਰਹੀਆਂ ਸਾਰੀਆਂ ਘਰੇਲੂ ਜੰਗਾਂ ਲਈ ਜ਼ਿੰਮੇਵਾਰ ਹਨ। ਉਨ੍ਹਾਂ ਦੇ ਇਸ ਬਿਆਨ ਨੂੰ ਲੈ ਕੇ ਸਿਆਸਤ ਗਰਮਾ ਗਈ ਹੈ। ਸਾਬਕਾ ਆਈ. ਪੀ. ਐੱਸ. ਅਧਿਕਾਰੀ ਅਮਿਤਾਭ ਠਾਕੁਰ ਨੇ ਲੋਕ ਸਭਾ ਸਪੀਕਰ ਨੂੰ ਇਸ ਬਾਬਤ ਸ਼ਿਕਾਇਤ ਭੇਜੀ ਹੈ। ਠਾਕੁਰ ਨੇ ਕਿਹਾ ਕਿ ਦੂਬੇ ਦਾ ਇਹ ਬਿਆਨ ਸਪੱਸ਼ਟ ਰੂਪ ਨਾਲ ਸੰਸਦ ਦੀ ਉਲੰਘਣਾ ਦੇ ਨਾਲ ਹੀ ਝੂਠਾ ਅਤੇ ਗੁੰਮਰਾਹਕੁੰਨ ਵੀ ਹੈ। ਇਹ ਆਮ ਨਾਗਰਿਕਾਂ ਸਾਹਮਣੇ ਸੰਸਦ ਨੂੰ ਵੀ ਗਲਤ ਢੰਗ ਨਾਲ ਪੇਸ਼ ਕਰਦਾ ਹੈ। ਅਮਿਤਾਭ ਠਾਕੁਰ ਨੇ ਕਿਹਾ ਕਿ ਜਿੱਥੇ ਇਕ ਪਾਸੇ, ਸੰਸਦੀ ਮਾਮਲਿਆਂ ਦੇ ਮੰਤਰਾਲੇ ਵੱਲੋਂ ਜਾਰੀ ਪ੍ਰੈਸ ਰਿਲੀਜ਼ ਅਨੁਸਾਰ ਭਾਰਤੀ ਸੰਸਦ ਨੇ ਸਾਲ 2023 ’ਚ 49 ਬਿੱਲ ਅਤੇ ਸਾਲ 2024 ’ਚ 16 ਬਿੱਲ ਪਾਸ ਕੀਤੇ ਅਤੇ 1 ਜਨਵਰੀ 2019 ਤੋਂ ਬਾਅਦ ਦੋਵਾਂ ਸਦਨਾਂ ’ਚ 250 ਬਿੱਲ ਪੇਸ਼ ਕੀਤੇ ਗਏ, ਉੱਥੇ ਦੂਜੇ ਪਾਸੇ ਡਾ. ਨਿਸ਼ੀਕਾਂਤ ਦੂਬੇ ਵੱਲੋਂ ਅਜਿਹਾ ਗੁੰਮਰਾਹਕੁੰਨ ਅਤੇ ਗਲਤ ਬਿਆਨ ਦਿੱਤਾ ਗਿਆ ਹੈ, ਜੋ ਪਹਿਲੀ ਨਜ਼ਰੇ ਇਕ ਗੰਭੀਰ ਅਪਰਾਧਿਕ ਕਾਰਵਾਈ ਦੀ ਸ਼੍ਰੇਣੀ ’ਚ ਆਉਂਦਾ ਹੈ।

## ਹਰਿਆਣਾ ਦੇ ਸਾਰੇ ਟੂਰੀਜ਼ਮ ਕੰਪਲੈਕਟਸ ਦਾ ਕੀਤਾ ਜਾਵੇਗਾ ਸੁੰਦਰੀਕਰਣ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਤੇਜਿੰਦਰ ਕੌਰ ਬੱਬਰ**

ਚੰਡੀਗੜ੍ਹ, 21 ਅਪ੍ਰੈਲ: ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਗੋਲਡਨ ਜੈਯੰਤੀ ਗੁਰੂ ਦਰਸ਼ਨ ਯਾਤਰਾ ਯੋਜਨਾ, ਸਿੰਧੂ ਦਰਸ਼ਨ ਯਾਤਰਾ ਅਤੇ ਕੈਲਾਸ਼ ਮਾਨਸਰੋਵਰ ਯਾਤਰਾ ਦਾ ਵਿਸਤਾਰ ਕਰਨ ਦੇ ਨਿਰਦੇਸ਼ ਦਿੱਤੇ ਹਨ, ਤਾਂ ਜੋ ਨਾਗਰਿਕਾਂ ਲਈ ਤੀਰਥਯਾਤਰਾ ਦੇ ਮੌਕਿਆਂ ਵਿੱਚ ਵਾਧਾ ਹੋ ਸਕੇ। ਨਾਲ ਹੀ, ਸੈਰ–ਸਪਾਟਾ ਵਿਭਾਗ ਨੂੰ ਹਰਿਆਣਾ ਦੇ ਸਾਰੇ ਪੰਜ ਹੋਟਲ ਪ੍ਰਬੰਧਨ ਸੰਸਥਾਨਾ (ਆਈਐਚਐਮ) ਵਿੱਚ ਬਿਹਤਰ ਵਿਦਿਆਰਥੀ ਦਾਖਲਾ ਯਕੀਨੀ ਕਰਨ ਦੀ ਸਹੀ ਵਿਵਸਥਾ ਯਕੀਨੀ ਕਰਨ ਦੇ ਵੀ ਨਿਰਦੇਸ਼ ਦਿੱਤੇ। ਮੁੱਖ ਮੰਤਰੀ ਅੱਜ ਇੱਥੇ ਹਰਿਆਣਾ ਵਿਰਾਸਤ ਅਤੇ ਸੈਰ–ਸਪਾਟਾ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕੀਤੀ। ਮੀਟਿੰਗ ਵਿੱਚ ਵਿਰਾਸਤ ਤੇ ਸੈਰ–ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਵੀ ਮੌਜੂਦ ਸਨ। ਮੁੱਖ ਮੰਤਰੀ ਨੂੰ ਜਾਣੂ ਕਰਾਇਆ ਕਿ ਡਿਜੀਟਲ ਬਦਲਾਅ ਦੀ ਦਿਸ਼ਾ ਵਿੱਚ ਇੱਕ ਵੱਡੇ ਕਦਮ ਵਜੋਂ, ਹਰਿਆਣਾ ਸੈਰ–ਸਪਾਟਾ ਨਿਗਮ ਆਪਣੇ 42 ਟੂਰੀਜ਼ਮ ਕੰਪਲੈਕਸ ਵਿੱਚ ਬੈਂਕੁਅਟ ਹਾਲ, ਕਮੇਟੀ ਰੂਮ ਅਤੇ ਸਮੇਲਨ ਹਾਲ ਲਈ ਬੁਕਿੰਗ ਪ੍ਰਣਾਲੀ ਨੂੰ ਡਿਜੀਟਲ ਕਰੇਗਾ। ਮੁੱਖ ਮੰਤਰੀ ਨੇ ਹਾਲ ਹੀ ਵਿੱਚ ਸ਼ੁਰੂ ਕੀਤੀ ਗਈ ਡਿਜੀਟਲ ਬੁਕਿੰਗ ਪਹਿਲਾਂ ਅਤੇ ਮੇਕ ਮਾਈ ਟ੍ਰਿਪ ਅਤੇ ਬੁਕਿੰਗਜਿਨੀ ਵਰਗੇ ਆਨਲਾਇਨ ਟ?ਰੈਵਲ ਏਜੰਟਾਂ ਦੇ ਨਾਲ ਸਹਿਯੋਗ ਦੀ ਵੀ ਸਮੀਖਿਆ ਕੀਤੀ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਹਰਿਆਣਾ ਸੈਰ–ਸਪਾਟਾ ਨਿਗਮ ਦੇ ਤਹਿਤ ਆਉਣ ਵਾਲੇ ਪੂਰੇ ਸੂਬੇ ਦੇ ਸਾਰੇ ਟੂਰੀਜ਼ਮ ਕੰਪਲੈਕਸ ਦਾ ਸੁੰਦਰੀਕਰਣ ਕਰਨ ਦੇ ਨਾਲ–ਨਾਲ ਉਨ੍ਹਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਇਸ ਪਹਿਲ ਨਾਲ ਜਨਤਾ ਦੇ ਵਿਚ ਨਾ ਸਿਰਫ ਇਨ੍ਹਾਂ ਪਰਿਸਰਾਂ ਦੀ ਪ੍ਰਸਿੱਦੀ ਵਧੇਗੀ, ਸਗੋ ਉਨ੍ਹਾਂ ਦੇ ਮਾਲ ਵਿੱਚ ਵੀ ਵਰਨਣਯੋਗ ਵਾਧਾ ਹੋਵੇਗਾ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਹਰਿਆਣਾ ਵਿੱਚ ਸੈਰਸਪਾਟਾ ਨੂੰ ਹੋਰ ਵੱਧ ਪ੍ਰੋਤਸਾਹਨ ਦੇਣ ਦੇ ਲਈ ਪ੍ਰਤੀਬੱਧ ਹੈ ਅਤੇ ਇਸ ਦਿਸ਼ਾ ਵਿੱਚ ਕਈ ਵਿਸ਼ੇਸ਼ ਪਹਿਲ ਸ਼ੁਰੂ ਕੀਤੀ ਗਈ ਹੈ, ਜਿਨ੍ਹਾਂ ਵਿੱਚ ਹੋਮ ਸਟੇ ਯੋਜਨਾ ਨੂੰ ਲਾਗੂ ਕਰਨ, ਫਾਰਮ ਟੂਰੀਜ਼ਮ ਨੂੰ ਪ੍ਰੋਤਸਾਹਨ, ਏਡਵੇਂਚਰ ਖੇਡ ਗਤੀਵਿਧੀਆਂ ਅਤੇ ਡੇਸਟੀਨੇਸ਼ਨ ਵੇਡਿੰਗ ਵਰਗੀ ਯੋਜਨਾਵਾਂ ਸ਼ਾਮਿਲ ਹਨ। ਪਿੰਜੌਰ ਸਥਿਤ ਯਾਦਵੇਂਦਰ ਗਾਰਡਨ ਵਿੱਚ ਡੇਸਟੀਨੇਸ਼ਨ ਵੇਡਿੰਗ ਦੀ ਸਫਲਤਾ ਨੂੰ ਦੇਖਦੇ ਹੋਏ ਹੁਣ ਇਸ ਯੋਜਨਾ ਦਾ ਵਿਸਤਾਰ ਫਰੀਦਾਬਾਦ ਸਥਿਤ ਰਾਜਾ ਨਾਹਰ ਸਿੰਘ ਪੈਲੇਸ ਲਈ ਵੀ ਕਰਨ ਦਾ ਪ੍ਰਸਤਾਵ ਰੱਖਿਆ ਗਿਆ ਹੈ। ਯਾਦਵੇਂਦਰ ਗਾਰਡਨ ਵਿੱਚ ਕਿਰਾਇਆ 10 ਲੱਖ ਰੁਪਏ ਹੈ। ਮੁੱਖ ਮੰਤਰੀ ਨੇ ਯਾਦਵੇਂਦਰ ਗਾਰਡਨ ਨੂੰ ਹੋਰ ਵੱਧ ਦਿਲਖਿੱਚ ਬਨਾਉਣ ਦੀ ਜਰੂਰਤ ’ਤੇ ਜੋਰ ਦਿੱਤਾ। ਉਨ੍ਹਾਂ ਨੇ ਸੁਝਾਅ ਦਿੱਤਾ ਕਿ ਇਸ ਗਾਰਡਨ ਵਿੱਚ ਸ੍ਰੀਨਗਰ ਦੇ ਪ੍ਰਸਿੱਦ ਟਿਯੂਲਿਪ ਗਾਰਡਨ ਦੀ ਤਰ੍ਹਾ ਵੱਖ–ਵੱਖ ਦੇ ਤਰ੍ਹਾ ਦੇ ਫੁੱਲ ਲਗਾਏ ਜਾਣ ਤਾਂ ਜੋ ਇਸ ਦੇ ਸੁੰਦਰਤਾ ਨੂੰ ਵਧਾਇਆ ਜਾ ਸਕੇ। ਇਸ ਦੇ ਨਾਲ ਹੀ ਉਨ੍ਹਾਂ ਨੇ ਸੈਰ–ਸਪਾਟਾ ਵਿਭਾਗ ਨੂੰ ਵਨ ਅਤੇ ਜੰਗਲੀ ਜੀਵ ਵਿਭਾਗ ਦੇ ਨਾਲ ਤਾਲਮੇਲ ਸਥਾਪਿਤ ਕਰ ਗਾਰਡਨ ਪਰਿਸਰ ਵਿੱਚ ਇੱਕ ਮਿਨੀ ਝੂ ਸਥਾਪਿਤ ਕਰਨ ਦੀ



ਸੰਭਾਵਨਾਵਾਂ ਦਾ ਅਧਿਐਨ ਕਰਨ ਦੇ ਵੀ ਨਿਰਦੇਸ਼ ਦਿੱਤੇ, ਜਿਸ ਨਾਲ ਸੈਨਾਨੀਆਂ ਦੀ ਗਿਣਤੀ ਵਿੱਚ ਹੋਰ ਇਜਾਫਾ ਹੋ ਸਕੇ। ਮੁੱਖ ਮੰਤਰੀ ਨੂੰ ਜਾਣੁ ਕਰਾਇਆ ਗਿਆ ਕਿ ਭਾਰਤ ਸਰਕਾਰ ਦੀ ਸਵਦੇਸ਼ ਦਰਸ਼ਨ ਯੋਜਨਾ 2.0 ਤਹਿਤ ਯਾਦਵੇਂਦਰ ਗਾਰਡਨ ਦੇ ਪੁਨਰ ਨਿਰਮਾਣ ਅਤੇ ਸੁੰਦਰੀਕਰਣ ਲਈ 65.82 ਕਰੋੜ ਰੁਪਏ ਦੀ ਰਕਮ ਮੰਜੂਰ ਕੀਤੀ ਗਈ ਹੈ। ਇਸ ਯੋਜਨਾ ਤਹਿਤ ਪਾਰਕਿੰਗ ਦਾ ਵਿਕਾਸ, ਵਿਰਾਸਤ ਭਵਨਾਂ ਦਾ ਸਰੰਖਣ ਅਤੇ ਮੁੜ ਵਰਤੋ, ਪਾਣੀ ਦੇ ਚੈਨਲ ਤੇ ਫੁਹਾਰਾ ਪ੍ਰਣਾਲੀ ਦਾ ਮੁੜ ਨਿਰਮਾਣ, ਕਾਨਫ?ਰੈਂਸ ਹਾਲ, ਪਰਿਸਰ ਦੀ ਲਾਈਟਿੰਗ ਤ। ਬਿਜਲੀਕਰਣ ਅਤੇ ਸੀਸੀਟੀਵੀ ਨਿਗਰਾਨੀ ਪ੍ਰਣਾਲੀ ਵਰਗੀ ਗਤੀਵਿਧੀਆਂ ਸ਼ਾਮਿਲ ਹਨ। ਇਸ ਤੋਂ ਇਲਾਵ, ਰਾਣੀ ਮਹਿਲ ਦੇ ਮੁੜ ਵਿਸਥਾਰ ਦਾ ਵੀ ਪ੍ਰਸਤਾਵ ਹੈ। ਨਾਲ ਹੀ, ਮਨੋਰੰਜਨ ਪਾਰਕ ਲਈ ਨਵਾਂ ਟੇਂਡਰ ਜਾਰੀ ਕੀਤਾ ਜਾਵੇਗਾ, ਜਿਸ ਨਾਲ ਯਾਦਵੇਂਦਰ ਗਾਰਡਨ ਵਿੱਚ ਸੈਨਾਨੀਆਂ ਦੀ ਗਿਣਤੀ ਵਿੱਚ ਵਰਨਣਯੋਗ ਵਾਧਾ ਹੋਣ ਦੀ ਸੰਭਾਵਨਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਨਿਰਦੇਸ਼ ਦਿੱਤੇ ਕਿ ਪੰਚਕੂਲਾ ਜਿਲ੍ਹੇ ਦੇ ਮੋਰਨੀ ਸਥਿਤ ਟਿੱਕਰਤਾਲ ਨੂੰ ਇੱਕ ਪ੍ਰਮੁੱਖ ਸੈਰ–ਸਪਾਟਾ ਸਥਾਨ ਵਜੋ ਵਿਕਸਿਤ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਸੈਨਾਨੀਆਂ ਨੂੰ ਖਿੱਚਣ ਲਈ ਇੱਥੇ ਰੋਪਵੇ ਅਤੇ ਸਵੀਮਿੰਗ ਪੂਲ ਵਰਗੀ ਆਧੁਨਿਕ ਸਹੂਲਤਾਂ ਉਪਲਬਧ ਕਰਾਈਆਂ ਜਾਣਗੀਆਂ। ਨਾਲ ਹੀ, ਟਿੱਕਰ ਤਾਲ ਤੱਕ ਆਉਣ ਵਾਲੀ ਸੜਕ ਚੌੜਾ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ ਤਾਂ ਜੋ ਟੈਫ੍ਰਿਕ ਜਾਮ ਤੋਂ ਬਚਿਆ ਜਾ ਸਕੇ ਅਤੇ ਵਾਹਨਾ ਦੀ ਆਵਾਜਾਈ ਸਰਲ ਬਣੀ ਰਹੇ। ਮੀਟਿੰਗ ਵਿੱਚ ਦਸਿਆ ਗਿਆ ਕਿ ਭਾਰਤ ਸਰਕਾਰ ਤੋਂ ਟਿੱਕਰ ਤਾਲ ਦੇ ਵਿਕਾਸ ਤਹਿਤ 26.6 ਕਰੋੜ ਰੁਪਏ ਦੀ ਰਕਮ ਪ੍ਰਾਪਤ ਹੋਈ ਹੈ। ਇਸ ਤੋਂ ਇਲਾਵਾ, ਸੈਨਾਨੀਆਂ ਨੂੰ ?ਖਿਚਣ ਲਈ ਜਿਪ ਵਾਹਨ ਅਤੇ ਸਵਿਸ ਟੈਂਟ ਵਰਗੀ ਵੱਧ ਗਤੀਵਿਧੀਆਂ ਦੀ ਵੀ ਯੋਜਨਾ ਹੈ। ਸੂਰਜਕੁੰਡ, ਫਰੀਦਾਬਾਦ ਵਿੱਚ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਦੇ ਨਿਰਦੇਸ਼ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਦਿੱਲੀ ਦੇ ਪ੍ਰਸਿੱਦ ਮੁਗਲ ਗਾਰਡਨ ਦੀ ਤਰਜ ’ਤੇ 10 ਏਕੜ ਖੇਤਰ ਵਿੱਚ ਇੱਕ ਸੁੰਦਰ ਗਾਰਡਨ ਵਿਕਸਿਤ ਕੀਤਾ ਜਾਵੇ। ਗਾਰਡਨ ਵਿੱਚ ਹਰਿਆਲੀ ਦੇ ਨਾਂਲ–ਨਾਲ ਏਡਵੇਂਚਰ ਗਤੀਵਿਧੀਆਂ, ਲਾਈਟਿੰਗ, ਸੰਗੀਤ ਅਤੇ ਲੇਜਰ ਸ਼ੋ ਵਰਗੀ ਸਹੂਲਤਾ ਵੀ ਸ਼ਾਮਿਲ ਕੀਤੀਆਂ ਜਾਣਗੀਆਂ, ਤਾਂ ਜੋ ਆਮ ਜਨਤਾ ਨੂੰ ਇੱਕ ਖੁਸ਼ਹਾਲ ਅਤੇ ਮਨੋਰੰਜਕ ਤਜਰਬਾ ਮਿਲ ਸਕੇ। ਮੁੱਖ ਮੰਤਰੀ ਨੇ ਗੋਲਡਨ ਜੈਯੰਤੀ ਗੁਰੂ ਦਰਸ਼ਨ ਯੋਜਨਾ ਦੀ ਸਮੀਖਿਆ ਕਰਦੇ ਹੋਏ ਨਿਰਦੇਸ਼ ਦਿੱਤੇ ਕਿ ਨਨਕਾਣਾ ਸਾਹਿਬ, ਪਟਨਾ ਸਾਹਿਬ, ਹੇਮਕੁੰਟ ਸਾਹਿਬ, ਆਨੰਦਪੁਰ ਸਾਹਿਬ ਅਤੇ ਚਮਕੌਰ ਸਾਹਿਬ ਵਰਗੇ ਪ੍ਰਮੁੱਖ ਧਾਰਮਿਕ ਸਥਾਨਾਂ ਨੂੰ ਵੀ ਇਸ ਯੋਜਨਾ ਵਿੱਚ ਸ਼ਾਮਿਲ ਕੀਤਾ ਜਾਵੇ।

# ਭਵਾਨੀਗੜ੍ਹ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ ਸਜਾਇਆ

ਭਵਾਨੀਗੜ੍ਹ 21 ਅਪ੍ਰੈਲ। ਸਥਾਨਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵੱਲੋਂ ਅੱਜ 9ਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦੇ ਪ੍ਰਕਾਸ਼ ਗੁਰਪੁਰਬ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਹ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ 'ਚੋਂ ਹੁੰਦਾ ਹੋਇਆ ਵਾਪਸ ਗੁਰੂ ਘਰ ਆ ਕੇ ਸੰਪੰਨ ਹੋਇਆ। ਇਸ ਨਗਰ ਕੀਰਤਨ ਦਾ ਸ਼ਹਿਰ ਵਿਚ ਵੱਖ-ਵੱਖ ਪੜਾਵਾਂ 'ਤੇ ਸੰਗਤ ਵੱਲੋਂ ਭਰਵਾਂ ਸੁਵਾਗਤ ਕਰਦਿਆਂ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਤੇ ਵੱਖ ਵੱਖ ਤਰ੍ਹਾਂ ਦੇ ਲੰਗਰ ਵੀ ਲਗਾਏ ਗਏ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੁੰਦਿਆਂ ਸਰਬੱਤ ਦੇ ਭਲੇ ਲਈ ਅਰਦਾਸਾਂ ਕੀਤੀਆਂ ਗਈਆਂ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਬਾਬੂ ਪ੍ਰਕਾਸ਼ ਚੰਦ ਗਰਗ ਸਾਬਕਾ ਮੁੱਖ ਸੰਸਦੀ ਪੰਜਾਬ ਸਰਕਾਰ, ਵਿਨਰਜੀਤ ਸਿੰਘ ਗੋਲਡੀ ਹਲਕਾ ਇੰਚਾਰਜ ਸੰਗਰੂਰ ਸ਼?ਰੋਮਣੀ ਅਕਾਲੀ ਦਲ ਬਾਦਲ, ਸ਼?ਰੋਮਣੀ ਕਮੇਟੀ ਮੈਂਬਰ ਮਲਕੀਤ ਸਿੰਘ ਚੰਗਾਲ ਅਤੇ ਤੇਜਾ ਸਿੰਘ ਕਮਾਲਪੁਰ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਸਿੱਖ ਕੌਮ ਦੀ ਚੜ੍ਹਦੀ ਕਲ੍ਹਾ ਬਣਾਏ ਰੱਖਣ ਅਤੇ ਗਊ ਗਰੀਬ ਦੀ ਰੱਖਿਆ ਲਈ ਲਾਸਾਨੀ ਕੁਰਬਾਨੀਆਂ ਦਿੱਤੀਆਂ। ਉਨ੍ਹਾਂ ਸਿੱਖ ਪਰਿਵਾਰਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਗੁਰਬਾਣੀ ਨਾਲ ਜੁੜਨ ਅਤੇ ਬਾਣੀ ਅਤੇ ਬਾਣੇ ਦੇ ਧਾਰਨੀ ਬਨਣ ਦਾ ਸੱਦਾ ਦਿੱਤਾ। ਇਸ ਮੌਕੇ ਨਗਰ ਕੀਰਤਨ ਦੌਰਾਨ ਜੀਵਨ ਸਿੰਘ ਘਰਾਚੋਂ ਢਾਡੀ ਜਥੇ ਅਤੇ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਨੇ ਹਰਜਸ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰੂ ਘਰ ਦੇ ਮੈਨੇਜਰ ਜਗਜੀਤ ਸਿੰਘ ਜੱਗੀ ਸੰਗਤਪੁਰਾ, ਫੱਗੂਵਾਲਾ ਗੁਰੂ ਘਰ ਦੇ ਮੈਨੇਜਰ ਦਵਿੰਦਰ ਸਿੰਘ ਰਾਮਪੁਰਾ, ਰਾਜਿੰਦਰ ਸਿੰਘ ਸੰਗਰੂਰ ਮੈਨੇਜਰ ਗੁਰਦੁਆਰਾ ਨਾਨਕਿਆਣਾ ਸਾਹਿਬ, ਨਰਿੰਦਰ ਸਿੰਘ ਹਾਕੀ ਪ੍ਰਧਾਨ ਨਗਰ ਕੌਂਸਲ, ਗੁਰਵਿੰਦਰ ਸਿੰਘ ਸੱਗੂ ਕੌਂਸਲਰ, ਰਣਜੀਤ ਸਿੰਘ ਤੂਰ, ਰੁਪਿੰਦਰ ਸਿੰਘ ਰੰਧਾਵਾ, ਜਥੇਦਾਰ ਇੰਦਰਜੀਤ ਸਿੰਘ ਤੂਰ, ਹਰਵਿੰਦਰ ਸਿੰਘ ਕਾਕੜਾ, ਗੁਰਵਿੰਦਰ ਸਿੰਘ ਭੜ੍ਹੋ, ਪਰਮਜੀਤ ਸਿੰਘ ਸੰਗਤਪੁਰਾ, ਪ੍ਰਭਜੀਤ ਸਿੰਘ ਲੱਕੀ ਸਮੇਤ ਵੱਡੀ ਗਿਣਤੀ ਵਿਚ ਇਲਾਕੇ ਦੇ ਪਤਵੰਤੇ ਮੌਜੂਦ ਸਨ।



### 60 ਸਾਲ ਦੀ ਉਮਰ 'ਚ ਘੋੜੀ ਚੜ੍ਹਨ ਜਾ ਰਿਹੈ ਇਹ ਆਗੂ

ਨੈਸ਼ਨਲ ਡੈਸਕ 21 ਅਪ੍ਰੈਲ। ਰਾਸ਼ਟਰੀ ਸਵੈਮ ਸੇਵਕ ਸੰਘ (ਆਰ.ਐੱਸ.ਐੱਸ.) ਵਿਚ ਆਪਣੀ ਵਧੇਰੇ ਜ਼ਿੰਦਗੀ ਬਤੀਤ ਕਰਨ ਵਾਲੇ ਬੰਗਾਲ ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਦਿਲੀਪ ਘੋਸ਼, 60 ਸਾਲ ਦੀ ਉਮਰ ਵਿਚ ਵਿਆਹ ਕਰਵਾਉਣ ਜਾ ਰਹੇ ਹਨ। ਹਾਲ ਹੀ ਦੇ ਸਾਲਾਂ ਵਿਚ ਦਿਲੀਪ ਘੋਸ਼ ਭਾਜਪਾ ਵਿਚ ਹਾਸ਼ੀਏ 'ਤੇ ਚਲੇ ਗਏ ਸਨ ਅਤੇ ਉਨ੍ਹਾਂ ਕੋਲ ਕਰਨ ਲਈ ਜ਼ਿਆਦਾ ਕੁਝ ਨਹੀਂ ਸੀ। ਇਸੇ ਇਕਾਂਤ ਵਿਚ ਉਨ੍ਹਾਂ ਦੀ ਇਕ ਔਰਤ ਨਾਲ ਦੋਸਤੀ ਹੋਈ ਅਤੇ ਹੁਣ ਦਿਲੀਪ ਘੋਸ਼ ਸ਼ੁੱਕਰਵਾਰ ਨੂੰ ਆਪਣੇ ਨਿਊ ਟਾਊਨ ਸਥਿਤ ਘਰ ਵਿਚ ਵਿਆਹ ਦੇ ਬੰਧਨ ਵਿਚ ਬੱਝਣ ਜਾ ਰਹੇ ਹਨ। ਲਾੜੀ ਦਾ ਨਾਂ ਰਿੰਕੂ ਮਜੂਮਦਾਰ ਹੈ। ਭਾਜਪਾ ਨੇਤਾ ਦੇ ਕਰੀਬੀ ਲੋਕਾਂ ਦੇ ਅਨੁਸਾਰ, ਪਿਛਲੀਆਂ ਲੋਕ ਸਭਾ ਚੋਣਾਂ ਹਾਰਨ ਤੋਂ ਬਾਅਦ ਹੀ ਦਿਲੀਪ ਘੋਸ਼ ਕਾਫੀ ਦੁਖੀ ਸਨ। ਇਸ ਦੌਰਾਨ ਉਨ੍ਹਾਂ ਦੀ ਮੁਲਾਕਾਤ ਰਿੰਕੂ ਮਜੂਮਦਾਰ ਨਾਲ ਹੋਈ ਅਤੇ ਰਿੰਕੂ ਹੀ ਪਹਿਲੀ ਸੀ ਜਿਸ ਨੇ ਸੁਝਾਅ ਦਿੱਤਾ ਕਿ ਇਕੱਠੇ ਰਲ ਕੇ ਪਰਿਵਾਰ ਸ਼ੁਰੂ ਕਰੀਏ। ਦਿਲੀਪ ਘੋਸ਼ ਨੇ ਸ਼ੁਰੂ ਵਿਚ ਵਿਆਹ ਕਰਵਾਉਣ ਤੋਂ ਨਾਂਹ ਕਰ ਦਿੱਤੀ ਸੀ ਪਰ ਬਾਅਦ ਵਿਚ ਉਨ੍ਹਾਂ ਨੇ ਇਸ ਬਾਰੇ ਸੋਚਿਆ ਅਤੇ ਆਪਣੀ ਮਾਂ ਦੇ ਕਹਿਣ 'ਤੇ ਵਿਆਹ ਲਈ ਰਾਜ਼ੀ ਹੋ ਗਏ।

## ਨਸ਼ਾ ਤਸਕਰਾਂ ਦਾ ਵਿਰੋਧ ਪਿਆ ਮਹਿੰਗਾ ! ਮਾਰ'ਤਾ ਪੰਜ ਭੈਣਾਂ ਦਾ ਇਕਲੌਤਾ ਭਰਾ

ਬਠਿੰਡਾ 21 ਅਪ੍ਰੈਲ। ਜ਼ਿਲ੍ਹਾ ਬਠਿੰਡਾ ਦੀ ਮੌੜ ਮੰਡੀ ਦੇ ਵਾਰਡ ਨੰਬਰ 10 'ਚ 14 ਅਪ੍ਰੈਲ ਦੀ ਰਾਤ ਨੂੰ ਨਸ਼ਾ ਤਸਕਰਾਂ ਵੱਲੋਂ ਇਕ ਨੌਜਵਾਨ ਦੀਪ ਸਿੰਘ ਦੀ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤਾ ਗਿਆ। ਹਾਦਸੇ ਮਗਰੋਂ ਸਾਰੇ ਦੋਸ਼ੀ ਮੌਕੇ ਤੋਂ ਫਰਾਰ ਹੋ ਗਏ। ਪੁਲਸ ਨੇ ਮ੍ਰਿਤਕ ਦੇ ਚਾਚਾ ਦਰਸ਼ਨ ਸਿੰਘ ਦੇ ਬਿਆਨਾਂ 'ਤੇ ਸੁਭਾਸ਼ ਕੁਮਾਰ, ਪ੍ਰੀਤ, ਸਾਹਿਲ, ਆਕਾਸ਼ਦੀਪ ਸਿੰਘ ਅਤੇ ਛੇ ਅਣਪਛਾਤੇ ਨੌਜਵਾਨਾਂ ਖ਼?ਲਾਫ਼ ਕਤਲ ਦਾ ਕੇਸ ਦਰਜ ਕਰ ਲਿਆ ਹੈ ਅਤੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। 80 ਹਜ਼ਾਰ ਦੀ ਰਿਸ਼ਵਤ ਲੈਂਦਾ ਸਬ-ਇੰਸਪੈਕਟਰ ਕਾਬੂ, ਵਿਜੀਲੈਂਸ ਬਿਊਰੋ ਨੇ ਵਿਛਾਇਆ ਜਾਲ ਦਰਸ਼ਨ ਸਿੰਘ ਨੇ ਦੱਸਿਆ ਕਿ ਰਾਤ ਕਰੀਬ 9:30 ਵਜੇ ਉਹਦਾ ਭਤੀਜਾ ਦੀਪ ਸਿੰਘ ਨਜ਼ਦੀਕੀ ਦੁਕਾਨ ਤੋਂ ਸਾਮਾਨ ਲੈਣ ਗਿਆ ਸੀ, ਜਿਥੇ ਉਪਰੋਕਤ ਨੌਜਵਾਨਾਂ ਨੇ ਉਸ ਤੇ ਗੰਡਾਸਿਆਂ ਅਤੇ ਕ੍ਰਿਪਾਣਾਂ ਨਾਲ ਹਮਲਾ ਕਰ ਦਿੱਤਾ। ਜਦ ਉਹ ਦੁਕਾਨ ਦੇ ਬਾਹਰ ਪੁੱਜੇ ਤਾਂ ਉਨ੍ਹਾਂ ਨੇ ਦੇਖਿਆ ਕਿ ਉਸਦੇ ਭਤੀਜੇ ਨੂੰ ਬੇਰਹਮੀ ਨਾਲ ਕਟਿਆ ਜਾ ਰਿਹਾ ਸੀ। ਹੱਲਾ ਪਾਉਣ 'ਤੇ ਸਾਰੇ ਦੋਸ਼ੀ ਹਥਿਆਰਾਂ ਸਮੇਤ ਫਰਾਰ ਹੋ ਗਏ। ਦੀਪ ਨੂੰ ਗੰਭੀਰ ਹਾਲਤ ਵਿੱਚ ਸਿਵਲ ਹਸਪਤਾਲ ਬਠਿੰਡਾ ਲਿਜਾਇਆ ਗਿਆ, ਜਿਥੋਂ ਉਸ ਨੂੰ ਫਰੀਦਕੋਟ ਰੈਫਰ ਕੀਤਾ ਗਿਆ। ਪਰ ਰਸਤੇ 'ਚ ਹੀ ਉਸਦੀ ਮੌਤ ਹੋ ਗਈ। ਦਰਸ਼ਨ ਸਿੰਘ ਨੇ ਦੱਸਿਆ ਕਿ ਮਾਨਸਾ ਦੇ ਕੁਝ ਨੌਜਵਾਨ ਮੌੜ ਮੰਡੀ ਦੇ ਨੌਜਵਾਨਾਂ ਨਾਲ ਮਿਲ ਕੇ ਉਨ੍ਹਾਂ ਦੀ ਬਸਤੀ 'ਚ ਨਸ਼ਾ ਵੇਚਣ ਆਉਂਦੇ ਸਨ। ਜਿਸਦਾ ਉਸਦਾ ਭਤੀਜਾ ਲਗਾਤਾਰ ਵਿਰੋਧ ਕਰਦਾ ਸੀ। ਇਹੀ ਰੰਜਿਸ਼ ਉਸਦੀ ਹੱਤਿਆ ਦਾ ਕਾਰਨ ਬਣੀ। ਪੁਲਸ ਵੱਲੋਂ ਇਸ ਮਾਮਲੇ ਨਾਲ ਜੁੜੇ ਪੰਜ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਦਕਿ ਬਾਕੀ ਅਣਪਛਾਤਿਆਂ ਦੀ ਪਛਾਣ ਕਰ ਲਈ ਗਈ ਹੈ। ਹਾਲਾਂਕਿ ਪੁਲਸ ਵੱਲੋਂ ਅਜੇ ਤੱਕ ਇਸ ਦੀ ਪੁਸ਼ਟੀ ਨਹੀਂ ਕੀਤੀ ਗਈ। ਦੀਪ ਸਿੰਘ ਆਪਣੀਆਂ ਪੰਜ ਭੈਣਾਂ ਦਾ ਇਕਲੌਤਾ ਪਰਾਹੁਣ ਸੀ ਅਤੇ ਹਾਲੇ ਅਣਵਿਆਹਿਆ ਸੀ। ਘਰ ਵਿੱਚ ਸੋਗ ਦਾ ਮਾਹੌਲ ਹੈ।



## 6 ਸਾਲਾਂ ਦੀ ਮਾਸੂਮ ਬੱਚੀ ਨੂੰ ਅਗਵਾ ਕਰ ਕੇ ਲਿਜਾਣ ਵਾਲਾ 48 ਘੰਟਿਆਂ 'ਚ ਨੱਪਿਆ

ਲੁਧਿਆਣਾ 21 ਅਪ੍ਰੈਲ। ਥਾਣਾ ਡਾਬਾ ਅਧੀਨ ਪੈਂਦੇ ਇਲਾਕੇ 'ਚ 6 ਸਾਲ ਦੀ ਮਾਸੂਮ ਬੱਚੀ ਨੂੰ ਅਗਵਾ ਕਰ ਕੇ ਲੈ ਜਾਣ ਵਾਲੇ ਮੁਲਜ਼ਮ ਨੂੰ ਕਮਿਸ਼ਨਰੇਟ ਪੁਲਸ ਨੇ 48 ਘੰਟਿਆਂ ਵਿਚ ਗ੍ਰਿਫਤਾਰ ਕਰ ਕੇ ਬੱਚੀ ਨੂੰ ਬਰਾਮਦ ਕਰ ਲਿਆ ਹੈ, ਜਿਸ ਨੂੰ ਪਰਿਵਾਰ ਦੇ ਹਵਾਲੇ ਕਰ ਦਿੱਤਾ ਗਿਆ ਹੈ। ਇਸ ਸਬੰਧੀ ਪੱਤਰਕਾਰ ਸੰਮੇਲਨ 'ਚ ਡੀ.ਸੀ.ਪੀ. (ਲਾਅ ਐਂਡ ਆਰਡਰ) ਰੁਪਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਪੀੜਤਾਂ ਦੀ ਮਾਂ ਗੀਤੂ ਦੇਵੀ ਪਤਨੀ ਪਿੰਟੂ ਗਿਰੀ ਨਿਵਾਸੀ ਸੁਖਦੇਵ ਨਗਰ ਡਾਬਾ ਨੇ ਦੋਸ਼ ਲਗਾਇਆ ਸੀ ਕਿ ਸੰਤੋਸ਼ ਚੌਧਰੀ ਪੁੱਤਰ ਗਨੋਰੀ, ਜੋ ਕਿ ਉਨ੍ਹਾਂ ਦੇ ਨੇੜੇ ਹੀ ਰਹਿੰਦਾ ਹੈ, ਉਸ ਦੀ 6 ਸਾਲ ਦੀ ਬੇਟੀ ਨੂੰ ਅਗਵਾ ਕਰ ਕੇ ਲੈ ਗਿਆ ਹੈ। ਇਸ ਸਬੰਧੀ ਪੁਲਸ ਨੇ ਤੁਰੰਤ ਹਰਕਤ ਵਿਚ ਆਉਂਦੇ ਹੋਏ ਮੁਲਜ਼ਮ ਨੂੰ ਗ੍ਰਿਫਤਾਰ ਕਰਨ ਲਈ ਇਕ ਪੁਲਸ ਟੀਮ ਨੂੰ ਬਿਹਾਰ ਲਈ ਰਵਾਨਾ ਕਰ ਦਿੱਤਾ ਸੀ, ਜਿਸ ਨੇ ਮੁਲਜ਼ਮ ਨੂੰ ਯੂ. ਪੀ. ਦੇ ਮੁਰਾਦਾਬਾਦ ਰੇਲਵੇ ਸਟੇਸ਼ਨ ਤੋਂ ਕਾਬੂ ਕਰ ਲਿਆ ਅਤੇ ਉਸ ਦੇ ਕਬਜ਼ੇ ਤੋਂ ਅਗਵਾ ਕੀਤੀ ਬੱਚੀ ਨੂੰ ਵੀ ਸੁਰੱਖਿਅਤ ਬਰਾਮਦ ਕਰ ਲਿਆ। ਡੀ.ਸੀ.ਪੀ. ਨੇ ਦੱਸਿਆ ਕਿ ਮੁਲਜ਼ਮ ਖਿਲਾਫ਼ ਅਗਵਾ ਅਤੇ ਪੋਸਕੋ ਐਕਟ ਤਹਿਤ ਮਾਮਲਾ ਦਰਜ ਕਰ ਕੇ ਉਸ ਨੂੰ ਅਦਾਲਤ ਵਿਚ ਪੇਸ਼ ਕੀਤਾ ਗਿਆ ਹੈ, ਜਦਕਿ ਬੱਚੀ ਨੂੰ ਪਰਿਵਾਰ ਦੇ ਹਵਾਲੇ ਕਰ ਦਿੱਤਾ ਗਿਆ ਹੈ। ਇਸ ਮੌਕੇ ਏ.ਡੀ.ਸੀ.ਪੀ. ਕਰਨਵੀਰ ਸਿੰਘ, ਏ.ਸੀ.ਪੀ. ਸਤਵਿੰਦਰ ਸਿੰਘ ਵਿਰਕ ਅਤੇ ਥਾਣਾ ਇੰਚਾਰਜ ਗੁਰਦਿਆਲ ਸਿੰਘ ਵੀ ਹਾਜ਼ਰ ਸਨ। ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ, ਮੁਲਜ਼ਮ ਸੰਤੋਸ਼ ਅਕਸਰ ਪਿੰਟੂ ਗਿਰੀ, ਜੋ ਕਿ ਰਾਜ ਮਿਸਤਰੀ ਦਾ ਕੰਮ ਕਰਦਾ ਹੈ ਅਤੇ ਤਿੰਨ ਬੱਚਿਆਂ ਦਾ ਬਾਪ ਹੈ, ਦੇ ਘਰ ਆਉਂਦਾ-ਜਾਂਦਾ ਸੀ। ਉਹ ਉਸ ਦੀ ਪਤਨੀ ਗੀਤੂ 'ਤੇ ਬੁਰੀ ਨਜ਼ਰ ਰੱਖਦਾ ਸੀ। ਮੁਲਜ਼ਮ ਚਾਹੁੰਦਾ ਸੀ ਕਿ ਗੀਤੂ ਆਪਣੇ ਪਤੀ ਪਿੰਟੂ ਨੂੰ ਛੱਡ ਕੇ ਉਸਦੇ ਨਾਲ ਰਹੇ, ਇਸ ਇਰਾਦੇ ਨਾਲ ਉਸ ਨੇ ਮਾਸੂਮ ਨੂੰ ਅਗਵਾ ਕੀਤਾ ਸੀ ਅਤੇ ਆਪਣੇ ਨਾਲ ਲੈ ਕੇ ਵਾਪਸ ਪਿੰਡ ਜਾ ਰਿਹਾ ਸੀ। ਪੁਲਸ ਨੇ ਤੁਰੰਤ ਐਕਸ਼ਨ ਲੈਂਦੇ ਹੋਏ ਉਸ ਨੂੰ ਗ੍ਰਿਫਤਾਰ ਕਰ ਲਿਆ।



## 7000 ਰੁਪਏ ਦੀ ਰਿਸ਼ਵਤ ਲੈਂਦਾ ਮਾਰਕੀਟ ਕਮੇਟੀ ਦਾ ਮੰਡੀ ਸੁਪਰਵਾਈਜ਼ਰ ਗ੍ਰਿਫ਼ਤਾਰ

ਗੁਰਦਾਸਪੁਰ 21 ਅਪ੍ਰੈਲ। ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਅੱਜ ਗੁਰਦਾਸਪੁਰ ਜ਼ਿਲ੍ਹੇ ਦੀ ਮਾਰਕੀਟ ਕਮੇਟੀ, ਕਾਹਨੂੰਵਾਨ ਵਿਖੇ ਤਾਇਨਾਤ ਮੰਡੀ ਸੁਪਰਵਾਈਜ਼ਰ ਰਸ਼ਪਾਲ ਸਿੰਘ ਨੂੰ 7,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਅੱਜ ਇੱਥੇ ਇਹ ਖੁਲਾਸਾ ਕਰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਉਪਰੋਕਤ ਮੁਲਜ਼ਮ ਨੂੰ ਅਨਾਜ ਮੰਡੀ, ਕਾਹਨੂੰਵਾਨ ਦੇ ਇੱਕ ਆੜ੍ਹਤੀ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਮਾਰਕੀਟ ਕਮੇਟੀ ਕਾਹਨੂੰਵਾਨ ਨੇ ਦਸੰਬਰ 2024 ਵਿੱਚ ਉਸ ਦੀ ਫਰਮ 'ਤੇ ਗਲਤ ਤਰੀਕੇ ਨਾਲ 18,610 ਰੁਪਏ ਦਾ ਜੁਰਮਾਨਾ ਲਗਾ ਦਿੱਤਾ ਸੀ। ਇਸ ਮਾਮਲੇ ਨੂੰ ਹੱਲ ਕਰਨ ਦੀਆਂ ਵਾਰ-ਵਾਰ ਕੋਸ਼ਿਸ਼ਾਂ ਦੇ ਬਾਵਜੂਦ, ਮਾਰਕੀਟ ਕਮੇਟੀ ਦੇ ਅਧਿਕਾਰੀਆਂ ਨੇ ਜੁਰਮਾਨਾ ਵਾਪਸ ਲੈਣ ਤੋਂ ਇਨਕਾਰ ਕਰ ਦਿੱਤਾ। ਕਣਕ ਦੀ ਖਰੀਦ ਦਾ ਸੀਜ਼ਨ ਨੇੜੇ ਆ ਰਿਹਾ ਸੀ ਜਿਸ ਕਾਰਨ ਸ਼ਿਕਾਇਤਕਰਤਾ ਨੂੰ ਆਪਣੀ ਦੂਜੀ ਫਰਮ, ਜੋ ਉਸ ਦੀ ਮਾਤਾ ਦੇ ਨਾਮ 'ਤੇ ਰਜਿਸਟਰਡ ਹੈ, ਦੇ ਮਿਆਦ ਪੁੱਗ ਚੁੱਕੇ ਲਾਇਸੈਂਸ ਨੂੰ ਰੀਨਿਊ ਕਰਨ ਦੀ ਲੋੜ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਜਦੋਂ ਉਸ ਨੇ ਦੋਵਾਂ ਮਾਮਲਿਆਂ ਨੂੰ ਸੁਲਝਾਉਣ ਲਈ ਉਕਤ ਮੁਲਜ਼ਮ ਰਸ਼ਪਾਲ ਸਿੰਘ ਕੋਲ ਪਹੁੰਚ ਕੀਤੀ, ਤਾਂ ਇਸ ਮੰਡੀ ਸੁਪਰਵਾਈਜ਼ਰ ਨੇ ਰਿਸ਼ਵਤ ਵਜੋਂ 8,000 ਰੁਪਏ ਦੀ ਮੰਗ ਕੀਤੀ ,ਪਰ ਉਸ ਦੇ ਜ਼ੋਰ ਪਾਉਣ ਤੋਂ ਬਾਅਦ ਰਿਸ਼ਵਤ ਦੀ ਰਕਮ ਘਟਾ ਕੇ 7,000 ਰੁਪਏ ਕਰ ਦਿੱਤੀ ਗਈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਅੰਮ੍ਰਿਤਸਰ ਰੇਂਜ ਦੀ ਵਿਜੀਲੈਂਸ ਬਿਊਰੋ ਦੀ ਇੱਕ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਰਸ਼ਪਾਲ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 7,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਉਕਤ ਮੁਲਜ਼ਮ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮੁਕੱਦਮੇ ਦੀ ਅਗਲੇਰੀ ਜਾਂਚ ਜਾਰੀ ਹੈ।



### 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ 48ਵੇਂ ਦਿਨ 97 ਨਸ਼ਾ ਸਮੱਗਲਰ ਗ੍ਰਿਫ਼ਤਾਰ

ਚੰਡੀਗੜ੍ਹ/ਜਲੰਧਰ 21 ਅਪ੍ਰੈਲ। 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 48ਵੇਂ ਦਿਨ ਪੰਜਾਬ ਪੁਲਸ ਨੇ 471 ਥਾਵਾਂ 'ਤੇ ਛਾਪੇਮਾਰੀ ਕੀਤੀ ਅਤੇ 97 ਨਸ਼ਾ ਸਮੱਗਲਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਵਿਰੁੱਧ 60 ਐੱਫ਼. ਆਈ. ਆਰਜ਼. ਦਰਜ ਕੀਤੀਆਂ। ਇਸ ਨਾਲ ਸਿਰਫ਼ 48 ਦਿਨਾਂ 'ਚ ਗ੍ਰਿਫ਼ਤਾਰ ਕੀਤੇ ਗਏ ਕੁੱਲ੍ਹ ਨਸ਼ਾ ਸਮੱਗਲਰਾਂ ਦੀ ਗਿਣਤੀ 6402 ਹੋ ਗਈ ਹੈ। ਪੁਲਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ 'ਚੋਂ 40.9 ਲੱਖ ਰੁਪਏ ਦੀ ਡਰੱਗ ਮਨੀ, 261 ਗ੍ਰਾਮ ਹੈਰੋਇਨ, 699 ਗ੍ਰਾਮ ਅਫ਼ੀਮ ਅਤੇ 1997 ਨਸ਼ੀਲੀਆਂ ਗੋਲੀਆਂ/ਕੈਪਸੂਲ ਵੀ ਬਰਾਮਦ ਕੀਤੀਆਂ ਹਨ। ਵਿਸ਼ੇਸ਼ ਡੀ. ਜੀ. ਪੀ. ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 84 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1200 ਤੋਂ ਵੱਧ ਪੁਲਸ ਮੁਲਾਜ਼ਮਾਂ ਵਾਲੀਆਂ 150 ਤੋਂ ਵੱਧ ਪੁਲਸ ਟੀਮਾਂ ਵੱਲੋਂ ਪੂਰੇ ਸੂਬੇ 'ਚ ਛਾਪੇਮਾਰੀ ਕੀਤੀ ਗਈ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 502 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ। ਇਸ ਦੇ ਨਾਲ ਹੀ 6 ਵਿਅਕਤੀਆਂ ਨੂੰ ਨਸ਼ਾ ਛੁਡਾਊ ਤੇ ਮੁੜ-ਵਸੇਬਾ ਕੇਂਦਰਾਂ 'ਚ ਇਲਾਜ ਕਰਵਾਉਣ ਲਈ ਪ੍ਰੇਰਿਆ ਗਿਆ ਹੈ।

## ਨਾਬਾਲਗ ਕਬੱਡੀ ਖਿਡਾਰੀ ਨੇ ਇੰਸਟਾਗ੍ਰਾਮ 'ਤੇ ਲਾਈਵ ਹੋ ਕੇ ਕੀਤੀ ਖੁਦਕੁਸ਼ੀ

ਦੁਰਗ 21 ਅਪ੍ਰੈਲ। ਛੱਤੀਸਗੜ੍ਹ ਦੇ ਦੁਰਗ ਜ਼ਿਲ੍ਹੇ ਦੇ ਕੁਮਹਾਰੀ ਦੇ ਰਹਿਣ ਵਾਲੇ ਇੱਕ ਨਾਬਾਲਗ ਕਬੱਡੀ ਖਿਡਾਰੀ ਨੇ ਇੰਸਟਾਗ੍ਰਾਮ 'ਤੇ ਲਾਈਵ ਹੋਣ ਤੋਂ ਬਾਅਦ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਵੀਡੀਓ ਸਾਹਮਣੇ ਆਉਣ ਤੋਂ ਬਾਅਦ ਸ਼ੁੱਕਰਵਾਰ ਨੂੰ ਪੁਲਸ ਵਿਭਾਗ ਵਿੱਚ ਹੜਕੰਪ ਮਚ ਗਿਆ। ਉਸਦੇ ਪਰਿਵਾਰ ਨੂੰ ਇਸ ਬਾਰੇ ਉਦੋਂ ਪਤਾ ਲੱਗਾ ਜਦੋਂ ਬਿਲਾਸਪੁਰ ਦੇ ਜੰਗਲ ਵਿੱਚ ਫਾਹਾ ਲੈਣ ਦਾ ਉਸਦਾ ਵੀਡੀਓ ਇੰਸਟਾਗ੍ਰਾਮ 'ਤੇ ਲਾਈਵ ਵਾਇਰਲ ਹੋਇਆ। ਵੀਡੀਓ ਵਾਇਰਲ ਹੋਣ ਤੋਂ ਬਾਅਦ, ਬਿਲਾਸਪੁਰ ਜ਼ਿਲ੍ਹੇ ਦੇ ਸੋਰਵਾ ਥਾਣਾ ਖੇਤਰ ਦੇ ਜੰਗਲ ਵਿੱਚ ਲਾਸ਼ ਦੀ ਭਾਲ ਕਈ ਘੰਟਿਆਂ ਤੱਕ ਜਾਰੀ ਰਹੀ। ਲਾਸ਼ ਨੂੰ ਉਸਦੇ ਆਖਰੀ ਟਿਕਾਣੇ ਤੋਂ 10 ਕਿਲੋਮੀਟਰ ਦੀ ਦੂਰੀ 'ਤੇ ਲੱਭਣ ਤੋਂ ਬਾਅਦ ਅੱਜ ਲਾਸ਼ ਬਰਾਮਦ ਕਰ ਲਈ ਗਈ। ਬਿਲਾਸਪੁਰ ਦੇ ਜੰਗਲਾਂ ਵਿੱਚ ਨਾਬਾਲਗ ਦੀ ਭਾਲ ਘੰਟਿਆਂ ਤੱਕ ਜਾਰੀ ਰਹੀ। ਉਸਦੀ ਖੁਦਕੁਸ਼ੀ ਦਾ ਕਾਰਨ ਅਜੇ ਪਤਾ ਨਹੀਂ ਲੱਗ ਸਕਿਆ ਹੈ। ਕਿਹਾ ਜਾਂਦਾ ਹੈ ਕਿ ਤਿੰਨ ਦਿਨ ਪਹਿਲਾਂ ਕੁਮਹਾਰੀ ਅਧੀਨ ਜੰਜਗਿਰੀ ਦਾ ਇੱਕ ਨਾਬਾਲਗ ਕਬੱਡੀ ਖਿਡਾਰੀ ਬਿਲਾਸਪੁਰ ਗਿਆ ਸੀ। ਇਸ ਤੋਂ ਬਾਅਦ, 17 ਅਪ੍ਰੈਲ ਨੂੰ, ਉਸਦਾ ਜੰਗਲ ਵਿੱਚ ਫਾਂਸੀ ਲਟਕਦੇ ਹੋਏ ਦਾ ਇੱਕ ਲਾਈਵ ਵੀਡੀਓ ਵਾਇਰਲ ਹੋ ਗਿਆ। ਇਹ ਦੇਖ ਕੇ ਉਸਦਾ ਪਰਿਵਾਰ ਤੁਰੰਤ ਕੁਮਹਾਰੀ ਥਾਣੇ ਪਹੁੰਚਿਆ ਅਤੇ ਸੂਚਨਾ ਦੇਣ ਤੋਂ ਬਾਅਦ ਬਿਲਾਸਪੁਰ ਲਈ ਰਵਾਨਾ ਹੋ ਗਿਆ। ਕੁਮਹਾਰੀ ਪੁਲਸ ਨੇ ਦੱਸਿਆ ਕਿ ਬਿਲਾਸਪੁਰ ਦੇ ਜੰਗਲ ਵਿੱਚ ਉਸ ਜਗ?ਹਾ ਦੀ ਪਛਾਣ ਕਰ ਲਈ ਗਈ ਹੈ ਜਿੱਥੇ ਲੜਕੇ ਨੇ ਫਾਂਸੀ ਲਗਾਈ ਸੀ। ਉਸ ਦੀ ਪਛਾਣ ਸਕਸ਼ਮ (ਬਦਲਿਆ ਹੋਇਆ ਨਾਂ) ਉਮਰ 17 ਸਾਲ ਵਾਸੀ ਪਿੰਡ ਜੰਜਗਿਰੀ, ਕੁਮਹਾੜੀ ਜ਼ਿਲ੍ਹਾ ਦੁਰਗ ਵਜੋਂ ਹੋਈ ਹੈ।



## ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਨਿਗਮ ਦਾ ਜ਼ਿਲ੍ਹਾ ਮੈਨੇਜਰ ਵਿਜੀਲੈਂਸ ਵੱਲੋਂ ਗ੍ਰਿਫ਼ਤਾਰ

ਚੰਡੀਗੜ੍ਹ 21 ਅਪ੍ਰੈਲ। ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ, ਤਰਨਤਾਰਨ ਵਿਖੇ ਜ਼ਿਲ੍ਹਾ ਮੈਨੇਜਰ ਵਜੋਂ ਤਾਇਨਾਤ ਚਿਮਨ ਲਾਲ ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਗਿਧੜੀ ਬਘੀਹਾਰੀ ਦੇ ਇਕ ਸ਼ਿਕਾਇਤਕਰਤਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੀ ਜਾਂਚ ਉਪਰੰਤ ਕੀਤੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਸਦੀ ਦਿਵਿਆਂਗ ਭੈਣ ਨੇ ਸਾਲ 2009 ਵਿਚ ਉਕਤ ਕਾਰਪੋਰੇਸ਼ਨ ਤੋਂ 1,00,000 ਰੁਪਏ ਦਾ ਕਰਜ਼ਾ ਲਿਆ ਸੀ। ਇਸ ਉਪਰੰਤ ਸਰਕਾਰ ਨੇ ਇਕ ਸਕੀਮ ਤਹਿਤ ਅਜਿਹੇ ਕਰਜ਼ਿਆਂ ਦੀ ਮੁਆਫ਼ੀ ਦਾ ਐਲਾਨ ਕੀਤਾ ਸੀ ਪਰ ਉਕਤ ਮੈਨੇਜਰ ਨੇ ਸਰਕਾਰ ਦੁਆਰਾ ਮੁਆਫ਼ ਕੀਤੇ ਗਏ ਕਰਜ਼ੇ ਦੀ ਪ੍ਰਕਿਰਿਆ ਅਤੇ ਇਸਦਾ ਨਿਪਟਾਰਾ ਕਰਨ ਲਈ ਉਸ ਤੋਂ 10,000 ਰੁਪਏ ਰਿਸ਼ਵਤ ਮੰਗੀ ਹੈ। ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿਚ ਸ਼ਿਕਾਇਤਕਰਤਾ ਤੋਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧੀ ਉਕਤ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮ ਨੂੰ ਕੱਲ੍ਹ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।



### ਅੰਮ੍ਰਿਤਸਰ 'ਚ ਐਨਕਾਊਂਟਰ ! ਮੁਕਾਬਲੇ 'ਚ ਦੋ ਗੈਂਗਸਟਰ ਜ਼ਖ਼ਮੀ

ਜੈਤੀਪੁਰ 21 ਅਪ੍ਰੈਲ। ਥਰੀਏਵਾਲ ਤਲਵੰਡੀ ਘੁੰਮਣ ਵਾਲੀ ਸਾਈਡ 'ਤੇ ਨਹਿਰ ਦੇ ਨਜ਼ਦੀਕ ਪੁਲਸ ਤੇ ਬਦਮਾਸ਼ਾਂ ਵਿਚਾਲੇ ਮੁਕਾਬਲਾ ਹੋਣ ਦਾ ਸਮਾਚਾਰ ਮਿਲਿਆ ਹੈ। ਇਸ ਦੌਰਾਨ ਪੁਲਸ ਮੁਕਾਬਲੇ ਵਿਚ ਦੋ ਜਣੇ ਜ਼ਖਮੀ ਹੋਏ ਹਨ। ਇਸ ਸਬੰਧੀ ਮੌਕੇ ਡੀਐੱਸਪੀ ਅਮੋਲਕ ਸਿੰਘ ਕਾਹਲੋਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਬੀਤੇ ਦਿਨੀ ਪੈਟਰੋਲ ਪੰਪ ਕਲੇਰ ਮਾਂਗਟ 'ਤੇ ਹੋਈ ਵਾਰਦਾਤ ਜਿਸ 'ਚ ਇੱਕ ਵਿਅਕਤੀ ਦੀ ਮੌਤ ਹੋ ਗਈ ਸੀ ਤੇ ਪੰਪ ਦੇ ਕਰਿੰਦੇ ਵੀ ਜ਼ਖਮੀ ਹੋਏ ਸਨ, ਉਨ੍ਹਾਂ ਦੇ ਮੁੱਖ ਦੋਸ਼ੀ ਆਕਾਸ਼ਦੀਪ ਸਿੰਘ ਬੂਟਾ ਤੇ ਉਸ ਦਾ ਸਾਥੀ ਅਮਰਬੀਰ ਸਿੰਘ ਰਘੂ ਵਾਸੀ ਨੰਗਲੀ ਨਸ਼ਹਿਰਾ, ਦੋਵੇਂ ਭੰਗਾਲੀ ਅਤੇ ਤਲਵੰਡੀ ਘੁੰਮਣ ਏਰੀਏ ਵਿੱਚ ਘੁੰਮਣ ਦਾ ਪਤਾ ਜਦੋਂ ਐੱਸਐੱਚਓ ਪ੍ਰਭਜੀਤ ਸਿੰਘ ਨੂੰ ਲੱਗਾ ਤਾਂ ਉਨ੍ਹਾਂ ਨੇ ਇਨ੍ਹਾਂ ਦਾ ਪਿੱਛਾ ਕੀਤਾ ਤਾਂ ਇਹ ਪਲਸਰ ਮੋਟਰਸਾਈਕਲ 'ਤੇ ਸਵਾਰ ਹੋ ਕੇ ਪੁਲਸ ਉੱਤੇ ਫਾਇਰਿੰਗ ਸ਼ੁਰੂ ਕਰ ਦਿੱਤੀ। ਇਸ ਦੌਰਾਨ ਤਲਵੰਡੀ ਆਲੇ ਪਾਸੇ ਨਹਿਰ ਸਾਈਡ ਮੋਟਰਸਾਈਕਲ ਭੱਜਾ ਲਿਆ, ਜਿਸ 'ਤੇ ਫਾਇਰਿੰਗ ਦੌਰਾਨ ਇਹ ਦੋਵੇਂ ਜ਼ਖਮੀ ਹੋ ਗਏ। ਇਨ੍ਹਾਂ ਨੂੰ ਸਿਵਲ ਹਸਪਤਾਲ ਮਜੀਠਾ ਵਿਖੇ ਦਾਖਲ ਕਰਵਾ ਦਿੱਤਾ ਗਿਆ ਹੈ ਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## 3 ਕਿੱਲੋ ਹੈਰੋਇਨ, ਦੋ ਪਿਸਤੌਲਾਂ ਸਣੇ ਫੜਿਆ ਗਿਆ ਵੱਡਾ ਤਸਕਰ, ਡੀ. ਜੀ. ਪੀ. ਨੇ ਦਿੱਤੀ ਜਾਣਕਾਰੀ

ਚੰਡੀਗੜ੍ਹ/ਅੰਮ੍ਰਿਤਸਰ 21 ਅਪ੍ਰੈਲ। ਸੂਬੇ ਵਿਚੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੇ 'ਯੁੱਧ ਨਸ਼ਿਆਂ ਵਿਰੁੱਧ' ਦੌਰਾਨ ਸਰਹੱਦ ਪਾਰੋਂ ਨਸ਼ਾ ਤਸਕਰੀ ਨੂੰ ਕਰਾਰੀ ਸੱਟ ਮਾਰਦਿਆਂ ਪੰਜਾਬ ਪੁਲਸ ਦੀ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏਐਨਟੀਐਫ) ਨੇ ਪਾਕਿਸਤਾਨ ਅਧਾਰਤ ਤਸਕਰ ਨਾਲ ਸਬੰਧਤ ਮੁੱਖ ਨਸ਼ਾ ਤਸਕਰ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 3.105 ਕਿਲੋਗ੍ਰਾਮ ਹੈਰੋਇਨ ਅਤੇ ਦੋ .32 ਬੋਰ ਦੇ ਦੇਸੀ ਪਿਸਤੌਲਾਂ ਸਮੇਤ 37 ਕਾਰਤੂਸ ਅਤੇ ਦੋ ਮੈਗਜ਼ੀਨਾਂ ਬਰਾਮਦ ਕੀਤੀਆਂ ਹਨ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਜੋਬਨਜੀਤ ਸਿੰਘ ਉਰਫ਼ ਜੋਬਨ ਵਾਸੀ ਪਿੰਡ ਕੋਟਲੀ ਸੁਰ ਸਿੰਘ, ਤਰਨਤਾਰਨ ਵਜੋਂ ਹੋਈ ਹੈ ਅਤੇ ਉਹ ਅਪਰਾਧਿਕ ਪਿਛੋਕੜ ਵਾਲਾ ਮੁਲਜ਼ਮ ਹੈ। ਡੀਜੀਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਪਿਛਲੇ ਕੁਝ ਮਹੀਨਿਆਂ ਤੋਂ ਪਾਕਿਸਤਾਨ ਅਧਾਰਤ ਤਸਕਰਾਂ ਤੋਂ ਡਰੋਨ ਰਾਹੀਂ ਹੈਰੋਇਨ ਦੀਆਂ ਖੇਪਾਂ ਪ੍ਰਾਪਤ ਕਰ ਰਿਹਾ ਸੀ। ਡੀਜੀਪੀ ਨੇ ਦੱਸਿਆ ਕਿ ਇਸ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇ-ਪਿਛਲੇ ਸਬੰਧਾਂ ਨੂੰ ਸਥਾਪਤ ਕਰਨ ਵਾਸਤੇ ਹੋਰ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਸੰਭਾਵਨਾ ਹੈ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਸ (ਏਡੀਜੀਪੀ) ਏਐਨਟੀਐਫ ਨੀਲਾਭ ਕਿਸ਼ੋਰ ਨੇ ਦੱਸਿਆ ਕਿ ਏਐਨਟੀਐਫ ਬਾਰਡਰ ਰੇਂਜ ਅੰਮ੍ਰਿਤਸਰ ਦੀਆਂ ਪੁਲਸ ਟੀਮਾਂ ਨੂੰ ਭਰੋਸੇਯੋਗ ਸੂਹ ਮਿਲੀ ਸੀ ਕਿ ਦੋਸ਼ੀ ਜੋਬਨਜੀਤ ਉਰਫ਼ ਜੋਬਨ ਇਕ ਬਦਨਾਮ ਨਸ਼ਾ ਤਸਕਰ ਹੈ ਅਤੇ ਉਸਨੇ ਹਾਲ ਹੀ ਵਿਚ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਇੱਕ ਖੇਪ ਬਰਾਮਦ ਕੀਤੀ ਹੈ।




## ਪਤੀ-ਪਤਨੀ ਨੂੰ ਅਮਰੀਕਾ ਦੇ ਸੁਫ਼ਨੇ ਮਾਰ ਗਏ ਲੱਖਾਂ ਰੁਪਏ ਦੀ ਠੱਗੀ

ਗੁਰਦਾਸਪੁਰ 21 ਅਪ੍ਰੈਲ। ਭੈਣੀ ਮੀਆਂ ਖਾਂ ਪੁਲਸ ਨੇ ਪਤੀ-ਪਤਨੀ ਨੂੰ ਵਿਦੇਸ਼ ਅਮਰੀਕਾ ਭੇਜਣ ਦੇ ਨਾਂ 'ਤੇ 4 ਲੱਖ 25 ਹਜ਼ਾਰ ਰੁਪਏ ਦੀ ਧੋਖਾਧੜੀ ਕਰਨ ਵਾਲੇ 4 ਲੋਕਾਂ ਦੇ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਡੀ.ਐੱਸ.ਪੀ ਕੁਲਵੰਤ ਸਿੰਘ ਨੇ ਦੱਸਿਆ ਕਿ ਕੰਨਵਰਗੁਰਤਾਜ ਸਿੰਘ ਪੁੱਤਰ ਮਨਜਿੰਦਰ ਸਿੰਘ ਵਾਸੀ ਭੁੱਲੇਚੱਕ ਥਾਣਾ ਤਿੱਬੜ ਨੇ ਐੱਸ.ਪੀ ਹੈਡਕੁਆਰਟਰ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਰੋਕੀ ਸ਼ਰਮਾ ਪੁੱਤਰ ਬ੍ਰਹਮ ਸ਼ਰਮਾ, ਰਿੰਕੂ ਪੁੱਤਰ ਗੁਰਭਜਨ ਸਿੰਘ ਵਾਸੀਆਨ ਮੇਘੀਆਂ, ਅਨੀਤਾ ਦੇਵੀ ਪਤਨੀ ਅਸ਼ੋਕ ਕੁਮਾਰ, ਰੋਮੀ ਪੁੱਤਰ ਅਸ਼ੋਕ ਕੁਮਾਰ ਵਾਸੀਆਨ ਭੈਣੀ ਕਾਣੇ ਥਾਣਾ ਭੈਣੀ ਮੀਆਂ ਖਾਂ ਨੇ ਉਸ ਨੂੰ ਅਤੇ ਉਸ ਦੀ ਪਤਨੀ ਨੀਸ਼ਾ ਵਾਲੀਆ ਨੂੰ ਵਿਦੇਸ਼ ਅਮਰੀਕਾ ਭੇਜਣ ਲਈ 20 ਲੱਖ 50ਹਜ਼ਾਰ ਰੁਪਏ ਲਏ ਸੀ, ਪਰ ਵਿਦੇਸ਼ ਅਮਰੀਕਾ ਨਹੀਂ ਭੇਜਿਆ। ਉਸ ਵੱਲੋਂ ਪੈਸੇ ਵਾਪਸ ਮੰਗਣ 'ਤੇ ਦੋਸ਼ੀਆਂ ਨੇ 16ਲੱਖ 25ਹਜ਼ਾਰ ਰੁਪਏ ਵਾਪਸ ਕਰ ਦਿੱਤੇ ਅਤੇ 4ਲੱਖ 25ਹਜ਼ਾਰ ਰੁਪਏ ਵਾਪਸ ਨਾ ਕਰਕੇ ਧੋਖਾਧੜੀ ਕੀਤੀ ਹੈ। ਡੀ.ਐੱਸ.ਪੀ ਕੁਲਵੰਤ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਕਰਨ ਤੋਂ ਬਾਅਦ ਦੋਸ਼ੀ ਪਾਏ ਗਏ ਉਕਤ ਲੋਕਾਂ ਦੇ ਖ਼?ਲਾਫ਼ ਮਾਮਲਾ ਦਰਜ ਕੀਤਾ ਗਿਆ, ਪਰ ਮੁਲਜ਼ਮ ਅਜੇ ਫਰਾਰ ਹਨ।




## 30 ਲੱਖ ਲਾ ਕੈਨੇਡਾ ਭੇਜੀ ਪਤਨੀ ਨੇ ਗਿਰਗਿਟ ਵਾਂਗ ਬਦਲੇ ਰੰਗ, ਕਾਰਾ ਦੇਖ ਸਹੁਰਾ ਪਰਿਵਾਰ ਦੇ ਉੱਡੇ ਹੋਸ਼

ਮੋਗਾ 21 ਅਪ੍ਰੈਲ। ਮੋਗਾ ਜ਼ਿਲ੍ਹੇ ਦੇ ਪਿੰਡ ਮਾਹਲਾ ਕਲਾਂ ਨਿਵਾਸੀ ਜਸਪਾਲ ਸਿੰਘ ਦੀ ਨੂੰਹ ਅਰਸ਼ਦੀਪ ਕੁਮਾਰੀ ਵੱਲੋਂ ਕੈਨੇਡਾ ਪਹੁੰਚਦਿਆਂ ਹੀ ਗਿਰਗਿਟ ਵਾਂਗ ਰੰਗ ਬਦਲਦਿਆਂ ਪਤੀ ਨੂੰ ਕੈਨੇਡਾ ਪੀ.ਆਰ. ਤੋਂ ਕੋਰੀ ਨਾਂਹ ਕਰ ਦਿੱਤੀ। ਮੋਗਾ ਪੁਲਸ ਵੱਲੋਂ ਜਾਂਚ ਤੋਂ ਬਾਅਦ ਜਸਪਾਲ ਸਿੰਘ ਦੀ ਸ਼ਿਕਾਇਤ 'ਤੇ ਉਸਦੀ ਨੂੰਹ ਅਰਸ਼ਦੀਪ ਕੁਮਾਰੀ, ਉਸਦੀ ਭੈਣ ਮਨਦੀਪ ਕੁਮਾਰੀ, ਭੈਣ ਰਵਨੀਤ ਕੁਮਾਰੀ ਅਤੇ ਪਿਤਾ ਤਰਸੇਮ ਚੰਦ ਨਿਵਾਸੀ ਪਿੰਡ ਧੰਨਾ ਸ਼ਹੀਦ ਫਿਰੋਜ਼ਪੁਰ ਖ਼ਿਲਾਫ਼ ਧੋਖਾਦੇਹੀ ਦਾ ਥਾਣਾ ਬਾਘਾ ਪੁਰਾਣਾ ਵਿਚ ਮਾਮਲਾ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਅਗਲੇਰੀ ਜਾਂਚ ਸਹਾਇਕ ਥਾਣੇਦਾਰ ਗੁਰਪ੍ਰੀਤ ਸਿੰਘ ਵੱਲੋਂ ਕੀਤੀ ਜਾ ਰਹੀ ਹੈ। ਜ਼ਿਲ੍ਹਾ ਪੁਲਸ ਮੁਖੀ ਮੋਗਾ ਨੂੰ ਦਿੱਤੇ ਸ਼ਿਕਾਇਤ ਪੱਤਰ ਵਿਚ ਜਸਪਾਲ ਸਿੰਘ ਨੇ ਕਿਹਾ ਕਿ ਉਸ ਦੇ ਬੇਟੇ ਜਸਪ੍ਰੀਤ ਸਿੰਘ ਦਾ ਵਿਆਹ ਅਰਸ਼ਦੀਪ ਕੁਮਾਰੀ ਨਾਲ 16 ਜੂਨ 2019 ਨੂੰ ਦੋਵਾਂ ਪਰਿਵਾਰਾਂ ਦੀ ਸਹਿਮਤੀ ਨਾਲ ਅਜੀਜ ਹੋਟਲ ਐਂਡ ਰੈਸਟੋਰੈਂਟ ਤਲਵੰਡੀ ਭਾਈ ਵਿਚ ਧਾਰਮਿਕ ਰੀਤੀ ਰਿਵਾਜ਼ਾਂ ਅਨੁਸਾਰ ਹੋਇਆ ਸੀ। ਉਸ ਨੇ ਕਿਹਾ ਕਿ ਮੇਰੀ ਨੂੰਹ ਨੇ ਆਈਲੈਟਸ ਕੀਤੀ ਸੀ ਅਤੇ ਉਹ ਵਿਦੇਸ਼ ਜਾਣਾ ਚਾਹੁੰਦੀ ਸੀ,ਜਿਸ 'ਤੇ ਦੋਵਾਂ ਪਰਿਵਾਰਾਂ ਨੇ ਆਪਸੀ ਸਹਿਮਤੀ ਕੀਤੀ ਅਤੇ ਗੱਲਬਾਤ ਤੈਅ ਹੋਈ ਕਿ ਅਸੀਂ ਉਸ ਨੂੰ ਸਟੱਡੀ ਬੇਸ 'ਤੇ ਕੈਨੇਡਾ ਭੇਜ ਦਿਆਂਗੇ, ਜਿੱਥੇ ਜਾ ਕੇ ਉਹ ਮੇਰੇ ਲੜਕੇ ਨੂੰ ਕੈਨੇਡਾ ਬੁਲਾ ਲਵੇਗਾ ਅਤੇ ਪੀ.ਆਰ. ਕਰਵਾਏਗੀ। ਮੇਰੀ ਨੂੰਹ ਅਰਸ਼ਦੀਪ ਕੁਮਾਰੀ 13 ਅਗਸਤ 2019 ਨੂੰ ਕੈਨੇਡਾ ਚਲੀ ਗਈ। ਇਸ ਉਪਰੰਤ ਉਸ ਨੇ ਮੇਰੇ ਬੇਟੇ ਜਸਪ੍ਰੀਤ ਸਿੰਘ ਬਰਾੜ ਨੂੰ ਵੀ 15 ਸਤੰਬਰ 2022 ਨੂੰ ਸਪਾਊਸ ਵੀਜ਼ੇ ਰਾਹੀਂ ਕੈਨੇਡਾ ਬੁਲਾ ਲਿਆ। ਸਾਡਾ ਨੂੰਹ ਅਰਸ਼ਦੀਪ ਕੁਮਾਰੀ ਨੂੰ ਸਟੱਡੀ ਬੇਸ 'ਤੇ ਕੈਨੇਡਾ ਭੇਜਣ ਲਈ 30 ਲੱਖ ਰੁਪਏ ਖਰਚ ਆਇਆ। ਮੇਰੀ ਨੂੰਹ ਨੇ ਮੇਰੇ ਬੇਟੇ ਦੇ ਪਹੁੰਚਣ ਉਪਰੰਤ ਉਸ ਨਾਲ ਕੋਈ ਗੱਲਬਾਤ ਨਹੀਂ ਕੀਤੀ ਅਤੇ ਮੇਰਾ ਬੇਟਾ ਵੱਖ ਰਹਿਣ ਲੱਗਾ, ਜਦੋਂ ਮੇਰੇ ਬੇਟੇ ਦਾ ਵੀਜ਼ਾ ਖ਼ਤਮ ਹੋ ਗਿਆ ਤਾਂ ਉਸ ਨੇ ਆਪਣੀ ਪਤਨੀ ਨੂੰ ਪੀ. ਆਰ. ਲਈ ਕਿਹਾ ਤਾਂ ਉਸ ਨੇ ਆਪਣੇ ਪਰਿਵਾਰਕ ਮੈਂਬਰਾਂ ਨਾਲ ਕਥਿਤ ਮਿਲੀਭੁਗਤ ਕਰ ਕੇ ਕੋਰੀ ਨਾਂਹ ਕਰ ਦਿੱਤੀ। ਇਸ 'ਤੇ ਅਸੀਂ ਨੂੰਹ ਦੇ ਪਰਿਵਾਰ ਨਾਲ ਗੱਲਬਾਤ ਕੀਤੀ ਅਤੇ ਪੰਚਾਇਤੀ ਤੌਰ 'ਤੇ ਵੀ ਉਨ੍ਹਾਂ ਨੂੰ ਕਿਹਾ, ਪਰ ਕਿਸੇ ਨੇ ਕੋਈ ਗੱਲ ਨਾ ਸੁਣੀ। ਉਨ੍ਹਾਂ ਕਿਹਾ ਕਿ ਅਸੀਂ ਅਪਣੀ ਨੂੰਹ ਨੂੰ ਕੈਨੇਡਾ ਭੇਜਣ ਲਈ ਸਟੱਡੀ ਵੀਜ਼ੇ 'ਤੇ ਖਰਚਾ ਹੋਣ ਵਾਲੇ ਪੈਸੇ ਉਸ ਦੇ ਪਰਿਵਾਰਕ ਮੈਂਬਰਾਂ ਦੇ ਖਾਤੇ ਵਿਚ ਵੀ ਪਾਏ। ਇਸ ਤਰ੍ਹਾਂ ਮੇਰੀ ਨੂੰਹ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਵੱਲੋਂ ਕਥਿਤ ਮਿਲੀਭੁਗਤ ਕਰ ਕੇ ਸਾਡੇ ਨਾਲ ਧੋਖਾਦੇਹੀ ਕੀਤੀ ਹੈ। ਜ਼ਿਲ੍ਹਾ ਪੁਲਸ ਮੁਖੀ ਮੋਗਾ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਇਸ ਦੀ ਜਾਂਚ ਦਾ ਹੁਕਮ ਦਿੱਤਾ ਅਤੇ ਜਾਂਚ ਅਧਿਕਾਰੀ ਨੇ ਜਾਂਚ ਸਮੇਂ ਦੋਵਾਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਲਈ ਬੁਲਾਇਆ। ਜਾਂਚ ਮਗਰੋਂ ਜਾਂਚ ਅਧਿਕਾਰੀ ਨੂੰ ਪਤਾ ਲੱਗਾ ਕਿ ਅਰਸ਼ਦੀਪ ਕੁਮਾਰੀ ਵੱਲੋਂ ਆਪਣੇ ਪਤੀ ਅਤੇ ਸਹੁਰੇ ਪਰਿਵਾਰ ਕੋਲੋਂ ਸਟੱਡੀ ਬੇਸ 'ਤੇ ਕੈਨੇਡਾ ਜਾਣ ਲਈ 30 ਲੱਖ ਰੁਪਏ ਦੇ ਕਰੀਬ ਖਰਚਾ ਕਰਵਾ ਕੇ ਉਸ ਨੂੰ ਕੈਨੇਡਾ ਵਿਚ ਪੀਆਰ ਹੋਣ ਸਬੰਧੀ ਲੋੜੀਂਦੇ ਦਸਤਾਵੇਜ਼ ਮੁਹੱਈਆ ਨਹੀਂ ਕਰਵਾਏ। ਜਾਂਚ ਦੇ ਬਾਅਦ ਸ਼ਿਕਾਇਤ ਕਰਤਾ ਦੇ ਦੋਸ਼ ਸਹੀ ਪਾਏ ਜਾਣ 'ਤੇ ਜਾਂਚ ਅਧਿਕਾਰੀ ਐੱਸ. ਪੀ. ਆਈ. ਵੱਲੋਂ ਆਪਣੀ ਰਿਪੋਰਟ ਜ਼ਿਲ੍ਹਾ ਪੁਲਸ ਮੁਖੀ ਨੂੰ ਭੇਜੀ, ਜਿਨ੍ਹਾਂ ਨੇ ਉਕਤ ਮਾਮਲੇ ਵਿਚ ਕਾਨੂੰਨੀ ਰਾਇ ਹਾਸਲ ਕਰਨ ਤੋਂ ਬਾਅਦ ਕਥਿਤ ਦੋਸ਼ੀਆਂ ਖ਼ਿਲਾਫ਼ ਥਾਣਾ ਬਾਘਾ ਪੁਰਾਣਾ ਵਿਚ ਉਕਤ ਮਾਮਲਾ ਦਰਜ ਕਰਨ ਦਾ ਆਦੇਸ਼ ਦਿੱਤਾ, ਗ੍ਰਿਫਤਾਰੀ ਬਾਕੀ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਕਥਿਤ ਦੋਸ਼ੀਆਂ ਨੂੰ ਕਾਬੂ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

### ਨਜਾਇਜ਼ ਨਸ਼ਾ ਛੁਡਾਊ ਕੇਂਦਰ 'ਤੇ ਪੁਲਸ ਦੀ ਰੇਡ !

ਫਰੀਦਕੋਟ 21 ਅਪ੍ਰੈਲ। ਫਰੀਦਕੋਟ ਵਿਚ ਸਿਹਤ ਵਿਭਾਗ ਤੇ ਪੁਲਸ ਦੀ ਵੱਡੀ ਕਾਰਵਾਈ ਦੇਖਣ ਨੂੰ ਮਿਲੀ ਹੈ। ਪਿੰਡ ਚੱਕ ਕਲਿਆਣ ਵਿਖੇ ਬੰਦ ਪਏ ਸਕੂਲ ਦੀ ਬਿਲਡਿੰਗ ਵਿਚ ਇਕ ਨਸ਼ਾ ਛੁਡਾਊ ਕੇਂਦਰ ਚਲਾਇਆ ਜਾ ਰਿਹਾ ਸੀ। ਇਸ ਦੌਰਾਨ ਪੁਲਸ ਨੇ ਸੂਚਨਾ ਦੇ ਆਧਾਰ ਉੱਤੇ ਇਸ ਨਾਜਾਇਜ਼ ਨਸ਼ਾ ਛੁਡਾਊ ਕੇਂਦਰ ਉੱਤੇ ਰੇਡ ਕੀਤੀ ਤੇ ਇਸ ਦੌਰਾਨ ਨਸ਼ਾ ਛੱਡਣ ਲਈ ਦਾਖਲ ਹੋਏ ਵੱਖ-ਵੱਖ ਜ਼ਿਲ੍ਹਿਆਂ ਦੇ 20 ਦੇ ਕਰੀਬ ਲੋਕਾਂ ਨੂੰ ਛੁਡਵਾਇਆ। ਇਸ ਦੌਰਾਨ ਮੌਕੇ ਉੱਤੇ ਗੱਲ ਕਰਦਿਆਂ ਸੀਨੀਅਰ ਪੁਲਸ ਅਧਿਕਾਰੀ ਰਾਜ ਕੁਮਾਰ ਨੇ ਕਿਹਾ ਕਿ ਸੂਚਨਾ ਦੇ ਆਧਾਰ ਉੱਤੇ ਇਹ ਕਾਰਵਾਈ ਕੀਤੀ ਗਈ ਹੈ। ਇਸ ਦੌਰਾਨ ਉਨ੍ਹਾਂ ਨੇ ਦੇਖਿਆ ਕਿ ਇਸ ਨਾਜਾਇਜ਼ ਨਸ਼ਾ ਛੁਡਾਊ ਕੇਂਦਰ ਵਿਚ 29 ਦੇ ਕਰੀਬ ਬੈੱਡ ਲੱਗੇ ਹੋਏ ਸਨ। ਇਸ ਕੇਂਦਰ ਕੋਲ ਕੋਈ ਲਾਇਸੈਂਸ ਵੀ ਨਹੀਂ ਸੀ। ਇਸ ਦੌਰਾਨ ਇਹ ਵੀ ਜਾਣਕਾਰੀ ਮਿਲੀ ਕਿ ਇਸ ਕੇਂਦਰ ਵਿਚ ਨਸ਼ਾ ਛੱਡਣ ਦੇ ਨਾਂ ਉੱਤੇ ਹਰ ਮਰੀਜ਼ ਦੇ ਪਰਿਵਾਰ ਤੋਂ 10 ਹਜ਼ਾਰ ਰੁਪਏ ਲਏ ਜਾ ਰਹੇ ਸਨ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਪੂਰਾ ਜ਼ਿਲ੍ਹਾ ਕਰ'ਤਾ ਸੀਲ ! ਰੈੱਡ ਅਲਰਟ 'ਤੇ ਪੁਲਸ, 1000 ਤੋਂ ਵਧੇਰੇ ਮੁਲਾਜ਼ਮ ਤਾਇਨਾਤ

ਫਾਜ਼ਿਲਕਾ 21 ਅਪ੍ਰੈਲ। ਫਾਜ਼ਿਲਕਾ ਜ਼ਿਲ੍ਹੇ ਵਿੱਚ ਰੈੱਡ ਅਲਰਟ ਜਾਰੀ ਕੀਤਾ ਗਿਆ ਹੈ। ਇਸ ਤਹਿਤ ਜ਼ਿਲ੍ਹੇ ਭਰ ਵਿੱਚ ਕਈ ਥਾਵਾਂ 'ਤੇ ਨਾਕਾਬੰਦੀ ਕੀਤੀ ਗਈ ਹੈ। ਤੁਹਾਨੂੰ ਦੱਸ ਦੇਈਏ ਕਿ ਸੀਨੀਅਰ ਅਧਿਕਾਰੀਆਂ ਦੀ ਨਿਗਰਾਨੀ ਹੇਠ ਨਾਕਾਬੰਦੀ ਕਰਕੇ ਵਾਹਨਾਂ ਨੂੰ ਰੋਕਿਆ ਜਾ ਰਿਹਾ ਹੈ ਅਤੇ ਉਨ੍ਹਾਂ ਦੀ ਜਾਂਚ ਕੀਤੀ ਜਾ ਰਹੀ ਹੈ। ਜਦੋਂ ਕਿ ਬਿਨਾਂ ਦਸਤਾਵੇਜ਼ਾਂ ਤੋਂ ਘੁੰਮ ਰਹੇ ਲੋਕਾਂ ਦੇ ਵਾਹਨਾਂ ਦੇ ਚਲਾਨ ਵੀ ਕੀਤੇ ਜਾ ਰਹੇ ਹਨ। ਪੁਲਸ ਦਾ ਕਹਿਣਾ ਹੈ ਕਿ ਜ਼ਿਲ੍ਹੇ ਨੂੰ ਪੂਰੀ ਤਰ੍ਹਾਂ ਸੀਲ ਕਰ ਦਿੱਤਾ ਗਿਆ ਹੈ। ਜਾਣਕਾਰੀ ਦਿੰਦੇ ਹੋਏ ਫਾਜ਼ਿਲਕਾ ਦੇ ਡੀਐੱਸਪੀ ਹੈੱਡਕੁਆਰਟਰ ਲਵਦੀਪ ਸਿੰਘ ਗਿੱਲ ਨੇ ਦੱਸਿਆ ਕਿ ਡੀਆਈਜੀ ਫਿਰੋਜ਼ਪੁਰ ਰੇਂਜ ਅਤੇ ਫਾਜ਼ਿਲਕਾ ਦੇ ਐੱਸਐੱਸਪੀ ਦੇ ਹੁਕਮਾਂ ਅਨੁਸਾਰ ਜ਼ਿਲ੍ਹੇ ਵਿੱਚ ਰੈੱਡ ਅਲਰਟ ਜਾਰੀ ਕਰ ਦਿੱਤਾ ਗਿਆ ਹੈ। ਜਿਸ ਕਾਰਨ ਜ਼ਿਲ੍ਹਾ ਫਾਜ਼ਿਲਕਾ ਅਧੀਨ ਆਉਂਦੇ ਫਾਜ਼ਿਲਕਾ, ਜਲਾਲਾਬਾਦ ਅਤੇ ਅਬੋਹਰ ਇਲਾਕਿਆਂ ਨੂੰ ਸੀਲ ਕਰ ਦਿੱਤਾ ਗਿਆ ਹੈ ਅਤੇ ਕਈ ਥਾਵਾਂ 'ਤੇ ਨਾਕਾਬੰਦੀ ਕੀਤੀ ਗਈ ਹੈ ਜਿਸਦੀ ਅਗਵਾਈ ਸੀਨੀਅਰ ਪੁਲਸ ਅਧਿਕਾਰੀਆਂ ਕਰ ਰਹੇ ਹਨ। ਡੀਐੱਸਪੀ ਨੇ ਕਿਹਾ ਕਿ ਸ਼ਹਿਰ ਵਿੱਚ ਲਗਭਗ 10 ਤੋਂ 12 ਥਾਵਾਂ 'ਤੇ ਨਾਕਾਬੰਦੀ ਕੀਤੀ ਗਈ ਹੈ। ਜਿੱਥੇ-ਜਿੱਥੇ ਆਉਣ-ਜਾਣ ਵਾਲੇ ਵਾਹਨਾਂ ਨੂੰ ਰੋਕ ਕੇ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਇਸ ਵਿਸ਼ੇਸ਼ ਕਾਰਵਾਈ ਦੌਰਾਨ, ਲਗਭਗ 1000 ਪੁਲਸ ਕਰਮਚਾਰੀ ਅਤੇ ਅਧਿਕਾਰੀ ਫੀਲਡ ਵਿੱਚ ਹਨ ਅਤੇ ਕਾਰਾਂ ਅਤੇ ਹੋਰ ਵਾਹਨਾਂ ਨੂੰ ਰੋਕ ਕੇ ਜਾਂਚ ਕੀਤੀ ਜਾ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਹੁਣ ਤੱਕ 300 ਤੋਂ ਵੱਧ ਵਾਹਨਾਂ ਦੀ ਜਾਂਚ ਕੀਤੀ ਜਾ ਚੁੱਕੀ ਹੈ। ਜਦੋਂ ਕਿ ਕਈ ਵਾਹਨਾਂ ਦੇ ਚਲਾਨ ਵੀ ਕੀਤੇ ਗਏ ਹਨ। ਡੀਐੱਸਪੀ ਨੇ ਇਲਾਕੇ ਦੇ ਲੋਕਾਂ ਨੂੰ ਸਹਿਯੋਗ ਦੀ ਅਪੀਲ ਕੀਤੀ ਹੈ। ਉਹ ਕਹਿੰਦਾ ਹੈ ਕਿ ਸਾਡਾ ਉਦੇਸ਼ ਤੁਹਾਨੂੰ ਡਰਾਉਣਾ ਨਹੀਂ ਸਗੋਂ ਤੁਹਾਡੀ ਰੱਖਿਆ ਕਰਨਾ ਹੈ।

# ਕੁੜੀ ਦੇ ਰਿਸ਼ਤੇ ਪਿੱਛੇ ਲੜ ਪਏ ਪਿੰਡ ਵਾਲੇ, ਦੇਰ ਰਾਤ ਜੰਗ ਦਾ ਮੈਦਾਨ ਬਣਿਆ ਪਿੰਡ ਚੱਕ ਬਲੋਚਾ ਮਹਾਲਮ

ਜਲਾਲਾਬਾਦ 21 ਅਪ੍ਰੈਲ। ਥਾਣਾ ਵੈਰੋ ਕਾ ਅਧੀਨ ਪੈਂਦੇ ਪਿੰਡ ਚੱਕ ਬਲੋਚਾ ਮਹਾਲਮ 'ਚ ਗੁੰਡਾਗਰਦੀ ਦੀਆਂ ਘਟਨਾਵਾਂ ਆਮ ਹੀ ਦੇਖਣ ਨੂੰ ਮਿਲ ਰਹੀਆਂ ਹਨ। ਸੋਮਵਾਰ ਦੀ ਰਾਤ ਨੂੰ ਲਗਭਗ 11 ਵਜੇ ਦੇ ਕਰੀਬ ਪਿੰਡ ਚੱਕ ਬਲੋਚਾ ਮਹਾਲਮ 'ਚ ਇਕ ਕੁੜੀ ਦੇ ਰਿਸ਼ਤੇ ਨੂੰ ਲੈ ਕੇ ਚੱਲ ਰਹੇ ਵਿਵਾਦ ਕਾਰਨ ਹਥਿਆਰਬੰਦ ਗੁੰਡਾ ਅਨਸਰਾਂ ਦੇ ਵੱਲੋਂ ਇਕ ਘਰ 'ਚ ਸ਼ਰੇਆਮ ਵੜ ਕੇ ਪਰਿਵਾਰ ਦੇ ਜੀਆਂ 'ਤੇ ਜਾਨਲੇਵਾ ਹਮਲਾ ਕੀਤਾ ਗਿਆ ਤੇ ਘਰ ਦਾ ਸਮਾਨ ਤੇ ਮੋਟਰਸਾਈਕਲ ਦੀ ਭੰਨਤੋੜ ਕੀਤੀ ਗਈ। ਜ਼ਖ਼ਮੀਆਂ ਨੂੰ ਇਲਾਜ ਲਈ ਜਲਾਲਾਬਾਦ ਦੇ ਸਰਕਾਰੀ ਹਸਪਤਾਲ 'ਚ ਭਰਤੀ ਕਰਵਾਇਆ ਗਿਆ। ਪੀੜਤ ਪਰਿਵਾਰ ਦੀ ਮਹਿਲਾ ਕੁਲਵਿੰਦਰ ਕੌਰ ਪਤਨੀ ਕੁਲਵੰਤ ਸਿੰਘ ਵਾਸੀ ਚੱਕ ਬਲੋਚਾ ਮਹਾਲਮ ਨੇ ਦੱਸਿਆ ਕਿ ਪਿੰਡ ਗੁਮਾਨੀ ਵਾਲਾ ਖੂਹ ਦੀ ਇਕ ਲੜਕੀ ਦੇ ਰਿਸ਼ਤੇ ਨੂੰ ਲੈ ਕੇ ਪਿੰਡਾਂ ਦੀਆਂ ਦੋ ਧਿਰਾਂ ਦਰਮਿਆਨ ਖ਼ੂਨੀ ਵਿਵਾਦ ਚੱਲ ਰਿਹਾ ਸੀ। ਪੀੜਤ ਨੇ ਕਿਹਾ ਕਿ ਬਿਨ੍ਹਾਂ ਵਜ?ਹਾਂ ਉਸ ਦੀ ਰੰਜਿਸ਼ ਦੇ ਚੱਲਦੇ ਪਿੰਡ ਦੀ ਇਕ ਧਿਰ ਵੱਲੋਂ ਸੋਮਵਾਰ ਦੀ ਰਾਤ ਲਗਭਗ 11 ਵਜੇ ਦੇ ਕਰੀਬ 50-60 ਦੇ ਕਰੀਬ ਗੁੰਡਾ ਅਨਸਰਾਂ ਦੀ ਮਦਦ ਨਾਲ ਸਾਡੇ ਘਰ 'ਤੇ ਇੱਟਾਂ ਰੋੜਿਆਂ ਦੇ ਨਾਲ ਜਾਨੋਂ ਮਾਰ ਦੇਣ ਦੀ ਨੀਯਤ ਨਾਲ ਹਮਲਾ ਕਰ ਦਿੱਤਾ ਅਤੇ ਘਰ ਵਿਚ ਜ਼ਬਰਦਸਤੀ ਦਾਖ਼ਲ ਹੋ ਕੇ ਮੋਟਰਸਾਈਕਲ ਤੇ ਬੂਹੇ ਬਾਰੀਆਂ ਦੇ ਸ਼ੀਸ਼ੇ



ਤੇ ਅਲਮਾਰੀ ਦੀ ਭੰਨਤੋੜ ਕੀਤੀ ਅਤੇ ਘਰ 'ਚ ਮੌਜੂਦ 20 ਹਜ਼ਾਰ ਰੁਪਏ ਦੀ ਨਗਦੀ ਵੀ ਚੋਰੀ ਕਰ ਲਈ ਗਈ। ਪੀੜਤ ਔਰਤ ਕੁਲਵਿੰਦਰ ਕੌਰ ਨੇ ਕਥਿਤ ਦੋਸ਼ ਲਗਾਉਂਦੇ ਹੋਏ ਕਿਹਾ ਕਿ ਬੀਤੀ ਰਾਤ ਸਾਡੇ ਘਰ 'ਚ ਉਸ ਦੇ ਜੇਠ ਦਾ ਮੁੰਡਾ ਗੁਰਪ੍ਰੀਤ ਸਿੰਘ ਪੁੱਤਰ ਗੁਰਨਾਮ ਸਿੰਘ ਤੇ ਉਸ ਦੀ ਪਤਨੀ ਸੁਰਿੰਦਰ ਕੌਰ ਘਰ 'ਚ ਮੌਜੂਦ ਸਨ ਤਾਂ ਗੁੰਡਾ ਅਨਸਰਾਂ ਦੇ ਵੱਲੋਂ ਉਨ੍ਹਾਂ 'ਤੇ ਵੀ ਹਮਲਾ ਕਰਕੇ ਜ਼ਖ਼ਮੀ ਕਰ ਦਿੱਤਾ ਗਿਆ ਅਤੇ ਉਸ ਦੀ ਨੂੰਹ ਦੀ ਇੱਜ਼ਤ ਨਾਲ ਵੀ ਬਦਸਲੂਕੀ ਕੀਤੀ ਗਈ। ਪੀੜਤ ਔਰਤ ਨੇ ਕਿਹਾ ਕਿ ਅਸੀਂ ਬਾਕੀ ਦੇ ਪਰਿਵਾਰਿਕ ਮੈਂਬਰਾਂ ਨੇ ਬੜੀ ਹੀ ਮੁਸ਼ਕਲ ਦੇ ਨਾਲ ਜਾਨ ਬਚਾਈ ਅਤੇ ਰੌਲਾ ਪਾਉਣ ਤੇ ਆਂਢ-ਗੁਆਂਢ ਦੇ ਲੋਕ ਇਕੱਠੇ ਹੋਣੇ ਸ਼ੁਰੂ ਹੋਏ ਤਾਂ ਗੁੰਡਾ ਅਨਸਰਾਂ ਵੱਲੋਂ ਪਰਿਵਾਰਿਕ ਮੈਂਬਰਾਂ ਨੂੰ ਗੋਲੀਆਂ ਮਾਰ ਕੇ ਕਤਲ ਕਰਨ ਦੀਆਂ ਧਮਕੀਆਂ ਦਿੰਦੇ ਹੋਏ ਮੌਕੇ ਤੋਂ ਫਰਾਰ ਹੋ ਗਏ। ਪੀੜਤ ਔਰਤ ਨੇ ਪੰਜਾਬ ਪੁਲਸ ਦੇ ਉੱਚ ਅਧਿਕਾਰੀਆਂ ਪਾਸੋਂ ਇਨਸਾਫ ਦੀ ਮੰਗ ਕੀਤੀ ਹੈ। ਇਸ ਸਬੰਧੀ ਥਾਣਾ ਵੈਰੋ ਕੇ ਐੱਸਐੱਚਓ. ਪਰਮਜੀਤ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਬੀਤੀ ਰਾਤ ਪਿੰਡ ਚੱਕ ਬਲੋਚਾ ਮਹਾਲਮ ਵਿਖੇ ਲੜਾਈ ਝਗੜਾ ਹੋਣ ਦੀ ਸੂਚਨਾ ਮਿਲੀ ਸੀ ਅਤੇ ਇਸ ਮਾਮਲੇ 'ਚ 2 ਵਿਅਕਤੀ ਜਲਾਲਾਬਾਦ ਦੇ ਸਰਕਾਰੀ ਹਸਪਤਾਲ 'ਚ ਦਾਖ਼ਲ ਹਨ। ਉਨ੍ਹਾਂ ਦੀ ਐੱਮ.ਐੱਲ.ਆਰ. ਰਿਪੋਰਟ ਥਾਣਾ ਮਸੂਲ ਹੋਣ ਤੋਂ ਬਾਅਦ ਜ਼ਖ਼ਮੀਆਂ ਦੇ ਬਿਆਨ ਦਰਜ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

## ਸਵੇਰੇ-ਸਵੇਰੇ ਖੇਤਾਂ ਨੂੰ ਪਾਣੀ ਲਾਉਣ ਗਿਆ ਕਿਸਾਨ, ਕੰਮ ਕਰਦੇ ਨਾਲ ਵਾਪਰ ਗਈ ਅਣਹੋਣੀ

ਸ਼ੇਰਪੁਰ 21 ਅਪ੍ਰੈਲ। ਸਥਾਨਕ ਕਸਬੇ ਦੇ ਇਕ ਕਿਸਾਨ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਮ੍ਰਿਤਕ ਕਿਸਾਨ ਦੇ ਭਰਾ ਸੌਦਾਗਰ ਸਿੰਘ ਨੇੜੇ ਸੰਤ ਲੌਂਗੋਵਾਲ ਸਕੂਲ ਰੋਡ, ਸ਼ੇਰਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਜੰਟ ਸਿੰਘ ਪੁੱਤਰ ਮੇਹਰ ਸਿੰਘ ਉਮਰ ਕਰੀਬ 60 ਸਾਲ ਸਵੇਰੇ ਤਕਰੀਬਨ 7 ਵਜੇ ਘਰੋਂ ਖੇਤਾਂ ਨੂੰ ਪਾਣੀ ਲਾਉਣ ਲਈ ਗਿਆ ਸੀ। ਪਾਣੀ ਵਾਲੀ ਮੋਟਰ ਨੇੜੇ ਲੱਗੇ ਟਰਾਂਸਫਾਰਮਰ ਵਿਚ ਕਰੰਟ ਆਉਣ ਕਰਕੇ ਉਸ ਦਾ ਖੱਬਾ ਹੱਥ ਟਰਾਂਸਫਾਰਮ ਨੂੰ ਲੱਗੀ ਅਰਥ ਵਾਲੀ ਤਾਰ ਨਾਲ ਲੱਗ ਗਿਆ ਤੇ ਉਹ ਕਰੰਟ ਦੀ ਲਪੇਟ ਵਿਚ ਆ ਗਿਆ। ਸੌਦਾਗਰ ਸਿੰਘ ਨੇ ਅੱਗੇ ਦੱਸਿਆ ਕਿ ਉਸ ਦੀ ਘਰਵਾਲੀ ਗੋਹਾ ਕੂੜਾ ਸੁੱਟ ਰਹੀ ਸੀ ਤਾਂ ਉਸ ਨੇ ਵੇਖਦਿਆਂ ਹੀ ਰੌਲਾ ਪਾ ਦਿੱਤਾ ਅਤੇ ਲੱਕੜ ਨਾਲ ਹੱਥ ਨੂੰ ਹਟਾਇਆ ਗਿਆ। ਤੁਰੰਤ ਹੀ ਆਂਢ- ਗੁਆਂਢ ਇਕੱਠਾ ਹੋ ਗਿਆ ਅਤੇ ਗੁਰਜੰਟ ਸਿੰਘ ਨੂੰ ਗੱਡੀ ਰਾਹੀਂ ਸਿਵਲ ਹਸਪਤਾਲ ਧੂਰੀ ਇਲਾਜ ਲਈ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਗੁਰਜੰਟ ਸਿੰਘ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਨੇ ਪਰਿਵਾਰਿਕ ਮੈਂਬਰ ਦੇ ਬਿਆਨ 'ਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਗੁਰਜੰਟ ਸਿੰਘ ਦੀ ਮੌਤ ਨਾਲ ਇਲਾਕੇ ਵਿਚ ਸੋਗ ਦੀ ਲਹਿਰ ਫੈਲ ਗਈ।

# ਪੰਜਾਬ 'ਚ ਜ਼ਮੀਨ ਮਾਲਕਾਂ ਦੀ ਲੱਗੇਗੀ ਲਾਟਰੀ, 5 ਗੁਣਾ ਮਿਲਣਗੇ ਭਾਅ

ਪੰਜਾਬ ਡੈਸਕ 21 ਅਪ੍ਰੈਲ। ਪੰਜਾਬ ਵਿੱਚ ਜ਼ਮੀਨ ਮਾਲਕਾਂ ਦੀ ਲਾਟਰੀ ਲੱਗਣ ਜਾ ਰਹੀ ਹੈ। ਪੰਜਾਬ ਦੇ 186 ਪਿੰਡਾਂ ਵਿੱਚ ਜ਼ਮੀਨਾਂ ਦੇ ਮਾਲਕਾਂ ਨੂੰ ਜਮੀਨ ਦੇ ਭਾਅ ਮੌਜੂਦਾ ਰੇਟ ਨਾਲੋਂ ਵੀ 5 ਗੁਣਾ ਵੱਧ ਮਿਲਣਗੇ। ਜੀ, ਹਾਂ ਇਹ ਸੱਚ ਹੈ। ਕੇਂਦਰ ਸਰਕਾਰ ਪੰਜਾਬ ਦੇ 186 ਪਿੰਡਾਂ ਵਿੱਚ ਆਪਣੇ ਨਵੇਂ ਪ੍ਰਾਜੈਕਟ ਲਈ ਜ਼ਮੀਨ ਐਕੁਆਇਰ ਕਰਨ ਜਾ ਰਹੀ ਹੈ, ਜਿਸ ਲਈ ਸਰਕਾਰ ਵਲੋਂ ਜਮੀਨ ਮਾਲਕਾਂ ਨੂੰ ਉਨ੍ਹਾਂ ਦੀਆਂ ਜ਼ਮੀਨਾਂ ਦੇ ਮੌਜੂਦਾਂ ਰੇਟ ਨਾਲੋਂ ਵੀ 5 ਗੁਣਾ ਵੱਧ ਭਾਅ ਦੇਣ ਦੀ ਗੱਲ ਆਖੀ ਜਾ ਰਹੀ ਹੈ। ਦਰਅਸਲ ਕੇਂਦਰ ਵਲੋਂ ਨਵੀਂ ਦਿੱਲੀ ਤੋਂ ਅੰਮ੍ਰਿਤਸਰ ਲਈ ਬੁਲੇਟ ਟਰੇਨ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਟਰੇਨ ਲਈ ਨਵਾਂ ਰੇਲ ਟ?ਰੈਕ ਵਿਛਾਇਆ ਜਾਣਾ ਹੈ। ਜਿਸ ਦੀ ਮੈਪਿੰਗ ਦਾ ਕੰਮ ਲਗਭਗ ਮੁਕੰਮਲ ਹੋ ਚੁੱਕਿਆ ਹੈ। ਸਰਕਾਰ ਵਲੋਂ ਸਰਵੇ ਕਰਵਾਇਆ ਜਾ ਰਿਹਾ ਹੈ। ਜਿਸ ਕਾਰਨ ਸਰਕਾਰ ਨੇ



ਪੰਜਾਬ ਅਤੇ ਹਰਿਆਣਾ ਦੇ 300 ਤੋਂ ਵੀ ਵੱਧ ਪਿੰਡਾ ਦੀ ਜ਼ਮੀਨ ਐਕੁਆਇਰ ਕਰਨੀ ਹੈ। ਪੰਜਾਬ ਦੇ ਜਿਨ੍ਹਾਂ ਪਿੰਡਾਂ ਦੀ ਜ਼ਮੀਨ ਐਕੁਆਇਰ ਕਰਨ ਦੀ ਗੱਲ ਕੀਤੀ ਜਾ ਰਹੀ ਹੈ, ਉਨ੍ਹਾਂ ਦੀ ਗਿਣਤੀ 186 ਦੱਸੀ ਜਾ ਰਹੀ ਹੈ। ਜਿਨ੍ਹਾਂ ਵਿੱਚ ਜਲੰਧਰ ਜ਼ਿਲੇ ਦੇ 49 ਪਿੰਡ, ਮੋਹਾਲੀ ਦੇ 39, ਲੁਧਿਆਣਾ ਦੇ 37, ਫਤਿਹਗੜ੍ਹ ਸਾਹਿਬ ਦੇ 25, ਅੰਮ੍ਰਿਤਸਰ ਦੇ 22, ਕਪੂਰਥਲਾ ਦੇ 12 ਅਤੇ ਰੂਪਨਗਰ ਅਤੇ ਤਰਨਤਾਰਨ ਜ਼ਿਲੇ ਦਾ ਇੱਕ-ਇੱਕ ਪਿੰਡ ਸ਼ਾਮਲ ਦੱਸਿਆ ਜਾ ਰਿਹਾ ਹੈ। ਬੁਲੇਟ ਟਰੇਨ ਦਾ ਟਰੈਕ ਇਨ੍ਹਾਂ ਜ਼ਿਲਿਆਂ ਦੇ ਪਿੰਡਾਂ ਵਿੱਚੋਂ ਲੰਘਣਾ ਹੈ, ਜਿਸ ਕਾਰਨ ਸਰਕਾਰ ਵਲੋਂ ਜ਼ਮੀਨ ਐਕੁਆਇਰ ਕੀਤੀ ਜਾਣੀ ਹੈ। ਇਹ ਪ੍ਰਾਜੈਕਟ ਜਲਦ ਸ਼ੁਰੂ ਹੋਣ ਜਾ ਰਿਹਾ ਹੈ, ਜਿਸ ਦਾ ਪੰਜਾਬੀਆਂ ਨੂੰ ਸਿੱਧਾ ਫਾਇਦਾ ਹੋਵੇਗਾ। ਬੁਲੇਟ ਟਰੇਨ ਰਾਹੀਂ ਲੋਕ ਅੰਮ੍ਰਿਤਸਰ ਤੋਂ ਦਿੱਲੀ ਦਾ ਸਫ਼ਰ ਸਿਰਫ 2 ਘੰਟਿਆਂ ਵਿੱਚ ਕਰ ਸਕਣਗੇ। ਕੇਂਦਰ ਸਰਕਾਰ ਵਲੋਂ ਇਸ ਪ੍ਰਾਜੈਕਟ ਲਈ 61 ਹਜ਼ਾਰ ਕਰੋੜ ਰੁਪਏ ਖ਼ਰਚੇ ਜਾਣੇ ਹਨ।

## ਮਾਸੀ ਘਰ ਗਿਆ 10 ਸਾਲਾ ਬੱਚਾ ਲਾਪਤਾ, ਮਾਂ ਦਾ ਰੋ-ਰੋ ਕੇ ਬੁਰਾ ਹਾਲ

ਬਰਨਾਲਾ 21 ਅਪ੍ਰੈਲ। ਬਰਨਾਲਾ ਵਿਚ ਸ਼ੱਕੀ ਹਾਲਤ ਵਿਚ ਛੋਟੇ ਬੱਚਿਆਂ ਦੇ ਲਾਪਤਾ ਹੋਣ ਦੇ ਮਾਮਲਿਆਂ ਵਿਚ ਵਾਧਾ ਹੋ ਰਿਹਾ ਹੈ। ਕੁਝ ਦਿਨ ਪਹਿਲਾਂ ਇਕ ਝੁੱਗੀ-ਝੌਂਪੜੀ ਵਿਚ ਰਹਿਣ ਵਾਲੇ ਵਿਅਕਤੀ ਦੇ 2 ਸਾਲਾ ਬੱਚੇ ਨੂੰ ਅਗਵਾ ਕਰ ਲਿਆ ਗਿਆ ਸੀ, ਜਿਸ ਨੂੰ ਬਰਨਾਲਾ ਪੁਲਸ ਨੇ ਤੁਰੰਤ ਉਸ ਦੇ ਪਰਿਵਾਰ ਦੇ ਹਵਾਲੇ ਕਰ ਦਿੱਤਾ ਸੀ, ਪਰ ਬੀਤੀ ਰਾਤ ਬਰਨਾਲਾ ਦੇ 22 ਏਕੜ ਵਿਚ ਸਥਿਤ ਝੁੱਗੀ-ਝੌਂਪੜੀ ਵਾਲੇ ਮਕਾਨ ਵਿਚ ਆਪਣੀ ਮਾਸੀ ਕੋਲ ਰਹਿਣ ਆਇਆ 10 ਸਾਲਾ ਦੀਪ ਸ਼ੱਕੀ ਹਾਲਾਤ ਵਿਚ ਲਾਪਤਾ ਹੋ ਗਿਆ। ਲਾਪਤਾ ਬੱਚੇ ਦੀ ਮਾਂ ਅਨੀਤਾ ਨੇ ਰੋਂਦਿਆਂ ਦੱਸਿਆ ਕਿ ਉਹ ਕੁਝ ਦਿਨ ਪਹਿਲਾਂ ਆਪਣੇ ਰਿਸ਼ਤੇਦਾਰਾਂ ਕੋਲ ਬਰਨਾਲਾ ਆਈ ਸੀ। ਉਸ ਦਾ 10 ਸਾਲਾ ਬੱਚਾ ਕੱਲ੍ਹ ਬਰਨਾਲਾ ਬੱਸ ਸਟੈਂਡ ਗਿਆ ਸੀ, ਜੋ ਅਜੇ ਤਕ ਘਰ ਨਹੀਂ ਪਰਤਿਆ। ਉਨ੍ਹਾਂ ਨੇ ਕੱਲ੍ਹ ਰਾਤ ਵੀ ਭਾਲ ਕੀਤੀ, ਪਰ ਬੱਚਾ ਨਹੀਂ ਮਿਲਿਆ। ਉਨ੍ਹਾਂ ਨੇ ਦੱਸਿਆ ਕਿ ਬੱਚਾ ਸ਼ੱਕੀ ਹਾਲਾਤ ਵਿਚ ਲਾਪਤਾ ਹੋ ਗਿਆ ਹੈ। ਉਨ੍ਹਾਂ ਨੇ ਬਰਨਾਲਾ ਸਿਟੀ-1 ਪੁਲਸ ਸਟੇਸ਼ਨ ਵਿਚ ਲਿਖਤੀ ਸ਼ਿਕਾਇਤ ਵੀ ਦਿੱਤੀ ਹੈ, ਜਿਸ ਵਿਚ ਉਸ ਨੇ ਪੁਲਸ ਪ੍ਰਸ਼ਾਸਨ ਅੱਗੇ ਲਾਪਤਾ ਪੁੱਤਰ ਦੀ ਭਾਲ ਕਰਨ ਦੀ ਗੁਹਾਰ ਲਗਾਈ ਹੈ। ਇਸ ਮੌਕੇ ਲਾਪਤਾ ਬੱਚੇ ਦੀ ਮਾਸੀ ਅਤੇ ਉਸ ਦੇ ਨਾਨੇ ਮੀਤਾ ਨਾਥ ਨੇ ਦੱਸਿਆ ਕਿ ਅਨੀਤਾ ਕੁਝ ਦਿਨ ਪਹਿਲਾਂ ਹੀ ਆਪਣੇ ਬੱਚੇ ਨਾਲ ਇੱਥੇ ਆਈ ਸੀ, ਪਰ ਬੱਚਾ ਸ਼ੱਕੀ ਹਾਲਾਤ ਵਿਚ ਲਾਪਤਾ ਹੋ ਗਿਆ ਹੈ। ਉਨ੍ਹਾਂ ਨੇ ਪੁਲਸ ਪ੍ਰਸ਼ਾਸਨ ਅੱਗੇ ਬੱਚੇ ਦੀ ਭਾਲ ਕਰਨ ਦੀ ਗੁਹਾਰ ਲਗਾਈ ਹੈ। ਇਸ ਮਾਮਲੇ ਨੂੰ ਲੈ ਕੇ ਥਾਣਾ ਸਿਟੀ-1 ਦੇ ਜਾਂਚ ਅਧਿਕਾਰੀ ਏ.ਐੱਸ.ਆਈ. ਪ੍ਰਦੀਪ ਕੁਮਾਰ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਨੂੰ ਇਕ ਬੱਚੇ ਦੇ ਲਾਪਤਾ ਹੋਣ ਦੀ ਸ਼ਿਕਾਇਤ ਮਿਲੀ ਸੀ।

# ਪੰਜਾਬ ਰੋਡਵੇਜ਼ ਦੀ ਵਰਕਸ਼ਾਪ 'ਚ ਲੱਗੀ ਭਿਆਨਕ ਅੱਗ, ਫਾਇਰ ਬ੍ਰਿਗੇਡ ਨੇ ਬੜੀ ਮੁਸ਼ਕਲ ਨਾਲ ਪਾਇਆ ਕਾਬੂ

ਮੋਗਾ 21 ਅਪ੍ਰੈਲ। ਮੋਗਾ ਪੰਜਾਬ ਰੋਡਵੇਜ਼ ਡਿਪੂ ਦੀ ਵਰਕਸ਼ਾਪ ਵਿੱਚ ਰੱਖੇ ਪੁਰਾਣੇ (ਕੰਡਮ) ਟਾਇਰਾਂ ਵਿੱਚ ਭਿਆਨਕ ਅੱਗ ਲੱਗ ਗਈ। ਅੱਗ ਲੱਗਣ ਦਾ ਕਾਰਨ ਕਰਮਚਾਰੀਆਂ ਦੀ ਲਾਪਰਵਾਹੀ ਦੱਸੀ ਜਾ ਰਹੀ ਹੈ। ਇਹ ਟਾਇਰ ਬਿਜਲੀ ਦੀਆਂ ਤਾਰਾਂ ਦੇ ਨੇੜੇ ਰੱਖੇ ਗਏ ਸਨ ਅਤੇ ਸ਼ਾਰਟ ਸਰਕਟ ਕਾਰਨ ਟਾਇਰਾਂ ਨੂੰ ਅੱਗ ਲੱਗ ਗਈ। ਖ਼ੁਸ਼ਕਿਸਮਤੀ ਨਾਲ ਇੱਕ ਵੱਡੀ ਘਟਨਾ ਟਲ ਗਈ। ਫਾਇਰ ਬ੍ਰਿਗੇਡ ਦੀਆਂ ਤਿੰਨ ਗੱਡੀਆਂ ਨੇ ਕਾਫ਼ੀ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਵਰਕਸ਼ਾਪ ਵਿੱਚ ਅੱਗ ਬੁਝਾਊ ਯੰਤਰ ਵੀ ਖਾਲੀ ਮਿਲੇ। ਜਾਣਕਾਰੀ ਦਿੰਦੇ ਹੋਏ ਫਾਇਰ ਬ੍ਰਿਗੇਡ ਅਧਿਕਾਰੀ ਜਗਤਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਲਗਭਗ 2 ਵਜੇ ਸੂਚਨਾ ਮਿਲੀ ਕਿ ਪੰਜਾਬ ਰੋਡਵੇਜ਼ ਡਿਪੂ ਦੀ ਵਰਕਸ਼ਾਪ ਵਿੱਚ ਅੱਗ ਲੱਗ ਗਈ ਹੈ। ਜਦੋਂ ਤੱਕ ਉਹ ਮੌਕੇ 'ਤੇ ਪਹੁੰਚੇ, ਅੱਗ ਭਿਆਨਕ ਰੂਪ ਧਾਰਨ ਕਰ ਚੁੱਕੀ ਸੀ। ਤਿੰਨ ਗੱਡੀਆਂ ਦੀ ਮਦਦ ਨਾਲ ਬੜੀ ਮੁਸ਼ਕਲ ਨਾਲ ਅੱਗ 'ਤੇ ਕਾਬੂ ਪਾਇਆ ਗਿਆ। ਉਨ੍ਹਾਂ ਇਹ ਵੀ ਕਿਹਾ ਕਿ ਟਾਇਰਾਂ ਦੇ ਨੇੜੇ ਇੱਕ ਬਿਜਲੀ ਦੀ ਤਾਰ ਲੰਘ ਰਹੀ ਸੀ, ਜਿਸ ਕਾਰਨ ਸ਼ਾਰਟ ਸਰਕਟ



ਹੋਇਆ ਅਤੇ ਅੱਗ ਲੱਗ ਗਈ। ਇੱਕ ਵੱਡਾ ਹਾਦਸਾ ਹੋਣ ਤੋਂ ਟਲ ਗਿਆ। ਲਗਭਗ ਡੇਢ ਘੰਟੇ ਦੀ ਸਖ਼ਤ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ। ਉਨ੍ਹਾਂ ਇਹ ਵੀ ਕਿਹਾ ਕਿ ਇਸ ਵਰਕਸ਼ਾਪ ਦੇ ਨੇੜੇ ਇੱਕ ਪੈਟਰੋਲ ਪੰਪ ਸਥਿਤ ਹੈ ਅਤੇ ਵਰਕਸ਼ਾਪ ਵਿੱਚ ਕਈ ਬੱਸਾਂ ਵੀ ਖੜ੍ਹੀਆਂ ਹਨ। ਖ਼ੁਸ਼ਕਿਸਮਤੀ ਨਾਲ ਕੋਈ ਜਾਨੀ ਜਾਂ ਮਾਲੀ ਨੁਕਸਾਨ ਨਹੀਂ ਹੋਇਆ। ਇਸ ਦੌਰਾਨ ਪੰਜਾਬ ਰੋਡਵੇਜ਼ ਯੂਨੀਅਨ ਦੇ ਜਨਰਲ ਸਕੱਤਰ ਗੁਰਜੰਟ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਵਰਕਸ਼ਾਪ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ, ਜਿਸ ਤੋਂ ਬਾਅਦ ਉਹ ਮੌਕੇ 'ਤੇ ਪਹੁੰਚੇ। ਉਨ੍ਹਾਂ ਨੇ ਦੇਖਿਆ ਕਿ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਅੱਗ 'ਤੇ ਕਾਬੂ ਪਾ ਲਿਆ ਸੀ। ਇਨ੍ਹਾਂ ਟਾਇਰਾਂ ਦੀ ਨਿਲਾਮੀ ਹੋਣੀ ਸੀ, ਜੋ ਕਿ ਕਿਸੇ ਕਾਰਨ ਕਰਕੇ ਨਹੀਂ ਹੋ ਸਕੀ। ਉਨ੍ਹਾਂ ਦੱਸਿਆ ਕਿ ਜਲਦੀ ਹੀ ਉਨ੍ਹਾਂ ਦੀ ਨਿਲਾਮੀ ਕੀਤੀ ਜਾਵੇਗੀ ਅਤੇ ਟਾਇਰਾਂ ਨੂੰ ਉੱਥੋਂ ਹਟਾ ਦਿੱਤਾ ਜਾਵੇਗਾ।

## ਨਕੋਦਰ 'ਚ ਖਾਲਿਸਤਾਨ ਦੇ ਪੋਸਟਰ ਲਾਉਣ ਦਾ ਮਾਮਲਾ, ਪੁਲਸ ਹੱਥ ਲੱਗੇ ਅਹਿਮ ਸਬੂਤ

ਨਕੋਦਰ 21 ਅਪ੍ਰੈਲ। ਸਿੱਖ ਫਾਰ ਜਸਟਿਸ ਦੇ ਮੁਖੀ ਅੱਤਵਾਦੀ ਗੁਰਪਤਵੰਤ ਸਿੰਘ ਪੰਨੂ ਵੱਲੋਂ ਸੋਸ਼ਲ ਮੀਡੀਆ 'ਤੇ ਇਕ ਵੀਡੀਓ ਵਾਇਰਲ ਕਰਕੇ ਨਕੋਦਰ 'ਚ 'ਕਿਸਾਨ ਹੱਲ ਖਾਲਿਸਤਾਨ' ਦੇ ਪੋਸਟਰ ਲਾਉਣ ਦੇ ਮਾਮਲੇ ਨੂੰ ਜਲੰਧਰ ਦਿਹਾਤੀ ਪੁਲਸ ਨੇ ਲਗਭਗ ਟਰੇਸ ਕਰ ਲਿਆ ਹੈ। ਭਾਵੇਂ ਅਧਿਕਾਰਕ ਤੌਰ 'ਤੇ ਕਿਸੇ ਵੀ ਅਧਿਕਾਰੀਆਂ ਨੇ ਇਸ ਦੀ ਪੁਸ਼ਟੀ ਨਹੀਂ ਕੀਤੀ। ਵਰਣਨਯੋਗ ਹੈ ਕਿ ਅੱਤਵਾਦੀ ਗੁਰਪਤਵੰਤ ਸਿੰਘ ਪੰਨੂ ਵੱਲੋਂ ਬੀਤੇ ਦਿਨੀਂ ਸੋਸ਼ਲ ਮੀਡੀਆ 'ਤੇ ਇਕ ਵੀਡੀਓ ਵਾਇਰਲ ਕਰਕੇ ਨਕੋਦਰ ਦੇ ਕਈ ਥਾਵਾਂ ਸਮੇਤ ਸਕੂਲ ਤੇ ਕਾਲਜ ਦੀਆਂ ਇਮਾਰਤ 'ਤੇ 'ਕਿਸਾਨ ਹੱਲ ਖਾਲਿਸਤਾਨ' ਦੇ ਪੋਸਟਰ ਲਾਉਣ ਦੀ ਵੀਡੀਓ




ਵਾਇਰਲ ਕੀਤੀ ਸੀ, ਜਿਸ 'ਚ ਉਹ ਨਕੋਦਰ ਦੇ ਕਈ ਥਾਵਾਂ 'ਤੇ ਖਾਲਿਸਤਾਨ ਦੇ ਪੋਸਟਰ ਲਾਉਣ ਦੀ ਵੀਡੀਓ ਦਿਖਾ ਕੇ ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਨੂੰ ਧਮਕੀ ਦਿੰਦੇ ਹੋਏ ਪੰਜਾਬ ਦੇ ਨੌਜਵਾਨਾਂ ਦੀ ਸ਼ਲਾਘਾ ਕਰ ਰਿਹਾ ਹੈ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਫਿਲੌਰ ਦੇ ਪਿੰਡ ਨੰਗਲ ਵਿਚ ਡਾ. ਅੰਬੇਡਕਰ ਜੀ ਦੀ ਮੂਰਤੀ 'ਤੇ ਇਤਰਾਜ਼ਯੋਗ ਸ਼ਬਦਾਵਲੀ ਲਿਖਣ ਦੀ ਵਾਪਰੀ ਘਟਨਾ ਦੇ ਮਾਮਲੇ 'ਚ ਨਕੋਦਰ ਦੇ ਲਾਗਲੇ ਪਿੰਡ ਨੂਰਪੁਰ ਚੱਠਾ ਦੇ 2 ਨੌਜਵਾਨਾਂ ਨੂੰ ਕਾਬੂ ਕਰ ਕੇ ਹੱਲ ਕੀਤਾ ਸੀ। ਉਪਰੰਤ ਉਕਤ ਵਾਇਰਲ ਵੀਡੀਓ ਨੂੰ ਲੈ ਕੇ ਦਿਹਾਤੀ ਪੁਲਸ ਗੰਭੀਰਤਾ ਨਾਲ ਜਾਂਚ ਕਰ ਰਹੀ ਸੀ। ਜਾਂਚ ਦੌਰਾਨ ਪੁਲਸ ਦੇ ਹੱਥ ਅਹਿਮ ਸਬੂਤ ਮਿਲੇ। ਸੂਤਰਾਂ ਅਨੁਸਾਰ ਉਕਤ ਮਾਮਲੇ 'ਚ ਪੁਲਸ ਨੇ ਇਕ ਨੌਜਵਾਨ ਨੂੰ ਕਾਬੂ ਕੀਤਾ ਹੈ, ਜਿਸ ਤੋਂ ਅਧਿਕਾਰੀ ਪੁੱਛਗਿੱਛ ਕਰ ਰਹੇ ਹਨ।

# 80 ਹਜ਼ਾਰ ਦੀ ਰਿਸ਼ਵਤ ਲੈਂਦਾ ਸਬ-ਇੰਸਪੈਕਟਰ ਕਾਬੂ, ਵਿਜੀਲੈਂਸ ਬਿਊਰੋ ਨੇ ਵਿਛਾਇਆ ਜਾਲ

ਚੰਡੀਗੜ੍ਹ 21 ਅਪ੍ਰੈਲ। ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਬੁੱਧਵਾਰ ਨੂੰ ਰੂਪਨਗਰ ਜ਼ਿਲ੍ਹੇ ਦੇ ਨੂਰਪੁਰ ਬੇਦੀ ਥਾਣੇ ਅਧੀਨ ਆਉਂਦੀ ਪੁਲਸ ਚੌਕੀ ਕਲਵਾ ਦੇ ਇੰਚਾਰਜ ਸਬ-ਇੰਸਪੈਕਟਰ (ਐੱਸਆਈ) ਹਰਮੇਸ਼ ਕੁਮਾਰ ਨੂੰ 80,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਅੱਜ ਇੱਥੇ ਇਹ ਖੁਲਾਸਾ ਕਰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਇਹ ਗ੍ਰਿਫ਼ਤਾਰੀ ਜਲੰਧਰ ਜ਼ਿਲ੍ਹੇ ਦੇ ਫਿਲੌਰ ਸਬ-ਡਵੀਜ਼ਨ ਦੇ ਪਿੰਡ ਤੂਰਾ ਦੇ ਇੱਕ ਸ਼ਿਕਾਇਤਕਰਤਾ ਵੱਲੋਂ ਬਿਊਰੋ ਕੋਲ ਸ਼ਿਕਾਇਤ ਦਰਜ ਕਰਵਾਉਣ ਤੋਂ ਬਾਅਦ ਕੀਤੀ ਗਈ ਹੈ ਜਿਸ ਵਿੱਚ ਉਕਤ ਮੁਲਜ਼ਮ ਵੱਲੋਂ ਗੈਰ-ਕਾਨੂੰਨੀ ਰਿਸ਼ਵਤ ਮੰਗਣ ਬਾਰੇ ਦੱਸਿਆ ਗਿਆ ਸੀ। ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਹੈ ਕਿ ਉਕਤ ਪੁਲਿਸ ਮੁਲਾਜ਼ਮ ਨੇ ਉਸ ਵਿਰੁੱਧ ਦਰਜ ਇੱਕ ਪੁਲਸ ਕੇਸ ਵਿੱਚ ਉਸਦੀ ਮਦਦ ਕਰਨ ਬਦਲੇ 1,50,000 ਰੁਪਏ ਦੀ ਰਿਸ਼ਵਤ ਮੰਗੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਐੱਸਆਈ ਪਹਿਲਾਂ ਹੀ ਇਸ ਸਬੰਧ ਵਿੱਚ ਪਹਿਲੀ ਕਿਸ਼ਤ ਵਜੋਂ ਉਸ ਕੋਲੋਂ 20,000 ਰੁਪਏ ਲੈ ਚੁੱਕਾ ਹੈ ਅਤੇ




ਬਾਕੀ ਪੈਸੇ ਮੰਗ ਰਿਹਾ ਹੈ। ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੇ ਫਲਾਇੰਗ ਸਕੁਐਡ ਦੀ ਇੱਕ ਟੀਮ ਨੇ ਯੋਜਨਾਬੱਧ ਜਾਲ ਵਿਛਾਇਆ ਜਿਸ ਦੌਰਾਨ ਉਕਤ ਪੁਲਸ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਦੂਜੀ ਕਿਸ਼ਤ ਵਜੋਂ 80,000 ਰੁਪਏ ਲੈਂਦੇ ਹੋਏ ਰੰਗੇ ਹੱਥੀਂ ਫੜ ਲਿਆ। ਇਸ ਸਬੰਧ ਵਿੱਚ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਤਹਿਤ ਮੁਹਾਲੀ ਸਥਿਤ ਵਿਜੀਲੈਂਸ ਬਿਊਰੋ, ਫਲਾਇੰਗ ਸਕੁਐਡ-1, ਦੇ ਥਾਣੇ ਵਿਖੇ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਖੁਲਾਸਾ ਕੀਤਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਾਜ਼ਮ ਤੋਂ ਇਸ ਮਾਮਲੇ ਵਿੱਚ ਉਸਦੇ ਹੋਰ ਸਾਥੀਆਂ ਦੀ ਸੰਭਾਵਿਤ ਸ਼ਮੂਲੀਅਤ ਲਈ ਪੁੱਛਗਿੱਛ ਚੱਲ ਰਹੀ ਹੈ। ਵਿਜੀਲੈਂਸ ਬਿਊਰੋ ਦੇ ਅਧਿਕਾਰੀ ਐੱਸਆਈ ਵਿਰੁੱਧ ਪਿਛਲੀਆਂ ਸ਼ਿਕਾਇਤਾਂ ਦੀ ਜਾਂਚ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁਲਜ਼ਮ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮੁਕੱਦਮੇ ਦੀ ਹੋਰ ਜਾਂਚ ਜਾਰੀ ਹੈ।

## ਬਿਜਲੀ ਦੇ ਬਿੱਲਾਂ ਨੂੰ ਲੈ ਕੇ ਪੰਜਾਬ ਪਾਵਰਕਾਮ ਵਿਭਾਗ ਦਾ ਵੱਡਾ ਫ਼ੈਸਲਾ

ਲੁਧਿਆਣਾ 21 ਅਪ੍ਰੈਲ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਵਲੋਂ ਆਪਣੇ ਖਪਤਕਾਰਾਂ ਦੀਆਂ ਸਮੱਸਿਆਵਾਂ ਨੂੰ ਸਰਲ ਤਰੀਕੇ ਨਾਲ ਸੁਲਝਾਉਣ ਲਈ ਕਾਰਪੋਰੇਟ ਖਪਤਕਾਰ ਸ਼ਿਕਾਇਤ ਨਿਵਾਰਣ ਫਾਰਮ ਯੋਜਨਾ ਦਾ ਆਗਾਜ਼ ਕਰਕੇ ਸਬੰਧਤ ਖਪਤਕਾਰਾਂ ਦੀਆਂ ਪ੍ਰੇਸ਼ਾਨੀਆਂ ਨੂੰ




ਦੂਰ ਕਰਨ ਸਬੰਧੀ ਇਕ ਹੋਰ ਸ਼ਲਾਘਾਯੋਗ ਯਤਨ ਕੀਤਾ ਹੈ, ਜਿਸ ਵਿਚ ਪਾਵਰਕਾਮ ਵਿਭਾਗ 'ਚ ਬਿਜਲੀ ਬਿੱਲਾਂ ਦੇ ਨਿਵਾਰਣ ਸਬੰਧੀ ਨਵੀਂ ਈ-ਮੇਲ ਆਈ. ਡੀ. ਜਾਰੀ ਕਰਕੇ ਖਪਤਕਾਰਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਜਾਣਕਾਰੀ ਮੁਤਾਬਕ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲੁਧਿਆਣਾ 'ਚ ਬਿਜਲੀ ਬਿੱਲ ਸਬੰਧੀ ਝਗੜੇ ਦੇ ਮਾਨੇਟਰੀ ਡਿਸਪਿਊਟ ਦੇ ਕੇਸ (ਸਿਵਾਏ ਬਿਜਲੀ ਚੋਰੀ, ਯੂ. ਯੂ. ਈ. ਅਤੇ ਓਪਨ ਅਸੈੱਸ), ਜਿਨ੍ਹਾਂ ਦੀ ਰਕਮ 50,0000 ਰੁਪਏ ਤੋਂ ਵੱਧ ਹੋਵੇ, ਸਿੱਧੇ ਤੌਰ 'ਤੇ ਲਗਾਏ ਜਾ ਸਕਦੇ ਹਨ ਅਤੇ ਜੇਕਰ ਕੋਈ ਖਪਤਕਾਰ ਮੰਡਲ, ਹਲਕਾ ਅਤੇ ਜ਼ੋਨਲ ਪੱਧਰ ਦੇ ਸ਼ਿਕਾਇਤ ਨਿਵਾਰਣ ਫਾਰਮਾਂ ਦੇ ਫ਼ੈਸਲੇ ਤੋਂ ਸੰਤੁਸ਼ਟ ਨਾ ਹੋਵੇ ਤਾਂ ਇਨ੍ਹਾਂ ਫੈਸਲਿਆਂ ਦੇ ਵਿਰੁੱਧ ਅਪੀਲ ਉਕਤ ਫਾਰਮ 'ਚ ਲਗਾਈ ਜਾ ਸਕਦੀ ਹੈ। ਵਿਭਾਗ ਵਲੋਂ ਸ਼ੱਕੀ ਖਪਤਕਾਰਾਂ ਨੂੰ ਜਾਗਰੂਕ ਕਰਦੇ ਹੋਏ ਦੱਸਿਆ ਗਿਆ ਹੈ ਕਿ ਦਫਤਰ ਦੀ ਪੁਰਾਣੀ ਈ-ਮੇਲ ਆਈ.ਡੀ. secy.cgrfldh@gmail.com ਬੰਦ ਹੋ ਚੁੱਕੀ ਹੈ ਅਤੇ ਹੁਣ ਨਵੀਂ ਈ-ਮੇਲ ਆਈ. ਡੀ. xen-secy-cgrf@pspcl.in ਹੈ। ਇਸ ਲਈ ਦਫਤਰ 'ਚ ਜੋ ਵੀ ਈਮੇਲ- ਸੁਨੇਹਾ ਭੇਜਣਾ ਹੈ, ਉਹ ਨਵੀਂ ਈਮੇਲ ਆਈ. ਡੀ. 'ਤੇ ਹੀ ਭੇਜਿਆ ਜਾਵੇ।


**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POON-AM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI



ਵਿਚਾਰ

*ਜੇ ਤੁਸੀਂ ਕਿਸੇ ਚੀਜ਼ ਨੂੰ ਸੌਖੇ ਲਫ਼ਜ਼ਾਂ 'ਚ ਨਹੀਂ ਸਮਝਾ ਸਕਦੇ, ਤਾਂ ਤੁਸੀਂ ਹਾਲੇ ਆਪ ਉਸ ਚੀਜ਼ ਨੂੰ ਨਹੀਂ ਸਮਝ ਸਕੇ।*

*– ਰਿਚਰਡ ਫੇਨਮਨ*

| | | |
|---|---|---|
| HB | : | House Bill |
| HJR | : | House Joint Resolution |
| HATTS | : | Hem Agglutination Treponemal Test for Syphilis |
| HC | : | House of Commons |
| HC | : | Holy Communion |
| HCFA | : | Health Care Financing Administration |
| HCG | : | Human Chorionic Gonadotrophin |
| HCS | : | Human Chorionic Somatomammotropin |
| HD | : | Huntington's Disease |
| HDDA | : | Humane and Dignified Death Act |
| HDL | : | High Density lipoprotein |

# ਐਨੀਮੇਸ਼ਨ ਦੇ ਖੇਤਰ 'ਚ ਰੁਜ਼ਗਾਰ ਦੀਆਂ ਸੰਭਾਵਨਾਵਾਂ



ਐਕਸ਼ਨ ਥ੍ਰਿਲਰ ਫਿਲਮਾਂ 'ਚ ਖ਼ਤਰਨਾਕ ਸਟੰਟ ਦੇ ਦ੍ਰਿਸ਼ ਹੋਣ ਜਾਂ ਫਿਰ ਇਸ਼ਤਿਹਾਰਾਂ 'ਚ ਕਿਸੇ ਨੂੰ ਗੋਰਾ ਦਿਖਾਉਣਾ ਹੋਵੇ, ਇਹ ਸਭ ਵੀਐੱਫਐਕਸ ਜਾਣੀ ਵਿਜ਼ੂਅਲ ਇਫੈਕਟਸ ਕਾਰਨ ਹੀ ਸੰਭਵ ਹੁੰਦਾ ਹੈ। ਜੋ ਇਸ ਸਪੈਸ਼ਲ ਇਫੈਕਟਸ ਨੂੰ ਬਣਾਉਂਦੇ ਹਨ, ਉਹ ਵਿਜ਼ੂਅਲ ਇਫੈਕਟ ਅਸਿਸਟੈਂਟ ਅਖਵਾਉਂਦੇ ਹਨ। ਵਿਜ਼ੂਅਲ ਇਫੈਕਟਸ ਨੂੰ ਸਪੈਸ਼ਲ ਇਫੈਕਟਸ ਵੀ ਕਿਹਾ ਜਾਂਦਾ ਹੈ ਜੋ ਐਨੀਮੇਸ਼ਨ ਦਾ ਹੀ ਇਕ ਹਿੱਸਾ ਹੈ।

ਫਿਲਮਾਂ ਅਤੇ ਇਸ਼ਤਿਹਾਰਾਂ ਤੋਂ ਇਲਾਵਾ ਸਿੱਖਿਆ ਅਤੇ ਬੱਚਿਆਂ ਲਈ ਬਣਨ ਵਾਲੇ ਐਨੀਮੇਟਿਡ ਟੀਵੀ ਕਾਰਟੂਨ (ਜਿਵੇਂ ਮਿੱਕੀ ਮਾਊਸ, ਟੌਮ ਐਂਡ ਜੈਰੀ, ਡੋਰੇਮੋਨ, ਛੋਟਾ ਭੀਮ, ਲਾਰਡ ਗਣੇਸ਼ ਤੇ ਮੋਗਲੀ) 'ਚ ਵੀ ਇਸ ਤਕਨੀਕ ਦੀ ਬਹੁਤ ਜ਼ਿਆਦਾ ਵਰਤੋਂ ਹੋ ਰਹੀ ਹੈ। ਇਹੀ ਵਜ੍ਹਾ ਹੈ ਕਿ ਵਿਜ਼ੂਅਲ ਇਫੈਕਟਸ ਆਰਟਿਸਟ ਲਈ ਨੌਕਰੀ ਦੇ ਮੌਕੇ ਲਗਾਤਾਰ ਵਧ ਰਹੇ ਹਨ ਜਿਥੇ ਕ੍ਰੀਏਟੀਵਿਟੀ ਦਿਖਾਉਣ ਵਾਲਿਆਂ ਨੂੰ ਬਿਹਤਰੀਨ ਕਰੀਅਰ ਦੇ ਨਾਲ-ਨਾਲ ਵਧੀਆ ਸੈਲਰੀ ਵੀ ਮਿਲਦੀ ਹੈ।

### ਹੁਨਰਮੰਦ ਲੋਕਾਂ ਦੀ ਮੰਗ

ਐਨੀਮੇਸ਼ਨ ਇਕ ਕ੍ਰੀਏਟਿਵ ਖੇਤਰ ਹੈ। ਇਸ 'ਚ ਹਮੇਸ਼ਾ ਕੁਝ ਨਵਾਂ ਤੇ ਰਚਨਾਤਮਕ ਕਰਨਾ ਹੁੰਦਾ ਹੈ। ਇਸ ਲਈ ਵਿਅਕਤੀ 'ਚ ਕ੍ਰੀਏਟੀਵਿਟੀ ਅਤੇ ਡਰਾਇੰਗ ਸਕਿੱਲ ਹੋਣਾ ਜ਼ਰੂਰੀ ਹੈ। ਹਾਲ ਹੀ ਦੇ ਸਾਲਾਂ 'ਚ 3ਡੀ ਐਨੀਮੇਸ਼ਨ ਨਾਲ ਵੀਐੱਫਐਕਸ, ਯੂਆਈ ਡਿਜ਼ਾਈਨ, ਵੈੱਬ ਡਿਜ਼ਾਈਨ, ਯੂਐਕਸ ਡਿਜ਼ਾਈਨ, ਗ੍ਰਾਫਿਕ ਡਿਜ਼ਾਈਨ ਜਿਹੇ ਨਵੇਂ ਪਾਰਟ ਜੁੜਨ ਨਾਲ ਇਹ ਖੇਤਰ ਹੁਣ ਸਿਰਫ਼ ਕਾਰਟੂਨ ਫਿਲਮਾਂ ਤਕ ਹੀ ਸੀਮਤ ਨਹੀ ਰਿਹਾ।

ਅਜਿਹੇ 'ਚ ਐਨੀਮੇਸ਼ਨ ਨਾਲ ਜੁੜੀਆਂ ਤਕਨੀਕੀ ਬਾਰੀਕੀਆਂ ਦੀ ਸਮਝ ਤੁਹਾਡੇ ਲਈ ਕਾਫ਼ੀ ਮਹੱਤਵਪੂਰਨ ਹੋ ਸਕਦੀ ਹੈ। ਇਸ 'ਚ ਕੰਪਿਊਟਰ ਦੀ ਜਾਣਕਾਰੀ, 2ਡੀ ਤੇ 3ਡੀ ਦੇ ਨਿਰਮਾਣ ਲਈ ਅਲੱਗ-ਅਲੱਗ ਸਾਫਟਵੇਅਰਜ਼ ਦੀ ਜਾਣਕਾਰੀ ਹੋਣੀ ਬਹੁਤ ਜ਼ਰੂਰੀ ਹੈ। ਇਸ ਲਈ ਇਸ 'ਚ ਨਵੀਆਂ ਤਕਨੀਕਾਂ ਨੂੰ ਜਾਣਨ ਦੀ ਇੱਛਾ ਰੱਖਣ ਵਾਲੇ ਪ੍ਰੋਫੈਸ਼ਨਲਜ਼ ਲਈ ਅੱਗੇ ਵਧਣ ਦਾ ਕਾਫ਼ੀ ਮੌਕਾ ਹੁੰਦਾ ਹੈ।

### ਵਿੱਦਿਅਕ ਯੋਗਤਾ

ਐਨੀਮੇਸ਼ਨ ਦੇ ਵਧਦੇ ਦਾਇਰੇ ਨੂੰ ਦੇਖਦਿਆਂ ਕਈ ਸੰਸਥਾਵਾਂ ਇਹ ਕੋਰਸ ਕਰਵਾ ਰਹੀਆਂ ਹਨ, ਜਿਥੋਂ ਸ਼ਾਰਟ ਟਰਮ ਕੋਰਸ, ਡਿਪਲੋਮਾ, ਸਰਟੀਫਿਕੇਟ ਕੋਰਸ ਕਰਨ ਤੋਂ ਬਾਅਦ ਇਸ ਖੇਤਰ 'ਚ ਅੱਗੇ ਵਧਿਆ ਜਾ ਸਕਦਾ ਹੈ। ਇਸ 'ਚ ਵੀਡੀਓ ਪ੍ਰੋਡਕਸ਼ਨ, ਗ੍ਰਾਫਿਕ ਡਿਜ਼ਾਈਨ, ਕੈਮਰਾ ਟ੍ਰੈਕਿੰਗ, ਫਿਲਮ ਰੈਸਟੋਰੇਸ਼ਨ ਜਿਹੀਆਂ ਤਾਮਾਮ ਤਕਨੀਕਾਂ ਸਿਖਾਈਆਂ ਜਾਂਦੀਆਂ ਹਨ। ਇਹ ਕੋਰਸ 12ਵੀਂ ਤੋਂ ਬਾਅਦ ਕੀਤੇ ਜਾ ਸਕਦੇ ਹਨ।

ਅਜਿਹੇ ਡਿਗਰੀ, ਡਿਪਲੋਮਾ ਤੇ ਸਰਟੀਫਿਕੇਟ ਪ੍ਰੋਗਰਾਮ ਸੁਵਿਧਾ ਮੁਤਾਬਿਕ ਫੁੱਲ ਟਾਈਮ ਤੇ ਪਾਰਟ ਟਾਈਮ ਦੋਵੇਂ ਤਰ੍ਹਾਂ ਦੇ ਹਨ। ਕਈ ਸੰਸਥਾਵਾਂ ਦਾਖ਼ਲਾ ਪ੍ਰੀਖਿਆਵਾਂ ਦੇ ਆਧਾਰ 'ਤੇ ਵਿਦਿਆਰਥੀਆਂ ਨੂੰ ਪ੍ਰੋਗਰਾਮ 'ਚ ਦਾਖ਼ਲਾ ਦਿੰਦੇ ਹਨ। ਕੁਝ ਸੰਸਥਾਵਾਂ ਕੋਰਸ ਦੀ ਸਮਾਪਤੀ 'ਤੇ ਵਿਦਿਆਰਥੀਆਂ ਨੂੰ ਇੰਟਰਨਸ਼ਿਪ ਤੇ ਪਲੈਟਫਾਰਮ ਦੀ ਸੁਵਿਧਾ ਵੀ ਉਪਲੱਬਧ ਕਰਵਾਉਂਦੀਆਂ ਹਨ।

### ਸੰਭਾਵਨਾਵਾਂ


ਅੱਜ ਐਨੀਮੇਸ਼ਨ/ਵੀਐੱਫਐਕਸ ਦੇ ਟਰੇਂਡ ਪੇਸ਼ੇਵਾਰਾਂ ਦੀ ਮੰਗ ਸਿਰਫ਼ ਭਾਰਤ 'ਚ ਹੀ ਨਹੀ, ਬਲਕਿ ਵਿਦੇਸ਼ੀ ਐਨੀਮੇਸ਼ਨ ਸਟੂਡੀਓਜ਼ 'ਚ ਵੀ ਖ਼ੂਬ ਹੈ। ਅਮਰੀਕੀ ਪ੍ਰੋਡਕਸ਼ਨ ਕੰਪਨੀਆਂ ਐਨੀਮੇਸ਼ਨ ਅਤੇ ਵਿਜ਼ੂਅਲ ਇਫੈਕਟ ਲਈ ਵੱਡੀ ਤਾਦਾਦ 'ਚ ਭਾਰਤ ਕੋਲੋਂ ਆਊਟਸੋਰਸਿੰਗ ਦਾ ਸਹਾਰਾ ਲੈ ਰਹੀਆਂ ਹਨ।

ਅੰਕੜਿਆਂ ਮੁਤਾਬਿਕ ਦੇਸ਼ 'ਚ ਹੁਣ 300 ਤੋਂ ਜ਼ਿਆਦਾ ਐਨੀਮੇਸ਼ਨ ਸਟੂਡੀਓ ਹਨ ਜੋ ਵਿਦੇਸ਼ੀ ਪ੍ਰਾਜੈਕਟਾਂ ਨਾਲ ਹਰ ਸਮੇਂ ਭਰੇ ਰਹਿੰਦੇ ਹਨ। ਕਿਹਾ ਜਾਂਦਾ ਹੈ ਕਿ ਐਨੀਮੇਸ਼ਨ ਭਾਰਤੀ ਮਨੋਰੰਜਨ ਖੇਤਰ ਦਾ ਭਵਿੱਖ ਹੈ। ਐਨੀਮੇਸ਼ਨ ਅੱਜ-ਕੱਲ੍ਹ ਫਿਲਮਾਂ 'ਚ ਹੀ ਨਹੀਂ, ਬਿਜ਼ਨਸ, ਸੇਲਜ਼, ਇੰਜੀਨੀਅਰਿੰਗ, ਸਿੱਖਿਆ ਅਤੇ ਇਸ਼ਤਿਹਾਰੀ ਖੇਤਰ ਦਾ ਵੀ ਹਿੱਸਾ ਬਣ ਗਿਆ ਹੈ। ਬੀਤੇ ਕੁਝ ਸਾਲਾਂ ਤੋਂ ਇਸ ਦੀ ਵਧਦੀ ਪ੍ਰਸਿੱਧੀ ਨੂੰ ਦੇਖਦਿਆਂ ਫੈਸ਼ਨ ਡਿਜ਼ਾਈਨਿੰਗ, ਇੰਟੀਰੀਅਰ ਡਿਜ਼ਾਈਨਿੰਗ, ਮੈਡੀਕਲ, ਲੀਗਲ ਅਤੇ ਇੰਸ਼ੋਰੈਂਸ ਕੰਪਨੀਆਂ ਇਸ ਨੂੰ ਆਪਣੀ ਪ੍ਰੈਜ਼ੈਂਟੇਸ਼ਨ ਲਈ ਖ਼ੂਬ ਇਸਤੇਮਾਲ ਕਰ ਰਹੀਆਂ ਹਨ। ਸਮਾਰਟਫੋਨ ਆਉਣ ਨਾਲ ਵੀਡੀਓ ਅਤੇ ਮੋਬਾਈਲ ਗੇਮਜ਼ ਨੇ ਵੀ ਵਧੀਆ ਐਨੀਮੇਟਰਜ਼ ਦੀ ਮੰਗ ਵਧਾ ਦਿੱਤੀ ਹੈ। ਇਸ ਖੇਤਰ 'ਚ ਅੱਜ ਵੱਡੀਆਂ ਕੰਪਨੀਆਂ ਮੁਕਾਬਲੇ 'ਚ ਹਨ, ਜਿਵੇਂ ਰੈੱਡ ਚਿਲੀਜ਼, ਪਿਕਸਾਰ ਸਟੂਡੀਓਜ਼, ਐਨੀਮੈਕਸ, ਬਾਲਾਜੀ ਟੈਲੀ ਫਿਲਮਜ਼, ਗੂਗਲ, ਮਾਈਕ੍ਰੋਸਾਫਟ ਆਦਿ 'ਚ ਕ੍ਰੀਏਟਿਵ ਲੋਕਾਂ ਲਈ ਬਹੁਤ ਮੌਕੇ ਹਨ। ਵੈੱਬਸਾਈਟ ਡਿਜ਼ਾਈਨਿੰਗ, ਗ੍ਰਾਫਿਕਸ ਡਿਜ਼ਾਈਨਿੰਗ, ਸੀਡੀ ਰੋਮ ਪ੍ਰੋਡਕਸ਼ਨ, 3ਡੀ ਮਾਡਲਿੰਗ ਜਿਹੇ ਕੁਝ ਹੋਰ ਖੇਤਰ ਵੀ ਹਨ, ਜਿਥੇ ਐਨੀਮੇਟਰਜ਼ ਜਾਂ ਵਿਜ਼ੂਅਲ ਇਫੈਕਟਸ ਆਰਟਿਸਟ ਲਈ ਨੌਕਰੀ ਦੇ ਬਹੁਤ ਮੌਕੇ ਹਨ। ਐਨੀਮੇਸ਼ਨ ਦੇ ਮਾਹਿਰਾਂ ਲਈ ਅਧਿਆਪਨ ਦੇ ਖੇਤਰ 'ਚ ਵੀ ਕਈ ਸੰਭਾਵਨਾਵਾਂ ਹਨ।

ਪ੍ਰਿੰਟ ਮੀਡੀਆ ਅਤੇ ਪਬਲਿਸ਼ਿੰਗ ਫਰਮਜ਼ ਤੋਂ ਇਲਾਵਾ ਤੁਸੀਂ ਆਪਣਾ ਕੰਮ ਵੀ ਸ਼ੁਰੂ ਕਰ ਸਕਦੇ ਹੋ। ਹੁਣ ਦੀ ਗੱਲ ਕਰੀਏ ਤਾਂ ਅਜਿਹੇ ਜਾਣਕਾਰਾਂ ਦੀ ਸਭ ਤੋਂ ਜ਼ਿਆਦਾ ਮੰਗ ਫਿਲਮ ਐਂਡ ਟੈਲੀਵਿਜ਼ਨ, ਇਸ਼ਤਿਹਾਰੀ ਏਜੰਸੀਆਂ, ਡਿਜ਼ਾਈਨ ਫਰਮਜ਼, ਵੈੱਬਸਾਈਟ ਅਤੇ ਐਪ ਡਿਵੈਲਪਮੈਂਟ ਏਜੰਸੀਜ਼, ਨਿਊਜ਼ ਚੈਨਲ, ਪ੍ਰੋਡਕਸ਼ਨ ਹਾਊਸ ਤੇ ਈ-ਲਰਨਿੰਗ ਦੇ ਖੇਤਰ 'ਚ ਦੇਖੀ ਜਾ ਰਹੀ ਹੈ, ਜਿਥੇ ਤੁਸੀ ਕਰੈਕਟਰ ਐਨੀਮੇਟਰ, ਯੂਆਈ/ਯੂਐਕਸ ਡਿਜ਼ਾਈਨਰ ਜਾਂ ਫਿਰ ਗ੍ਰਾਫਿਕ ਡਿਜ਼ਾਈਨਰ ਦੇ ਰੂਪ 'ਚ ਨੌਕਰੀ ਦੀ ਭਾਲ ਕਰ ਸਕਦੇ ਹੋ।

### ਸੈਲਰੀ ਪੈਕੇਜ

ਇਸ ਖੇਤਰ 'ਚ ਨਵੇਂ ਪ੍ਰੋਫੈਸ਼ਨਲਜ਼ ਦੀ ਸ਼ੁਰੂਆਤ 'ਚ 20 ਤੋਂ 25 ਹਜ਼ਾਰ ਪ੍ਰਤੀ ਮਹੀਨਾ ਸੈਲਰੀ ਮਿਲਣ ਲਗਦੀ ਹੈ। ਕੁਝ ਸਾਲਾਂ ਦੇ ਤਜਰਬੇ ਤੋਂ ਬਾਅਦ ਹੀ ਅਜਿਹੇ ਪ੍ਰੋਫੈਸ਼ਨਲਜ਼ 40 ਤੋਂ 50 ਹਜ਼ਾਰ ਰੁਪਏ ਤਕ ਸੈਲਰੀ ਲੈਣ ਲਗਦੇ ਹਨ। ਜੇ ਤੁਸੀਂ ਇਸ ਖੇਤਰ 'ਚ ਬਤੌਰ ਪਾਰਟ ਟਾਈਮ ਜੌਬ ਕਰਨੀ ਚਾਹੁੰਦੇ ਹੋ ਤਾਂ ਵੀ ਹਰ ਮਹੀਨੇ ਵਧੀਆ ਕਮਾਈ ਕਰ ਸਕਦੇ ਹੋ।



### ਮੁੱਖ ਸੰਸਥਾਵਾਂ

- ਇੰਦਰਾ ਗਾਂਧੀ ਨੈਸ਼ਨਲ ਓਪਨ ਯੂਨੀਵਰਸਿਟੀ। www.ignou.ac.in
- ਮਾਇਆ ਅਕੈਡਮੀ ਆਫ ਐਡਵਾਂਸਡ ਸਿਨੇਮੈਟਿਕਸ। www.maacindia.ac.in
- ਵ੍ਹਿਸਲਿੰਗ ਵੁੱਡਜ਼ ਇੰਟਰਨੈਸ਼ਨ, ਮੁੰਬਈ। www.whistlingwoods.net
- ਐਮਿਟੀ ਯੂਨੀਵਰਸਿਟੀ, ਨੋਇਡਾ। www.amity.edu
- ਨੈਸ਼ਨਲ ਇੰਸਟੀਚਿਊਸਟ ਆਫ ਡਿਜ਼ਾਈਨ, ਅਹਿਮਦਾਬਾਦ। www.nid.edu

• ਹਰਪ੍ਰੀਤ ਸਿੰਘ ਬਰਾੜ

*ਅਨੇਕਾਂ ਨੌਜਵਾਨਾਂ ਦੀ ਅਕਸਰ ਇਹ ਧਾਰਨਾ ਹੁੰਦੀ ਹੈ ਕਿ ਜੇ ਕਿਸਮਤ ਨੇ ਸਾਥ ਦਿੱਤਾ ਤਾਂ ਸਫਲਤਾ ਮਿਲ ਹੀ ਜਾਵੇਗੀ। ਭਾਵੇਂ ਜਿੰਨੀ ਮਰਜ਼ੀ ਕੋਸ਼ਿਸ਼ ਕਰ ਲਵੋ, ਜੇ ਕਿਸਮਤ ਬੁਲੰਦ ਨਾ ਹੋਈ ਤਾਂ ਕੁਝ ਨਹੀਂ ਹੋਣ ਵਾਲਾ। ਭਾਵ, ਕਿਸਮਤ ਸ਼ਕਤੀ ਦਾ ਆਧਾਰ ਹੈ, ਇਹ ਮੰਨਣ ਵਾਲਿਆਂ ਦੀ ਗਿਣਤੀ ਕਾਫ਼ੀ ਹੈ...*

# ਸਫਲਤਾ ਲਈ ਸਕਾਰਾਤਮਕ ਸੋਚ ਜ਼ਰੂਰੀ



ਅਜੋਕੇ ਵਿਗਿਆਨਕ ਯੁੱਗ ਵਿਚ ਸਫਲਤਾ ਤੇ ਅਸਫਲਤਾ ਨੂੰ ਕਿਸਮਤ ਦੀ ਖੇਡ ਮੰਨਣ ਵਾਲੇ ਲੋਕਾਂ ਦੀ ਗਿਣਤੀ ਵੀ ਘੱਟ ਨਹੀਂ ਹੈ। ਕਿਸਮਤ ਦੇ ਭਰੋਸੇ ਬੈਠਣ ਨਾਲ ਕੁਝ ਹਾਸਲ ਨਹੀ ਹੁੰਦਾ। ਇਹ ਗੱਲ ਜਾਣਦਿਆਂ ਹੋਇਆਂ ਵੀ ਅਣਗਿਣਤ ਲੋਕ ਲਕੀਰ ਦੇ ਫ਼ਕੀਰ ਬਣੇ ਰਹਿੰਦੇ ਹਨ। ਸਫਲਤਾ ਜਾਂ ਅਸਫਲਤਾ ਉਸ ਨੂੰ ਹੀ ਮਿਲਦੀ ਹੈ, ਜੋ ਯੋਜਨਾ ਬਣਾ ਕੇ ਚੱਲਣ ਦੀ ਕੋਸ਼ਿਸ਼ ਕਰਦੇ ਹਨ। ਕਿਸਮਤ ਜਾਂ ਮੁਕੱਦਰ ਦੇ ਭਰੋਸੇ ਬੈਠੇ ਰਹਿ ਕੇ ਸਫਲਤਾ ਦੀ ਬੀਨ ਵਜਾਉਣ ਵਾਲਿਆਂ ਦੇ ਹੱਥ ਕੁਝ ਨਹੀਂ ਆਉਂਦਾ। ਸਫਲਤਾ ਉਸ ਨੂੰ ਹੀ ਮਿਲਦੀ ਹੈ, ਜੋ ਉਸ ਨੂੰ ਪਾਉਣ ਲਈ ਦ੍ਰਿੜ੍ਹ ਇੱਛਾ-ਸ਼ਕਤੀ ਨਾਲ ਕੋਸ਼ਿਸ਼ ਕਰਦਾ ਹੈ। ਸਫਲਤਾ ਲਈ ਪਹਿਲਾਂ ਤੋਂ ਹੀ ਸ਼ੱਕ ਪਾਲੀ ਬੈਠੇ ਵਿਅਕਤੀ ਨੂੰ ਮਨਚਾਹੀ ਸਫਲਤਾ ਕਦੇ ਨਹੀ ਮਿਲ ਸਕਦੀ। ਹਰ ਵਿਅਕਤੀ ਦੀ ਸਫਲਤਾ ਪਿੱਛੇ ਉਸ ਦੀਆਂ ਆਪਣੀਆਂ ਕੋਸ਼ਿਸ਼ਾਂ ਹੀ ਹੁੰਦੀਆਂ ਹਨ। ਸਫਲਤਾ ਕਿਸੇ ਨੂੰ ਇੰਜ ਹੀ ਮਿਲ ਗਈ ਹੋਵੇ ਤਾਂ ਉਹ ਸੰਯੋਗ ਮਾਤਰ ਹੋ ਸਕਦਾ ਹੈ, ਜੋ ਕਦੇ-ਕਦਾਈਂ ਹੀ ਸੰਭਵ ਹੈ।

ਚੰਗੀ ਤੇ ਮਾੜੀ ਕਿਸਮਤ ਦਾ ਭਰਮ ਅਣਗਿਣਤ ਲੋਕਾਂ ਨੂੰ ਬੈਠੇ ਬਿਠਾਏ ਨਾ-ਕਾਮਯਾਬ ਬਣਾ ਚੁੱਕਾ ਹੈ। ਅਨੇਕਾਂ ਨੌਜਵਾਨਾਂ ਦੀ ਅਕਸਰ ਇਹ ਧਾਰਨਾ ਹੁੰਦੀ ਹੈ ਕਿ ਜੇ ਕਿਸਮਤ ਨੇ ਸਾਥ ਦਿੱਤਾ ਤਾਂ ਸਫਲਤਾ ਮਿਲ ਹੀ ਜਾਵੇਗੀ। ਭਾਵੇਂ ਜਿੰਨੀ ਮਰਜ਼ੀ ਕੋਸ਼ਿਸ਼ ਕਰ ਲਵੋ, ਜੇ ਕਿਸਮਤ ਬੁਲੰਦ ਨਾ ਹੋਈ ਤਾਂ ਕੁਝ ਨਹੀਂ ਹੋਣ ਵਾਲਾ। ਭਾਵ, ਕਿਸਮਤ ਸ਼ਕਤੀ ਦਾ ਆਧਾਰ ਹੈ, ਇਹ ਮੰਨਣ ਵਾਲਿਆਂ ਦੀ ਗਿਣਤੀ ਵੀ ਕਾਫ਼ੀ ਹੈ। ਇਸ ਤਰ੍ਹਾਂ ਆਪਣੀਆਂ ਅਸਫਲਤਾਵਾਂ ਤੇ ਕਮੀਆਂ ਦਾ ਦੋਸ਼ ਬੜੀ ਆਸਾਨੀ ਨਾਲ ਕਿਸਮਤ ਦੇ ਮੱਥੇ ਮੜ੍ਹ ਦਿੱਤਾ ਜਾਂਦਾ ਹੈ।

ਕਿਸਮਤ ਦੇ ਭਰੋਸੇ ਰਹਿਣ ਵਾਲੇ ਨੌਜਵਾਨ ਹੋਰਨਾਂ ਲਈ ਵੀ ਘਾਤਕ ਸਿੱਧ ਹੁੰਦੇ ਹਨ। ਉਹ ਆਪਣੀ ਨਿਰਾਸ਼ਾਵਾਦੀ ਪ੍ਰਵਿਰਤੀ ਦਾ ਜਾਣੇ-ਅਣਜਾਣੇ ਪ੍ਰਸਾਰ ਕਰਦੇ ਰਹਿੰਦੇ ਹਨ। ਲੋਕਾਂ 'ਚ ਇਹ ਧਾਰਨਾ ਘਰ ਕਰ ਜਾਂਦੀ ਹੈ ਕਿ ਕਿਸਮਤ ਨਾਲ ਹੀ ਸਫਲਤਾ ਮਿਲੇਗੀ ਜਾਂ ਜਿਨ੍ਹਾਂ ਨੂੰ ਸਫਲਤਾ ਮਿਲਦੀ ਹੈ ਉਹ ਹੀ ਕਿਸਮਤ ਦੇ ਧਨੀ ਹੁੰਦੇ ਹਨ। ਪ੍ਰੀਖਿਆ ਹੋਵੇ ਜਾਂ ਇੰਟਰਵਿਊ ਜਾਂ ਕੋਈ ਹੋਰ ਕੰਮ, ਉਸ ਵਿਚ ਸਫਲਤਾ ਪ੍ਰਾਪਤ ਕਰਨ ਲਈ ਕੰਮ ਦੀ ਸਹੀ ਵਿਓਂਤਬੰਦੀ, ਸ਼ਿੱਦਤ, ਸਮੇਂ ਦਾ ਸਹੀ ਪ੍ਰਬੰਧਨ, ਦ੍ਰਿੜ੍ਹਤਾ ਤੇ ਵਿਸ਼ਵਾਸ ਆਦਿ ਦਾ ਅਹਿਮ ਯੋਗਦਾਨ ਹੁੰਦਾ ਹੈ।

ਅਜੋਕੇ ਮੁਕਾਬਲੇ ਭਰੇ ਯੁੱਗ ਵਿਚ ਕਿਸੇ ਖੇਤਰ 'ਚ ਸਫਲਤਾ ਪ੍ਰਾਪਤ ਕਰਨੀ ਥੋੜ੍ਹੀ ਮੁਸ਼ਕਲ ਜ਼ਰੂਰ ਹੈ ਪਰ ਨਾ-ਮੁਮਕਿਨ ਨਹੀਂ ਹੈ। ਇਤਿਹਾਸ ਗਵਾਹ ਹੈ ਕਿ ਮਨੁੱਖ ਨੂੰ ਆਪਣੀ ਲੋੜ ਅਤੇ ਸੁਪਨੇ ਨੂੰ ਪੂਰਾ ਕਰਨ ਲਈ ਅਣਥੱਕ ਕੋਸ਼ਿਸ਼ਾਂ ਤੋਂ ਬਾਅਦ ਹੀ ਸਫਲਤਾ ਮਿਲੀ ਹੈ। ਨਾ-ਕਾਮਯਾਬੀਆਂ ਨੇ ਮਨੁੱਖ ਨੂੰ ਬਹੁਤ ਕੁਝ ਸਿਖਾਇਆ ਹੈ। ਜੇ ਮਨੁੱਖ ਕਿਸਮਤ ਦੇ ਭਰੋਸੇ ਬੈਠਾ ਰਹਿੰਦਾ ਤਾਂ ਯਕੀਨਨ ਅੱਜ ਵੀ ਉਸ ਬੀਤੇ ਪੁਰਾਣੇ ਜ਼ਮਾਨੇ ਦੀ ਹਾਲਤ 'ਚ ਜੀਅ ਰਿਹਾ ਹੁੰਦਾ। ਕਿਸੇ ਮਨੁੱਖ ਦੀ ਸਫਲਤਾ ਉਸ ਵੱਲੋਂ ਕੀਤੀਆਂ ਗਈਆਂ ਕੋਸ਼ਿਸ਼ਾਂ 'ਤੇ ਨਿਰਭਰ ਕਰਦੀ ਹੈ। ਜੇ ਲੋੜੀਂਦੇ ਯਤਨਾਂ ਦੇ ਬਾਵਜੂਦ ਵੀ ਕਾਮਯਾਬੀ ਨਹੀ ਮਿਲਦੀ ਤਾਂ ਉਸ ਦੇ ਅਨੇਕਾਂ ਕਾਰਨ ਤੇ ਕਮੀਆਂ ਹੋ ਸਕਦੀਆਂ ਹਨ, ਜਿਨ੍ਹਾਂ 'ਤੇ ਧਿਆਨ ਦੇ ਕੇ ਅਤੇ ਮੁੜ ਕੋਸ਼ਿਸ਼ ਕਰ ਕੇ ਸਫਲਤਾ ਪ੍ਰਾਪਤ ਕੀਤੀ ਜਾ ਸਕਦੀ ਹੈ।

ਬਿਹਤਰ ਇਹੀ ਹੈ ਕਿ ਕੰਮ ਸ਼ੁਰੂ ਕਰਨ ਤੋਂ ਪਹਿਲਾਂ ਉਸ 'ਤੇ ਚੰਗੀ ਤਰ੍ਹਾਂ ਵਿਚਾਰ ਕੀਤਾ ਜਾਵੇ। ਆਪਣੇ ਕਿੱਤੇ ਜਾਂ ਟੀਚੇ ਬਾਰੇ ਤੈਅ ਕਰਨ ਤੋਂ ਪਹਿਲਾਂ ਉਸ ਨਾਲ ਮਿਲਦੇ-ਜੁਲਦੇ ਬਦਲਾਂ 'ਤੇ ਵੀ ਧਿਆਨ ਦੇਵੋ। ਨਿਰਾਸ਼ਾ ਜਾਂ ਨਕਾਰਾਤਮਕ ਸੋਚ ਤੋਂ ਉੱਭਰ ਕੇ ਆਸ਼ਾਵਾਦੀ ਤੇ ਸਕਾਰਾਤਮਕ ਸੋਚ ਅਪਣਾਉਣਾ ਬੇਹੱਦ ਜ਼ਰੂਰੀ ਹੈ। ਸਫਲਤਾ ਪ੍ਰਤੀ ਕਿਸੇ ਤਰ੍ਹਾਂ ਦੇ ਸ਼ੱਕ ਜਾਂ ਭਰਮ ਨੂੰ ਨਾ ਪਾਲੋਂ। ਯਾਦ ਰੱਖੋ ਕਿ ਕਿਸੇ ਵੀ ਵਿਅਕਤੀ ਨੂੰ ਸਫਲਤਾ ਸਿਰਫ ਚੁਟਕੀ ਵਜਾਉਣ ਨਾਲ ਨਹੀਂ ਮਿਲ ਜਾਂਦੀ। ਹਰ ਸਫਲਤਾ ਪਿੱਛੇ ਉਸ ਨੂੰ ਦੀਆਂ ਇਮਾਨਦਾਰੀ ਨਾਲ ਕੀਤੀਆਂ ਗਈਆਂ ਕੋਸ਼ਿਸ਼ਾਂ ਹੀ ਹੁੰਦੀਆਂ ਹਨ।

ਨਾ-ਕਾਮਯਾਬੀ ਨੂੰ ਭੁੱਲ ਜਾਣਾ ਤੇ ਉਸ ਤੋਂ ਸਬਕ ਲੈ ਕੇ ਅੱਗੇ ਵਧਣਾ ਹੀ ਚੰਗਾ ਹੁੰਦਾ ਹੈ। ਸਫਲ ਹੋਣ ਤਕ ਅੱਗੇ ਵਧਦੇ ਰਹੋ। ਨਿਰਾਸ਼ ਹੋ ਕੇ ਜਾਂ ਹਾਰ ਕੇ ਨਾ ਬੈਠੋ। ਮੰਜ਼ਿਲ ਤੁਹਾਡੇ ਤੋਂ ਜ਼ਿਆਦਾ ਦੂਰ ਨਹੀਂ ਹੈ। ਸਫਲਤਾ ਤੁਹਾਡੇ ਤੋਂ ਬੱਸ ਕੁਝ ਹੀ ਕਦਮਾਂ ਦੀ ਦੂਰੀ 'ਤੇ ਹੈ। ਤੁਸੀਂ ਉਸ ਨੂੰ ਦੇਖ ਰਹੇ ਹੋ ਤਾਂ ਉਸ ਨੂੰ ਤੁਹਾਡੀ ਝੋਲੀ ਪੈਣ ਤੋਂ ਕੋਈ ਨਹੀਂ ਰੋਕ ਸਕਦਾ। ਸਭ ਤੋਂ ਵੱਡੀ ਗੱਲ ਇਹ ਹੈ ਕਿ ਸਫਲਤਾ ਅਤੇ ਤੁਹਾਡੇ ਵਿਚਕਾਰ ਕਿਸਮਤ ਦਾ ਕੋਈ ਪੜਾਅ ਹੈ ਹੀ ਨਹੀਂ।

*ਕੈਂਪਸ ਪਲੇਸਮੈਂਟ ਜ਼ਿਆਦਾਤਰ ਵਿਦਿਆਰਥੀਆਂ ਦੇ ਜੀਵਨ ਦੀ ਪਹਿਲੀ ਜਾਬ ਜਾਂ ਇੰਟਰਵਿਊ ਹੁੰਦੀ ਹੈ। ਜ਼ਾਹਿਰ ਹੈ ਕਿ ਉਹ ਘਬਰਾਉਂਦੇ ਹੋਣਗੇ...*

# ਇੰਟਰਵਿਊ ਦੌਰਾਨ ਰੱਖੋ ਧਿਆਨ

ਕੁਝ ਸਾਲ ਪਹਿਲਾਂ ਨੌਕਰੀਆਂ ਲਈ ਅਖ਼ਬਾਰਾਂ 'ਚ ਪ੍ਰਮੁੱਖਤਾ ਨਾਲ ਇਸ਼ਤਿਹਾਰ ਪ੍ਰਕਾਸ਼ਿਤ ਹੁੰਦੇ ਸਨ। ਉਨ੍ਹਾਂ ਦੇ ਆਧਾਰ 'ਤੇ ਹੀ ਚਾਹਵਾਨ ਉਮੀਦਵਾਰ ਨੌਕਰੀਆਂ ਲਈ ਅਰਜ਼ੀਆਂ ਦਿੰਦੇ ਸਨ। ਪਰ ਹੁਣ ਉਹ ਜ਼ਮਾਨਾ ਬਦਲ ਗਿਆ ਹੈ। ਅਖ਼ਬਾਰਾਂ 'ਚ ਅਜੇ ਵੀ ਨੌਕਰੀਆਂ ਲਈ ਇਸ਼ਤਿਹਾਰ ਤਾਂ ਪ੍ਰਕਾਸ਼ਿਤ ਹੁੰਦੇ ਹਨ ਪਰ ਜੋ ਨਵਾਂ ਦੌਰ ਚੱਲ ਰਿਹਾ ਹੈ, ਉਸ ਨੂੰ ਕੈਂਪਸ ਸਿਲੈਕਸ਼ਨ ਕਿਹਾ ਜਾਂਦਾ ਹੈ। ਕੈਂਪਸ ਸਿਲੈਕਸ਼ਨ ਦਾ ਅਰਥ ਹੈ ਕਿ ਕੰਪਨੀ ਦੇ ਲੋਕ ਜਾਂ ਚੋਣਕਰਤਾ ਖ਼ੁਦ ਕਾਲਜ ਜਾਂ ਸਬੰਧਤ ਸਿੱਖਿਆ ਸੰਸਥਾਵਾਂ 'ਚ ਜਾ ਕੇ ਉਥੋਂ ਦੇ ਵਿਦਿਆਰਥੀਆਂ ਦੀ ਚੋਣ ਕਰਦੇ ਹਨ।

ਜਦੋਂ ਤੁਸੀ ਇੰਟਰਵਿਊ ਦੇ ਰਹੇ ਹੋ ਤਾਂ ਹੋਰਨਾਂ ਗੱਲਾਂ ਤੋਂ ਇਲਾਵਾ ਆਪਣੇ ਵਿਅਕਤੀਤਵ 'ਤੇ ਵੀ ਗੌਰ ਕਰਨ ਦੀ ਜ਼ਰੂਰਤ ਹੈ। ਆਮ ਤੌਰ 'ਤੇ ਕੈਂਪਸ ਸਿਲੈਕਸ਼ਨ 'ਚ ਚੋਣਕਰਤਾ ਵਿਦਿਆਰਥੀ ਦਾ ਵਿੱਦਿਅਕ ਰਿਕਾਰਡ ਤਾਂ ਦੇਖਦਾ ਹੀ ਹਨ, ਉਸ ਦੀ ਨਿਗ੍ਹਾ ਉਮੀਦਵਾਰ ਦੀ ਓਵਰਆਲ ਪ੍ਰਫਾਰਮੈਂਸ 'ਤੇ ਵੀ ਹੁੰਦੀ ਹੈ। ਇਸ 'ਚ ਉਮੀਦਵਾਰ ਦਾ ਆਤਮ-ਵਿਸ਼ਵਾਸ, ਅੱਖਾਂ ਦੀ ਭਾਸ਼ਾ, ਕਮਿਊਨੀਕੇਸ਼ਨ ਸਕਿੱਲ, ਜਰਨਲ ਅਵੇਅਰਨੈੱਸ, ਕੱਪੜਿਆਂ ਦੀ ਚੋਣ, ਹੇਅਰ ਸਟਾਈਲ, ਚੱਲਣ-ਫਿਰਨ ਤੇ ਬੈਠਣ ਦਾ ਅੰਦਾਜ਼ ਆਦਿ ਆਉਂਦੇ ਹਨ। ਇਸ ਆਧਾਰ 'ਤੇ ਚੋਣਕਰਤਾ ਸਬੰਧਤ ਉਮੀਦਵਾਰ ਨੂੰ ਲੈ ਕੇ ਸਕਾਰਾਤਮਕ ਜਾਂ ਨਕਾਰਾਤਮਕ ਰਵੱਈਆ ਬਣਾਉਂਦਾ ਹੈ।



### ਆਤਮ-ਵਿਸ਼ਵਾਸ

ਕੈਂਪਸ ਪਲੇਸਮੈਂਟ ਜ਼ਿਆਦਾਤਰ ਵਿਦਿਆਰਥੀਆਂ ਦੇ ਜੀਵਨ ਦੀ ਪਹਿਲੀ ਜੌਬ ਜਾਂ ਇੰਟਰਵਿਊ ਹੁੰਦੀ ਹੈ। ਜ਼ਾਹਿਰ ਹੈ ਕਿ ਉਹ ਘਬਰਾਉਂਦੇ ਹੋਣਗੇ ਪਰ ਸਾਰੇ ਉਮੀਦਵਾਰਾਂ ਲਈ ਜ਼ਰੂਰੀ ਹੈ ਕਿ ਆਤਮ-ਵਿਸ਼ਵਾਸ ਬਣਾਈ ਰੱਖੋ। ਪ੍ਰਸਿੱਧ ਵਿਦਵਾਨ ਹੈਨਲੇ ਨੇ ਕਿਹਾ ਸੀ, 'ਮੈਂ ਹੀ ਆਪਣੀ ਆਤਮਾ ਦਾ ਫ਼ੌਜ ਮੁਖੀ ਹਾਂ।' ਆਪਣੇ ਆਤਮ-ਵਿਸ਼ਵਾਸ ਨੂੰ ਬਣਾ ਕੇ ਰੱਖਣ ਲਈ ਇਸ ਤੋਂ ਵਧ ਕੇ ਕੋਈ ਦੂਸਰਾ ਕੋਈ ਕਥਨ ਨਹੀ ਹੋ ਸਕਦਾ।

### ਰਜ਼ਿਊਮ ਰੱਖੋ ਦਰੁੱਸਤ

ਧਿਆਨ ਰੱਖੋ ਕਿ ਤੁਹਾਡਾ ਰਜ਼ਿਊਮ ਤੁਹਾਡੇ ਵਿਸ਼ੇ ਪ੍ਰਤੀ ਸਭ ਕੁਝ ਸਪਸ਼ਟ ਕਰਦਾ ਹੋਵੇ। ਇਸ 'ਚ ਆਪਣੀਆਂ ਉਪਲੱਬਧੀਆਂ ਨੂੰ ਮੋਟੇ ਅੱਖਰਾਂ ਨਾਲ ਦਿਖਾਓ। ਜੇ ਤੁਹਾਡਾ ਫੇਸਬੁੱਕ ਜਾਂ ਹੋਰ ਸੋਸ਼ਲ ਮੀਡੀਆ ਅਕਾਊਂਟ ਹੈ ਤਾਂ ਉਥੋਂ ਵੀ ਅਜਿਹੀਆਂ ਜਾਣਕਾਰੀਆਂ, ਜੋ ਤੁਹਾਡੀ ਨੌਕਰੀ ਲਈ ਹਾਨੀਕਾਰਕ ਹੋ ਸਕਦੀਆਂ ਹਨ, ਉਨ੍ਹਾਂ ਨੂੰ ਡਿਲੀਟ ਕਰ ਦਿਓ। ਤੁਹਾਡਾ ਬਾਇਓਡਾਟਾ ਜ਼ਿਆਦਾ ਵੱਡਾ ਨਾ ਹੋਵੇ।

### ਕੱਪੜਿਆਂ ਦੀ ਚੋਣ

ਕੈਂਪਸ ਇੰਟਰਵਿਊ 'ਚ ਕੱਪੜਿਆਂ ਦੀ ਚੋਣ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਕੋਈ ਜ਼ਰੂਰੀ ਨਹੀ ਕਿ ਤੁਸੀ ਮਹਿੰਗੇ ਕੱਪੜੇ ਹੀ ਪਾ ਕੇ ਜਾਓ। ਜੋ ਵੀ ਪਹਿਨੋ, ਦਫ਼ਤਰ ਦੇ ਮਾਹੌਲ ਦੇ ਅਨੁਕੂਲ ਹੋਣਾ ਚਾਹੀਦਾ ਹੈ।

*ਨਿਵੇਸ਼ ਲਈ ਦੁਨੀਆ 'ਚ ਲੱਖਾਂ ਤਰੀਕੇ ਹਨ ਪਰ ਸਭ ਤੋਂ ਵਧੀਆ ਤਰੀਕਾ ਕਿਹੜਾ ਹੈ? ਮਿਊਚਲ ਫੰਡ, ਬਾਂਡ ਜਾਂ ਫਿਰ ਹੋਰ ਪਰ ਕੀ ਤੁਹਾਨੂੰ ਪਤਾ ਹੈ ਕਿ ਸਭ ਤੋਂ ਵਧੀਆ ਨਿਵੇਸ਼ ਤੁਹਾਡੇ ਸਾਹਮਣੇ ਮੌਜੂਦ ਹੈ। ਉਹ ਹੈ ਆਪਣਾ ਗਿਆਨ ਵਧਾਉਣ ਲਈ ਅਧਿਐਨ ਕਰਨਾ। ਜੇ ਤੁਸੀਂ ਆਪਣਾ ਗਿਆਨ ਵਧਾਉਣ ਦੀ ਕੋਸ਼ਿਸ਼ ਕਰਦੇ ਹੋ ਤਾਂ ਸਮਝੋ ਇਸ ਤੋਂ ਵੱਡਾ ਨਿਵੇਸ਼ ਹੋਰ ਕੋਈ ਨਹੀਂ ਹੈ। ਸਵੈ-ਅਧਿਐਨ ਲਈ ਕਿਸੇ ਸਕੂਲ ਜਾਣ ਦੀ ਜ਼ਰੂਰਤ ਨਹੀਂ। ਬਸ, ਜ਼ਰੂਰੀ ਹੈ ਆਪਣਾ ਗਿਆਨ ਵਧਾਉਣ ਲਈ ਖ਼ੁਦ ਨੂੰ ਤਿਆਰ ਕਰਨਾ...*

# ਸਿੱਖਣ ਦੀ ਕੋਈ ਉਮਰ ਨਹੀਂ ਹੁੰਦੀ

ਤੁਹਾਡੀ ਨਜ਼ਰ 'ਚ ਚੰਗਾ ਕੀ ਹੈ-ਉਹ ਸ਼ਖ਼ਸ, ਜਿਸ ਨੇ 22 ਸਾਲ ਦੀ ਉਮਰ ਤਕ ਪੜ੍ਹਾਈ ਕੀਤੀ ਤੇ ਨੌਕਰੀ ਮਿਲਣ ਮਗਰੋਂ ਗਿਆਨ ਹਾਸਲ ਕਰਨਾ ਛੱਡ ਦਿੱਤਾ ਜਾਂ ਫਿਰ ਉਹ ਬਜ਼ੁਰਗ, ਜੋ ਹਰ ਸਾਲ ਕੁਝ ਨਵਾਂ ਪੜ੍ਹਦੇ ਹਨ ਤੇ ਨਵਾਂ ਸਿੱਖਦੇ ਹਨ। ਦੁਨੀਆ ਦਾ ਸਭ ਤੋਂ ਵਧੀਆ ਸ਼ਖ਼ਸ ਉਹ ਹੈ, ਜੋ ਕਿਸੇ ਨਵੀ ਚੀਜ਼ ਨੂੰ ਸਿੱਖਣ ਲਈ ਉਤਸ਼ਾਹ ਨਾਲ ਅੱਗੇ ਵਧਦਾ ਹੈ ਅਤੇ ਉਸ ਨੂੰ ਚੁਣੌਤੀ ਵਜੋਂ ਲੈਂਦਾ ਹੈ। ਸਿਰਫ਼ ਜ਼ਰੂਰੀ ਹੈ ਤੁਹਾਡੇ ਅੰਦਰ ਨਵੀ ਚੀਜ਼ ਨੂੰ ਸਿੱਖਣ ਲਈ ਸ਼ੌਕ ਹੋਵੇ। ਜਿੰਨਾ ਜ਼ਿਆਦਾ ਸ਼ੌਕ ਹੋਵੇਗਾ, ਤੁਹਾਡੀ ਸਮਝ ਓਨੀ ਵਧੀਆ ਬਣੇਗੀ।

### ਨਵੇਂ ਤਜਰਬੇ

ਸਵੈ-ਅਧਿਐਨ ਨਵੇਂ ਤਜਰਬਿਆਂ ਲਈ ਸਭ ਤੋਂ ਸੌਖਾ ਤੇ ਵਧੀਆ ਤਰੀਕਾ ਹੈ। ਸਿਰਫ਼ ਧਿਆਨ ਇਹ ਰੱਖਣਾ ਹੈ ਕਿ ਤੁਸੀ ਆਪਣੇ ਸ਼ੌਕ ਮੁਤਾਬਕ ਸ਼ੁਰੂ 'ਚ ਖੋਜੀ ਪ੍ਰਵਿਰਤੀ ਨੂੰ ਅਪਨਾਓ। ਇਸ ਲਈ ਤੁਸੀ ਕੁਝ ਵੀ ਕਰ ਸਕਦੇ ਹੋ। ਕੀ ਤੁਸੀ ਆਪਣੀ ਫਿਟਨੈੱਸ ਲਈ ਕਰਾਸਫਿੱਟ ਸਿੱਖਣਾ ਚਾਹੁੰਦੇ ਹੋ। ਇਸ ਲਈ ਨਜ਼ਦੀਕੀ ਕਿਸੇ ਵੀ ਜਿੰਮ 'ਚ ਜਾ ਕੇ ਜਾਣਕਾਰੀ ਹਾਸਲ ਕਰ ਸਕਦੇ ਹੋ। ਜੇ ਤੁਹਾਡੀ ਰੁਚੀ ਖਾਣਾ ਬਣਾਉਣ ਅਤੇ ਲੋਕਾਂ ਨੂੰ ਖਿਲਾਉਣ 'ਚ ਹੈ ਤਾਂ ਤੁਸੀਂ ਆਪਣਾ ਫ਼ੂਡ ਬਲੌਗ ਸ਼ੁਰੂ ਕਰ ਸਕਦੇ ਹੋ। ਇਸ ਲਈ ਸੈਲਫ਼ ਸਟੱਡੀ ਦੀਆਂ ਭਰਪੂਰ ਸੰਭਾਵਨਾਵਾਂ ਹਨ। ਖ਼ੂਬ ਸਿੱਖੋ ਤੇ ਆਪਣੇ ਗਿਆਨ ਦੀ ਆਪਣੇ ਚੰਗੇ ਭਵਿੱਖ ਲਈ ਵਰਤੋਂ ਕਰੋ। ਕੀ ਤੁਸੀ ਪੇਂਟਿੰਗ ਕਰਨਾ ਚਾਹੁੰਦੇ ਹੋ? ਸਵੈ-ਅਧਿਐਨ ਨਾਲ ਤੁਸੀ ਇਸ ਲਈ ਵੱਖਰੀ ਕਲਾਸ ਵੀ ਲਗਾ ਸਕਦੇ ਹੋ। ਅਜਿਹੀਆਂ ਕਲਾਸਾਂ ਆਨਲਾਈਨ ਵੀ ਹੁੰਦੀਆਂ ਹਨ।

ਅਜਿਹੀਆਂ ਹਜ਼ਾਰਾਂ ਚੀਜ਼ਾਂ ਹਨ, ਜਿਨ੍ਹਾਂ ਨਾਲ ਤੁਸੀ ਆਪਣੇ ਗਿਆਨ 'ਚ ਵਾਧਾ ਕਰ ਸਕਦੇ ਹੋ ਅਤੇ ਖ਼ੁਦ ਨਵੀਆਂ-ਨਵੀਆਂ ਚੀਜ਼ਾਂ ਨੂੰ ਜੋੜ ਸਕਦੇ ਹੋ। ਇਸ ਸਭ ਲਈ ਜ਼ਰੂਰੀ ਹੈ ਤੁਸੀ ਕਿਹੜਾ ਤਰੀਕਾ ਅਪਨਾਉਣਾ ਚਾਹੁੰਦੇ ਹੋ। ਧਿਆਨ ਰੱਖੋ ਕਿ ਸ਼ੁਰੂਆਤ 'ਚ ਔਖਾ ਰਾਹ ਨਾ ਚੁਣੋ, ਨਹੀਂ ਤਾਂ ਤੁਹਾਡੀ ਰੁਚੀ ਇਕਦਮ ਘੱਟ ਹੋਣ ਲੱਗੇਗੀ।

### ਨਜ਼ਰੀਏ 'ਚ ਲਿਆਓ ਤਬਦੀਲੀ

ਜੇ ਅਸੰਭਵ ਨੂੰ ਸੰਭਵ ਕਰਨ ਲਈ ਤੁਸੀ ਅੱਗੇ ਵਧਦੇ ਹੋ ਤਾਂ ਸਮਝੋ ਅੱਧੀ ਲੜਾਈ ਤਾਂ ਤੁਸੀ ਇਥੇ ਹੀ ਜਿੱਤ ਲਈ। ਖ਼ੁਦ ਦਾ ਗਿਆਨ ਇਥੇ ਸਭ ਤੋਂ ਅਹਿਮ ਹਥਿਆਰ ਹੈ। ਜੇ ਤੁਹਾਨੂੰ ਕਿਸੇ ਵੀ ਖੇਤਰ ਦਾ ਗਿਆਨ ਹੈ ਤਾਂ ਉਸ 'ਚ ਮੰਜ਼ਿਲ ਹਾਸਲ ਕਰਨ ਲਈ ਤੁਹਾਨੂੰ ਕੋਈ ਪਰੇਸ਼ਾਨੀ ਨਹੀ ਆਵੇਗੀ। ਜੇ ਤੁਸੀ ਇਕ ਵਾਰ ਆਦਤ ਬਣਾ ਲਈ ਤਾਂ ਤੁਸੀਂ ਖ਼ੁਦ ਨੂੰ ਸਭ ਤੋਂ ਅਲੱਗ ਤੇ ਸਭ ਤੋਂ ਉੱਪਰ ਦੇਖੋਗੇ। ਸਿੱਖਣ, ਸਮਝਣ ਤੇ ਉਸ ਤੋਂ ਬਾਅਦ ਕੰਮ ਕਰਨ ਦੀ ਸਮਰਥਾ ਨੂੰ ਲਗਾਤਾਰ ਵਧਾਓ। ਫਿਰ ਕੀ ਹੈ, ਨਵੇਂ ਰਾਹ ਬਣਦੇ ਜਾਣਗੇ ਤੇ ਤੁਸੀ ਸਿਖ਼ਰ ਵੱਲ ਵਧਦੇ ਜਾਓਗੇ।

### ਗਿਆਨ ਕੋਈ ਨਹੀਂ ਖੋਹ ਸਕਦਾ

ਸਵੈ-ਅਧਿਐਨ ਦੀ ਸਭ ਤੋਂ ਵੱਡੀ ਖ਼ਾਸੀਅਤ ਇਹੀ ਹੈ ਕਿ ਇਸ ਨਾਲੋਂ ਤੁਹਾਨੂੰ ਕੋਈ ਅਲੱਗ ਨਹੀ ਕਰ ਸਕਦਾ। ਨਾ ਹੀ ਕੋਈ ਖੋਹ ਸਕਦਾ ਹੈ ਤੇ ਨਾ ਹੀ ਤੁਹਾਨੂੰ ਇਸ ਤੋਂ ਦੂਰ ਕਰ ਸਕਦਾ ਹੈ। ਜੋ ਗਿਆਨ ਤੁਸੀ ਹਾਸਿਲ ਕੀਤਾ ਹੈ, ਉਹ ਹਮੇਸ਼ਾ ਲਈ ਤੁਹਾਡਾ ਹੈ। ਦੁਨੀਆ ਇਧਰ ਦੀ ਉਧਰ ਹੋ ਜਾਵੇ ਪਰ ਜੋ ਜਾਇਦਾਦ ਤੁਹਾਡੀ ਹੈ, ਉਹ ਤਾ-ਉਮਰ ਤੁਹਾਡੇ ਕੋਲ ਹੀ ਰਹੇਗੀ। ਇਸ ਲਈ ਤੁਸੀ ਕਹਿ ਸਕਦੇ ਹੋ ਕਿ ਖ਼ੁਦ ਦੇ ਹਾਸਲ ਗਿਆਨ ਤੋਂ ਵੱਡੀ ਜਾਇਦਾਦ ਕੋਈ ਨਹੀ ਹੁੰਦੀ। ਸਵੈ-ਅਧਿਐਨ ਕਰੋ ਤੇ ਆਨੰਦਮਈ ਜ਼ਿੰਦਗੀ ਜੀਓ।




### ਕੋਸ਼ਿਸ਼ ਨਾਲ ਮਿਲੇਗੀ ਸਫਲਤਾ

ਵਾਕਿਆ ਹੀ, ਸਿੱਖਣ ਦੀ ਕੋਈ ਉਮਰ ਨਹੀਂ ਹੁੰਦੀ। ਯਾਦ ਰੱਖੋ ਕਿ ਨਵੀਂ ਚੀਜ਼ ਸਿੱਖਣ ਲਈ ਸ਼ੁਰੂ 'ਚ ਮੁਸ਼ਕਲ ਆ ਸਕਦੀ ਹੈ। ਕਈ ਵਾਰ ਅਜਿਹਾ ਹੋਵੇਗਾ ਕਿ ਤੁਹਾਨੂੰ ਕੁਝ ਸਮਝ ਨਹੀਂ ਆਵੇਗਾ ਪਰ ਤੁਹਾਨੂੰ ਪਰੇਸ਼ਾਨ ਹੋਣ ਦੀ ਜ਼ਰੂਰਤ ਨਹੀਂ। ਉਸ ਮੌਕੇ ਹੌਸਲਾ ਰੱਖ ਕੇ ਲਗਾਤਾਰ ਸਮਝਣ ਦੀ ਕੋਸ਼ਿਸ਼ ਨਾਲ ਸਫਲਤਾ ਮਿਲੇਗੀ। ਕਈ ਕੋਸ਼ਿਸ਼ਾਂ ਕਰਨ ਤੋਂ ਬਾਅਦ ਅਚਾਨਕ ਤੁਹਾਨੂੰ ਲੱਗੇਗਾ ਕਿ ਤੁਸੀਂ ਇਕ ਨਵੀਂ ਚੀਜ਼ ਸਿੱਖ ਲਈ ਹੈ। ਇਸ ਜਜ਼ਬੇ ਨੂੰ ਜਿੰਨਾ ਜ਼ਿਆਦਾ ਕਾਇਮ ਰੱਖੋਗੇ, ਓਨੀ ਆਸਾਨੀ ਨਾਲ ਤੁਸੀਂ ਅੱਗੇ ਵਧਦੇ ਜਾਓਗੇ।

### ਪਟਿਆਲਾ ਦੇ ਵੈਟਰਨਰੀ ਪੌਲੀਕਲੀਨਿਕ ਨੂੰ ਇੰਨਡੋਰ ਪੇਸ਼ੈਂਟ ਵਾਰਡ ਦੀ ਮਿਲੀ ਸੌਗਾਤ

## ਗੁਰਮੀਤ ਸਿੰਘ ਖੁੱਡੀਆਂ ਵੱਲੋਂ ਸੂਬੇ ਦੇ ਛੇ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਆਈ.ਪੀ.ਡੀ. ਸੇਵਾਵਾਂ ਕੀਤੀਆਂ ਗਈਆਂ ਸ਼ੁਰੂ : ਗੁਰਦਰਸ਼ਨ ਸਿੰਘ

**ਪਟਿਆਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪਾਲਤੂ ਜਾਨਵਰਾਂ ਅਤੇ ਪਸ਼ੂਆਂ ਨੂੰ ਬਿਹਤਰੀਨ ਸਿਹਤ ਸੰਭਾਲ ਸੇਵਾਵਾਂ ਯਕੀਨੀ ਬਣਾਉਣ ਲਈ ਪਟਿਆਲਾ ਦੇ ਵੈਟਰਨਰੀ ਪੌਲੀਕਲੀਨਿਕ 'ਚ ਅਤਿ-ਆਧੁਨਿਕ ਇੰਨਡੋਰ ਪੇਸ਼ੈਂਟ ਵਾਰਡ ਦੀ ਸੌਗਾਤ ਪ੍ਰਦਾਨ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਗੁਰਦਰਸ਼ਨ ਸਿੰਘ ਨੇ ਦੱਸਿਆ ਕਿ ਹੁਣ ਪੌਲੀਕਲੀਨਿਕ ਵਿਖੇ ਆਪ੍ਰੇਸ਼ਨ ਕਰਵਾਉਣ ਤੋਂ ਬਾਅਦ ਪਸ਼ੂ ਪਾਲਕ ਆਪਣੇ ਪਸ਼ੂ ਨੂੰ ਰਾਤ ਸਮੇਂ ਪੌਲੀਕਲੀਨਿਕ ਵਿਖੇ ਹੀ ਰੱਖ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਕਾਰਜ ਨੂੰ ਮਿਥੇ ਸਮੇਂ ਵਿੱਚ ਪੂਰਾ ਕਰਵਾਉਣ ਲਈ ਪ੍ਰਮੁੱਖ ਸਕੱਤਰ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਰਾਹੁਲ ਭੰਡਾਰੀ, ਵਿਸ਼ੇਸ਼ ਸਕੱਤਰ ਹਰਬੀਰ ਸਿੰਘ ਅਤੇ ਡਾਇਰੈਕਟਰ ਡਾ. ਗੁਰਸ਼ਰਨਜੀਤ ਸਿੰਘ ਬੇਦੀ ਦੀ ਵਿਸ਼ੇਸ਼ ਭੂਮਿਕਾ ਰਹੀ।

ਉਹਨਾਂ ਦੱਸਿਆ ਕਿ ਜਲਦੀ ਹੀ ਆਧੁਨਿਕ ਐਕਸ ਰੇ ਮਸ਼ੀਨ ਵੀ ਵੈਟਰਨਰੀ ਪੌਲੀਕਲੀਨਿਕ ਪਟਿਆਲਾ ਵਿਖੇ ਮੁਹੱਈਆ ਕਰਵਾਈ ਜਾ ਰਹੀ ਹੈ। ਵਿਭਾਗ ਵੱਲੋਂ ਹਸਪਤਾਲਾਂ ਨੂੰ ਘੋੜਿਆਂ ਵਾਸਤੇ ਟੈਟਨਸ ਤੋਂ ਬਚਾਅ ਲਈ ਟੀਕੇ ਮੁਹੱਈਆ ਕਰਵਾਏ ਗਏ ਹਨ। ਉਹਨਾਂ ਕਿਹਾ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਪਸ਼ੂ ਨੂੰ ਸੱਪ ਦੇ ਕੱਟਣ ਦੇ ਇਲਾਜ ਲਈ ਸਾਰੀਆਂ ਤਹਿਸੀਲਾਂ ਅਤੇ ਪੌਲੀਕਲੀਨਿਕ ਵਿੱਚ ਦਵਾਈ ਮੁਫ਼ਤ ਉਪਲਬਧ ਕਰਵਾਈ ਗਈ ਹੈ। ਗੋਕੇ ਅਤੇ ਮਹਿਰੂਆਂ ਨੂੰ ਮਲ੍ਹੱਪ ਰਹਿਤ ਕਰਨ ਲਈ ਦਵਾਈ ਵੀ ਮੁਫ਼ਤ ਵੰਡੀ ਜਾ ਰਹੀ ਹੈ। ਵਿਭਾਗ ਵੱਲੋਂ ਪਸ਼ੂਆਂ ਨੂੰ ਮੂੰਹ ਖੁਰ ਤੋਂ ਬਚਾਉਣ ਲਈ ਘਰ ਘਰ ਜਾ ਕੇ ਮੁਫ਼ਤ ਟੀਕਾਕਰਨ ਕੀਤਾ ਜਾ ਰਿਹਾ ਹੈ। ਡਾ. ਗੁਰਦਰਸ਼ਨ ਸਿੰਘ ਨੇ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਗਈ ਕਿ ਮੂੰਹ ਖੁਰ ਟੀਕਾਕਰਨ ਦੀ ਮੁਹਿੰਮ ਵਿੱਚ ਸਹਿਯੋਗ ਕਰਨ ਅਤੇ ਇਹ ਯਕੀਨੀ ਬਣਾਉਣ ਕੀ 100 ਫ਼ੀਸਦੀ ਯੋਗ ਪਸ਼ੂਆਂ ਨੂੰ ਟੀਕਾਕਰਨ ਕਰਵਾ ਲਿਆ ਜਾਵੇ।

ਇਸ ਮੌਕੇ ਸਹਾਇਕ ਨਿਰਦੇਸ਼ਕ ਡਾ. ਸੋਨਿੰਦਰ ਕੌਰ, ਸੀਨੀਅਰ ਵੈਟਰਨਰੀ ਅਫ਼ਸਰ ਡਾ. ਜਗਵਿੰਦਰ ਕੌਰ , ਵੈਟਰਨਰੀ ਅਫ਼ਸਰ ਡਾ. ਗਗਨਦੀਪ, ਵੈਟਰਨਰੀ ਅਫ਼ਸਰ ਡਾ. ਗੁਰਪ੍ਰੀਤ ਸਿੰਘ, ਡਾ. ਜਤਿੰਦਰ ਸਿੰਘ, ਡਾ. ਹਰਲੀਨ ਕੌਰ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ, ਜਗਮੋਹਨ ਸਿੰਘ, ਵਿਸ਼ਾਲ ਕੁਮਾਰ, ਇੰਦਰਪਾਲ ਸਿੰਘ, ਜਤਿੰਦਰ ਸਿੰਘ, ਸੰਦੀਪ ਕੁਮਾਰ, ਗੁਰਮੁਖ ਸਿੰਘ, ਕੁਲਦੀਪ ਸਿੰਘ, ਵਿੱਕੀ ਹਾਜ਼ਰ ਰਹੇ।

ਜ਼ਿਕਰਯੋਗ ਹੈ ਕਿ ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਬੀਤੇ ਦਿਨ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਬਾਦਲ ਵਿਖੇ ਸਰਕਾਰੀ ਵੈਟਰਨਰੀ ਪੌਲੀਕਲੀਨਿਕ ਵਿਖੇ ਅਤਿ-ਆਧੁਨਿਕ ਇਨ-ਪੇਸ਼ੈਂਟ ਡਿਪਾਰਟਮੈਂਟ (ਆਈਪੀਡੀ) ਵਾਰਡ ਦਾ ਉਦਘਾਟਨ ਕਰਨ ਦੇ ਨਾਲ ਹੀ ਸੂਬੇ ਭਰ ਦੇ ਛੇ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਪਸ਼ੂਆਂ ਲਈ ਇਨ-ਪੇਸ਼ੈਂਟ ਡਿਪਾਰਟਮੈਂਟ (ਆਈਪੀਡੀ) ਸੇਵਾਵਾਂ ਸ਼ੁਰੂ ਕੀਤੀ ਗਈਆਂ ਹਨ।

## ਕੇਂਦਰ ਸਰਕਾਰ ਸਾਰੀਆਂ ਫ਼ਸਲਾਂ 'ਤੇ ਦੇਵੇ ਐਮ.ਐਸ.ਪੀ., ਪੰਜਾਬ ਦੇ ਕਿਸਾਨ ਭਰ ਦੇਣਗੇ ਅੰਨ ਭੰਡਾਰ: ਡਾ. ਬਲਬੀਰ ਸਿੰਘ

**ਪਟਿਆਲਾ, ਨਾਭਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਮੈਡੀਕਲ ਸਿੱਖਿਆ ਤੇ ਖੋਜ ਅਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਮੰਡੀਆਂ 'ਚ ਕਣਕ ਦੀ ਖਰੀਦ ਦਾ ਜਾਇਜ਼ਾ ਲੈਣ ਲਈ ਮੰਡੀਆਂ ਦਾ ਦੌਰਾ ਕੀਤਾ। ਉਨ੍ਹਾਂ ਇਸ ਮੌਕੇ ਮੰਗ ਕੀਤੀ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਸਾਰੀਆਂ ਫ਼ਸਲਾਂ 'ਤੇ ਐਮ.ਐਸ.ਪੀ. ਦੇਵੇ ਅਤੇ ਨਾਲ ਹੀ ਪੰਜਾਬ ਦਾ ਪਿਛਲੇ ਤਿੰਨ ਸਾਲਾਂ ਤੋਂ ਰੋਕਿਆ ਹੋਇਆ ਦਿਹਾਤੀ ਵਿਕਾਸ ਫ਼ੰਡ ਵੀ ਜਾਰੀ ਕਰੇ ਤਾਂ ਕਿ ਸੂਬੇ 'ਚ ਮੰਡੀਕਰਨ ਢਾਂਚਾ ਮਜ਼ਬੂਤ ਕਰਕੇ ਪਿੰਡਾਂ 'ਚ ਸੜਕਾਂ ਦਾ ਵਿਕਾਸ ਕਰਵਾਇਆ ਜਾ ਸਕੇ।

ਸਿਹਤ ਮੰਤਰੀ ਨੇ ਇਸ ਦੌਰਾਨ ਮੰਡੌੜ, ਧੰਗੇੜਾ, ਬਖ਼ਸ਼ੀਵਾਲਾ, ਲੰਗ ਤੇ ਪਟਿਆਲਾ ਦੀਆਂ ਅਨਾਜ ਮੰਡੀਆਂ ਵਿਖੇ ਕਿਸਾਨਾਂ, ਆੜ੍ਹਤੀਆਂ ਤੇ ਲੇਬਰ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਇਸ ਗੱਲੋਂ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਕਿ ਇਸ ਵਾਰ ਕਣਕ ਦੀ ਸੋਨੇ ਵਰਗੀ ਬੰਪਰ ਫ਼ਸਲ ਹੋਈ ਹੈ, ਇਸ ਨਾਲ ਕਿਸਾਨ ਵੀ ਖੁਸ਼ ਹਨ ਤੇ ਆੜ੍ਹਤੀਆ ਤੇ ਮਜ਼ਦੂਰ ਵੀ ਖੁਸ਼ ਹੈ।

ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ, ਮਾਰਕੀਟ ਕਮੇਟੀ ਨਾਭਾ ਦੇ ਚੇਅਰਮੈਨ ਗੁਰਦੀਪ ਸਿੰਘ ਟਿਵਾਣਾ, ਮਾਰਕੀਟ ਕਮੇਟੀ ਭਾਦਸੋਂ ਦੇ ਚੇਅਰਮੈਨ ਗੁਰਦੀਪ ਸਿੰਘ ਦੀਪਾ ਰਾਮਗੜ੍ਹ ਸਮੇਤ ਖੁਰਾਕ ਤੇ ਸਿਵਲ ਸਪਲਾਈਜ਼, ਮੰਡੀ ਬੋਰਡ ਤੇ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਅਧਿਕਾਰੀ ਵੀ ਮੌਜੂਦ ਸਨ।


ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਕਿਸਾਨਾਂ ਦੀ ਸੋਨੇ ਵਰਗੀ ਕਣਕ ਦੀ ਫ਼ਸਲ ਦੀ ਖਰੀਦ ਲਈ ਸਾਰੀਆਂ ਮੰਡੀਆਂ ਵਿੱਚ ਪੁਖ਼ਤਾ ਇੰਤਜਾਮ ਕੀਤੇ ਸਨ, ਇਸ ਲਈ ਸਰਕਾਰ ਕਣਕ ਦਾ ਇੱਕ-ਇੱਕ ਦਾਣਾ ਸੁਚੱਜੇ ਢੰਗ ਨਾਲ ਖਰੀਦ ਰਹੀ ਹੈ। ਉਨ੍ਹਾਂ ਨੇ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਲਿਫ਼ਟਿੰਗ ਤੇਜ ਕਰਵਾਈ ਜਾਵੇ।

ਡਾ. ਬਲਬੀਰ ਸਿੰਘ ਨੇ ਸਮੂਹ ਕਿਸਾਨਾਂ, ਆੜ੍ਹਤੀਆਂ ਤੇ ਲੇਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ 2021 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਮੌਕੇ ਕਿਸਾਨਾਂ ਨਾਲ ਕੀਤੇ ਵਾਅਦੇ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪੂਰਾ ਕਰਨ।

ਇਸ ਮੌਕੇ ਮੀਡੀਆ ਨਾਲ ਗ਼ੈਰਰਸਮੀ ਗੱਲਬਾਤ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਆਪਣੇ ਵਾਅਦੇ ਮੁਤਾਬਕ ਦੇਸ਼ ਦੇ 80 ਕਰੋੜ ਲੋਕਾਂ ਨੂੰ ਵੰਡੇ ਜਾਣ ਵਾਲੇ ਪੰਜਾਬ ਦੇ ਕਿਸਾਨਾਂ ਵੱਲੋਂ ਦਿੱਤੇ ਜਾਂਦੇ ਅਨਾਜ ਸਮੇਤ ਦਾਲਾਂ, ਛੋਲੇ, ਤੇਲ ਬੀਜਾਂ 'ਤੇ ਐਮ.ਐਸ.ਪੀ. ਦੇਣ, ਤਾਂ ਪੰਜਾਬ ਦਾ ਕਿਸਾਨ ਕਣਕ-ਝੋਨੇ ਦੀ ਤਰ੍ਹਾਂ ਬਾਕੀ ਫ਼ਸਲਾਂ ਨਾਲ ਵੀ ਅੰਨ ਭੰਡਾਰ ਭਰ ਦੇਵੇਗਾ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਜਿਵੇਂ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਿਸਾਨਾਂ ਦੀ ਭਲਾਈ ਲਈ ਤਨਦੇਹੀ ਨਾਲ ਲੱਗੀ ਹੋਈ ਹੈ ਉਸੇ ਤਰ੍ਹਾਂ ਕਿਸਾਨ ਵੀ ਦੇਸ਼ ਦਾ ਅੰਨ ਭੰਡਾਰ ਭਰਨ ਲੱਗੇ ਹੋਏ ਹਨ, ਇਸ ਲਈ ਕਿਸਾਨਾਂ ਨੂੰ ਕੇਂਦਰ ਦੀ ਮਦਦ ਦੀ ਵੀ ਲੋੜ ਹੈ।

## ਪ੍ਰਧਾਨ ਮੰਤਰੀ ਜੈਨ ਭਾਈਚਾਰੇ ਵਿਰੁੱਧ ਬਿਆਨ ਦੇਣ ਵਾਲੇ ਭਾਜਪਾ ਆਗੂਆਂ ਨੂੰ ਆਪਣੀ ਪਾਰਟੀ :'ਚੋਂ ਬਰਖਾਸਤ ਕਰਕੇ ਦੇਸ਼ ਧ੍ਰੋਹ ਦਾ ਮੁਕੱਦਮਾ ਦਰਜ਼ ਕਰਵਾਉਣ : ਸੀਟੂ



**ਮਾਛੀਵਾੜਾ ਸਾਹਿਬ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜੈਨ ਭਾਈਚਾਰੇ ਉਤੇ ਭਾਜਪਾ ਆਗੂਆ ਵੱਲੋਂ ਦਿੱਤੇ ਗਏ ਅਪਮਾਨਜਨਕ ਬਿਆਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਹੈ।ਅਤੇ ਦੇਸ਼ ਦੇ ਪ੍ਰਧਾਨ ਮੰਤ੍ਰੀ ਤੋਂ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਮਹਾਂਵੀਰ ਜੈਨ ਜੀ ਵੱਲੋ ਦਿੱਤੇ ਗਏ ਉਪਦੇਸ਼ਾ ਨੇ ਪੂਰੇ ਦੇਸ਼ ਅਤੇ ਦੁਨੀਆ ਨੂੰ ਸ਼ਾਂਤੀ ਅਤੇ ਅਹਿੰਸ਼ਾ ਦੇ ਬਹੁਤ-ਬਹੁਤ ਵਡਮੁੱਲੇ ਸ਼ੰਦੇਸ਼ ਦਿੱਤੇ ਗਏ ਹਨ ਜਿਹਨਾ ਨੂੰ ਮਹਾਤਮਾ ਗਾਂਧੀ ਜੀ ਨੇ ਅਜ਼ਾਦੀ ਸੰਗਰਾਮ ਦੌਰਾਨ ਅਪਣੀ ਢਾਲ ਬਣਾਕੇ ਉਸ ਵੇਲੇ ਦੀ ਦੁਨੀਆਂ ਦੀ ਸਭ ਤੋਂ ਵੱਡੀ ਸਾਮਰਾਜੀ ਸ਼ਕਤੀ ਨੂੰ ਝੁੱਕਣ ਲਈ ਮਜਬੂਰ ਕਰ ਦਿੱਤਾ ਸੀ। ਸੰਸਾਰ ਦੀ ਅਜੋਕੀਆ ਹਾਲਤਾ ਵਿੱਚ ਵੀ ਜੈਨ ਧਰਮ ਦੇ ਸਿਧਾਂਤ ਬਹੁਤ ਹੀ ਲਾਹੇਵੰਦ ਹੋ ਸਕਦੇ ਹਨ। ਜੈਨ ਧਰਮ ਨਾਲ ਸਬੰਧਤ ਧਾਰਮਿਕ ਸ਼ਕਤੀਆਂ ਵੱਲੋਂ ਦੇਸ਼ ਦੀ ਸ਼ਾਤੀ, ਭਾਈਚਾਰਕ ਸਾਂਝ ਅਤੇ ਵਿਕਾਸ ਲਈ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਵਿਲੱਖਣ ਦੇਣ ਨੂੰ ਭਾਰਤ ਦੀ ਵਿਸ਼ੇਸ਼ ਪਛਾਣ ਵਜੋਂ ਦੁਨੀਆਂ ਵਿੱਚ ਪ੍ਰਚਾਰਨ ਦੀ ਲੋੜ ਤੋਂ ਉਲਟ ਭਾਜਪਾ ਦੇ ਕੁਝ ਗੈਰ ਜਿੰਮੇਵਾਰ ਅਤੇ ਬੜਬੋਲੇ ਆਗੂਆ ਸ਼ੈਲਿੰਦਰ ਸਿੰਘ ਰਾਜਪੂਤ ਅਤੇ ਜਾਗ੍ਰਿਤੀ ਸ਼ੁਕਲਾ ਦੇ ਘਾਤਕ ਬਿਆਨਾ ਵਿਰੁੱਧ ਦੇਸ਼ ਦੇ ਪ੍ਰਧਾਨ ਮੰਤ੍ਰੀ ਨੂੰ ਉਹਨਾ ਨੂੰ ਉਨਾਂ ਦੀ ਪਾਰਟੀ ਤੋਂ ਬਾਹਰ ਕੱਢ ਕੇ ਉਹਨਾ ਨੂੰ ਮਿਸਾਲੀ ਸਜ਼ਾ ਜਾ ਦੇਣੀ ਦੀ ਸੀਟੂ ਵਲੋਂ ਮੰਗ ਕੀਤੀ ਜਾਂਦੀ ਹੈ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੁਲ ਹਿੰਦ ਸੀਟੂ ਦੇ ਸਕੱਤਰ ਭੈਣ ਊਸ਼ਾ ਰਾਣੀ, ਸੀਟੂ ਪੰਜਾਬ ਦੇ ਸੂਬਾਈ ਪ੍ਰਧਾਨ ਸਾਥੀ ਮਹਾਂ ਸਿੰਘ ਰੌੜੀ, ਜਨਰਲ ਸਕੱਤਰ ਸਾਥੀ ਚੰਦਰ ਸ਼ੇਖਰ ਵਿੱਤ ਸਕੱਤਰ ਸੁੱਚਾ ਸਿੰਘ ਅਜਨਾਲਾ ਸੀਟੂ ਆਗੂਆਂ ਸਾਥੀ ਅਮਰਨਾਥ ਕੂੰਮਕਲਾਂ ਦਲਜੀਤ ਕੁਮਾਰ ਗੋਰਾ ਨੇ ਕੀਤਾ।

## ਸੁਖਵਿੰਦਰ ਗਿੱਲ ਨੇ ਮਾਰਕੀਟ ਕਮੇਟੀ ਚੇਅਰਮੈਨ ਦਾ ਅਹੁਦਾ ਸੰਭਾਲਿਆ, ਕੈਬਨਿਟ ਮੰਤਰੀ ਸੌਂਦ ਨੇ ਕੀਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ

**ਮਾਛੀਵਾੜਾ ਸਾਹਿਬ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਮਾਰਕੀਟ ਕਮੇਟੀ ਮਾਛੀਵਾੜਾ ਦੇ ਚੇਅਰਮੈਨ ਦਾ ਅਹੁਦਾ ਆਪ ਆਗੂ ਸੁਖਵਿੰਦਰ ਸਿੰਘ ਗਿੱਲ ਨੇ ਪਾਰਟੀ ਆਗੂਆਂ ਅਤੇ ਵਰਕਰਾਂ ਦੀ ਮੌਜੂਦਗੀ ਵਿੱਚ ਸੰਭਾਲਿਆ।ਪੰਜਾਬ ਸਰਕਾਰ ਦੇ ਪੰਚਾਇਤੀ ਤੇ ਸੈਰ ਸਪਾਟਾ ਵਿਭਾਗ ਦੇ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਦੀ ਅਗਵਾਈ ਹੇਠ ਸੁਖਵਿੰਦਰ ਸਿੰਘ ਗਿੱਲ ਨੇ ਮਾਛੀਵਾੜ ?ਾ ਮਾਰਕੀਟ ਕਮੇਟੀ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ ਅਤੇ ਉਨ੍ਹਾਂ ਨਾਲ ਵਿਸ਼ੇਸ਼ ਤੌਰ 'ਤੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਤੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ ਵੀ ਮੌਜੂਦ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਤਰੀ ਸੌਂਦ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਅੱਜ ਆਮ ਘਰਾਂ ਦੇ ਨੌਜਵਾਨਾਂ ਨੂੰ ਸਿਆਸਤ ਵਿਚ ਆਉਣ ਦਾ ਮੌਕਾ ਦਿੱਤਾ ਹੈ ਅਤੇ ਸੁਖਵਿੰਦਰ ਸਿੰਘ ਗਿੱਲ ਵਰਗੇ ਇੱਕ ਮਿਹਨਤੀ ਵਰਕਰ, ਜਿਸ ਨੇ ਪਾਰਟੀ ਲਈ ਤਨਦੇਹੀ ਨਾਲ ਕੰਮ ਕੀਤਾ ਉਸ ਨੂੰ ਇਹ ਅਹੁਦਾ ਦੇ ਕੇ ਨਿਵਾਜ਼ਿਆ। ਮੰਤਰੀ ਸੌਂਦ ਨੇ ਕਿਹਾ ਕਿ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਮਾਛੀਵਾੜ ?ਾ ਸਾਹਿਬ ਦੇ ਵਿਕਾਸ ਲਈ ਜਿਹੜੀਆਂ ਵੀ ਮੰਗਾਂ ਸਰਕਾਰ ਅੱਗੇ ਰੱਖਣਗੇ ਉਹ ਪਹਿਲ ਦੇ ਅਧਾਰ ਤੇ ਪੂਰੀਆਂ ਕੀਤੀਆਂ ਜਾਣਗੀਆਂ, ਜਿਸ ਵਿਚ ਯਾਦਗਾਰੀ ਵਿਸ਼ਾਲ ਗੇਟ ਸਮੇਤ ਹੋਰ ਜੋ ਵੀ ਮੰਗਾਂ ਹਨ ਉਹ ਧਿਆਨ ਵਿਚ ਲਿਆਂਦੀਆਂ ਹਨ, ਉਨ੍ਹਾਂ ਨੂੰ ਵੀ ਜਲਦ ਪੂਰਾ ਕਰ ਦਿੱਤਾ ਜਾਵੇਗਾ।

ਇਸ ਮੌਕੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਸੁਖਵਿੰਦਰ ਸਿੰਘ ਗਿੱਲ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਥਾਪਨਾ ਹੋਈ ਹੈ ਉਦੋਂ ਤੋਂ ਸਿਰਤੋੜ ? ਮਿਹਨਤ ਕਰ ਰਹੇ ਹਨ ਅਤੇ ਅਜਿਹੇ ਜੁਝਾਰੂ ਤੇ ਵਫ਼ਾਦਾਰ ਸਿਪਾਹੀ,ਵਰਕਰਾਂ ਸਦਕਾ 'ਆਪ' ਸਰਕਾਰ ਸੱਤਾ ਵਿਚ ਆਈ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ, ਕੌਂਸਲਰ ਅਸ਼ੋਕ ਸੂਦ, ਕੌਂਸਲਰ ਜਗਮੀਤ ਸਿੰਘ ਮੱਕੜ ?, ਕੌਂਸਲਰ ਨਗਿੰਦਰਪਾਲ ਮੱਕੜ ?, ਅਮਨਦੀਪ ਸਿੰਘ ਤਨੇਜਾ, ਕੌਂਸਲਰ ਨੀਰਜ ਕੁਮਾਰ, ਕੌਂਸਲਰ ਹਰਵਿੰਦਰ ਕੌਰ , ਸਾਬਕਾ ਆੜ੍ਹਤੀ ਐਸੋਸੀਏਸ਼ਨ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਸੁਸ਼ੀਲ ਲੂਥਰਾ, ਗੁਰਨਾਮ ਸਿੰਘ ਨਾਗਰਾ, ਅਰਵਿੰਦਰਪਾਲ ਸਿੰਘ ਵਿੱਕੀ, ਸ਼ਸ਼ੀ ਭਾਟੀਆ, ਬਲਵਿੰਦਰ ਮਾਨ, , ਮੇਜਰ ਸਿੰਘ ਰਹੀਮਾਬਾਦ, ਜਤਿਨ ਚੌਰਾਇਆ ਆਦਿ ਹਾਜ਼ਰ ਸਨ।

## ਅੰਮ੍ਰਿਤਪਾਲ ਸਿੰਘ ਨੂੰ ਇੱਕ ਸਾਲ ਹੋਰ ਰਹਿਣਾ ਪਵੇਗਾ ਡਿਬਰੂਗੜ੍ਹ ਜੇਲ੍ਹ, ਪੰਜਾਬ ਸਰਕਾਰ ਨੇ NSA ਤਹਿਤ ਹਿਰਾਸਤ ਵਧਾਈ

**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਗਰਮ ਖ਼ਿਆਲੀ ਕਾਰਕੁਨ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਕੌਮੀ ਸੁਰੱਖਿਆ ਐਕਟ (NSA) ਅਧੀਨ ਹਿਰਾਸਤ ਵਿੱਚ ਇੱਕ ਸਾਲ ਦਾ ਵਾਧਾ ਕਰ ਦਿੱਤਾ ਹੈ। ਇਹ ਘਟਨਾਕ੍ਰਮ ਹੈਰਾਨੀਜਨਕ ਹੈ ਕਿਉਂਕਿ ਸਰਕਾਰ ਨੇ ਪਿਛਲੇ ਦਿਨੀਂ ਉਨ੍ਹਾਂ ਦੇ ਨੌਂ ਹੋਰ ਸਹਿ-ਮੁਲਜ਼ਮ ਸਾਥੀਆਂ ਦੀ ਹਿਰਾਸਤ ਨੂੰ ਵਾਧਾ ਨਹੀਂ ਕੀਤਾ ਅਤੇ ਉਨ੍ਹਾਂ ਨੂੰ ਪੰਜਾਬ ਦੀਆਂ ਜੇਲ੍ਹਾਂ ਵਿਚ ਤਬਦੀਲ ਕਰ ਦਿੱਤਾ ਗਿਆ ਹੈ। ਸੀਨੀਅਰ ਪੁਲੀਸ ਅਧਿਕਾਰੀਆਂ ਨੇ ਕਿਹਾ ਕਿ ਅੰਮ੍ਰਿਤਪਾਲ ਦਾ ਮਾਮਲਾ ਇੱਕ ਅਪਵਾਦ ਸੀ ਕਿਉਂਕਿ ਕੁਝ ਵਾਧੂ ਸਬੂਤਾਂ ਕਾਰਨ ਕਿ ਉਹ ਰਾਜ ਦੀ ਕਾਨੂੰਨ ਵਿਵਸਥਾ ਲਈ ਖ਼ਤਰਾ ਬਣਿਆ ਹੋਇਆ ਹੈ।

ਹਿਰਾਸਤ ਵਿੱਚ ਇੱਕ ਸਾਲ ਦਾ ਵਾਧਾ ਰਾਜ ਦੇ ਗ੍ਰਹਿ ਵਿਭਾਗ ਨੇ ਅੰਮ੍ਰਿਤਸਰ ਜ਼ਿਲ੍ਹਾ ਮੈਜਿਸਟ੍ਰੇਟ ਦੀ ਸਿਫ਼ਾਰਸ਼ ਤਹਿਤ ਕੀਤਾ ਹੈ।

## ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਕੈਂਪ 21 ਅਪ੍ਰੈਲ ਨੂੰ

**ਪਟਿਆਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਮਿਤੀ 21 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਐਚ.ਡੀ.ਐਫ਼.ਸੀ. ਲਾਈਫ਼ ਵੱਲੋਂ ਫਾਇਨਾਂਸ਼ੀਅਲ ਕੰਸਲਟੈਂਟ ਦੀ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਮੇਜਰ ਹਰਪ੍ਰੀਤ ਸਿੰਘ, ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਬਿਊਰੋ ਨੇ ਦੱਸਿਆ ਕਿ ਐਚ.ਡੀ.ਐਫ਼.ਸੀ. ਲਾਈਫ਼ ਵੱਲੋਂ ਫਾਇਨਾਂਸ਼ੀਅਲ ਕੰਸਲਟੈਂਟ ਦੀ ਅਸਾਮੀਆਂ ਲਈ ਉਮੀਦਵਾਰਾਂ ਦੀ ਮੰਗ ਕੀਤੀ ਗਈ ਹੈ, ਜਿਨ੍ਹਾਂ ਉਮੀਦਵਾਰਾਂ ਕੋਲ ਦਸਵੀਂ/ਬਾਰ੍ਹਵੀਂ/ਗ੍ਰੈਜੂਏਸ਼ਨ ਦੀ ਯੋਗਤਾ ਹੋਵੇ ਉਹ ਇਸ ਅਸਾਮੀ ਲਈ ਇੰਟਰਵਿਊ ਦੇ ਸਕਦੇ ਹਨ। ਜਿਨ੍ਹਾਂ ਉਮੀਦਵਾਰਾਂ ਦੀ ਉਮਰ 18-45 ਸਾਲ ਹੋਵੇ ਅਤੇ ਮਰਦ/ਔਰਤਾਂ ਦੋਵੇਂ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈ ਸਕਦੇ ਹਨ।

ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਸਰਟੀਫਿਕੇਟ, ਉਨ੍ਹਾਂ ਦੀਆਂ ਫੋਟੋਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ ਮਿਤੀ 21-04-2025 ਦਿਨ ਸੋਮਵਾਰ, ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ ਡੀ, ਮਿਨੀ ਸਕੱਤਰੇਤ, ਨੇੜੇ ਸੇਵਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿੱਚ ਹਿੱਸਾ ਲੈਣ। ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਹੈਲਪ ਲਾਈਨ ਨੰਬਰ 98776-10877 ਤੇ ਸੰਪਰਕ ਕਰ ਸਕਦੇ ਹਨ।

## ਸਰਕਾਰੀ ਆਈਟੀਆਈ ਵਿੱਚ ਅਪ੍ਰੈਂਟਿਸ਼ਿਪ ਮੇਲਾ ਲਾਇਆ

**ਬਰਨਾਲਾ, 21 ਅਪ੍ਰੈਲ**
**-ਰਾਕੇਸ਼ ਗੋਇਲ-**



ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਬਰਨਾਲਾ ਵਿਖੇ ਪ੍ਰਧਾਨ ਮੰਤਰੀ ਨੈਸ਼ਨਲ ਅਪ੍ਰੈਂਟਿਸ਼ਿਪ ਮੇਲਾ ਲਗਾਇਆ ਗਿਆ।

ਇਹ ਮੇਲਾ ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ ਚੰਡੀਗੜ੍ਹ ਦੇ ਦਿਸਾ ਨਿਰਦੇਸ਼ ਹੇਠ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਬਰਨਾਲਾ ਵਿਖੇ ਲਾਇਆ ਗਿਆ ਜਿਸ ਵਿੱਚ ਕੇ 209 ਦੇ ਕਰੀਬ ਸਿਖਿਆਰਥੀਆਂ ਨੇ ਭਾਗ ਲਿਆ।

ਇਹ ਮੇਲਾ ਸੰਸਥਾ ਦੇ ਪ੍ਰਿੰਸੀਪਲ ਸ੍ਰੀ ਹਰਪਾਲ ਸਿੰਘ ਜੀ ਦੀ ਅਗਵਾਈ ਹੇਠ ਕਰਵਾਇਆ ਗਿਆ ਜਿਸ ਵਿਚ ਇਲਾਕੇ ਦੇ ਨਾਮੀ ਇੰਡਸਟ੍ਰੀਆਂ ਟ੍ਰਾਈਡੈਂਟ ਹੋਮ ਟੈਕਸਟਾਈਲ ਬਰਨਾਲਾ, ਲੋਟਸ ਹੋਮ ਟੈਕਸਟਾਈਲ ਬਰਨਾਲਾ, ਟ੍ਰਾਈਡੈਂਟ ਯਾਰਨ ਸੰਘੇੜਾ ਬਰਨਾਲਾ, ਪੀ ਆਰ ਟੀ ਸੀ ਬਰਨਾਲਾ, ਸਟੈਂਡਰਡ ਕਾਰਪੋਰੇਸ਼ਨ ਲਿਮਟਿਡ ਹੰਡਿਆਇਆ ਬਰਨਾਲਾ, ਸੈਫਰਨ ਸਨ ਸਿਕਿਓਰਿਟੀ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਬਰਨਾਲਾ ਆਦਿ ਕੰਪਨੀਆਂ ਦੇ ਨਾਲ ਨਾਲ ਸਰਕਾਰੀ ਆਈ ਟੀ ਆਈ ਲੜਕੀਆਂ, ਪੰਜਾਬ ਆਈ ਟੀ ਸੀ ਬਰਨਾਲਾ, ਸਤਿਅਮ ਆਈ ਟੀ ਸੀ ਭਦੌੜ ਨੇ ਆਪਣੇ ਸਿਖਿਆਰਥੀਆਂ ਸਮੇਤ ਸ਼ਿਰਕਤ ਕੀਤੀ। ਇਸ ਮੇਲੇ ਵਿੱਚ ਸਿਖਿਆਰਥੀਆਂ ਨੂੰ ਅਪ੍ਰੈਂਟਿਸ਼ਿਪ ਬਾਰੇ ਅਤੇ ਨੈਸ਼ਨਲ ਅਪ੍ਰੈਂਟਿਸ਼ਿਪ ਪੋਰਟਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੰਸਥਾ ਦੇ ਸਟਾਫ ਮੈਂਬਰ ਸ੍ਰੀ ਅਜਾਦਵਿੰਦਰ ਸਿੰਘ, ਸ੍ਰੀ ਵਰਿੰਦਰ ਸਿੰਘ- ਅਪ੍ਰੈਂਟਿਸ਼ਿਪ ਇੰਚਰਾਜ , ਸ੍ਰੀ ਜਤਿੰਦਰ ਕੁਮਾਰ, ਸ੍ਰੀ ਪਵਨ ਕੁਮਾਰ, ਸ੍ਰੀ ਗੁਰਪ੍ਰੀਤ ਸਿੰਘ, ਸ੍ਰੀ ਨਵਨੀਤ ਸਿੰਘ, ਸ੍ਰੀ ਗੁਰਵਿੰਦਰ ਸਿੰਘ, ਸ੍ਰੀ ਝਕਿੰਦਰ ਪਾਲ, ਸ੍ਰੀ ਦਿਨੇਸ਼ ਕੁਮਾਰ, ਸ੍ਰੀ ਲਖਵੀਰ ਸਿੰਘ ਅਤੇ ਸੰਸਥਾ ਦਾ ਸਮੂਹ ਸਟਾਫ ਮੌਜੂਦ ਸਨ।

## ਹਰ ਵਿਅਕਤੀ ਪੰਜਾਬ ਸਰਕਾਰ ਦੀ ਮੁਹਿੰਮ ਵਿੱਚ ਸਾਥ ਦੇਵੇ: ਐਸਡੀਐਮ ਰਿਸ਼ਭ ਬਾਂਸਲ



**ਬਰਨਾਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਸਬ ਡਵੀਜ਼ਨ ਤਪਾ ਅਧੀਨ ਪੈਂਦੇ ਸਕੂਲ ਆਫ ਐਮੀਨੈਂਸ ਭਦੌੜ ਵਿਖੇ ਜਾਗਰੂਕਤਾ ਸਮਾਗਮ ਕਰਵਾਇਆ ਗਿਆ ਜਿਸ ਵਿਚ ਉਪ ਮੰਡਲ ਮੈਜਿਸਟ੍ਰੇਟ ਰਿਸ਼ਭ ਬਾਂਸਲ ਮੁੱਖ ਮਹਿਮਾਨ ਵਜੋਂ ਪੁੱਜੇ।

ਇਸ ਮੌਕੇ ਨਸ਼ਿਆਂ ਵਿਰੁੱਧ ਸਹੁੰ ਚੁੱਕੀ ਗਈ। ਇਸ ਤੋਂ ਇਲਾਵਾ ਨਸ਼ਿਆਂ ਵਿਰੁੱਧ ਰੈਲੀ, ਪੇਂਟਿੰਗ/ਪੋਸਟਰ, ਸਲੋਗਨ ਮੁਕਾਬਲੇ ਕਰਵਾਏ ਗਏ। ਇਸ ਮੌਕੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਨਾਟਕ ਵੀ ਖੇਡਿਆ ਗਿਆ।

ਐੱਸ ਡੀ ਐਮ ਰਿਸ਼ਭ ਬਾਂਸਲ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਫ਼ਲ ਬਣਾਉਣ ਅਤੇ ਨਸੇ ਨੂੰ ਜੜ੍ਹੋਂ ਖ਼ਤਮ ਕਰਨ ਲਈ ਅਧਿਆਪਕਾਂ/ਵਿਦਿਆਰਥੀਆਂ ਅਤੇ ਮਾਪਿਆਂ ਨੂੰ ਪ੍ਰੇਰਿਤ ਕੀਤਾ।

ਇਸ ਤੋਂ ਇਲਾਵਾ ਮੁਕਾਬਲਿਆਂ ਵਿੱਚ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ, ਅਧਿਆਪਕ, ਸਟਾਫ਼, ਮਾਪੇ ਅਤੇ ਪਤਵੰਤੇ ਹਾਜ਼ਰ ਸਨ।

## ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਵਿਧਾਇਕ ਦੇਵ ਮਾਨ ਨੇ ਪਿੰਡ ਥੂਹੀ ਦੇ ਸਕੂਲ ਵਿੱਚ ਕੀਤਾ ਉਦਘਾਟਨ



**ਨਾਭਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਹਾਈ ਸਕੂਲ ਥੂਹੀ ਵਿਖੇ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ ਤਹਿਤ ਉਦਘਾਟਨੀ ਸਮਰੋਹ ਕਰਵਾਇਆ ਗਿਆ ਜਿਸ ਵਿੱਚ ਗੁਰਦੇਵ ਸਿੰਘ ਮਾਨ ਐਮ ਐਲ ਏ ਨਾਭਾ ਨੇ ਨੇ ਬਤੌਰ ਮੁੱਖ ਮਹਿਮਾਨ ਸਿਰਕਤ ਕੀਤੀ ਵਿਧਾਇਕ ਦੇਵ ਮਾਨ ਵੱਲੋਂ ਸਕੂਲ ਵਿੱਚ ਬਣੀ ਨਵੀਂ ਚਾਰ ਦੀਵਾਰੀ 3 ਲੱਖ ਰੁਪਏ ਦੀ ਲਾਗਤ ਨਾਲ ਅਤੇ 7 ਲੱਖ 51ਹਜਾਰ ਰੁਪਏ ਦੀ ਲਾਗਤ ਨਾਲ ਆਰਟ ਰੂਮ ਦਾ ਉਦਘਾਟਨ ਕੀਤਾ ਗਿਆ ਅਤੇ ਸਕੂਲ ਦੇ ਵਿਕਾਸ ਕਾਰਜਾਂ ਦੀ ਸਲਾਘਾ ਕੀਤੀ ਗਈ।

ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕ ਮੈਡਮ ਪਰਮਜੀਤ ਕੌਰ, ਹਰਿੰਦਰ ਸਿੰਘ ਗਰੇਵਾਲ, ਐਸ ਐਮ ਸੀ ਚੇਅਰਮੈਨ ਬਲਸਿਮਰਤ ਕੌਰ, ਹਰਪ੍ਰੀਤ ਸਿੰਘ ਭੀਮ, ਹਰਪ੍ਰੀਤ ਸਿੰਘ ਘੁਮਾਣ, ਮਾਸਟਰ ਰਾਮ ਕ੍ਰਿਸ਼ਨ, ਅਖਤਰ ਸਲੀਮ ਬੀ ਪੀ ਈ ਉਸ, ਤੇਜਿੰਦਰ ਸਿੰਘ ਖਹਿਰਾ, ਮਨਪ੍ਰੀਤ ਸਿੰਘ ਧਾਰੋਕੀ, ਕਪਿਲ ਮਾਨ, ਨਵਜੋਤ ਸਿੰਘ ਪੂਨੀਆ, ਭੁਪਿੰਦਰ ਸਿੰਘ ਕੱਲਰ ਮਾਜਰੀ, ਅਵਤਾਰ ਸਿੰਘ, ਮਨਜੋਤ ਸਿੰਘ ਲੱਧਾਹੇੜੀ, ਹਰਸ਼ਦੀਪ ਸਿੰਘ, ਜੈਵੀਰ ਸਿੰਘ ਰਾਏ, ਜਤਿੰਦਰ ਸਿੰਘ ਦਾਖੀ, ਰਾਜੀਵ ਪਾਠਕ, ਰਕਿੰਦਰ ਸਿੰਘ , ਜਸਵੀਰ ਸਿੰਘ ਵਜੀਦਪੁਰ, ਸੁਖਦੇਵ ਸਿੰਘ ਸੁੱਖਾ, ਧਰਮਿੰਦਰ ਸਿੰਘ ਸੁੱਖੇਵਾਲ, ਹਰਜਿੰਦਰ ਸਿੰਘ ਪਟਵਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।


## ਥਾਣਾ ਕੋਤਵਾਲੀ, ਨਾਭਾ ਦੇ ਨਵੇਂ ਐਸ ਐਚ ਓ ਨੇ ਪ੍ਰਿੰਸ ਪ੍ਰੀਤ ਸਿੰਘ ਨੇ ਸੰਭਾਲਿਆ ਅਹੁਦਾ




**ਨਾਭਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਰਿਜਰਵ ਹਲਕੇ ਨਾਭਾ ਚ ਅਮਨ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਦੀ ਬਹਾਲੀ ਮੁੱਖ ਟੀਚਾ ਹੈ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਨਾਭਾ ਕੋਤਵਾਲੀ ਦੇ ਨਵੇਂ ਨਿਯੁਕਤ ਇੰਸਪੈਕਟਰ ਪ੍ਰਿੰਸ ਪ੍ਰੀਤ ਸਿੰਘ ਨੇ ਪੱਤਰਕਾਰ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ, ਨਸ਼ਾ ਸਮਗਲਰਾਂ ਅਤੇ ਗੈਂਗਸਟਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਨਵੇਂ ਨਿਯੁਕਤ ਐਸ,ਐਚ,ਓ ਪ੍ਰਿੰਸ ਪ੍ਰੀਤ ਸਿੰਘ ਨੇ ਕਿਹਾ ਕਿ ਸ਼ਹਿਰ ਵਿੱਚ ਨਸ਼ੀਲੀਆਂ ਦਵਾਈਆਂ ਜਾਂ ਸੰਥੈਟਿਕ ਨਸ਼ਾ ਵੇਚਣ ਦਾ ਧੰਦਾ ਕਰਨ ਵਾਲੇ ਦਵਾਈ ਵਿਕਰੇਤਾ ਨੂੰ ਸੁਚੇਤ ਕੀਤਾ ਜਾਂਦਾ ਹੈ।ਕਿ ਉਹ ਆਪਣਾ ਗੋਰਖ ਧੰਦਾ ਬੰਦ ਕਰ ਲੈਣ ਐਸ,ਐਚ,ਓ ਪ੍ਰਿੰਸ ਪ੍ਰੀਤ ਸਿੰਘ ਨੇ ਦੱਸਿਆ ਕਿ ਜਲਦ ਹੀ ਇਲਾਕਾ ਮੋਤਵਰਾਂ ਨਾਲ ਮੀਟਿੰਗ ਕਰਕੇ ਨਾਭਾ ਪੁਲਿਸ ਵੱਲੋਂ ਜਾਰੀ ਹੁਕਮਾਂ ਹਦਾਇਤਾਂ ਤੋਂ ਜਾਣੂ ਕਰਵਾਇਆ ਜਾਵੇਗਾ। ਇਸ ਤੋਂ ਪਹਿਲਾਂ ਇੰਸਪੈਕਟਰ ਪ੍ਰਿੰਸ ਪ੍ਰੀਤ ਸਿੰਘ ਰਾਜਪੁਰਾ, ਸਰਹੰਦ ਅਤੇ ਅਮਲੋਹ ਵਿੱਚ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ।

## ਇਕ ਮਈ ਤੋਂ ਮਿਡ ਡੇ ਮੀਲ ਵਰਕਰ ਜਾਣਗੇ ਹੜਤਾਲ 'ਤੇ



**ਮਾਛੀਵਾੜਾ ਸਾਹਿਬ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਸਟਰ ਸਤੀਸ਼ ਕੁਮਾਰ-ਮਿਡ-ਡੇ-ਮੀਲ ਕੁੱਕ ਅਤੇ ਦਰਜਾ ਚਾਰ ਸਫਾਈ ਸੇਵਕਾਂ ਅਤੇ ਚੌਂਕੀਦਾਰਾਂ ਦੀ ਇੱਕ ਸਾਂਝੀ ਮੀਟਿੰਗ ਮਾਛੀਵਾੜਾ ਸਾਹਿਬ ਦੇ ਦੁਸਹਿਰਾ ਗਰਾਉਂਡ ਨੇੜੇ ਰਾਮ ਬਾਗ ਵਿਖੇ ਕਮਲਜੀਤ ਕੌਰ ਮੋਦੇਕੇ ਸੈਕਟਰੀ ਪੰਜਾਬ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸੀਨੀਅਰ ਆਗੂਆਂ ਨੇ ਵੀ ਭਾਗ ਲਿਆ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਮਲਜੀਤ ਕੌਰ ਮੋਗਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਨੁਮਾਇਦਿਆਂ ਨਾਲ ਵਾਰ-ਵਾਰ ਟੇਬਲ ਟਾਕ ਮੀਟਿੰਗਾਂ ਕਰਨ ਦੇ ਬਾਵਜੂਦ ਉਨ੍ਹਾਂ ਵੱਲੋਂ ਢੇਰ-ਸਾਰੇ ਵਾਅਦੇ ਵੀ ਕੀਤੇ ਗਏ,ਪਰ ਸਾਡੀਆਂ ਮੰਗਾਂ ਨੂੰ ਅਜੇ ਤੱਕ ਪ੍ਰਵਾਨ ਨਹੀਂ ਕੀਤਾ ਗਿਆ। ਯੂਨੀਅਨ ਵੱਲੋਂ 7000/ ਤਨਖਾਹ ਦੀ ਮੰਗ ਕੀਤੀ ਗਈ ਹੈ। ਪੰਜਾਬ ਸਰਕਾਰ ਨੇ ਆਪਣਾ ਬਜਟ ਵੀ ਪਾਸ ਕਰ ਦਿੱਤਾ ਪਰ ਫਿਰ ਵੀ ਇਨ੍ਹਾਂ ਗਰੀਬ ਵਰਗ ਦੇ 44538 ਪੰਜਾਬ ਦੇ ਸਕੂਲਾਂ ਵਿਚ ਪਹਿਲੀ ਜਮਾਤ ਤੋਂ ਅੱਠਵੀਂ ਜਮਾਤ ਤੱਕ ਦੇ ਬੱਚਿਆਂ ਦਾ ਖਾਣਾ ਬਣਾਉਣ ਵਾਲੇ ਵਰਕਰਾਂ ਬਾਰੇ ਕੁਝ ਨਹੀਂ ਸੋਚਿਆ। ਉਹਨਾਂ ਨੇ ਕਿਹਾ ਕਿ ਜੇਕਰ 30 ਅਪ੍ਰੈਲ ਤੱਕ ਮਿਡ-ਡੇ-ਮੀਲ ਕੁੱਕ ਦੀਆਂ ਤਨਖਾਹਾਂ ਵਿੱਚ ਵਾਧਾ ਨਾ ਕੀਤਾ ਗਿਆ ਤਾਂ ਇੱਕ ਮਈ ਤੋਂ ਪੂਰੇ ਪੰਜਾਬ ਵਿੱਚ ਮਿਡ-ਡੇ-ਮੀਲ ਕੁੱਕ ਖਾਣਾ ਬਣਾਉਂਣ ਦਾ ਕੰਮ ਬੰਦ ਕਰ ਦੇਣਗੇ। ਇਸ ਫੈਸਲੇ ਸਬੰਧੀ ਪੰਜਾਬ ਦੇ ਮੰਤਰੀਆਂ ਨੂੰ ਅਤੇ ਮਹਿਕਮੇ ਦੇ ਉੱਚ ਅਧਿਕਾਰੀਆਂ ਨੂੰ ਪੂਰੇ ਪੰਜਾਬ ਦੇ ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ ਸਾਹਿਬ ਨੂੰ ਜਾਣਕਾਰੀ ਲਿਖਤੀ ਰੂਪ ਵਿੱਚ ਭੇਜ ਦਿੱਤੀ ਜਾਵੇਗੀ। ਇਸ ਅਣਗਹਿਲੀ ਦੀ ਜ਼ਿੰਮੇਵਾਰੀ ਖੁਦ ਪੰਜਾਬ ਸਰਕਾਰ ਦੀ ਹੋਵੇਗੀ। ਉਹਨਾਂ ਨੇ ਕਿਹਾ ਕਿ ਮਿਡ-ਡੇ-ਮੀਲ ਕੁੱਕ ਜੋ ਪਹਿਲੀ ਜਮਾਤ ਤੋਂ ਅੱਠਵੀਂ ਜਮਾਤ ਤੱਕ ਦੇ ਬੱਚਿਆਂ ਦਾ ਖਾਣਾ ਤਿਆਰ ਕਰਦੇ ਹਨ ਅਤੇ ਵਰਤਾਉਂਦੇ ਹਨ, ਉਨ੍ਹਾਂ ਨੂੰ ਸਾਰਾ ਦਿਨ ਕੰਮ ਕਰਵਾ ਤਿੰਨ ਹਜ਼ਾਰ ਰੁਪਏ ਦੇ ਲਗਭਗ . ਪ੍ਰਤੀ ਮਹੀਨਾ ਤਨਖਾਹ ਮਿਲਦੀ ਹੈ। ਉਨ੍ਹਾਂ ਕੁੱਕਾਂ ਦੀਆਂ ਅਤੇ ਦਰਜਾ ਚਾਰ ਨਵੇਂ ਰੱਖੇ ਗਏ ਸਫਾਈ ਸੇਵਕ ਚੌਂਕੀਦਾਰ ਦੀਆਂ ਤਨਖਾਹਾਂ ਸਿਰਫ ਨਾ ਮਾਤਰ ਹੀ ਹਨ, ਜੋ ਕਿ ਘਰ ਚਲਾਉਣ ਲਈ ਨਾ ਕਾਫੀ ਹਨ। ਵਾਰ ਵਾਰ ਮੰਗ ਪੱਤਰ ਦੇਣ ਤੇ ਵਿੱਤ ਮੰਤਰੀ ਪੰਜਾਬ ਵੱਲੋਂ ਮੰਗਾਂ ਨੂੰ ਲਾਗੂ ਕਰਨ ਦਾ ਵਿਸ਼ਵਾਸ ਵੀ ਦਿਵਾਇਆ ਗਿਆ ਪਰ ਅੱਜ ਤੱਕ ਕੋਈ ਵੀ ਮੰਗ ਲਾਗੂ ਨਹੀਂ ਕੀਤੀ।

ਉਹਨਾਂ ਨੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਹਰਿਆਣੇ ਪੈਟਰਨ ਤੇ ਮਿਡ ਡੇ ਮੀਲ ਵਰਕਰਾਂ ਦੀ ਤਨਖਾਹ ਵਿੱਚ ਵਾਧਾ ਕੀਤਾ ਜਾਵੇ। ਇਸ ਮੌਕੇ ਜਸਵੀਰ ਕੌਰ,ਸੰਦੀਪ ਕੌਰ,ਹਰਪਾਲ ਕੌਰ, ਸਿੰਦਰ ਕੌਰ, ਰਿੰਪੀ ਹਰਬੰਸ ਕੌਰ, ਕਰਮਜੀਤ ਕੌਰ ਗੜ੍ਹੀ ਬੇਟ, ਕਮਲਜੀਤ ਕੌਰ, ਹਰਪ੍ਰੀਤ ਕੌਰ, ਅਮਰਜੀਤ ਕੌਰ, ਰਜਨੀ ਬਾਲਾ,ਰੂਬੀ ਰਾਣੀ, ਮਹਿੰਦਰ ਕੌਰ,ਸੰਤੋਸ਼ ਕੌਰ, ਗੁਰਪ੍ਰੀਤ ਕੌਰ, ਸੁਖਵਿੰਦਰ ਕੌਰ ਗੜ੍ਹੀ ਬੇਟ, ਜਸਵੀਰ ਬੇਗਮ, ਬਲਜੀਤ ਕੌਰ,ਸੁਮਨ ਕੌਰ, ਸਰਵਣ ਕੌਰ, ਪਰਮਜੀਤ ਕੌਰ, ਸੁਰਿੰਦਰ ਕੌਰ,ਹਰਵਿੰਦਰ ਕੌਰ, ਰੈਨੂਕਾ, ਜੋਗੀਤਾ,ਕਾਨਤਾ ਆਦਿ ਮੌਜੂਦ ਸਨ।

## ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹੀ ਅਨੁਸੂਚਿਤ ਜਾਤੀਆਂ ਤੇ ਜਨ ਜਾਤੀਆਂ ਦੇ ਲੋਕਾਂ ਦੀ ਸੱਚੀ ਹਮਦਰਦ ਸਾਬਤ ਹੋਈ: ਬਾਜ਼ੀਗਰ

**ਪਾਤੜਾਂ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਹਲਕਾ ਸ਼ੁਤਰਾਣਾ ਦੇ ਵਿਧਾਇਕ ਸ. ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਦੇ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨ ਜਾਤੀਆਂ ਦੇ ਲੋਕਾਂ ਦੀ ਸੱਚੀ ਹਮਦਰਦ ਸਾਬਤ ਹੋਈ ਹੈ।

ਆਪਣੇ ਘਰ ਪ੍ਰੈਸ ਕਾਨਫਰੰਸ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ਹੀਦ-ਏ-ਆਜ਼ਮ ਭਗਤ ਸਿੰਘ ਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ 'ਤੇ ਪਹਿਰਾ ਦਿੱਤਾ ਹੈ। ਇਸੇ ਸਦਕਾ ਐਡਵੋਕੇਟ ਜਨਰਲ ਦੇ ਦਫ਼ਤਰ, ਸਰਕਾਰੀ ਵਕੀਲਾਂ, ਖਾਸ ਕਰਕੇ ਹਾਈ ਕੋਰਟ 'ਚ, ਅਨੁਸੂਚਿਤ ਜਾਤੀਆਂ ਤੇ ਜਨ ਜਾਤੀਆਂ ਦੇ ਵਕੀਲਾਂ ਨੂੰ ਰਾਖਵੇਂਕਰਨ ਦਾ ਲਾਭ ਦਿੱਤਾ ਗਿਆ ਹੈ। ਜਦੋਂਕਿ ਪਹਿਲਾਂ ਹਾਈ ਕੋਰਟਾਂ ਸਮੇਤ ਕਿਸੇ ਵੀ ਰਾਜ ਵਿੱਚ ਵਕੀਲਾਂ ਜਾਂ ਸਰਕਾਰੀ ਵਕੀਲਾਂ ਦੀ ਭਰਤੀ ਲਈ ਐਸਸੀ, ਐਸਟੀ ਲਈ ਕੋਈ ਰਾਖਵਾਂਕਰਨ ਨਹੀਂ ਸੀ।

ਵਿਧਾਇਕ ਬਾਜ਼ੀਗਰ ਨੇ ਕਿਹਾ ਕਿ 2017 'ਚ ਵੀ ਆਮ ਆਦਮੀ ਪਾਰਟੀ ਨੇ ਇਹ ਮੰਗ ਚੁੱਕੀ ਸੀ, ਪਰ ਉਸ ਸਮੇਂ ਕਾਂਗਰਸ ਸਰਕਾਰ ਨੇ ਸਾਡੀ ਮੰਗ ਵੱਲ ਕੋਈ ਧਿਆਨ ਨਾ ਦਿੱਤਾ ਪਰੰਤੂ 2022 'ਚ ਮਾਨ ਸਰਕਾਰ ਨੇ ਪੰਜਾਬ ਸਰਕਾਰ ਨੇ 2017 ਦੇ ਐਕਟ ਵਿੱਚ ਸੋਧ ਕਰਕੇ ਪਹਿਲੀ ਵਾਰ 58 ਅਸਾਮੀਆਂ ਵਿੱਚ ਰਾਖਵੇਂਕਰਨ ਦੀ ਵਿਵਸਥਾ ਲਿਆਂਦੀ। ਹੁਣ ਸੀਨੀਅਰ ਐਡਵੋਕੇਟ ਜਨਰਲ ਹੋਣ ਜਾਂ ਵਧੀਕ ਐਡਵੋਕੇਟ ਜਨਰਲ ਜਾਂ ਸੀਨੀਅਰ ਡਿਪਟੀ ਐਡਵੋਕੇਟ ਜਨਰਲ ਜਾਂ ਡਿਪਟੀ ਐਡਵੋਕੇਟ ਜਨਰਲ, ਸਹਾਇਕ ਐਡਵੋਕੇਟ ਜਨਰਲ ਜਾਂ ਐਡਵੋਕੇਟ ਆਨ ਰਿਕਾਰਡ ਦੀ ਭਰਤੀ ਵਿੱਚ ਅਨੁਸੂਚਿਤ ਜਾਤੀਆਂ ਤੇ ਜਨ ਜਾਤੀਆਂ ਦੇ ਵਕੀਲਾਂ ਨੂੰ ਰਾਖਵਾਂਕਰਨ ਮਿਲੇਗਾ।

ਕੁਲਵੰਤ ਸਿੰਘ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਨੇ ਦਲਿਤਾਂ ਦੇ ਪੜ੍ਹੇ-ਲਿਖੇ ਬੱਚਿਆਂ ਨੂੰ ਚੰਗੀਆਂ ਪੋਸਟਾਂ ਦੇਣ ਦੀ ਬਜਾਏ ਤੀਜੇ ਤੇ ਚੌਥੇ ਦਰਜੇ 'ਚ ਰਾਖਵਾਂਕਰਨ ਤਾਂ ਦਿੱਤਾ ਪਰ ਕਦੇ ਦੇਸ਼ ਦੀ ਨਿਆਂ ਪ੍ਰਣਾਲੀ ਵਿੱਚ ਰਾਖਵਾਂਕਰਨ ਦੇਣ ਦੀ ਪਰਵਾਹ ਨਹੀਂ ਕੀਤੀ ਪਰੰਤੂ ਹੁਣ ਐਸ. ਸੀ ਵਰਗ ਦੇ ਲੋਕ ਰਵਾਇਤੀ ਪਾਰਟੀਆਂ ਦੀਆਂ ਲੂੰਬੜ ਚਾਲਾਂ 'ਚ ਨਹੀਂ ਫਸਣਗੇ। ਉਨ੍ਹਾਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਸਰਕਾਰ ਨੇ ਪੰਜਾਬ ਦੇ ਦਲਿਤਾਂ ਤੇ ਪੰਜਾਬ ਦੇ ਅਨੁਸੂਚਿਤ ਜਨਜਾਤੀਆਂ ਦੇ ਹੱਕ 'ਚ ਵੱਡਾ ਤੇ ਇਤਿਹਾਸਕ ਫੈਸਲਾ ਕੀਤਾ ਹੈ। ਬਾਜ਼ੀਗਰ ਨੇ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਇਮਾਨਦਾਰ ਸੋਚ ਹੈ, ਜਿਸ ਲਈ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਇੱਕ ਵਾਰ ਫਿਰ ਪੰਜਾਬ ਦੇ ਦਲਿਤਾਂ ਅਤੇ ਉਨ੍ਹਾਂ ਦੇ ਬੱਚਿਆਂ ਪ੍ਰਤੀ ਆਪਣਾ ਦਰਦ ਦਰਸਾਇਆ ਹੈ। ਇਸ ਮੌਕੇ ਮਹਿੰਗਾ ਸਿੰਘ ਬਰਾੜ ਚੇਅਰਮੈਨ ਮਾਰਕੀਟ ਕਮੇਟੀ ਪਾਤੜਾਂ,ਮਦਨ ਲਾਲ ਗੋਇਲ ਸਿਟੀ ਪ੍ਰਧਾਨ, ਡਾਕਟਰ ਡੀਡੀ ਸਿੰਗਲਾ ਦਫ਼ਤਰ ਇੰਚਾਰਜ ਵਿਧਾਇਕ ਸ਼ੁਤਰਾਣਾ, ਪ੍ਰਧਾਨ ਪ੍ਰੀਤ ਗਿੱਲ,ਸਰਪੰਚ ਕਰਨੈਲ ਸਿੰਘ ਨਾਮਸੋਤ, ਕੁਲਦੀਪ ਸਿੰਘ ਥਿੰਦ, ਸਰਪੰਚ ਬਲਜਿੰਦਰ ਸਿੰਘ ਜੋਗੇਵਾਲ, ਸਰਪੰਚ ਹਰਦੀਪ ਸਿੰਘ ਸੰਧੂ,ਮੇਜਰ ਸਿੰਘ ਮਤੌਲੀ, ਸਰਪੰਚ ਲਖਵਿੰਦਰ ਸਿੰਘ ਜੋਗੇਵਾਲ, ਰਣਜੀਤ ਸਿੰਘ ਵਿਰਕ ਪ੍ਰਧਾਨ ਟਰੱਕ ਯੂਨੀਅਨ ਪਾਤੜਾਂ,ਲਖਵਿੰਦਰ ਸਿੰਘ ਵਾਇਸ ਚੇਅਰਮੈਨ ਖੇਤੀ ਵਿਕਾਸ ਬੈਂਕ ਪਾਤੜਾਂ , ਕੌਂਸਲਰ ਸੋਨੀ ਜਲੂਰ, ਕੌਂਸਲਰ ਕੁਲਦੀਪ ਸਿੰਘ ਬਿੱਟੂ ਬਦੇਸ਼ਾ, ਅੰਮ੍ਰਿਤਪਾਲ ਸਿੰਘ ਕਾਲੇਕਾ ਆਦਿ ਹਾਜ਼ਰ ਸਨ ।

## ਸੰਪਾਦਕੀ

# ਪੰਜਾਬ ਦੇ ਹਰ ਵਿਅਕਤੀ ਸਿਰ ਸਵਾ ਲੱਖ ਰੁਪਏ ਤੋਂ ਵੱਧ ਕਰਜ਼ਾ

ਜੇਕਰ ਅਸੀਂ ਆਪਣੇ ਸੂਬੇ ਦੀ ਗੱਲ ਕਰੀਏ ਤਾਂ ਇਸ ਵੇਲੇ ਪ੍ਰਤੀ ਵਿਅਕਤੀ ਸਵਾ ਲੱਖ ਰੁਪਏ ਤੋਂ ਵੱਧ ਕਰਜ਼ਾ ਚੜ੍ਹ ਚੁੱਕਿਆ ਹੈ; ਮਤਲਬ ਇਹ ਕਿ ਹਰ ਪੰਜਾਬੀ ਸਵਾ ਲੱਖ ਰੁਪਏ ਦਾ ਦੇਣਦਾਰ ਹੈ, ਭਾਵੇਂ ਉਸ ਨੇ ਕਿਸੇ ਤੋਂ ਕਦੇ ਵੀ ਕਰਜ਼ਾ ਲਿਆ ਹੈ ਜਾਂ ਨਹੀਂ ਲਿਆ ਪਰ ਸਰਕਾਰੀ ਨੀਤੀਆਂ ਕਾਰਨ ਸੂਬੇ ਉੱਪਰ ਜੋ ਕਰਜ਼ਾ ਚੜ੍ਹ ਚੁੱਕਿਆ ਹੈ, ਜੇ ਉਸ ਨੂੰ ਪੰਜਾਬ ਦੇ ਲੋਕਾਂ ਵਿੱਚ ਬਰਾਬਰ ਵੰਡ ਲਈਏ ਤਾਂ ਇਹੀ ਅੰਕੜੇ ਸਾਹਮਣੇ ਆਉਂਦੇ ਹਨ। ਪੰਜਾਬ ਹੁਣ ਤੱਕ ਅਨਾਜ ਦਾ ਭੰਡਾਰ ਰਿਹਾ ਹੈ ਤੇ ਸਾਰੇ ਦੇਸ਼ ਨੂੰ ਖੁਰਾਕ ਮੁਹੱਈਆ ਕਰਵਾਉਂਦਾ ਰਿਹਾ ਹੈ। ਅਤਿਵਾਦ ਵੇਲੇ ਪੰਜਾਬ ਦਾ ਵਿਕਾਸ ਰੁਕ ਗਿਆ, ਇਹ ਗੱਲ ਸਮਝ ਵਿੱਚ ਆਉਂਦੀ ਹੈ ਪਰ ਉਸ ਤੋਂ ਬਾਅਦ ਕਿਹੜੀਆਂ ਔਕੜਾਂ ਸਰਕਾਰਾਂ ਦੇ ਸਾਹਮਣੇ ਸਨ ਕਿ ਉਹ ਪੰਜਾਬ ਨੂੰ ਲੀਹ ’ਤੇ ਨਹੀਂ ਲਿਆ ਸਕੀਆਂ। ਅਮਨ-ਸ਼ਾਂਤੀ ਹੋਣ ਤੋਂ ਬਾਅਦ ਅਕਾਲੀ ਦਲ ਅਤੇ ਕਾਂਗਰਸ, ਦੋਹਾਂ ਪਾਰਟੀਆਂ ਦੀਆਂ ਸਰਕਾਰਾਂ ਰਹੀਆਂ ਤੇ ਹੁਣ ਤਿੰਨ ਸਾਲ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਹੈ। ਲੋਕ ਹਿਤੂ ਵੱਡੇ-ਵੱਡੇ ਨਾਅਰੇ ਦੇ ਕੇ ‘ਆਪ’ ਪੰਜਾਬ ਵਿੱਚ ਸੱਤਾ ਵਿੱਚ ਆਈ, ਇਸ ਲਈ ਲੋਕਾਂ ਨੂੰ ਉਮੀਦਾਂ ਵੀ ਹਨ ਪਰ ਸਰਕਾਰ ਦੀ ਆਰਥਿਕ ਪਿੜ ਵਿੱਚ ਕਾਰਗੁਜ਼ਾਰੀ ਤੋਂ ਇਹ ਪੂਰੀਆਂ ਹੁੰਦੀਆਂ ਨਹੀਂ ?ਜਾਪਦੀਆਂ। ਹਾਲ ਹੀ ਵਿੱਚ ਪੇਸ਼ ਹੋਏ ਬਜਟ ਨਾਲ ਇਹ ਗੱਲ ਸਾਫ ਹੋ ਗਈ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਕਰਜ਼ਾ ਲੈਣਾ ਪਵੇਗਾ। ਡਾ. ਕੇਸਰ ਸਿੰਘ ਭੰਗੂ (ਸਾਬਕਾ ਪ੍ਰੋਫੈਸਰ ਤੇ ਡੀਨ, ਪੰਜਾਬੀ ਯੂਨੀਵਰਸਿਟੀ, ਪਟਿਆਲਾ) ਮੁਤਾਬਿਕ, 236080 ਕਰੋੜ ਰੁਪਏ ਦੇ ਬਜਟ ਵਿੱਚੋਂ ਕੇਵਲ 47.33% ਹੀ ਸਰਕਾਰ ਆਪਣੀ ਸਾਲਾਨਾ ਆਮਦਨੀ ਤੋਂ ਖਰਚੇਗੀ, ਬਾਕੀ 52.67% ਖਰਚੇ ਕਰਜ਼ੇ ਲੈ ਕੇ ਖਰਚ ਕੀਤੇ ਜਾਣਗੇ। ਕਿਸੇ ਵੀ ਸਮਾਜ ਦੇ ਮੁਢਲੇ ਵਿਕਾਸ ਲਈ ਸਿਹਤ ਅਤੇ ਸਿੱਖਿਆ ਅਤਿ ਲੋੜੀਦੇ ਹਨ ਜਿਨ੍ਹਾਂ ਉੱਪਰ ਖਰਚਾ ਜਿੰਨਾ ਵੀ ਕੀਤਾ ਜਾਏ, ਓਨਾ ਹੀ ਘੱਟ ਹੈ। ਦੁਨੀਆ ਦੇ ਦੂਜੇ ਦੇਸ਼ਾਂ ਵਿੱਚ ਇਨ੍ਹਾਂ ਦੋ ਖੇਤਰਾਂ ’ਤੇ ਬਹੁਤ ਵੱਧ ਖਰਚ ਕੀਤਾ ਜਾਂਦਾ ਹੈ। ਇਸ ਦੇ ਨਾਲ ਹੀ ਖੋਜ-ਬੀਨ ’ਤੇ ਵੀ ਖਰਚਾ ਕੀਤਾ ਜਾਣਾ ਚਾਹੀਦਾ ਹੈ ਪਰ ਸਾਡਾ ਇਨ੍ਹਾਂ ਖੇਤਰਾਂ ਵਿੱਚ ਖਰਚਾ ਵਧ ਹੀ ਨਹੀਂ ਰਿਹਾ ਬਲਕਿ ਅਨੁਪਾਤ ਦੇ ਹਿਸਾਬ ਨਾਲ ਇਸ ਬਜਟ ਵਿੱਚ ਕੁੱਲ ਬਜਟ ਦੇ ਪਿਛਲੇ ਸਾਲ ਦੇ ਹਿੱਸੇ ਨਾਲੋਂ ਵੀ ਸਿਹਤ ’ਤੇ ਖਰਚੇ ਨੂੰ ਘਟਾ ਦਿੱਤਾ ਗਿਆ ਹੈ। 2.36 ਲੱਖ ਕਰੋੜ ਰੁਪਏ ਦੇ ਕੁੱਲ ਬਜਟ ਵਿੱਚੋਂ ਸਿਹਤ ਲਈ 5598 ਕਰੋੜ ਰੁਪਏ ਦੀ ਅਲਾਟਮੈਂਟ ਮਜ਼ਾਕ ਹੀ ਹੈ। ਇਹ ਕੁੱਲ ਬਜਟ ਦਾ ਸਿਰਫ 2.37% ਬਣਦਾ ਹੈ। ਇਹ ਪਿਛਲੇ ਸਾਲ ਦੇ ਬਜਟ ਤੋਂ ਵੀ ਘੱਟ ਹੈ ਜੋ ਕੁੱਲ 204914 ਕਰੋੜ ਰੁਪਏ ਵਿੱਚੋਂ 5264 ਕਰੋੜ ਰੁਪਏ ਸੀ ਜੋ ਕੁੱਲ ਬਜਟ ਦਾ 2.5% ਬਣਦਾ ਹੈ। ਸਿਹਤਮੰਦ ਵਿਅਕਤੀ ਹੀ ਸਮਾਜ ਦੀ ਤਰੱਕੀ ਲਈ ਕੰਮ ਕਰ ਸਕਦਾ ਹੈ। ਮੁੱਖ ਮੰਤਰੀ ਨੇ 10 ਲੱਖ ਰੁਪਏ ਦੇ ਸਿਹਤ ਬੀਮੇ ਦੀ ਗੱਲ ਤਾਂ ਕਹੀ ਹੈ ਪਰ ਇਸ ਲਈ ਪੈਸਾ ਕਿੱਥੋਂ ਆਏਗਾ, ਇਸ ਬਾਰੇ ਬਜਟ ਵਿੱਚ ਕੋਈ ਗੱਲ ਸਾਫ ਨਹੀਂ ਹੈ। ਸਿਹਤ ਸੇਵਾਵਾਂ ’ਤੇ ਰੋਗੀ ਦੀ ਜੇਬ ਵਿੱਚੋਂ ਆਉਣ ਵਾਲੇ ਖਰਚ ਵਿੱਚ ਪੰਜਾਬ ਦੇਸ਼ ਦੇ ਸਭ ਤੋਂ ਮੋਹਰੀ ਸੂਬਿਆਂ ਵਿੱਚੋਂ ਹੈ। ਇਸ ਲਈ ਸਿਹਤ ਸੇਵਾਵਾਂ ’ਤੇ ਸਰਕਾਰੀ ਖਰਚ ਨੂੰ ਵਧਾਉਣ ਦੀ ਲੋੜ ਹੈ। ਇਹੋ ਹਾਲ ਸਿੱਖਿਆ ਦੇ ਖੇਤਰ ਦਾ ਹੈ। ਉਸ ਖੇਤਰ ਲਈ ਇਸ ਬਜਟ ਵਿੱਚ ਖਰਚਾ ਪਿਛਲੇ ਬਜਟ ਨਾਲੋਂ ਘੱਟ ਹੈ। ਇਸ ਸਾਲ ਸਿੱਖਿਆ, ਖੇਡਾਂ, ਕਲਾ ਤੇ ਸੱਭਿਆਚਾਰ ਦੇ ਖੇਤਰ ਨੂੰ ਕੁੱਲ 236080 ਕਰੋੜ ਦੇ ਬਜਟ ਵਿੱਚੋਂ 17975 ਕਰੋੜ ਰੁਪਏ ਅਲਾਟ ਕੀਤੇ ਗਏ ਹਨ ਜੋ ਬਜਟ ਦਾ 7.6% ਬਣਦੇ ਹਨ। ਇਸ ਦੇ ਮੁਕਾਬਲੇ ਪਿਛਲੇ ਸਾਲ 204914 ਕਰੋੜ ਦੇ ਕੁੱਲ ਬਜਟ ਵਿੱਚੋਂ ਇਸ ਖੇਤਰ ਨੂੰ 17330 ਕਰੋੜ ਰੁਪਏ ਅਲਾਟ ਕੀਤੇ ਗਏ ਸਨ ਜੋ ਕੁਲ ਬਜਟ ਦਾ 8.45% ਬਣਦੇ ਹਨ; ਭਾਵ, ਸਿੱਖਿਆ ਦੇ ਖੇਤਰ ਵਿੱਚ ਬਜਟ ਨੂੰ ਪਿਛਲੇ ਸਾਲ ਨਾਲੋਂ ਅਨੁਪਾਤਕ ਤੌਰ ’ਤੇ ਘਟਾ ਦਿੱਤਾ ਗਿਆ ਹੈ। ਆਰਥਿਕ ਮਾਹਿਰਾਂ ਅਨੁਸਾਰ, ਸਿਹਤ ਤੇ ਸਿੱਖਿਆ ਦੋ ਐਸੇ ਖੇਤਰ ਹਨ ਜਿਸ ਨਾਲ ਰੁਜ਼ਗਾਰ ਵੀ ਵੱਡੀ ਗਿਣਤੀ ਵਿੱਚ ਪੈਦਾ ਹੁੰਦਾ ਹੈ ਤੇ ਸਮਾਜ ਦੀ ਤਰੱਕੀ ਲਈ ਮਨੁੱਖੀ ਸਰਮਾਇਆ ਵੀ ਮਿਲਦਾ ਹੈ। ਇਹ ਬੜੀ ਦੁਖਦਾਈ ਗੱਲ ਹੈ ਕਿ ਵੱਖ-ਵੱਖ ਸਮੇਂ ਦੌਰਾਨ ਆਈਆਂ ਸਰਕਾਰਾਂ ਨੇ ਐਸੇ ਕਦਮ ਨਹੀਂ ਪੁੱਟੇ ਜਿਸ ਨਾਲ ਪੰਜਾਬ ਨੂੰ ਕਰਜ਼ੇ ਵਿੱਚੋਂ ਕੱਢਿਆ ਜਾਏ।

ਦੇਖਣ ਵਿੱਚ ਆਇਆ ਹੈ ਕਿ ਜਦੋਂ ਸਰਕਾਰਾਂ ਲੋਕਾਂ ਦੀ ਆਸ ’ਤੇ ਪੂਰੀਆਂ ਨਹੀਂ ਉਤਰਦੀਆਂ, ਲੋਕ ਹਿਤੂ ਕਦਮ ਨਹੀਂ ਚੁੱਕਦੀਆਂ, ਫਿਰ ਉਹ ਲੋਕਾਂ ਨੂੰ ਚੋਗਾ ਪਾਉਣ ਦੀਆਂ ਗੱਲਾਂ ਕਰਦੀਆਂ ਹਨ। ਜਿਵੇਂ ਕੇਂਦਰ ਸਰਕਾਰ ਇੱਕ ਪਾਸੇ ਤਾਂ ਆਖਦੀ ਹੈ ਕਿ ਸਾਡਾ ਦੇਸ਼ ਖੁਸ਼ਹਾਲ ਹੋ ਰਿਹਾ ਹੈ, ਦੂਜੇ ਪਾਸੇ 80 ਕਰੋੜ ਲੋਕਾਂ ਨੂੰ ਪੰਜ ਕਿਲੋ ਦਾਣੇ ਤੇ ਇੱਕ ਕਿਲੋ ਦਾਲ ਦੇ ਕੇ ਚੁੱਪ ਕਰਵਾ ਰਹੀ ਹੈ। ਲੋਕਾਂ ਦੀ ਆਮਦਨ ਵਧਾਉਣ ਦੀ ਬਜਾਏ ਉਨ੍ਹਾਂ ਨੂੰ ਸਰਕਾਰਾਂ ਦੀ ਦਇਆ ’ਤੇ ਰੱਖਿਆ ਜਾ ਰਿਹਾ ਹੈ। ਇਸ ਨੂੰ ਹੀ ਰਿਉੜੀਆਂ ਆਖਿਆ ਜਾਂਦਾ ਹੈ। ਪੰਜਾਬ ਵਿੱਚ ਸਰਕਾਰ ਵੀ ਇਹੋ ਜਿਹੇ ਕਦਮ ਪੁੱਟ ਰਹੀ ਹੈ। ਸਭ ਲਈ ਬਿਜਲੀ ਦੇ ਬਿਲਾਂ ਦੀ ਮੁਆਫੀ, ਪਾਣੀ ਦੇ ਬਿੱਲਾਂ ਦੀ ਮੁਆਫੀ, ਬੱਸਾਂ ਦੇ ਕਿਰਾਏ ਵਿੱਚ ਸਭ ਔਰਤਾਂ ਨੂੰ ਮੁਆਫੀ। ਬਿਨਾਂ ਕਿਸੇ ਆਰਥਿਕ ਸਰਵੇਖਣ ਦੇ ਅਜਿਹੇ ਫ਼ੈਸਲੇ ਕਰਨ ਨਾਲ ਸੂਬੇ ਦੀ ਆਰਥਿਕਤਾ ਕਮਜ਼ੋਰ ਹੋ ਰਹੀ ਹੈ ਕਿਉਂਕਿ ਬਹੁਤ ਸਾਰਾ ਪੈਸਾ ਉਨ੍ਹਾਂ ਲੋਕਾਂ ਨੂੰ ਚਲਾ ਜਾਂਦਾ ਹੈ ਜੋ ਲੋੜਵੰਦ ਵੀ ਨਹੀਂ, ਤੇ ਅਨੇਕ ਲੋੜਵੰਦ ਇਨ੍ਹਾਂ ਲਾਭਾਂ ਤੋਂ ਵਾਂਝੇ ਰਹਿ ਜਾਂਦੇ ਹਨ। ਪੰਜਾਬ ਨੂੰ ਆਰਥਿਕ ਤੌਰ ’ਤੇ ਸਮਰੱਥ ਹੋਣ ਲਈ ਇੱਥੇ ਉਦਯੋਗਿਕ ਕੇਂਦਰਾਂ ਨੂੰ ਉਤਸ਼ਾਹਿਤ ਕਰਨਾ ਪਏਗਾ, ਖੇਤੀਬਾੜੀ ਨੂੰ ਆਧੁਨਿਕ ਢੰਗਾਂ ਨਾਲ ਉਤਸ਼ਾਹਿਤ ਕਰ ਕੇ ਕਿਸਾਨ ਜਥੇਬੰਦੀਆਂ ਨਾਲ ਬੈਠ ਕੇ ਗੱਲਬਾਤ ਕਰਨੀ ਪਏਗੀ। ਨੇੜਲੇ ਦੇਸ਼ਾਂ ਨਾਲ ਵਪਾਰਕ ਸਬੰਧ ਵੀ ਵਧਾਉਣੇ ਪੈਣਗੇ ਜਿਵੇਂ ਪਾਕਿਸਤਾਨ ਨਾਲ ਵਪਾਰ ਖੁੱਲ੍ਹਣਾ ਚਾਹੀਦਾ ਹੈ। ਇਸ ਵਕਤ ਲੋੜ ਲੋਕਾਂ ਦੀ ਖਰੀਦ ਸ਼ਕਤੀ ਵਧਾਉਣ ਦੀ ਵੀ ਹੈ। ਬਾਕਾਇਦਾ ਅਧਿਐਨ ਕਰਨ ਤੋਂ ਬਾਅਦ ਟਰੇਡ ਯੂਨੀਅਨਾਂ ਨਾਲ ਜੁੜੇ ਮਾਹਿਰਾਂ ਨੇ ਮੰਗ ਕੀਤੀ ਹੈ ਕਿ ਘੱਟੋ-ਘੱਟ ਵੇਤਨ ਪ੍ਰਤੀ ਮਹੀਨਾ 35 ਹਜ਼ਾਰ ਰੁਪਏ ਹੋਣਾ ਚਾਹੀਦਾ ਹੈ ਪਰ ਪੰਜਾਬ ਵਿੱਚ ਇਹ ਵੇਤਨ ਕੇਵਲ 10996 ਰੁਪਏ ਪ੍ਰਤੀ ਮਹੀਨਾ ਜਾਂ 422 ਰੁਪਏ ਪ੍ਰਤੀ ਦਿਨ ਹੈ। ਪ੍ਰਮੁੱਖ ਮੈਡੀਕਲ ਰਸਾਲੇ ‘ਲੈਂਸਟ’ ਦੁਆਰਾ ਬਣਾਈ ਕਮੇਟੀ ਨੇ ਲੋਕਾਂ ਲਈ ਗੁਣਵੱਤਾ ਵਾਲੀ ਖੁਰਾਕ ਦੀ ਵਿਆਖਿਆ ਦਿੱਤੀ ਗਈ ਹੈ। ਅੱਜ ਦੇ ਮਹਿੰਗਾਈ ਦੇ ਹਿਸਾਬ ਨਾਲ ਜੇ ਉਹ ਖੁਰਾਕ ਖਾਣੀ ਹੈ ਤਾਂ ਪ੍ਰਤੀ ਵਿਅਕਤੀ 200 ਰੁਪਏ ਪ੍ਰਤੀ ਦਿਨ ਦਾ ਖਰਚਾ ਪੈਂਦਾ ਹੈ। 4.5 ਜੀਆਂ ਦੇ ਪਰਿਵਾਰ ਮੁਤਾਬਿਕ ਇੱਕ ਦਿਨ ਦਾ 900 ਰੁਪਏ ਕੇਵਲ ਖੁਰਾਕ ’ਤੇ ਖਰਚ ਆਉਂਦਾ ਹੈ ਜੋ ਮਹੀਨੇ ਦਾ 27 ਹਜ਼ਾਰ ਰੁਪਏ ਬਣ ਜਾਂਦਾ ਹੈ। ਇਸ ਲਈ ਆਰਥਿਕ ਪਿੜ ਵਿੱਚ ਕਮਜ਼ੋਰ ਵਰਗਾਂ ਲਈ ਵੱਡੇ ਕਦਮ ਚੁੱਕਣ ਦੀ ਲੋੜ ਹੈ ਪਰ ਇਹ ਸਭ ਕਰੇਗਾ ਕੌਣ ?

# ਸਾਰੀਆਂ ਸਮੱਸਿਆਵਾਂ ਨੂੰ ਜਲਦ ਹੱਲ ਕਰਨ ਦਾ ਐਸ.ਐਮ.ਓ. ਨੇ ਦਿੱਤਾ ਭਰੋਸਾ



**ਰਾਜਪੁਰਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਵੱਲੋਂ ਅੱਜ ਰਾਜਪੁਰਾ ਦੇ ਸਰਕਾਰੀ ਹਸਪਤਾਲ ਦਾ ਅਚਨਚੇਤ ਦੌਰਾ ਕੀਤਾ ਗਿਆ। ਇਸ ਦੌਰਾਨ ਉਹਨਾਂ ਨੇ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਮਰੀਜਾਂ ਨੂੰ ਆਉਣ ਵਾਲੀਆਂ ਸਮੱਸਿਆਵਾਂ ਸੁਣੀਆਂ। ਇਸ ਤੋਂ ਇਲਾਵਾ ਵੱਖ-ਵੱਖ ਵਾਰਡਾਂ ਦੇ ਵਿੱਚ ਜਾ ਕੇ ਉਹਨਾਂ ਨੇ ਜਾਂਚ ਕੀਤੀ ਅਤੇ ਜੋ ਕਮੀਆਂ ਪਾਈਆਂ ਗਈਆਂ ਹਨ ਉਸ ਨੂੰ ਤੁਰੰਤ ਦੂਰ ਕਰਾਉਣ ਲਈ ਐਸ.ਐਮ.ਓ. ਨੂੰ ਨਿਰਦੇਸ਼ ਦਿੱਤੇ। ਮੀਡੀਆ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੇ ਜੋ ਜਿੰਮੇਵਾਰੀ ਉਹਨਾਂ ਨੂੰ ਦਿੱਤੀ ਹੈ ਉਸ ਜਿੰਮੇਵਾਰੀ ਤੇ ਚਲਦੇ ਹੋਏ ਤਮਾਮ ਥਾਵਾਂ ’ਤੇ ਜਾ ਕੇ ਲੋਕਾਂ ਨੂੰ ਹਸਪਤਾਲਾਂ ਵਿੱਚ ਆ ਰਹੀਆਂ ਮੁਸ਼ਕਿਲਾਂ ਸੁਣੀਆਂ ਜਾ ਰਹੀਆਂ ਹਨ ਤੇ ਉਹਨਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਵਾਇਆ ਜਾਵੇਗਾ। ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਿਹਤ, ਸਿੱਖਿਆ ਹਨ ਅਤੇ ਲੱਗਭਗ ਪੰਜਾਬ ਦੇ ਕਈ ਹਸਪਤਾਲਾਂ ਦਾ ਦੌਰਾ ਕੀਤਾ ਜਾ ਚੁੱਕਾ ਹੈ ਜਿੱਥੇ ਮਰੀਜ਼ਾਂ ਦੇ ਵੱਲੋਂ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਤੇ ਸਹਿਮਤੀ ਪ੍ਰਗਟਾਈ ਅਤੇ ਕਿਹਾ ਕਿ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਸਲਾਘਾਯੋਗ ਹਨ। ਉਹਨਾਂ ਕਿਹਾ ਕਿ ਇਸ ਦੌਰਾਨ ਰਾਜਪੁਰਾ ਦੇ ਸਰਕਾਰੀ ਹਸਪਤਾਲ ਵਿੱਚ ਸਫਾਈ ਦੀ ਕਮੀ ਪਾਈ ਗਈ ਹੈ ਇਸ ਤੋਂ ਇਲਾਵਾ ਰਾਜਪੁਰਾ ਦੇ ਸਰਕਾਰੀ ਹਸਪਤਾਲ ਵਿੱਚ ਸਟਾਫ ਵੀ ਕਾਫੀ ਘੱਟ ਹੈ ਜਿਸ ਨੂੰ ਤੁਰੰਤ ਪੂਰਾ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਹਨਾਂ ਕਿਹਾ ਕਿ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਵੀ ਤਮਾਮ ਥਾਵਾਂ ਦੇ ਉੱਤੇ ਨਿਗਰਾਨੀ ਰੱਖੀ ਗਈ ਹੈ ਅਤੇ ਜੇਕਰ ਕੋਈ ਸਟਾਫ ਕਤਾਹੀ ਕਰਦਾ ਹੈ ਉਹਨਾਂ ਖਿਲਾਫ ਸਖਤ ਐਕਸ਼ਨ ਵੀ ਲਏ ਜਾ ਰਹੇ ਹਨ। ਪੱਤਰਕਾਰਾਂ ਵੱਲੋਂ ਕੀਤੇ ਗਏ ਸਵਾਲ ਉੱਤੇ ਉਹਨਾਂ ਕਿਹਾ ਕਿ ਟਰੈਫਿਕ ਪੁਲਿਸ ਅਤੇ ਡੀਐਸਪੀ ਰਾਜਪੁਰਾ ਦੇ ਨਾਲ ਫੋਨ ’ਤੇ ਗੱਲ ਕੀਤੀ ਗਈ ਹੈ ਅਤੇ ਹਸਪਤਾਲ ਦੇ ਬਾਹਰ ਗਲਤ ਤਰੀਕੇ ਨਾਲ ਖੜੇ ਕੀਤੇ ਗਏ ਵਾਹਨਾਂ ਅਤੇ ਜੇਕਰ ਕੋਈ ਹਸਪਤਾਲ ਦੀ ਹੱਦ ਅੰਦਰ ਕਿਸੇ ਤਰ੍ਹਾਂ ਦੀ ਭੰਨ ਤੋੜ ਜਾਂ ਫਿਰ ਕਿਸੇ ਘਟਨਾ ਨੂੰ ਅੰਜਾਮ ਦਿੰਦਾ ਹੈ ਤਾਂ ਉਸ ਵਿਰੁੱਧ ਪੰਜਾਬ ਸਰਕਾਰ ਦੇ ਵੱਲੋਂ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਉਹਨਾਂ ਨਾਲ ਘੱਟ ਗਿਣਤੀ ਕਮਿਸ਼ਨ ਪੰਜਾਬ ਦੇ ਮੈਂਬਰ ਇਸਲਾਮ ਅਲੀ, ਐਸ.ਐਮ.ਓ. ਰਾਜਪੁਰਾ ਡਾਕਟਰ ਸੋਨੀਆ ਜੰਗਵਾਲ ਸਮੇਤ ਸਟਾਫ ਮੌਜੂਦ ਸਨ।

# ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ: ਡਿਪਟੀ ਕਮਿਸ਼ਨਰ

**ਮੋਰਿੰਡਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸਰਕਾਰ ਵਲੋਂ ਕਣਕ ਦੀ ਖ਼ਰੀਦ ਦੇ ਲੋੜੀਂਦੇ ਪ੍ਰਬੰਧ ਸੁਚਾਰੂ ਹਨ ਅਤੇ ਪੰਜਾਬ ਸਰਕਾਰ ਵਲੋਂ ਕਣਕ ਦੀ ਫਸਲ ਦਾ ਇੱਕ-ਇੱਕ ਦਾਣਾ ਪਾਰਦਰਸ਼ਤਾ ਅਤੇ ਸੁਚਾਰੂ ਢੰਗ ਨਾਲ ਖਰੀਦ ਕੀਤਾ ਜਾ ਰਿਹਾ ਹੈ ਤੇ ਕਿਸਾਨਾਂ ਨੂੰ ਮੰਡੀਆਂ ਵਿਚ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਵਰਜੀਤ ਵਾਲੀਆਂ ਨੇ ਦਾਣਾ ਮੰਡੀ ਮੋਰਿੰਡਾ ਵਿਖੇ ਕਣਕ ਦੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ। ਇਸ ਮੌਕੇ ਸੀਨੀਅਰ ਪੁਲਿਸ ਕਪਤਾਨ ਰੂਪਨਗਰ ਸ. ਗੁਲਨੀਤ ਸਿੰਘ ਖੁਰਾਣਾ ਵੀ ਹਾਜ਼ਰ ਸਨ।

ਇਸ ਮੌਕੇ ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਅਤੇ ਅਤੇ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਵਚਨਬੱਧ ਹੈ।

ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਵਰਜੀਤ ਵਾਲੀਆ ਨੇ ਕਿਹਾ ਕਿ ਪੰਜਾਬ ਸਰਕਾਰ ਦੀਆ ਹਦਾਇਤਾ ਅਨੁਸਾਰ ਜ਼ਿਲ੍ਹਾ ਰੂਪਨਗਰ ਵਿੱਚ ਕਣਕ ਦੀ ਲਿਫਟਿੰਗ ਅਤੇ ਖਰੀਦ ਲਈ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਕਣਕ ਦੀ ਫਸਲ ਦਾ ਦਾਣਾ-ਦਾਣਾ ਬਿਨਾ ਦੇਰੀ ਖਰੀਦਿਆ ਜਾਵੇਗਾ ਅਤੇ ਸਮੇਂ ਸਿਰ ਅਦਾਇਗੀ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਪਨਸਪ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ, ਮਾਰਕਫੈੱਡ ਅਤੇ ਪਨਗ੍ਰੇਨ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਕਣਕ ਦੀ ਖਰੀਦ ਤੇ ਲਿਫਟਿੰਗ ਦੇ ਪ੍ਰਬੰਧਾਂ ਨੂੰ ਸਮਾਂਬੱਧ ਸਮੇਂ ਅਨੁਸਾਰ ਨੇਪਰੇ ਚੜ੍ਹਿਆ ਜਾਵੇ ਅਤੇ ਰੋਜ਼ਾਨਾ ਲਿਫਟਿੰਗ ਯਕੀਨੀ ਮੁਕੰਮਲ ਕੀਤੀ ਜਾਵੇ।ਇਸ ਮੌਕੇ ਐਸਡੀਐਮ ਮੋਰਿੰਡਾ ਸ. ਸੁਖਪਾਲ ਸਿੰਘ ਅਤੇ ਹੋਰ ਉੱਚ ਅਧਿਕਾਰੀ ਤੇ ਕਣਕ ਨੂੰ ਵੇਚਣ ਆਏ ਪਿੰਡਾਂ ਦੇ ਕਿਸਾਨ ਹਾਜ਼ਰ ਸਨ।

# ਪੰਜਾਬ ਸਿੱਖਿਆ ਕ੍ਰਾਂਤੀ’ ਤਹਿਤ ਬਦਲੀ ਜਾ ਰਹੀ ਹੈ ਸਕੂਲਾਂ ਦੀ ਤਸਵੀਰ : ਜੈ ਕ੍ਰਿਸ਼ਨ ਸਿੰਘ ਰੌੜੀ

**ਗੜ੍ਹਸ਼ੰਕਰ, 21 ਅਪ੍ਰੈਲ**
**--ਕੌਮੀ ਪੱਤ੍ਰਿਕਾ ਬਿਊਰੋ-**




ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਰਾਜ ਸਰਕਾਰ ਵਲੋਂ ਸ਼ੁਰੂ ਕੀਤੀ ਗਈ ’ਪੰਜਾਬ ਸਿੱਖਿਆ ਕ੍ਰਾਂਤੀ’ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਦਾ ਪੱਧਰ ਉਚਾ ਚੁੱਕਣ ਲਈ ਵੱਡੇ ਪੱਧਰ ਦੇ ਬਦਲਾਅ ਕੀਤੇ ਜਾ ਰਹੇ ਹਨ। ਇਸ ਮੁਹਿੰਮ ਤਹਿਤ ਰਾਜ ਦੇ ਸਕੂਲਾਂ ਨੂੰ ਆਧੁਨਿਕ ਸੁਵਿਧਾਵਾਂ ਨਾਲ ਲੈਸ ਕੀਤਾ ਜਾ ਰਿਹਾ ਹੈ। ਜਿਥੇ ਸਕੂਲਾਂ ਦੇ ਵਿਕਾਸ ਕਾਰਜਾਂ ਲਈ ਲੱਖਾਂ ਰੁਪਏ ਦੀਆਂ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ, ਉਥੇ ਅਧਿਆਪਕਾਂ ਨੂੰ ਵਿਦੇਸ਼ਾਂ ਵਿਚ ਸਿਖਲਾਈ ਲਈ ਵੀ ਭੇਜਿਆ ਜਾ ਰਿਹਾ ਹੈ ਤਾਂ ਜੋ ਬੱਚਿਆਂ ਨੂੰ ਆਧੁਨਿਕ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ।

ਉਹ ਅੱਜ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਵਿਚ 5 ਸਕੂਲਾਂ ਵਿਚ 41.35 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਗਏ ਵਿਕਾਸ ਕੰਮਾਂ ਦਾ ਉਦਘਾਟਨ ਕਰਨ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਡਿਪਟੀ ਸਪੀਕਰ ਨੇ ਇਸ ਦੌਰਾਨ ਸਰਕਾਰੀ ਐਲੀਮੈਂਟਰੀ ਸਕੂਲ ਕੋਟ ਵਿਚ ਕਲਾਸ ਰੂਮ ਅਤੇ ਚਾਰਦੀਵਾਰੀ, ਸਰਕਾਰੀ ਹਾਈ ਸਕੂਲ ਪੰਡੋਰੀ ਬੀਤ ਵਿਚ ਸਾਇੰਸ ਲੈਬ, ਚਾਰਦੀਵਾਰੀ ਅਤੇ ਹੋਰ ਵਿਕਾਸ ਕੰਮ, ਸਰਕਾਰੀ ਐਲੀਮੈਂਟਰੀ ਸਕੂਲ ਗੁਜਰਾਂ ਵਿਚ ਚਾਰਦੀਵਾਰੀ ਅਤੇ ਹੋਰ ਵਿਕਾਸ ਕੰਮ, ਸਰਕਾਰੀ ਐਲੀਮੈਂਟਰੀ ਸਕੂਲ ਡੱਲੇਵਾਲ ਵਿਚ ਕਲਾਸ ਰੂਮ ਅਤੇ ਡਾ.ਬੀ.ਆਰ. ਅੰਬੇਡਕਰ ਸਰਕਾਰੀ ਐਲੀਮੈਂਟਰੀ ਸਕੂਲ ਬੀਨੇਵਾਲ ਵਿਚ ਨਵੇਂ ਕਲਾਸ ਰੂਮ ਅਤੇ ਹੋਰ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ।ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸਿੱਖਿਆ ਦੇ ਪੱਧਰ ਨੂੰ ਹੋਰ ਬਿਹਤਰ ਕਰਨ ਲਈ ਰਾਜ ਦੇ ਐਲੀਮੈਂਟਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿਚ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ’ਪੰਜਾਬ ਸਿੱਖਿਆ ਕ੍ਰਾਂਤੀ’ ਮੁਹਿੰਮ ਤਹਿਤ ਰਾਜ ਦੇ ਸਾਰੇ ਸਰਕਾਰੀ ਸਕੂਲਾਂ ਦੀ ਤਸਵੀਰ ਪੂਰੀ ਤਰ੍ਹਾਂ ਬਦਲੀ ਜਾ ਰਹੀ ਹੈ। ਵਿਦਿਆਰਥੀਆਂ ਨੂੰ ਉਨ੍ਹਾਂ ਦੀ ਰੁਚੀ ਅਤੇ ਸਮਰੱਥਾ ਅਨੁਸਾਰ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਜਿਸ ਨਾਲ ਉਹ ਬਾਹਰਵੀਂ ਕਲਾਸ ਤੋਂ ਬਾਅਦ ਪ੍ਰਤੀਯੋਗਿਤਾ ਪ੍ਰੀਖਿਆਵਾਂ ਵਿਚ ਸਫ਼ਲ ਹੋ ਕੇ ਮਨਪਸੰਦ ਅਹੁਦਿਆਂ ’ਤੇ ਸੇਵਾਵਾਂ ਦੇ ਸਕਣਗੇ।ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਪਹਿਲ ਹੈ ਕਿ ਕੇਵਲ ਇਹ ਇਕ ਯੋਜਨਾ ਨਹੀਂ ਬਲਕਿ ਰਾਜ ਦੇ ਬੱਚਿਆ ਦੇ ਉਜਵੱਲ ਭਵਿੱਖ ਦੀ ਦਿਸ਼ਾ ਵਿਚ ਠੋਸ ਕਦਮ ਹੈ। ਸਰਕਾਰੀ ਸਕੂਲਾਂ ਨੂੰ ਇਸ ਤਰ੍ਹਾਂ ਨਾਲ ਵਿਕਸਿਤ ਕੀਤਾ ਜਾ ਰਿਹਾ ਹੈ ਕਿ ਉਹ ਕਿਸੇ ਵੀ ਨਿਜੀ ਸਕੂਲਾਂ ਤੋਂ ਪਿੱਛੇ ਨਾ ਰਹਿਣ। ਅੱਜ ਪੰਜਾਬ ਦੇ ਸਰਕਾਰੀ ਸਕੂਲ ਆਧੁਨਿਕ ਸੁਵਿਧਾਵਾਂ, ਗੁਣਵੱਤਾਪੂਰਨ ਸਿੱਖਿਆ ਅਤੇ ਟਰੇਂਡ ਸਟਾਫ਼ ਨਾਲ ਵਿਦਿਆਰਥੀਆਂ ਨੂੰ ਉਹੀ ਮਾਹੌਲ ਦੇ ਰਹੇ ਹਨ ਜੋ ਪਹਿਲਾਂ ਕੇਵਲ ਨਿੱਜੀ ਵਿਦਿਅਕ ਅਦਾਰਿਆਂ ਤੱਕ ਸੀਮਤ ਸੀ। ਇਸ ਮੌਕੇ ਪਿੰਡ ਦੀ ਪੰਚਾਇਤ, ਸਕੂਲ ਸਿੱਖਿਆ ਵਿਭਾਗ ਦੇ ਅਫ਼ਸਰ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਪੰਜਾਬ ਰਾਜ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਸਿੰਗਲਾ ਵੱਲੋਂ ਸਰਕਾਰੀ ਗਊਸ਼ਾਲਾ ਕਲਾਨੌਰ ਦਾ ਦੌਰਾ

**ਗੁਰਦਾਸਪੁਰ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਰਾਜ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਸਿੰਗਲਾ ਵੱਲੋਂ ਅੱਜ ਕਲਾਨੌਰ ਵਿਖੇ ਬਣੇ ਕੈਟਲ ਪੌਂਡ (ਸਰਕਾਰੀ ਗਊਸ਼ਾਲਾ) ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਐੱਸ.ਡੀ.ਐੱਮ. ਕਲਾਨੌਰ ਸ੍ਰੀਮਤੀ ਜਯੋਤਸਨਾ ਸਿੰਘ, ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਜਸਪ੍ਰੀਤ ਸਿੰਘ ਨਾਗਪਾਲ ਤੋਂ ਇਲਾਵਾ ਬੇ-ਜ਼ੁਬਾਨ-ਬੇ-ਸਹਾਰਾ ਸੇਵਾ ਫਾਊਂਡੇਸ਼ਨ ਦੇ ਸੇਵਾਦਾਰ ਸੁਰਜੀਤ ਕੁਮਾਰ ਅਤੇ ਹੋਰ ਮੁਹਤਬਰ ਵੀ ਹਾਜ਼ਰ ਸਨ।

ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਸਿੰਗਲਾ ਨੇ ਗਊਸ਼ਾਲਾ ਕਲਾਨੌਰ ਦੇ ਦੌਰਾ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗਊਧਨ ਦੀ ਸੇਵਾ-ਸੰਭਾਲ ਲਈ ਗਊਸ਼ਾਲਾ ਵਿੱਚ ਕੀਤੇ ਗਏ ਪ੍ਰਬੰਧਾਂ ਉੱਪਰ ਆਪਣੀ ਤਸੱਲੀ ਜ਼ਾਹਿਰ ਕੀਤੀ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਮਰ ਦੇ ਹਿਸਾਬ ਨਾਲ ਅਤੇ ਬਿਮਾਰ ਜਾਨਵਰਾਂ ਲਈ ਵੱਖੋ-ਵੱਖਰੇ ਬਲਾਕ ਬਣਾਏ ਜਾਣ ਤਾਂ ਜੋ ਬਿਮਾਰ ਜਾਨਵਰਾਂ ਅਤੇ ਛੋਟੇ ਜਾਨਵਰਾਂ ਦੀ ਚੰਗੀ ਤਰ੍ਹਾਂ ਦੇਖਭਾਲ ਕੀਤੀ ਜਾ ਸਕੇ।

ਉਨ੍ਹਾਂ ਨੇ ਕੈਟਲ ਪੌਂਡ ਕਮੇਟੀ ਨੂੰ ਕਿਹਾ ਕਿ ਗਊਸ਼ਾਲਾ ਦੇ ਵਿੱਚ ਜ਼ਿਆਦਾ ਤੋਂ ਜ਼ਿਆਦਾ ਛਾਂਦਾਰ ਰੁੱਖ ਲਗਾਏ ਜਾਣ ਤਾਂ ਜੋ ਜਾਨਵਰਾਂ ਨੂੰ ਠੰਡੀ ਛਾਂ ਮਿਲ ਸਕੇ। ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਸਿੰਗਲਾ ਨੇ ਕਿਹਾ ਕਿ ਗਊਸ਼ਾਲਾ ਵਿੱਚ ਸੁਧਾਰ ਦੇਖਣ ਨੂੰ ਮਿਲਿਆ ਹੈ ਅਤੇ ਹੋਰ ਵੀ ਜੋ ਘਾਟਾਂ ਹਨ ਉਨ੍ਹਾਂ ਨੂੰ ਬਿਨਾਂ ਕਿਸੇ ਦੇਰੀ ਦੂਰ ਕੀਤਾ ਜਾਵੇ। ਉਨ੍ਹਾਂ ਗਊਸ਼ਾਲਾ ਦੇ ਪ੍ਰਬੰਧਾਂ ਵਿੱਚ ਲੱਗੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਕਿਹਾ ਕਿ ਉਹ ਆਪਣੀ ਡਿਊਟੀ ਨੂੰ ਸੇਵਾ ਸਮਝ ਕੇ ਕਰਨ। ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਵੀ ਗਊਧਨ ਦੀ ਸੇਵਾ ਲਈ ਅੱਗੇ ਆਉਣ।

ਇਸ ਮੌਕੇ ਬੇ-ਜ਼ੁਬਾਨ-ਬੇ-ਸਹਾਰਾ ਸੇਵਾ ਫਾਊਂਡੇਸ਼ਨ ਦੇ ਸੇਵਾਦਾਰ ਸੁਰਜੀਤ ਕੁਮਾਰ ਅਤੇ ਉਸਦੇ ਸਾਥੀਆਂ ਵੱਲੋਂ ਚੇਅਰਮੈਨ ਸ੍ਰੀ ਅਸ਼ੋਕ ਸਿੰਗਲਾ ਨੂੰ ਗਊਸ਼ਾਲਾ ਦੀ ਹੋਰ ਬਿਹਤਰੀ ਲਈ ਇੱਕ ਮੰਗ ਪੱਤਰ ਦਿੱਤਾ ਗਿਆ, ਜਿਸ ’ਤੇ ਉਨ੍ਹਾਂ ਭਰੋਸਾ ਦਿਵਾਇਆ ਕਿ ਇਨ੍ਹਾਂ ਮੰਗਾਂ ਨੂੰ ਪੂਰਾ ਕਰਨ ਲਈ ਪੂਰੀ ਸੁਹਿਰਦਤਾ ਯਤਨ ਕੀਤੇ ਜਾਣਗੇ।

ਇਸ ਤੋਂ ਬਾਅਦ ਪੰਜਾਬ ਰਾਜ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਸ੍ਰੀ ਅਸ਼ੋਕ ਸਿੰਗਲਾ ਵੱਲੋਂ ਜ਼ਿਲ੍ਹਾ ਪ੍ਰਬੰਧਕ ਕੰਪਲੈਕਸ ਗੁਰਦਾਸਪੁਰ ਵਿਖੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਅਤੇ ਹੋਰ ਜ਼ਿਲ੍ਹਾ ਅਧਿਕਾਰੀਆਂ ਨਾਲ ਵੀ ਮੀਟਿੰਗ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਪੰਜਾਬ ਰਾਜ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਨੂੰ ਵਿਸ਼ਵਾਸ ਦੁਆਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਗਊਧਨ ਦੀ ਰੱਖਿਆ ਤੇ ਸੇਵਾ-ਸੰਭਾਲ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਗਊਸ਼ਾਲਾ ਵਿੱਚ ਗਊਧਨ ਲਈ ਹਰਾ ਚਾਰਾ, ਤੂੜੀ ਆਦਿ ਦੇ ਢੁਕਵੇਂ ਪ੍ਰਬੰਧ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਓਥੇ ਪੱਕੇ ਤੌਰ ’ਤੇ ਵੈਟਰਨਰੀ ਡਾਕਟਰ ਅਤੇ ਹੋਰ ਸਟਾਫ਼ ਤਾਇਨਾਤ ਕੀਤਾ ਗਿਆ ਹੈ ਜੋ ਲੋੜ ਪੈਣ ’ਤੇ ਬਿਮਾਰ ਪਸ਼ੂਆਂ ਦਾ ਇਲਾਜ ਕਰਦੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀਆਂ ਸਮੂਹ ਨਗਰ ਕੌਂਸਲਾਂ ਵੱਲੋਂ ਗਊ ਸੈੱਸ ਇਕੱਠਾ ਕੀਤਾ ਜਾ ਰਿਹਾ ਹੈ ਅਤੇ ਇਸ ਕੁਲੈਕਸ਼ਨ ਨੂੰ ਹੋਰ ਵਧਾਉਣ ਲਈ ਵੀ ਯਤਨ ਕੀਤੇ ਜਾਣਗੇ।

ਇਸ ਮੌਕੇ ਸ੍ਰੀ ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਐੱਸ.ਡੀ.ਐੱਮ. ਗੁਰਦਾਸਪੁਰ ਸ.ਮਨਜੀਤ ਸਿੰਘ ਰਾਜਲਾ ਤੋਂ ਇਲਾਵਾ ਨਗਰ ਨਿਗਮ ਬਟਾਲਾ ਦੇ ਐੱਸ.ਡੀ.ਓ. ਪ੍ਰਭਨੂਰ ਸਿੰਘ ਅਤੇ ਸਮੂਹ ਨਗਰ ਕੌਂਸਲਾਂ ਦੇ ਈ.ਓ. ਹਾਜ਼ਰ ਸਨ।

# ਪੰਜਾਬ ਸਿੱਖਿਆ ਕ੍ਰਾਂਤੀ : ਜਲੰਧਰ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ’ਚ 2.02 ਕਰੋੜ ਰੁਪਏ ਦੇ ਵਿਕਾਸ ਕਾਰਜ ਸਮਰਪਿਤ

**ਜਲੰਧਰ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**




ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਦੇ ਮੰਤਵ ਨਾਲ ਰਾਜ ਸਰਕਾਰ ਵੱਲੋਂ ਸ਼ੁਰੂ ਕੀਤੀ ‘ਪੰਜਾਬ ਸਿੱਖਿਆ ਕ੍ਰਾਂਤੀ’ ਮੁਹਿੰਮ ਤਹਿਤ ਅੱਜ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ 2.02 ਕਰੋੜ ਰੁਪਏ ਦੇ ਵਿਕਾਸ ਕਾਰਜ ਸਮਰਪਿਤ ਕੀਤੇ ਗਏ, ਜਿਨ੍ਹਾਂ ਵਿੱਚ ਪ੍ਰਾਇਮਰੀ ਅਤੇ ਅਪਰ ਪ੍ਰਾਇਮਰੀ ਸਕੂਲਾਂ ਵਿਚ ਕ੍ਰਮਵਾਰ 63.36 ਲੱਖ ਅਤੇ 1.39 ਕਰੋੜ ਰੁਪਏ ਦੇ ਵਿਕਾਸ ਪ੍ਰਾਜੈਕਟ ਸ਼ਾਮਲ ਹਨ।

ਇਸੇ ਮੁਹਿੰਮ ਤਹਿਤ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਬਸਤੀ ਸ਼ੇਖ (ਲੜਕੀਆਂ) ਵਿਖੇ 2.65 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ, ਜਿਨ੍ਹਾਂ ਵਿੱਚ ਇਕ ਆਧੁਨਿਕ ਕਲਾਸ ਰੂਮ ਅਤੇ ਫਲੋਰਿੰਗ ਸ਼ਾਮਲ ਹੈ।

ਇਸ ਮੌਕੇ ਸਕੂਲ ਵਿਖੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਵਿਕਸਿਤ ਕਰਨ ਅਤੇ ਵਿਦਿਆਰਥੀਆਂ ਨੂੰ ਮਿਆਰੀ ਤੇ ਸਮੇਂ ਦੇ ਹਾਣ ਦੀ ਆਧੁਨਿਕ ਸਿੱਖਿਆ ਮੁਹੱਈਆ ਕਰਵਾਉਣ ਲਈ ਲਈ ਵੱਡੇ ਪੱਧਰ ’ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ ਨੂੰ ਪਹਿਲੀ ਤਰਜੀਹ ਦਿੰਦਿਆਂ ਸਰਕਾਰੀ ਸਕੂਲਾਂ ਵਿੱਚ ਅਤਿ ਆਧੁਨਿਕ ਬੁਨਿਆਦੀ ਢਾਂਚ ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਪਹਿਲਕਦਮੀਆਂ ਸਦਕਾ ਅੱਜ ਜਿਥੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧੀ ਹੈ ਉਥੇ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਬਰਾਬਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਸ਼੍ਰੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਸਕੂਲ ਆਫ ਐਮੀਨੈਂਸ ਦੀ ਸਥਾਪਨਾ, ਅਧਿਆਪਕਾਂ ਨੂੰ ਸਿਖ਼ਲਾਈ ਲਈ ਵਿਦੇਸ਼ ਭੇਜਣਾ, ਬੱਸ ਸਰਵਿਸ ਸ਼ੁਰੂ ਕਰਨਾ, ਕੈਂਪਸ ਮੈਨੇਜਰ ਤੇ ਸੁਰੱਖਿਆ ਗਾਰਡ ਦੀ ਨਿਯੁਕਤੀ, ਡਿਜੀਟਲ ਢੰਗ ਨਾਲ ਸਿੱਖਿਆ ਪ੍ਰਦਾਨ ਕਰਨ ਵਰਗੀਆਂ ਕਈ ਪਹਿਲਕਦਮੀਆਂ ਕੀਤੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਹੋਰ ਬਿਹਤਰ ਅਤੇ ਪੰਜਾਬ ਦੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਤੇ ਰੌਸ਼ਨ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਦਾ ਆਗਾਜ਼ ਕੀਤਾ ਗਿਆ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਇਸ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਾਰਜ ਸਮਰਪਿਤ ਕੀਤੇ ਜਾਣਗੇ।

ਕੈਬਨਿਟ ਮੰਤਰੀ ਨੇ ਇਸ ਮੌਕੇ ਮਾਪਿਆਂ ਨੂੰ ਵੀ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਅਤੇ ਇਥੇ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਤੋਂ ਲਾਭ ਲੈਣ ਦੀ ਅਪੀਲ ਕੀਤੀ।

ਇਸੇ ਤਰ੍ਹਾਂ ਵਿਧਾਨ ਸਭਾ ਹਲਕਾ ਕਰਤਾਰਪੁਰ ਤੋਂ ਵਿਧਾਇਕ ਬਲਕਾਰ ਸਿੰਘ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦਿੱਤੂ ਨੰਗਲ, ਬਿਸਰਾਮਪੁਰ, ਨਾਹਰਪੁਰ ਤੇ ਪੱਤੜ ਕਲਾਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਤੜ ਕਲਾਂ ਅਤੇ ਸਰਕਾਰੀ ਮਿਡਲ ਸਕੂਲ ਫਾਜ਼ਿਲਪੁਰ ਵਿਖੇ 45.77 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।

ਇਸ ਤੋਂ ਇਲਾਵਾ ਜ਼ਿਲ੍ਹੇ ਹੋਰਨਾਂ ਸਕੂਲਾਂ ਵਿੱਚ ਵੀ ਵਿਕਾਸ ਕਾਰਜ ਸਮਰਪਿਤ ਕੀਤੇ ਗਏ, ਜਿਨ੍ਹਾਂ ਵਿੱਚ ਕਲਾਸਰੂਮ, ਲੈਬੋਰੇਟਰੀ, ਚਾਰਦਿਵਾਰੀ, ਸਾਇੰਸ ਲੈਬ, ਲਾਇਬ੍ਰੇਰੀ ਰੂਮ ਅਤੇ ਜ਼ਰੂਰੀ ਮੁਰੰਮਤ ਦੇ ਕੰਮ ਸ਼ਾਮਲ ਹਨ।

# ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਲੁਧਿਆਣਾ ਜ਼ਿਲ੍ਹੇ ਵਿੱਚ ਨਿਵੇਕਲੀ ਪਹਿਲ



**ਲੁਧਿਆਣਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਹੁਣ ਆਮ ਘਰਾਂ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀ ਵੀ ਸ਼ੂਟਿੰਗ ਖੇਡ ਵਿੱਚ ਨਾਮਣਾ ਖੱਟ ਸਕਣਗੇ। ÷ਪੰਜਾਬ ਸਿੱਖਿਆ ਕ੍ਰਾਂਤੀ÷ ਤਹਿਤ ਨਿਵੇਕਲੀ ਪਹਿਲ ਕਰਦਿਆਂ ਕੈਬਨਿਟ ਮੰਤਰੀ ਤੇ ਖੰਨਾ ਦੇ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਵੀਰਵਾਰ ਨੂੰ ਖੰਨਾ ਵਿਖੇ ਸਰਕਾਰੀ ਸਕੂਲ ਅੰਦਰ ਬਣੀ ਸ਼ੂਟਿੰਗ ਰੇਂਜ ਦਾ ਉਦਘਾਟਨ ਕੀਤਾ ਹੈ। ਰਘਵੀਰ ਸਿੰਘ ਫਰੀਡਮ ਫਾਈਟਰ ਪੀਐਮ ਸ਼੍ਰੀ ਸਰਕਾਰੀ ਹਾਈ ਸਕੂਲ ਵਿੱਚ ਬਣਾਈ ਗਈ ਇਹ ਸ਼ੂਟਿੰਗ ਰੇਂਜ ਲੁਧਿਆਣਾ ਜ਼ਿਲ੍ਹੇ ਦੇ ਕਿਸੇ ਸਰਕਾਰੀ ਸਕੂਲ ਅੰਦਰ ਬਣੀ ਪਹਿਲੀ ਸ਼ੂਟਿੰਗ ਰੇਂਜ ਹੈ। ਪੰਜ ਟਾਰਗੇਟ ਦੀ ਇਸ ਸ਼ੂਟਿੰਗ ਰੇਂਜ ’ਤੇ 5 ਲੱਖ ਰੁਪਏ ਦਾ ਖਰਚਾ ਆਇਆ ਹੈ। ਸ਼ੂਟਿੰਗ ਰੇਂਜ ਸਮੇਤ ਕੁੱਲ 71.15 ਲੱਖ ਰੁਪਏ ਨਾਲ ਹਲਕੇ ਦੇ ਪੰਜ ਸਰਕਾਰੀ ਪ੍ਰਾਇਮਰੀ ਅਤੇ ਹਾਈ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰੋਜੈਕਟਾਂ ਦਾ ਵੀ ਉਦਘਾਟਨ ਕੀਤਾ ਗਿਆ ਹੈ।

ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸ਼ੂਟਿੰਗ ਖੇਡ ਵਿੱਚ ਪੰਜਾਬ ਦੇ ਖਿਡਾਰੀ ਕੌਮਾਂਤਰੀ ਪੱਧਰ ਤੱਕ ਨਾਮਣਾ ਖੱਟ ਰਹੇ ਹਨ। ਹੁਣ ਇਸ ਖੇਡ ਦੀ ਸਕੂਲ ਪੱਧਰ ਤੋਂ ਸਿਖਲਾਈ ਸ਼ੁਰੂ ਕਰਵਾ ਕੇ ਕੌਮੀ ਤੇ ਕੌਮਾਂਤਰੀ ਪੱਧਰ ‘ਤੇ ਖਿਡਾਰੀ ਹੋਰ ਮੈਡਲ ਜਿੱਤ ਸਕਣ ਦੇ ਸਮਰੱਥ ਹੋ ਸਕਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਕਾਰੀ ਸਕੂਲਾਂ ਦੀ ਦਿਸ਼ਾ ਤੇ ਦਸ਼ਾ ਸੁਧਾਰਣ ਵਿੱਚ ਪੂਰੀ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ।

ਜ਼ਿਕਰਯੋਗ ਹੈ ਕਿ ਪਿਛਲੇ ਕੁਝ ਦਿਨਾਂ ਵਿੱਚ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਖੰਨਾ ਹਲਕੇ ਦੇ ਕਈ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਸਮੇਤ ਸਕੂਲਾਂ ਦੀ ਨੁਹਾਰ ਬਦਲਣ ਸਬੰਧੀ ਉਦਘਾਟਨ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਦਾ ਸਿਲਸਿਲਾ ਜਾਰੀ ਰਹੇਗਾ।

ਕੈਬਨਿਟ ਮੰਤਰੀ ਨੇ ਜਿਹੜੇ ਪੰਜ ਸਕੂਲਾਂ ਵਿੱਚ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ ਹੈ, ਉਨ੍ਹਾਂ ਵਿੱਚ ਰਘਵੀਰ ਸਿੰਘ ਫਰੀਡਮ ਫਾਈਟਰ ਪੀਐਮ ਸ਼੍ਰੀ ਸਰਕਾਰੀ ਹਾਈ ਸਕੂਲ ਵਿੱਚ 5 ਲੱਖ ਰੁਪਏ ਦੀ ਲਾਗਤ ਨਾਲ ਸ਼ੂਟਿੰਗ ਰੇਂਜ ਰੂਮ, 19.10 ਲੱਖ ਰੁਪਏ ਦੀ ਲਾਗਤ ਨਾਲ ਦੋ ਕਲਾਸ ਰੂਮ ਅਤੇ 2.28 ਲੱਖ ਰੁਪਏ ਬੱਚਿਆਂ ਦੇ ਵਿੱਦਿਅਕ ਟੂਰ ਲਈ ਦਿੱਤੇ ਗਏ ਹਨ। ਸਰਕਾਰੀ ਪ੍ਰਾਇਮਰੀ ਸਕੂਲ ਨੰਬਰ 5 ਵਿੱਚ 1.60 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕੀਤੇ ਗਏ ਹੈ।

ਇਸੇ ਤਰ੍ਹਾਂ ਖੰਨਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਨੰਬਰ 6 ਵਿਚ 7.51 ਲੱਖ ਰੁਪਏ ਦੀ ਲਾਗਤ ਨਾਲ ਕਮਰਾ ਅਤੇ 2 ਲੱਖ ਰੁਪਏ ਦੀ ਲਾਗਤ ਨਾਲ ਬਾਥਰੂਮ ਤਿਆਰ ਕਰਵਾਏ ਗਏ ਹਨ। ਸਰਕਾਰੀ ਪ੍ਰਾਇਮਰੀ ਸਕੂਲ ਨੰਬਰ 8 ਵਿਚ 6.26 ਲੱਖ ਰੁਪਏ ਦੀ ਲਾਗਤ ਨਾਲ ਕਮਰੇ ਦੀ ਮੁਰੰਮਤ, 3.44 ਲੱਖ ਰੁਪਏ ਦੀ ਲਾਗਤ ਕਲਾਸ ਰੂਮ ਦੀ ਮੁਰੰਮਤ, 5.94 ਲੱਖ ਰੁਪਏ ਦੀ ਲਾਗਤ ਨਾਲ ਸਕੂਲ ਵਿੱਚ ਹੋਰ ਮੁਰੰਮਤ ਕਾਰਜ ਅਤੇ 3 ਲੱਖ ਰੁਪਏ ਨਾਲ ਸਕੂਲ ਦੇ ਕਮਰਿਆਂ ਦੀਆਂ ਛੱਤਾਂ ਰਿਪੇਅਰ ਕਰਵਾਈਆ ਗਈਆਂ ਹਨ। ਸਰਕਾਰੀ ਪ੍ਰਾਇਮਰੀ ਸਕੂਲ ਨੰਬਰ 9 ਵਿਚ 15.02 ਲੱਖ ਰੁਪਏ ਦੀ ਲਾਗਤ ਨਾਲ ਦੋ ਕਮਰੇ ਤਿਆਰ ਕਰਵਾਏ ਗਏ।

ਸੌਂਦ ਨੇ ਦੱਸਿਆ ਕਿ ਸਾਰੇ ਸਰਕਾਰੀ ਸਕੂਲਾਂ ਦੀ ਹਰ ਜ਼ਰੂਰਤ ਨੂੰ ਤਰਜੀਹ ਦੇ ਆਧਾਰ ਉੱਤੇ ਪੂਰਾ ਕਰਵਾਇਆ ਜਾ ਰਿਹਾ ਹੈ ਤਾਂ ਜੋ ਵਿਦਆਰਥੀ ਨਾ ਸਿਰਫ ਪੜ੍ਹਾਈ ਵਿੱਚ ਹੀ ਬਲਕਿ ਖੇਡਾਂ ਅਤੇ ਸੱਭਿਆਚਾਰਕ ਮੁਕਾਬਲਿਆਂ ਵਿੱਚ ਵੀ ਵੱਡੀਆਂ ਮੱਲਾਂ ਮਾਰ ਰਹੇ ਹਨ।

ਕੈਬਨਿਟ ਮੰਤਰੀ ਨੇ ਵਿਦਿਆਰਥੀਆਂ ਨੂੰ ਹੱਲਾਸ਼ੇਰੀ ਦਿੰਦਿਆਂ ਕਿਹਾ ਕਿ ਉਹ ਇਸ ਗੱਲ ‘ਤੇ ਮਾਣ ਮਹਿਸੂਸ ਕਰਨ ਕਿ ਉਹ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਹਨ ਕਿਉਂ ਕਿ ਜਿਹੜੀਆਂ ਸਹੂਲਤਾਂ ਪੰਜਾਬ ਸਰਕਾਰ ਉਨ੍ਹਾਂ ਨੂੰ ਮੁਹੱਈਆ ਕਰਵਾ ਰਹੀ ਹੈ ਉਹ ਬਹੁਤ ਸਾਰੇ ਨਿੱਜੀ ਸਕੂਲਾਂ ਨਾਲੋਂ ਵੀ ਬਿਹਤਰ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਦਾ ਗ੍ਰਾਫ ਬਹੁਤ ਉੱਚਾ ਚੁੱਕਿਆ ਗਿਆ ਹੈ ਅਤੇ ਇਸ ਸਬੰਧੀ ਯਤਨ ਆਉਣ ਵਾਲੇ ਦਿਨਾਂ ਵਿੱਚ ਜਾਰੀ ਰਹਿਣਗੇ।

# ਤਰੁਨਪ੍ਰੀਤ ਸਿੰਘ ਸੌਂਦ ਨੇ ਮੰਡੀ ਗੋਬਿੰਦਗੜ੍ਹ ਵਿਖੇ ਕਰਵਾਈ ਮੈਰਾਥਨ ਵਿੱਚ ਲਿਆ ਹਿੱਸਾ

**ਮੰਡੀ ਗੋਬਿੰਦਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਵੀਰਵਾਰ ਸਵੇਰੇ ਇਨਡੋਰ ਸਟੇਡੀਅਮ ਤੋਂ ਸ਼ੁਰੂ ਕਰਵਾਈ ਮੈਰਾਥਨ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਲਾਜ਼ਮੀ ਹੈ ਪਰ ਹਰ ਮੁਹਿੰਮ ਦੀ ਸਫਲਤਾ ਲਈ ਨੌਜਵਾਨਾਂ ਦਾ ਯੋਗਦਾਨ ਅਹਿਮ ਹੁੰਦਾ ਹੈ ਤੇ ਪੰਜਾਬ ਦੇ ਨੌਜਵਾਨ ਹੁਣ ਇਸ ਬੁਰਾਈ ਦੇ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾ ਰਹੇ ਹਨ। ਉਨ੍ਹਾਂ ਨੇ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਸਮਾਜ ਦੇ ਹਰ ਵਰਗ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਕਈ ਪ੍ਰੋਗਰਾਮ ਵੱਡੇ ਪੱਧਰ ਉੱਤੇ ਚੱਲ ਰਹੇ ਹਨ। ਪੰਜਾਬ ਸਰਕਾਰ ਵੱਲੋਂ ÷ਯੁੱਧ ਨਸ਼ਿਆਂ ਵਿਰੁੱਧ÷ ਤਹਿਤ ਸਬ ਕਮੇਟੀ ਬਣਾਈ ਗਈ ਹੈ ਤੇ ਉਹ ਖੁਦ ਇਸ ਕਮੇਟੀ ਦਾ ਹਿੱਸਾ ਹਨ। ਇਸ ਕਮੇਟੀ ਵੱਲੋਂ ਰੋਜ਼ਾਨਾ ਪੱਧਰ ’ਤੇ ਨਸ਼ਿਆਂ ਖਿਲਾਫ ਜੰਗ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਜਾਂਦਾ ਹੈ। 1 ਮਾਰਚ 2025 ਤੋਂ ਸ਼ੁਰੂ ਹੋਈ ਇਸ ਮੁਹਿੰਮ ਤਹਿਤ ਵੱਡੀ ਗਿਣਤੀ ਤਸਕਰ ਫੜ੍ਹੇ ਗਏ ਹਨ ਤੇ ਉਨ੍ਹਾਂ ਦੀਆਂ ਨਾਜ਼ਾਇਜ਼ ਉਸਾਰੀਆਂ ਢਾਹੀਆਂ ਜਾ ਰਹੀਆਂ ਹਨ।ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਅਦਾਕਾਰਾਂ ਵੱਲੋਂ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਨਾਲ ਨੌਜਵਾਨਾਂ ਨੂੰ ਬਹੁਤ ਉਤਸ਼ਾਹ ਮਿਲਦਾ ਹੈ, ਜਿਸ ਲਈ ਉਨ੍ਹਾਂ ਨੇ ਮੈਰਾਥਨ ਵਿੱਚ ਪੁੱਜੇ ਅਦਾਕਾਰਾਂ ਕਰਮਜੀਤ ਅਨਮੋਲ, ਦੇਵ ਖਰੌੜ ਤੇ ਬੀਨੂੰ ਢਿੱਲੋਂ ਦਾ ਧੰਨਵਾਦ ਕੀਤਾ। ਮੈਰਾਥਨ ਵਿੱਚ ਹਰ ਉਮਰ ਵਰਗ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।

ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਨਸ਼ਿਆਂ ਤੋਂ ਸਭਨਾਂ ਨੂੰ ਦੂਰ ਰਹਿਣਾ ਚਾਹੀਦਾ ਹੈ ਅਤੇ ਸਾਡੇ ਆਸ-ਪਾਸ ਜਿਹੜਾ ਵੀ ਵਿਅਕਤੀ ਨਸ਼ਿਆਂ ਦੀ ਦਲਦਲ ਵਿਚ ਫਸਿਆ ਹੋਇਆ ਹੈ, ਉਸ ਨੂੰ ਸਹੀ ਰਾਹ ਉੱਤੇ ਲੈ ਕੇ ਆਉਣ ਲਈ ਯਤਨ ਕੀਤੇ ਜਾਣ।

# ਮਹਾਨ ਸਿੱਖ ਜਰਨੈਲ ਜੱਸਾ ਸਿੰਘ ਰਾਮਗੜ੍ਹੀਆ

ਗਿਆਨ ਸਿੰਘ

5 ਮਈ ਲਈ ਵਿਸ਼ੇਸ਼

296 ਸਾਲ ਪਹਿਲਾਂ 5 ਮਈ 1723 ਈਸਵੀ ਨੂੰ ਜੱਸਾ ਸਿੰਘ ਰਾਮਗੜ੍ਹੀਆ ਨੇ ਮਾਤਾ ਗੰਗੋ ਜੀ ਅਤੇ ਪਿਤਾ ਸਰਦਾਰ ਭਗਵਾਨ ਸਿੰਘ ਦੇ ਘਰ ਪਿੰਡ ਈਚੋਗਿਲ ਜ਼ਿਲ੍ਹਾ ਲਾਹੌਰ ਵਿਖੇ ਜਨਮ ਲਿਆ। ਜੱਸਾ ਸਿੰਘ ਰਾਮਗੜ੍ਹੀਆ ਦਾ ਸਿੱਖ ਧਰਮ ਵਿਚ ਅਟੁੱਟ ਵਿਸ਼ਵਾਸ ਤੇ ਸ਼ਰਧਾ ਸੀ। ਉਹ ਬਹੁਤ ਸੂਝਵਾਨ ਤੇ ਦੂਰਦਰਸ਼ੀ ਸਨ। ਉਨ੍ਹਾਂ ਦਾ ਵਡੱਪਣ ਇਹ ਸੀ ਕਿ ਉਹ ਆਮ ਲੋਕਾਂ ਤੋਂ ਲੈ ਕੇ ਆਪਣੇ ਵਿਰੋਧੀਆਂ ਤਕ ਨਿਮਰਤਾ ਨਾਲ ਪੇਸ਼ ਆਉਂਦੇ ਸਨ।

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਏ ਦੇ ਵੱਡੇ ਵਡੇਰਿਆਂ ਨੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਤੋਂ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤਕ ਸੇਵਾ ਕੀਤੀ, ਜਿਸ ਕਰਕੇ ਜੱਸਾ ਸਿੰਘ ਰਾਮਗੜ੍ਹੀਆ ਨੂੰ ਗੁਰੂ ਘਰ ਦੀ ਸੇਵਾ ਅਤੇ ਜ਼ਬਰ-ਜ਼ੁਲਮ ਦੇ ਵਿਰੁਧ ਆਵਾਜ਼, ਮਜ਼ਲੂਮਾਂ ਦੀ ਰੱਖਿਆ ਦੀ ਗੁੜ੍ਹਤੀ ਮਿਲੀ। ਉਨ੍ਹਾਂ ਆਪਣੇ ਪਿਤਾ ਗਿਆਨੀ ਭਗਵਾਨ ਸਿੰਘ ਪਾਸੋਂ ਧਾਰਮਿਕ ਸਿੱਖਿਆ ਪ੍ਰਾਪਤ ਕੀਤੀ। ਗਿਆਨੀ ਭਗਵਾਨ ਸਿੰਘ ਉੱਚੇ ਆਚਰਣ ਵਾਲੇ ਕਿਰਤੀ ਤੇ ਸਿਦਕਵਾਨ ਸਿੱਖ ਸਨ। ਗਿਆਨੀ ਭਗਵਾਨ ਸਿੰਘ ਨੇ ਜੱਸਾ ਸਿੰਘ ਨੂੰ ਤਰਖਾਣਾ ਕੰਮ ਵਿਚ ਹੱਥ ਵਟਾਉਣ ਲਈ ਲਾਉਣਾ ਚਾਹਿਆ ਪ੍ਰੰਤੂ ਉਸ ਨੇ ਇਸ ਕੰਮ ਵਿਚ ਦਿਲਚਸਪੀ ਨਾ ਲਈ। ਨਾਦਰ ਸ਼ਾਹ ਦੇ ਹਮਲੇ ਕਾਰਨ ਉਨ੍ਹਾਂ ਦੇ ਪਰਿਵਾਰ ਨੂੰ ਪਿੰਡ ਛੱਡਣਾ ਪਿਆ।

1738 ਵਿਚ ਜਦੋਂ ਜ਼ਕਰੀਆ ਖ਼ਾਨ ਨੂੰ ਪਤਾ ਲਗਾ ਕਿ ਨਾਦਰ ਸ਼ਾਹ ਪੰਜਾਬ ਵਲ ਵੱਧ ਰਿਹਾ ਹੈ ਤਾਂ ਉਸ ਨੇ ਬਹਾਦਰ ਸਿੱਖਾਂ ਨਾਲ ਸੁਲਾਹ-ਸਫ਼ਾਈ ਕਰ ਕੇ ਨਾਦਰ ਸ਼ਾਹ ਦਾ ਟਾਕਰਾ ਕਰਨ ਲਈ ਮਦੱਦ ਲੈਣ ਲਈ ਸਿੱਖਾਂ ਨੂੰ ਜਾਗੀਰ ਤੇ ਖ਼ਿਲਅਤ ਪੇਸ਼ ਕੀਤੀ, ਜੋ ਸਿੱਖਾਂ ਨੇ ਸਰਬਸੰਮਤੀ ਨਾਲ ਪਰਵਾਨ ਕਰ ਕੇ ਨਵਾਬ ਕਪੂਰ ਸਿੰਘ ਨੂੰ ਦੇ ਦਿੱਤੀ। ਮਿੱਤਰਤਾ ਦੇ ਫ਼ੈਸਲੇ ਨੂੰ ਸਾਰੇ ਸਿੰਘਾਂ ਨੇ ਪ੍ਰਵਾਨ ਕਰ ਕੇ ਨਾਦਰ ਸ਼ਾਹ ਦੇ ਖ਼ਿਲਾਫ਼ ਜ਼ਕਰੀਆ ਖ਼ਾਨ ਦਾ ਸਾਥ ਦੇਣ ਦਾ ਪ੍ਰਣ ਲਿਆ। ਬਹੁਤ ਸਾਰੇ ਸਿੰਘ ਨਾਦਰ ਸ਼ਾਹ ਦੇ ਖ਼ਿਲਾਫ਼ ਫ਼ੌਜ ਵਿਚ ਭਰਤੀ ਹੋ ਗਏ, ਜਿਨ੍ਹਾਂ ਵਿਚ ਗਿਆਨੀ ਭਗਵਾਨ ਸਿੰਘ ਤੇ ਜੱਸਾ ਸਿੰਘ ਵੀ ਸ਼ਾਮਲ ਸਨ। ਨਾਦਰ ਸ਼ਾਹ ਤੇ ਜ਼ਕਰੀਆ ਖ਼ਾਨ ਦੀਆਂ ਫ਼ੌਜਾਂ ਵਿਚਕਾਰ 1738 ਈਸਵੀ ਵਿਚ ਵਜ਼ੀਰਾਬਾਦ ਜ਼ਿਲ੍ਹਾ ਗੁਜਰਾਂਵਾਲਾ (ਪਾਕਿਸਤਾਨ) ਨੇੜੇ ਟਾਕਰਾ ਹੋਇਆ। ਇਸ ਜੰਗ ਵਿਚ ਬਹਾਦਰੀ ਵਿਖਾਉਂਦਿਆਂ ਗਿਆਨੀ ਭਗਵਾਨ ਸਿੰਘ ਸ਼ਹੀਦ ਹੋ ਗਏ। ਜੱਸਾ ਸਿੰਘ ਦੀ ਉਸ ਵੇਲੇ ਉਮਰ 15 ਕੁ ਸਾਲ ਸੀ। ਜੱਸਾ ਸਿੰਘ ਇੰਨੀ ਦਲੇਰੀ, ਨਿਡਰਤਾ, ਸੂਰਬੀਰਤਾ ਤੇ ਹਿੰਮਤ ਨਾਲ ਲੜਿਆ ਕਿ ਜ਼ਕਰੀਆ ਖ਼ਾਨ ਵੀ ਪ੍ਰਭਾਵਿਤ ਹੋਣੋਂ ਨਾ ਰਹਿ ਸਕਿਆ। ਜ਼ਕਰੀਆ ਖ਼ਾਨ ਨੇ ਗਿਆਨੀ ਭਗਵਾਨ ਸਿੰਘ ਦੇ ਪਰਿਵਾਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਪੰਜ ਪਿੰਡ ਵੱਲਾ, ਵੇਰਕਾ, ਸੁਲਤਾਨਵਿੰਡ, ਤੁੰਗ ਤੇ ਚੱਬਾ ਜਗੀਰ ਵਜੋਂ ਦੇ ਦਿੱਤੇ ਤੇ ਜੱਸਾ ਸਿੰਘ ਨੂੰ ਰਸਾਲਦਾਰ ਦੀ ਪਦਵੀ। ਇਨ੍ਹਾਂ ਵਿੱਚੋਂ ਪਿੰਡ ਵੱਲ੍ਹਾ ਜੱਸਾ ਸਿੰਘ ਦੇ ਹਿੱਸੇ ਆਇਆ, ਜਿੱਥੋਂ ਉਨ੍ਹਾਂ ਦਾ ਰਾਜਨੀਤਿਕ ਜੀਵਨ ਆਰੰਭ ਹੋਇਆ। ਇਸ ਪਿੰਡ ਵਿਚ ਰਹਿੰਦਿਆਂ ਜਲੰਧਰ ਦੁਆਬੇ ਦੇ ਫ਼ੌਜਦਾਰ ਅਦੀਨਾ ਬੇਗ਼ ਨਾਲ ਹੱਦਾਂ ਦੀ ਵੰਡ ਨੂੰ ਲੈ ਕੇ ਨੌਰੰਗਾਬਾਦ ਦੇ ਆਸ-ਪਾਸ ਲੜਾਈ ਲੜੀ ਗਈ ਜੋ, ਵੱਲ੍ਹੇ ਦੀ ਲੜਾਈ ਕਰਕੇ ਮਸ਼ਹੂਰ ਹੈ। ਸਿੱਖਾਂ ਨੇ ਆਪਣੀ ਫ਼ੌਜ ਜੱਥੇਬੰਦ ਕਰ ਲਈ। ਅਦੀਨਾ ਬੇਗ਼ ਬਹੁਤ ਚਲਾਕ ਹਾਕਮ ਸੀ। ਉਹ ਸਰਦਾਰ ਜੱਸਾ ਸਿੰਘ ਦੀ ਸੂਰਮਤਾਈ ਤੇ ਸਿਆਣਪ ਜਾਣ ਚੁੱਕਾ ਸੀ, ਇਸ ਲਈ ਵੈਰ ਵਧਾਉਣ ਦੀ ਬਜਾਏ ਉਸ ਦੀ ਤਾਕਤ ਦਾ ਫ਼ਾਇਦਾ ਲੈਣ ਦੀ ਰਣਨੀਤੀ ਅਪਣਾਈ। ਜੱਸਾ ਸਿੰਘ ਨੂੰ ਆਪਣੀ ਫ਼ੌਜ ਵਿੱਚ ਭਰਤੀ ਕਰ ਕੇ 500 ਘੋੜ ਸਵਾਰਾਂ ਦਾ ਆਗੂ ਨਿਯੁਕਤ ਕਰ ਦਿੱਤਾ। ਇਧਰ, ਸਿੱਖ ਸਰਦਾਰ ਵੀ ਸਰਦਾਰ ਜੱਸਾ ਸਿੰਘ ਨੂੰ ਅਦੀਨਾ ਬੇਗ਼ ਨਾਲ ਗੱਲਬਾਤ ਕਰਨ ਲਈ ਆਪਣੇ ਸਫ਼ੀਰ ਦੇ ਤੌਰ 'ਤੇ ਰੱਖਣਾ ਚਾਹੁੰਦੇ ਸਨ, ਸਿਰਫ਼ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਹੀ ਅਦੀਨਾਬੇਗ਼ ਨਾਲ ਸੁਲਾਹ ਦੇ ਖ਼ਿਲਾਫ਼ ਸੀ।

1747 ਈਸਵੀ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਤੋਂ ਪਿੱਛੋਂ ਵਿਸਾਖੀ 'ਤੇ ਭਾਰੀ ਇਕੱਠ ਹੋਇਆ। ਇਸ ਵਿਚ ਉੱਘੇ ਸਿੱਖ ਆਗੂਆਂ ਨੇ ਫ਼ੈਸਲਾ ਕੀਤਾ ਕਿ ਅੰਮ੍ਰਿਤਸਰ ਸ਼ਹਿਰ ਤੇ ਸ੍ਰੀ ਹਰਿਮੰਦਰ ਸ਼ਾਹਿਬ ਦੀ ਰਾਖੀ ਲਈ ਕਿਲ੍ਹੇ ਉਸਾਰਨੇ ਚਾਹੀਦੇ ਹਨ। ਇਸ ਫ਼ੈਸਲੇ ਪਿੱਛੋਂ ਪਹਿਲਾ ਕਿਲ੍ਹਾ ਅੰਮ੍ਰਿਤਸਰ ਦੀ ਧਰਤੀ 'ਤੇ ਉਸਾਰਨ ਲਈ 1748 ਈਸਵੀ ਨੂੰ ਸ਼ਹਿਰ ਦੇ ਪੂਰਬ ਵਾਲੇ ਪਾਸੇ ਕੰਮ ਸ਼ੁਰੂ ਕਰ ਕੇ 500 ਯੋਧਿਆਂ ਦੇ ਰਹਿਣ ਲਈ ਗੜ੍ਹੀ ਤਿਆਰ ਕਰ ਦਿੱਤੀ ਗਈ। ਇਸ ਦਾ ਨਾਂ 'ਰਾਮਰੌਣੀ' ਰੱਖਿਆ ਗਿਆ। 1748 ਨੂੰ ਅਹਿਮਦ ਸ਼ਾਹ ਅਬਦਾਲੀ ਨੇ ਪੰਜਾਬ ਉੱਤੇ ਪਹਿਲੀ ਵਾਰ ਹਮਲਾ ਕੀਤਾ ਤੇ ਇਸ ਨੂੰ ਮੁਈਨ-ਉਲ-ਮੁਲਕ ਨੇ ਮਨੂੰਪੁਰ ਦੇ ਅਸਥਾਨ ਤੇ ਭਾਰੀ ਹਾਰ ਦਿੱਤੀ, ਜਿਸ ਤੋਂ ਬਾਦਸ਼ਾਹ ਨੇ ਖ਼ੁਸ਼ ਹੋ ਕੇ ਉਸ ਨੂੰ ਮੀਰ-ਮਨੂੰ ਦਾ ਖ਼ਿਤਾਬ ਦੇ ਕੇ ਪੰਜਾਬ ਦਾ ਗਵਰਨਰ ਥਾਪ ਦਿੱਤਾ। ਮੀਰ ਮਨੂੰ ਸਿੱਖਾਂ ਦੀ ਵਧਦੀ ਤਾਕਤ ਤੇ ਰਾਮ ਰੌਣੀ ਨੂੰ ਦੇਖ ਕੇ ਘਬਰਾ ਗਿਆ ਤੇ ਆਪਣੀ ਗੱਦੀ ਕਾਇਮ ਰੱਖਣ ਲਈ ਸਿੱਖਾਂ ਨੂੰ ਖ਼ਤਮ ਕਰਨ ਦੀ ਨੀਤੀ ਅਪਣਾਈ। ਅਮਨ ਕਾਇਮ ਕਰਨ ਦੇ ਬਹਾਨੇ ਉਸ ਨੇ ਇਲਾਕੇ 'ਚ ਗਸ਼ਤੀ ਦਲ ਭੇਜ ਕੇ ਸਿੰਘਾਂ ਦੇ ਕਤਲੇਆਮ ਦਾ ਹੁਕਮ ਚਾੜ੍ਹ ਦਿੱਤਾ।



**ਸਰਦਾਰ ਜੱਸਾ ਸਿੰਘ ਨੇ ਰਾਮ ਰੌਣੀ ਨੂੰ ਪੱਕੇ ਕਿਲ੍ਹੇ ਦੀ ਸ਼ਕਲ ਦਿੱਤੀ ਤੇ ਇਸ ਦਾ ਨਾਂ 'ਰਾਮਗੜ੍ਹ' ਰੱਖਿਆ, ਜਿਸ ਤੋਂ ਉਨ੍ਹਾਂ ਨੂੰ ਜੱਸਾ ਸਿੰਘ ਰਾਮਗੜ੍ਹੀਆ ਦੇ ਨਾਂ ਨਾਲ ਜਾਣਿਆ ਜਾਣ ਲੱਗਾ। ਉਨ੍ਹਾਂ ਨੇ ਕਰੀਬ 360 ਕਿਲ੍ਹੇ ਅਤੇ ਹਰਿਮੰਦਰ ਸਾਹਿਬ ਦੀ ਰਾਖੀ ਲਈ ਰਾਮਗੜ੍ਹੀਆ ਬੁੰਗਾ ਤੇ ਦੋ ਮਿਨਾਰ ਬਣਵਾਏ...**

ਸਿੰਘ ਜੰਗਲਾਂ 'ਚ ਰੂਪੋਸ਼ ਹੋ ਗਏ। ਕੁਝ ਚੋਣਵੇਂ ਸਿੰਘ ਹਰਿਮੰਦਰ ਸਾਹਿਬ ਦੀ ਰਾਖੀ ਹਿਤ ਰਾਮ ਰੌਣੀ ਵਿਚ ਜਮਾਂ ਹੋ ਗਏ। ਮੀਰ ਮਨੂੰ ਨੂੰ ਜਦ ਇਸ ਗੱਲ ਦੀ ਖ਼ਬਰ ਮਿਲੀ ਤਾਂ ਉਸ ਨੇ ਆਪਣੀਆਂ ਫ਼ੌਜਾਂ ਨੂੰ ਰਾਮ ਰੌਣੀ ਨੂੰ ਘੇਰਨ ਦਾ ਹੁਕਮ ਦੇ ਦਿੱਤਾ ਤੇ ਨਾਲ ਹੀ ਅਦੀਨਾ ਬੇਗ਼ ਨੂੰ ਵੀ ਫ਼ੌਜ ਸਮੇਤ ਅੰਮ੍ਰਿਤਸਰ ਪਹੁੰਚਣ ਲਈ ਕਿਹਾ। ਹੁਣ ਮਜਬੂਰ ਹੋ ਕੇ ਅਦੀਨਾ ਬੇਗ਼ ਨੂੰ ਜੱਸਾ ਸਿੰਘ ਨੂੰ ਨਾਲ ਲੈ ਕੇ ਰਾਮ ਰੌਣੀ ਦੇ ਘੇਰੇ ਵਿਚ ਸ਼ਾਮਲ ਹੋਣਾ ਪਿਆ। ਕਰੀਬ ਛੇ ਮਹੀਨੇ ਘੇਰਾ ਪਿਆ ਰਿਹਾ, ਰਾਮ ਰੌਣੀ ਅੰਦਰ ਰਾਸ਼ਨ ਮੁੱਕਣ ਨਾਲ ਸਿੰਘਾਂ ਦੀ ਹਾਲਤ ਮਾੜੀ ਹੋ ਗਈ। ਇਸ ਦੌਰਾਨ ਸਿੰਘਾਂ ਨੂੰ ਪਤਾ ਲਗਾ ਕਿ ਮੁਗ਼ਲ ਫ਼ੌਜ ਵਿਚ ਸਰਦਾਰ ਜੱਸਾ ਸਿੰਘ ਵੀ ਆਪਣੇ ਸਾਥੀਆਂ ਨਾਲ ਸ਼ਾਮਲ ਹੈ ਤਾਂ ਉਨ੍ਹਾਂ ਨੇ ਉਸ ਨੂੰ ਸੁਨੇਹਾ ਘੱਲਿਆ ਕਿ ਇਸ ਵੇਲੇ ਅਸੀ ਮੁਸੀਬਤ ਵਿਚ ਹਾਂ ਤੇ ਸਾਡੀ ਮਦਦ ਕਰੋ। ਇਹ ਜਾਣਕੇ ਸਰਦਾਰ ਜੱਸਾ ਸਿੰਘ ਮੁਗ਼ਲ ਫ਼ੌਜ ਦਾ ਸਾਥ ਛੱਡ ਕੇ ਆਪਣੇ ਸਾਰੇ ਸਾਥੀਆਂ ਸਮੇਤ ਰਾਮ ਰੌਣੀ ਵਿਚ ਆ ਗਿਆ। ਇਸ ਤਰ੍ਹਾਂ ਕਰਨ ਨਾਲ ਸਿੱਖ ਫ਼ੌਜ ਦੇ ਹੌਸਲੇ ਦੁਗਣੇ ਹੋ ਗਏ ਤੇ ਮੁਗ਼ਲ ਫ਼ੌਜ ਦੇ ਹੌਸਲੇ ਪਸਤ ਹੋ ਗਏ। ਉਧਰੋਂ ਅਹਿਮਦ ਸ਼ਾਹ ਅਬਦਾਲੀ ਦੇ ਮੁੜ ਹਮਲੇ ਦੀ ਖ਼ਬਰ ਨੇ ਮੀਰ ਮਨੂੰ ਨੂੰ ਸਿੱਖਾਂ ਨਾਲ ਸਮਝੌਤਾ ਕਰਨ ਲਈ ਮਜਬੂਰ ਕਰ ਦਿੱਤਾ। ਉਸ ਨੇ ਦਿਵਾਨ ਕੌੜਾ ਮੱਲ ਰਾਹੀਂ ਸਿੱਖਾਂ ਨਾਲ ਸੁਲਹ ਕਰ ਕੇ ਰਾਮ ਰੌਣੀ ਦਾ ਘੇਰਾ ਚੁੱਕ ਲਿਆ। ਇਸ ਤੋਂ ਬਾਅਦ ਸਿੱਖ ਸਰਦਾਰਾਂ ਨੇ ਇਸ ਜਿੱਤ ਦੀ ਖ਼ੁਸ਼ੀ ਮਨਾਈ ਤੇ ਸਰਦਾਰ ਜੱਸਾ ਸਿੰਘ ਦੀ ਇਸ ਔਖੇ ਸਮੇਂ ਕੌਮ ਦੀ ਮਦਦ ਕਰਨ ਲਈ ਬਹੁਤ ਪ੍ਰਸ਼ੰਸਾ ਕੀਤੀ ਤੇ ਉਸ ਨੂੰ ਰਾਮ ਰੌਣੀ ਦੀ ਜਥੇਦਾਰੀ ਸੌਂਪ ਦਿੱਤੀ।

ਸਰਦਾਰ ਜੱਸਾ ਸਿੰਘ ਨੇ ਜਥੇਦਾਰੀ ਮਿਲਣ ਤੋਂ ਬਾਅਦ ਰਾਮ ਰੌਣੀ ਨੂੰ ਪੱਕੇ ਕਿਲ੍ਹੇ ਦੀ ਸ਼ਕਲ ਦਿੱਤੀ ਤੇ ਇਸ ਦਾ ਨਾਂ 'ਰਾਮਗੜ੍ਹ' ਰੱਖਿਆ। ਹੁਣ ਕਿਲ੍ਹਾ 'ਰਾਮਗੜ੍ਹ' ਮੁਗ਼ਲਾਂ ਦੀਆਂ ਅੱਖਾਂ 'ਚ ਰੜਕਣ ਲਗਾ। ਰਾਮਗੜ੍ਹ ਕਿਲ੍ਹੇ ਨੂੰ ਢਾਹੁਣ ਤੇ ਵਾਰ-ਵਾਰ ਉਸਾਰਨ ਤੇ ਇਸ ਦੀ ਰਾਖੀ ਲਈ ਲੜਦਿਆਂ ਸਰਦਾਰ ਜੱਸਾ ਸਿੰਘ ਤੇ ਬਾਕੀ ਸਿੰਘਾਂ ਨੂੰ ਰਾਮਗੜ੍ਹ ਕਿਲ੍ਹੇ ਵਾਲੇ ਕਹਿ ਕੇ ਮਾਣ ਦਿੱਤਾ ਜਾਣ ਲੱਗਾ। ਸਰਦਾਰ ਜੱਸਾ ਸਿੰਘ ਨੂੰ ਹੁਣ 'ਰਾਮਗੜ੍ਹੀਆ' ਆਖਿਆ ਜਾਣ ਲਗਾ। ਜਦੋਂ ਸਿੱਖ ਬਾਰਾਂ ਮਿਸਲਾਂ 'ਚ ਵੰਡੇ ਗਏ ਤਾਂ ਜੱਸਾ ਸਿੰਘ ਉਸ ਵੇਲੇ ਸਰਦਾਰ ਨੰਦ ਸਿੰਘ ਸੰਘਾਣੀਆ ਦੀ ਮਿਸਲ 'ਚ ਸੀ ਤੇ ਸੰਘਾਣੀਆ ਦੀ ਮੌਤ ਦੇ ਬਾਅਦ ਜੱਸਾ ਸਿੰਘ ਨੂੰ ਮਿਸਲ ਦਾ ਮੁਖੀ ਥਾਪਿਆ ਗਿਆ ਜੋ ਬਾਅਦ ਵਿਚ 'ਰਾਮਗੜ੍ਹੀਆ ਮਿਸਲ' ਵਜੋਂ ਮਸ਼ਹੂਰ ਹੋਈ। ਜੱਸਾ ਸਿੰਘ ਰਾਮਗੜ੍ਹੀਆ ਨੇ ਬਹਾਦਰੀ, ਸਿਆਣਪ, ਦੂਰਅੰਦੇਸ਼ੀ ਨਾਲ ਇਸ ਮਿਸਲ ਨੂੰ ਸਾਰੀਆਂ ਮਿਸਲਾਂ ਨਾਲੋਂ ਤਾਕਤਵਰ ਬਣਾਇਆ ਤੇ ਇਲਾਕਿਆਂ ਦਾ ਵਿਸਤਾਰ ਕਰ ਕੇ ਮਹਾਰਾਜੇ ਦਾ ਦਰਜਾ ਪ੍ਰਾਪਤ ਕੀਤਾ।

ਆਪਣੇ ਰਾਜ ਵਿਚ ਜੱਸਾ ਸਿੰਘ ਰਾਮਗੜ੍ਹੀਆ ਨੇ ਕਰੀਬ 360 ਕਿਲ੍ਹੇ ਤੇ ਹਰਿਮੰਦਰ ਸਾਹਿਬ ਦੀ ਰਾਖੀ ਲਈ ਰਾਮਗੜ੍ਹੀਆ ਬੁੰਗਾ ਤੇ ਦੋ ਮਿਨਾਰ ਬਣਵਾਏ। ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਏ ਦੀਆਂ ਜਿੱਤਾਂ ਨਾਲ ਫ਼ੌਜੀ ਤਾਕਤ 'ਚ ਵਾਧੇ ਕਾਰਨ ਦੂਜੀਆਂ ਮਿਸਲਾਂ ਉਨ੍ਹਾਂ ਨਾਲ ਈਰਖਾ ਕਰਨ ਲਗੀਆਂ। ਸਰਦਾਰ ਜੱਸਾ ਸਿੰਘ ਆਹਲੂਵਾਲੀਏ ਦੀ ਰਾਮਗੜ੍ਹੀਆਂ ਹੱਥੋਂ ਗ੍ਰਿਫ਼ਤਾਰੀ ਤੇ ਸਰਦਾਰ ਚੜ੍ਹਤ ਸਿੰਘ ਸ਼ੁਕਰਚੱਕੀਏ ਦੀ ਹਾਰ ਨੇ ਬਾਕੀ ਮਿਸਲਾਂ ਦੇ ਗਠਜੋੜ ਦਾ ਮੁੱਢ ਬੰਨ੍ਹਿਆ। ਇਨ੍ਹਾਂ ਨੇ ਰਾਮਗੜ੍ਹੀਆਂ ਦੇ ਸਾਰੇ ਇਲਾਕਿਆਂ ਉੱਪਰ 1776 ਈਸਵੀ ਨੂੰ ਕਬਜ਼ਾ ਕਰ ਲਿਆ। ਰਾਮਗੜ੍ਹੀਆ ਸਰਦਾਰ ਆਪਣਾ ਇਲਾਕਾ ਛੱਡ ਕੇ ਆਪਣੇ ਚੋਣਵੇ ਯੋਧਿਆਂ ਨਾਲ ਸਤਲੁਜ ਤੋਂ ਪਾਰ ਚਲਾ ਗਿਆ, ਜਿੱਥੇ ਪਟਿਆਲਾ ਰਿਆਸਤ ਦੇ ਰਾਜੇ ਸਰਦਾਰ ਅਮਰ ਸਿੰਘ ਨੇ ਉਸ ਨਾਲ ਦੋਸਤੀ ਦਾ ਹੱਥ ਵਧਾਇਆ ਕਿਉਂਕਿ ਉਹ ਜੱਸਾ ਸਿੰਘ ਦੀ ਬਹਾਦਰੀ, ਤਾਕਤ, ਸਿਆਣਪ ਤੇ ਯੁੱਧ ਕੁਸ਼ਲਤਾ ਨੂੰ ਜਾਣਦਾ ਸੀ। ਰਾਜਾ ਉਸ ਨੂੰ ਆਪਣੇ ਵਿਰੋਧੀਆਂ ਖ਼ਿਲਾਫ਼ ਮਦਦ ਲਈ ਵਰਤਣਾ ਚਾਹੁੰਦਾ ਸੀ। ਇਸ ਲਈ ਉਨ੍ਹਾਂ ਹਾਂਸੀ ਤੇ ਹਿਸਾਰ ਦਾ ਇਲਾਕਾ ਜਗੀਰ ਵਜੋਂ ਦੇ ਦਿੱਤਾ।

ਸਿੱਖ ਫ਼ੌਜ ਨੇ ਦਿੱਲੀ 'ਤੇ ਹਮਲਾ ਕੀਤਾ ਤਾਂ ਇਕ ਪਾਸਿਓਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਆਪਣੀਆਂ ਫ਼ੌਜਾਂ ਨਾਲ ਤੇ ਦੂਸਰੇ ਪਾਸਿਓਂ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਤੇ ਸਰਦਾਰ ਬਘੇਲ ਸਿੰਘ ਵੀ ਆਪਣੀਆਂ ਫ਼ੌਜਾਂ ਸਮੇਤ ਪਹੁੰਚੇ। ਸਿੱਖ ਫ਼ੌਜਾਂ ਨੇ 11 ਮਾਰਚ 1783 ਨੂੰ ਦਿੱਲੀ ਦੇ ਲਾਲ ਕਿਲ੍ਹੇ ਵਿਚ ਦਾਖ਼ਲ ਹੋ ਕੇ ਕਿਲ੍ਹੇ ਉੱਪਰ ਕਬਜ਼ਾ ਕਰ ਕੇ ਕੇਸਰੀ ਨਿਸ਼ਾਨ ਲਹਿਰਾਇਆ। ਮੁਗ਼ਲਾਂ ਦੇ ਰਾਜ ਨੂੰ ਜੜ੍ਹੋਂ ਪੁੱਟਣ ਲਈ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਨੇ ਮੁਗ਼ਲਾਂ ਦੀ ਤਾਜਪੋਸ਼ੀ ਵਾਲੀ ਪੱਥਰ ਦੀ ਸਿਲ ਅਤੇ ਬਾਰਾਂਦਰੀ ਦੇ 44 ਥੰਮ ਪੁੱਟ ਕੇ ਆਪਣੇ ਨਾਲ ਲੈ ਆਂਦੇ, ਜੋ ਅੱਜ ਵੀ ਰਾਮਗੜ੍ਹੀਆ ਬੁੰਗਾ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਚ ਲਗੇ ਹੋਏ ਹਨ। ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਨੇ ਪੰਜਾਬ ਵਾਪਸ ਆਕੇ ਦੁਬਾਰਾ ਰਾਮਗੜ੍ਹੀਆ ਮਿਸਲ ਦੀ ਸ਼ਾਨ ਬਹਾਲ ਕਰ ਲਈ।

ਅਖ਼ੀਰ 8 ਅਗਸਤ 1803 ਨੂੰ ਜੱਸਾ ਸਿੰਘ ਰਾਮਗੜ੍ਹੀਆ ਆਪਣੀ ਰਾਜਧਾਨੀ ਸ੍ਰੀ ਹਰਗੋਬਿੰਦਪੁਰ ਵਿਖੇ ਕੁਝ ਸਮਾਂ ਬਿਮਾਰ ਰਹਿਣ ਮਗਰੋਂ 80 ਸਾਲ ਦੀ ਉਮਰ 'ਚ ਸਵਰਗਵਾਸ ਹੋ ਗਏ।

98157-84100

# ਖਿਦਰਾਣੇ ਕੋ ਮੁਕਤਸਰ ਕੀਨਾ

ਕਰਨੈਲ ਸਿੰਘ ਐੱਮਏ

ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ ਮੁਕਤਸਰ ਦੇ ਪਿੱਛੇ ਲਹਿੰਦੇ ਪਾਸੇ ਵੱਲ ਹੈ। ਜਿੱਥੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਹੱਥੀਂ ਅੰਗੀਠਾ ਤਿਆਰ ਕਰ ਕੇ 40 ਮੁਕਤਿਆਂ ਤੇ ਹੋਰ ਸ਼ਹੀਦ ਸਿੰਘਾਂ ਦਾ ਸਸਕਾਰ ਕੀਤਾ ਸੀ। ਇਨ੍ਹਾਂ ਮੁਕਤਿਆਂ ਦੀ ਯਾਦ ਵਿਚ ਹਰ ਸਾਲ 1, 2 ਅਤੇ 3 ਮਈ ਨੂੰ ਸ਼ਹੀਦੀ ਦਿਹਾੜਾ ਮਨਾਇਆ ਜਾਂਦਾ ਹੈ।

ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਸੰਨ 1704 ਵਿਚ ਅਨੰਦਪੁਰ ਸਾਹਿਬ ਵਿਚ ਕਿਲ੍ਹਾ ਅਨੰਦਗੜ੍ਹ ਵਿਖੇ ਮੁਗ਼ਲ ਫ਼ੌਜਾਂ ਨਾਲ ਯੁੱਧ ਲੜ ਰਹੇ ਸਨ। ਦੁਸ਼ਮਣ ਫ਼ੌਜ ਨੇ ਚਾਰੇ ਪਾਸਿਓਂ ਘੇਰਾ ਪਾ ਲਿਆ ਅਤੇ ਬਾਹਰੋਂ ਰਸਦ-ਪਾਣੀ ਕਿਲ੍ਹੇ ਦੇ ਅੰਦਰ ਨਾ ਜਾਣ ਦਿੱਤਾ ਕਿਉਂਕਿ ਉਨ੍ਹਾਂ ਨੂੰ ਉਮੀਦ ਸੀ ਕਿ ਭੁੱਖ ਨਾਲ ਮਰਦੇ ਸਿੰਘ ਲੜਾਈ ਨਹੀ ਲੜ ਸਕਣਗੇ ਅਤੇ ਬਾਹਰ ਆ ਜਾਣਗੇ। ਜਦੋਂ ਲੰਮਾ ਸਮਾਂ ਕਿਲ੍ਹੇ ਨੂੰ ਘੇਰਾ ਪਿਆ ਤਾਂ ਭੁੱਖ ਤੋਂ ਤੰਗ ਆਏ ਸਿੰਘਾਂ ਨੇ ਗੁਰੂ ਜੀ ਨੂੰ ਬੇਨਤੀ ਕੀਤੀ ਕਿ ਉਹ ਜੰਗ ਨਹੀ ਲੜ ਸਕਦੇ ਅਤੇ ਉਹ ਘਰਾਂ ਨੂੰ ਜਾਣਾ ਚਾਹੁੰਦੇ ਹਨ। ਗੁਰੂ ਸਾਹਿਬ ਨੇ ਸਿੰਘਾਂ ਨੂੰ ਹੌਸਲਾ ਦਿੰਦੇ ਹੋਏ ਕਿਹਾ ਕਿ ਕੁਝ ਦਿਨਾਂ ਦੀ ਗੱਲ ਹੈ, ਪਰ ਸਿੰਘਾਂ ਨੇ ਉੱਤਰ ਦਿੱਤਾ, 'ਅਸੀ ਲੜਦੇ ਹੋਏ ਸ਼ਹੀਦ ਹੋ ਸਕਦੇ ਹਾਂ ਪਰ ਭੁੱਖ ਨਾਲ ਮਰਨ ਲਈ ਤਿਆਰ ਨਹੀ।' ਸਿੰਘ ਜਦ ਆਪਣੀ ਜ਼ਿਦ 'ਤੇ ਅੜੇ ਰਹੇ ਤਾਂ ਗੁਰੂ ਜੀ ਨੇ ਕਿਹਾ ਕਿ ਜੇ ਤੁਸੀ ਜਾਣਾ ਹੈ ਤਾਂ ਜਾਉ ਪਰ ਇਹ ਲਿਖ ਕੇ ਦੇ ਜਾਉ ਕਿ 'ਗੁਰੂ ਗੋਬਿੰਦ ਸਿੰਘ ਸਾਡਾ ਗੁਰੂ ਨਹੀ ਅਤੇ ਅਸੀ ਉਸ ਦੇ ਸਿੱਖ ਨਹੀ।' ਭਾਈ ਮਹਾਂ ਸਿੰਘ ਦੀ ਅਗਵਾਈ ਵਿਚ 40 ਸਿੰਘ ਗੁਰੂ ਜੀ ਇਹ ਬੇਦਾਵਾ ਲਿਖ ਕੇ ਦੇਣ ਉਪਰੰਤ ਘਰਾਂ ਨੂੰ ਵਾਪਸ ਆ ਗਏ।

ਗੁਰੂ ਜੀ ਨੇ ਮੁਗ਼ਲਾਂ ਦੇ ਵਿਸ਼ਵਾਸ ਦੇਣ 'ਤੇ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡ ਦਿੱਤਾ ਕਿ ਸਾਡੀ ਫ਼ੌਜ ਵਾਪਸ ਚਲੀ ਜਾਵੇਗੀ ਪਰ ਇਹ ਉਨ੍ਹਾਂ ਦੀ ਇਕ ਚਾਲ ਸੀ। ਗੁਰੂ ਜੀ ਸਰਸਾ ਨਦੀ ਪਾਰ ਕਰ ਕੇ ਚਮਕੌਰ ਸਾਹਿਬ ਪੁੱਜੇ। ਇਸ ਸਮੇਂ ਦੌਰਾਨ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ, ਜੋ ਗੰਗੂ ਰਸੋਈਏ ਨਾਲ ਸਨ, ਗੁਰੂ ਸਾਹਿਬ ਤੋਂ ਵਿੱਛੜ ਗਏ। ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਜੀ ਗੁਰੂ ਸਾਹਿਬ ਨਾਲ ਸਨ। ਮੁਗ਼ਲ ਫ਼ੌਜ ਪਿੱਛਾ ਕਰਦੀ ਆ ਰਹੀ ਸੀ। ਚਮਕੌਰ ਸਾਹਿਬ ਵਿਖੇ ਭਾਰੀ ਯੁੱਧ ਹੋਇਆ, ਜਿੱਥੇ ਦੋਵੇਂ ਵੱਡੇ ਸਾਹਿਬਜ਼ਾਦੇ ਜੰਗ ਵਿਚ ਸ਼ਹੀਦ ਹੋ ਗਏ।

ਗੁਰੂ ਜੀ ਪੰਜ ਪਿਆਰਿਆਂ ਦਾ ਹੁਕਮ ਮੰਨ ਕੇ ਚਮਕੌਰ ਦੀ ਗੜ੍ਹੀ ਵਿੱਚੋਂ ਨਿਕਲ ਕੇ ਮਾਛੀਵਾੜਾ, ਰਾਏਕੋਟ, ਦੀਨਾ ਕਾਂਗੜਾ, ਵਾਂਦਰ, ਬਰਗਾੜੀ ਸਰਾਵਾਂ, ਜੈਤੋ, ਮਲ੍ਹਕਾ ਆਦਿ ਪਿੰਡਾਂ ਵਿੱਚੋਂ ਦੀ ਹੁੰਦੇ ਹੋਏ ਕੋਟਕਪੂਰਾ ਪੁੱਜੇ। ਕੋਟਕਪੂਰੇ ਦੇ ਚੌਧਰੀ ਕਪੂਰ ਸਿੰਘ ਤੋਂ ਗੁਰੂ ਜੀ ਨੇ ਕਿਲ੍ਹਾ ਮੰਗਿਆ। ਚੌਧਰੀ ਨੇ ਗੁਰੂ ਜੀ ਦੀ ਬਹੁਤ ਸੇਵਾ ਅਤੇ ਸਤਿਕਾਰ ਕੀਤਾ ਪਰ ਕਿਲ੍ਹਾ ਦੇਣ ਤੋਂ ਨਾਂਹ ਕਰ ਦਿੱਤੀ। ਗੁਰੂ ਜੀ ਸਿੱਖ ਯੋਧਿਆਂ ਸਮੇਤ ਖਿਦਰਾਣੇ ਦੀ ਢਾਬ ਵੱਲ ਚੱਲ ਪਏ। ਦੂਜੇ ਪਾਸੇ ਅਨੰਦਪੁਰ ਸਾਹਿਬ ਤੋਂ ਬੇਦਾਵਾ ਦੇਣ ਵਾਲੇ 40 ਸਿੰਘ ਜਦ ਘਰਾਂ ਨੂੰ ਚਲੇ ਗਏ ਅਤੇ ਘਰ ਜਾ ਕੇ ਸਾਰਾ ਹਾਲ ਸੁਣਾਇਆ ਤਾਂ ਉਨ੍ਹਾਂ ਦੀਆਂ ਪਤਨੀਆਂ, ਭੈਣਾਂ, ਮਾਵਾਂ ਅਤੇ ਰਿਸ਼ਤੇਦਾਰਾਂ ਨੇ ਉਨ੍ਹਾਂ ਨੂੰ ਬਹੁਤ ਤਾਹਨੇ-ਮਿਹਣੇ ਮਾਰ ਕੇ ਕਿਹਾ ਕਿ ਤੁਸੀ ਗੁਰੂ ਜੀ ਤੋਂ ਬੇਮੁੱਖ ਹੋ ਕੇ ਆਏ ਹੋ ਤੁਸੀ ਘਰਾਂ ਵਿਚ ਘੱਗਰੇ ਤੇ ਚੂੜੀਆਂ ਪਾ ਕੇ ਬੈਠੋ ਅਸੀ ਜੰਗ ਲੜਨ ਜਾਂਦੀਆਂ ਹਾਂ।

ਮਾਈ ਭਾਗ ਕੌਰ, ਜੋ ਸੂਰਬੀਰ ਔਰਤ ਸੀ, ਉਸ ਦੀ ਪ੍ਰੇਰਨਾ ਨਾਲ ਹਿ ਚਾਲੀ ਸਿੰਘ ਗੁਰੂ ਜੀ ਦੀ ਭਾਲ ਕਰਦੇ ਹੋਏ ਖਿਦਰਾਣੇ ਦੀ ਢਾਬ 'ਤੇ ਪਹੁੰਚੇ। ਉਨ੍ਹਾਂ ਆਪਣੀ ਗਿਣਤੀ ਜ਼ਿਆਦਾ ਦਿਖਾਉਣ ਲਈ ਝਾੜੀਆਂ ਦੇ ਉੱਪਰ ਆਪਣੇ ਚਾਦਰੇ, ਪਰਨੇ ਅਤੇ ਹੋਰ ਕੱਪੜੇ ਪਾ ਕੇ ਤੰਬੂਆਂ ਦੀ ਸ਼ਕਲ ਵਿਚ ਬਦਲ ਦਿੱਤਾ। 40 ਸਿੰਘ ਮੁਗ਼ਲ ਫ਼ੌਜ ਨਾਲ ਜੂਝ ਕੇ ਲੜੇ।

ਯੁੱਧ ਖ਼ਤਮ ਹੋਣ ਤੋਂ ਬਾਅਦ ਗੁਰੂ ਜੀ ਜਦੋਂ ਲੜਾਈ ਦੇ ਮੈਦਾਨ ਵਿਚ ਪਹੁੰਚੇ ਤਾਂ 39 ਸਿੰਘ ਸ਼ਹੀਦ ਹੋ ਚੁੱਕੇ ਸਨ। ਜਦੋਂ ਗੁਰੂ ਜੀ ਸਹਿਕ ਰਹੇ ਇਕ ਸਿੰਘ ਮਹਾਂ ਸਿੰਘ ਕੋਲ ਪੁੱਜੇ ਤਾਂ ਉਸ ਦਾ ਸਿਰ ਆਪਣੀ ਗੋਦੀ ਵਿਚ ਰੱਖਿਆ ਤੇ ਕੱਪੜੇ ਨਾਲ ਉਸ ਦਾ ਚਿਹਰਾ ਸਾਫ਼ ਕੀਤਾ। ਗੁਰੂ ਜੀ ਨੇ ਉਸ ਦੀ ਆਖ਼ਰੀ ਇੱਛਾ ਪੁੱਛੀ ਤੇ ਕਿਹਾ, 'ਭਾਈ ਮਹਾਂ ਸਿੰਘ! ਤੁਸੀ ਮਹਾਨ ਕੁਰਬਾਨੀ ਕੀਤੀ ਹੈ, ਮੰਗ ਲੈ ਜੋ ਮੰਗੇਗਾ, ਉਹ ਜ਼ਰੂਰ ਮਿਲੇਗਾ।'

ਗਿਆਨੀ ਗਿਆਨ ਸਿੰਘ ਇਸ ਸਮੇਂ ਦੇ ਦ੍ਰਿਸ਼ ਨੂੰ ਇਸ ਪ੍ਰਕਾਰ ਬਿਆਨ ਕਰਦੇ ਹਨ :

ਤਬ ਲੌ ਇਕ ਸਿੱਖ ਸਹਿਕਤ ਪਾਯੋ।
ਕਹਯੋ ਗੁਰੂ ਮਾਂਗੋ ਮਨ ਭਾਯੋ।

ਸਿਸਕੀਆਂ ਭਰਦਿਆਂ ਭਾਈ ਮਹਾਂ ਸਿੰਘ ਨੇ ਹੱਥ ਜੋੜ ਕੇ ਬੇਨਤੀ ਕੀਤੀ ਕਿ ਜੇ ਤੁੱਠੇ ਹੋ ਤਾਂ ਅਨੰਦਪੁਰ ਸਾਹਿਬ ਵਿਖੇ ਜੰਗ ਸਮੇਂ ਅਸੀਂ ਜੋ ਬੇਦਾਵਾ ਲਿਖ ਕੇ ਦੇ ਆਏ ਸੀ, ਉਹ ਪਾੜ ਦਿਉ ਅਤੇ ਸਾਡੀ ਟੁੱਟੀ ਗੰਢ ਦਿਉ। ਗੁਰੂ ਜੀ ਨੇ ਆਪਣੇ ਕਮਰਕੱਸੇ ਵਿੱਚੋਂ ਬੇਦਾਵਾ ਕੱਢ ਕੇ ਭਾਈ ਮਹਾਂ ਸਿੰਘ ਦੇ ਸਾਹਮਣੇ ਪਾੜ ਕੇ ਇਨ੍ਹਾਂ 40 ਸਿੰਘਾਂ ਨਾਲ ਟੁੱਟੀ ਸਾਂਝ ਮੁੜ ਗੰਢ ਦਿੱਤੀ।


ਇਸ ਸਬੰਧੀ 'ਪੰਥ ਪ੍ਰਕਾਸ਼' ਗ੍ਰੰਥ ਵਿਚ ਗਿਆਨੀ ਗਿਆਨ ਸਿੰਘ ਲਿਖਦੇ ਹਨ :

ਸਿੱਖੀ ਹਿਤ ਜਿਨ ਰਾਜਨ ਚਾਹਯੋ।
ਸਿਦਕ ਔਰ ਉਪਕਾਰ ਨਿਬਾਹਯੋ।
ਜੇਬ ਬੀਚ ਤੇਂ ਤਬੈ ਨਿਕਾਰਯੋ।
ਕਾਗਜ਼ ਸਨਮੁਖ ਤਾਂ ਕੇ ਫਾਰਯੋ।
ਗੁਰੂ ਤੇ ਵਲੀ ਗੁਰੂ ਕੇ ਸਿਖ ਹੈਂ।
ਯਹਿ ਗੁਰੂ ਕਹਯੋ ਲਏ ਹਮ ਪਿਖ ਹੈਂ।
ਟੂਟੀ ਸਿੱਖੀ ਫੇਰ ਮਿਲਾਈ
ਪਰਉਪਕਾਰ ਕਰਯੋ ਬਹੁਤਾਈ।

ਬੇਦਾਵਾ ਪਾੜਨ ਦੇ ਨਾਲ ਹੀ ਗੁਰੂ ਸਾਹਿਬ ਨੇ ਫ਼ਰਮਾਇਆ ਕਿ ਇਹ ਥਾਂ ਹੁਣ ਖਿਦਰਾਣਾ ਨਹੀ ਸਗੋਂ ਮੁਕਤੀ ਦਾ ਅਸਥਾਨ ਹੈ। ਗੁਰੂ ਸਾਹਿਬ ਦੇ ਇਸ ਫ਼ਰਮਾਨ ਨੂੰ ਗਿਆਨੀ ਗਿਆਨ ਸਿੰਘ ਨੇ ਆਪਣੀ ਰਚਨਾ 'ਪੰਥ ਪ੍ਰਕਾਸ਼' ਵਿਚ ਇਹ ਸ਼ਬਦ ਦਿੱਤੇ ਹਨ :

ਮੁਕਤਯੋਂ ਕਾ ਪਦ ਉਨ ਕੋ ਦੀਨਾ।
ਖਿਦਰਾਣੇ ਕੋ ਮੁਕਤਸਰ ਕੀਨਾ।

ਗੁਰੂ ਜੀ ਨੇ ਸ਼ਹੀਦ ਹੋਏ ਸਿੰਘਾਂ ਨੂੰ 'ਪੰਜ ਹਜ਼ਾਰੀ', 'ਦਸ ਹਜ਼ਾਰੀ' ਅਤੇ ਹੋਰ ਵੱਡੇ-ਵੱਡੇ ਖ਼ਿਤਾਬ ਬਖ਼ਸ਼ੇ। ਇਨ੍ਹਾਂ 40 ਮੁਕਤਿਆਂ ਨੂੰ ਅਸੀ ਰੋਜ਼ਾਨਾ ਸਵੇਰੇ-ਸ਼ਾਮ ਅਰਦਾਸ ਕਰਨ ਸਮੇਂ ਯਾਦ ਕਰਦੇ ਹਾਂ।



### 40 ਮੁਕਤਿਆਂ ਨੂੰ ਸਮਰਪਿਤ ਸਮਾਗਮ

*ਗੁਰਦੁਆਰਾ ਸ਼ਹੀਦਗੰਜ ਸਾਹਿਬ ਮੁਕਤਸਰ ਵਿਖੇ 40 ਮੁਕਤਿਆਂ ਦੀ ਯਾਦ ਵਿਚ 13 ਫਰਵਰੀ ਤੋਂ ਅਖੰਡ ਪਾਠ ਲੜੀ ਆਰੰਭ ਹੈ। ਪਹਿਲੀ ਮਈ ਨੂੰ ਗੁਰਦੁਆ ਟਿੱਬੀ ਸਾਹਿਬ ਤੋਂ ਸਵੇਰੇ 8 ਵਜੇ ਨਗਰ ਕੀਰਤਨ ਆਰੰਭ ਹੋਵੇਗਾ, ਜੋ ਵੱਖ-ਵੱਖ ਮਾਰਗਾਂ ਤੋਂ ਹੁੰਦਾ ਹੋਇਆ 10 ਵਜੇ ਗੁਰਦੁਆਰਾ ਸ਼ਹੀਦਗੰਜ ਸਾਹਿਬ ਵਿਖੇ ਪਹੁੰਚ ਕੇ ਸਮਾਪਤ ਹੋਵੇਗਾ। ਇਸੇ ਦਿਹਾੜੇ ਲੜੀ ਦਾ 40ਵਾਂ ਅਖੰਡ ਪਾਠ ਆਰੰਭ ਹੋਵੇਗਾ, 2 ਮਈ ਰਾਤ ਨੂੰ ਕੀਰਤਨ ਦਰਬਾਰ ਹੋਵੇਗਾ ਅਤੇ 3 ਮਈ ਨੂੰ ਅਖੰਡ ਪਾਠਾਂ ਦੀ ਲੜੀ ਦੇ ਭੋਗ ਪਾਏ ਜਾਣਗੇ। ਇਸ ਉਪਰੰਤ ਵਿਸ਼ੇਸ਼ ਦੀਵਾਨ ਵਿਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ, ਪ੍ਰਚਾਰਕ, ਕਵੀ ਗੁਰੂ ਜਸ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।*

### 40 ਮੁਕਤੇ

- ਸਮੀਰ ਸਿੰਘ
- ਸਰਜਾ ਸਿੰਘ
- ਸੁਹੇਲ ਸਿੰਘ
- ਸੁਲਤਾਨ ਸਿੰਘ
- ਸੋਭਾ ਸਿੰਘ
- ਸੰਤ ਸਿੰਘ
- ਹਰਸਾ ਸਿੰਘ
- ਹਰੀ ਸਿੰਘ
- ਕਰਨ ਸਿੰਘ
- ਕਰਮ ਸਿੰਘ
- ਕਾਲਾ ਸਿੰਘ
- ਕੀਰਤੀ ਸਿੰਘ
- ਕ੍ਰਿਪਾਲ ਸਿੰਘ
- ਖੁਸ਼ਾਲ ਸਿੰਘ
- ਗੁਲਾਬ ਸਿੰਘ
- ਗੰਗਾ ਸਿੰਘ
- ਗੰਡਾ ਸਿੰਘ
- ਘਰਬਾਰਾ ਸਿੰਘ
- ਚੰਬਾ ਸਿੰਘ
- ਜਾਦੋ ਸਿੰਘ
- ਜੋਗਾ ਸਿੰਘ
- ਜੰਗ ਸਿੰਘ
- ਦਿਆਲ ਸਿੰਘ
- ਦਰਬਾਰਾ ਸਿੰਘ
- ਦਿਲਬਾਗ ਸਿੰਘ
- ਧਰਮ ਸਿੰਘ
- ਧੰਨਾ ਸਿੰਘ
- ਨਿਹਾਲ ਸਿੰਘ
- ਨਿਧਾਨ ਸਿੰਘ
- ਬੂੜ ਸਿੰਘ
- ਭਾਗ ਸਿੰਘ
- ਭੋਲਾ ਸਿੰਘ
- ਭੰਗਾ ਸਿੰਘ
- ਮਹਾਂ ਸਿੰਘ
- ਮੱਜਾ ਸਿੰਘ
- ਮਾਨ ਸਿੰਘ
- ਮੈਯਾ ਸਿੰਘ
- ਰਾਇ ਸਿੰਘ
- ਲਛਮਣ ਸਿੰਘ

# ਡੇਰਾ ਬਾਬਾ ਬੰਦਾ ਬਹਾਦਰ

ਕਟੜਾ, ਜੰਮੂ ਤੋਂ ਸ਼ੁਰੂ ਹੋਣ ਵਾਲੀ ਮਾਂ ਵੈਸ਼ਨੂੰ ਦੀ ਤੀਰਥ ਯਾਤਰਾ ਦੀ ਮਹੱਤਤਾ ਤਾਂ ਸ਼ਰਧਾਲੂਆਂ ਦਾ ਹਿਰਦੈ ਹੀ ਜਾਣਦਾ ਹੈ, ਚਾਹੇ ਉਹ ਵੱਖ-ਵੱਖ ਧਰਮਾਂ ਤੇ ਸੱਭਿਆਚਾਰ ਦੇ ਕਿਉਂ ਨਾ ਹੋਣ। ਅਨੇਕਾਂ ਦੇਵੀ ਦੇਵਤਿਆਂ ਨੇ ਰਮਣੀਕ ਪਹਾੜੀ ਲੜੀਆਂ 'ਤੇ ਆਪਣਾ ਨਿਵਾਸ ਸਥਾਨ ਨਿਰਧਾਰਤ ਕੀਤਾ, ਜੋ ਵਰਤਮਾਨ ਯੁੱਗ ਦੇ ਤੀਰਥ ਸਥਾਨ ਦੇ ਰੂਪ 'ਚ ਪ੍ਰਸਿੱਧ ਹੋਏ। ਪਰਮਾਤਮਾ ਨੇ ਇਨ੍ਹਾਂ ਪਵਿੱਤਰ ਸਥਾਨਾਂ ਦੇ ਆਸ-ਪਾਸ ਉਨ੍ਹਾਂ ਦੁਆਰਾ ਧਰਤੀ 'ਤੇ ਭੇਜੇ ਗਈ ਸੰਦੇਸ਼-ਵਾਹਕਾਂ ਲਈ ਵੀ ਅਜਿਹੇ ਹੀ ਸਥਾਨ ਚੁਣੇ ਜੋ ਉਨ੍ਹਾਂ ਸੰਤਾਂ ਮਹਾਤਮਾਵਾਂ ਨਾਲ ਜੁੜ ਗਏ।

ਇਕ ਵਿਲੱਖਣ ਤੇ ਚਮਤਕਾਰੀ ਵਿਅਕਤੀ ਸਨ ਲਛਮਣ ਦਾਸ, ਜਿਨ੍ਹਾਂ ਦਾ ਜਨਮ 1670 ਵਿਚ ਜੰਮੂ ਦੇ ਰਾਜੌਰੀ ਇਲਾਕੇ ਦੇ ਰਾਜਪੂਤ ਮਾਤਾ-ਪਿਤਾ ਦੇ ਘਰ ਹੋਇਆ। ਕੁਝ ਸਾਲਾਂ ਬਾਅਦ ਸਾਧਾਰਣ ਜੀਵਨ ਦਾ ਤਿਆਗ ਕਰ ਕੇ ਉਹ ਬੈਰਾਗੀ ਸਾਧੂ ਮਾਧੋ ਦਾਸ ਬਣ ਕੇ ਦੱਖਣ ਭਾਰਤ ਦੀ ਗੋਦਾਵਰੀ ਨਦੀ ਦੇ ਇਕਾਂਤ, ਬੇਆਬਾਦ ਸਥਾਨ 'ਤੇ ਵਿਰਕਤ ਹੋ ਕੇ ਰਹਿਣ ਲੱਗੇ। ਕਿਸਮਤ ਨੇ ਉਨ੍ਹਾਂ ਲਈ ਕੁਝ ਹੋਰ ਹੀ ਤੈਅ ਕੀਤਾ ਹੋਇਆ ਸੀ। ਜਦੋਂ ਉਨ੍ਹਾਂ ਦੀ ਮੁਲਾਕਾਤ ਗੁਰੂ ਗੋਬਿੰਦ ਸਿੰਘ ਜੀ ਨਾਲ ਹੋਈ ਤਾਂ ਉਹ ਸੰਤ ਤੋਂ ਯੋਧਾ ਬਣ ਗਏ। ਗੁਰੂ ਜੀ ਨੂੰ 'ਤੁਹਾਡਾ ਹੀ ਬੰਦਾ ਹਾਂ' ਆਖਦਿਆਂ ਹੀ ਬੈਰਾਗੀ ਮਾਧੋ ਦਾਸ ਦਾ ਪੁਨਰ ਜਨਮ ਬਾਬਾ ਬੰਦਾ ਬਹਾਦਰ ਦੇ ਰੂਪ 'ਚ ਹੋਇਆ। ਉਨ੍ਹਾਂ ਨੇ ਬਹਾਦਰੀ ਨਾਲ ਮੁਗ਼ਲਾਂ ਦੇ ਜ਼ਾਲਿਮਾਨਾਂ ਅਤਿਆਚਾਰਾਂ ਦਾ ਵਿਰੋਧ ਕੀਤਾ ਤੇ ਜੰਗ ਦਾ ਐਲਾਨ ਕੀਤਾ। ਉਨ੍ਹਾਂ ਦੇ ਸਿਪਾਹੀ ਆਮ ਲੋਕਾਂ 'ਚੋਂ ਚੁਣੇ ਹੋਏ ਤੇ ਜੰਗੀ ਸਿਖਲਾਈ 'ਚ ਭਾਵੇਂ ਘੱਟ ਮੁਹਾਰਤ ਰੱਖਦੇ ਸਨ ਪਰ ਬਾਬਾ ਜੀ ਦੀ ਅਗਵਾਈ 'ਚ ਉਨ੍ਹਾਂ ਨੇ ਹਿੰਮਤ ਅਤੇ ਦਲੇਰੀ ਨਾਲ ਅੱਤਿਆਚਾਰੀ ਮੁਗ਼ਲਾਂ ਦੇ ਸਾਮਰਾਜ ਦੀ ਨੀਂਹ ਹਿਲਾ ਦਿੱਤੀ। ਅੰਤ ਮੁਗ਼ਲਾਂ ਦੁਆਰਾ ਦਿੱਤੇ ਕਠੋਰ ਤਸੀਹਿਆਂ ਦਾ ਵੀਰਤਾ ਨਾਲ ਸਾਹਮਣਾ ਕਰਦੇ ਹੋਏ ਬਾਬਾ ਜੀ ਨੇ ਜੂਨ 1716 'ਚ ਸ਼ਹਾਦਤ ਪ੍ਰਾਪਤ ਕੀਤੀ। ਬਾਬਾ ਬੰਦਾ ਬਹਾਦਰ ਦੀਆਂ ਬਲਿਦਾਨ-ਗਾਥਾਵਾਂ ਤੁਸੀ ਪੜ੍ਹੀਆਂ ਤੇ ਸੁਣੀਆਂ ਹੋਣਗੀਆਂ। ਇਹ ਗਾਥਾਵਾਂ ਅੱਜ ਵੀ ਪ੍ਰੇਰਣਾਮਈ ਹਨ।







ਸੀਮਾ ਆਨੰਦ ਚੋਪੜਾ

### ਡੇਰੇ ਦੀ ਉਸਾਰੀ

ਸਾਡੇ ਵਿੱਚੋਂ ਬਹੁਤ ਘੱਟ ਲੋਕਾਂ ਨੂੰ ਡੇਰਾ ਬਾਬਾ ਬੰਦਾ ਬਹਾਦਰ ਦੀ ਸੁੰਦਰ ਤਪੋਭੂਮੀ ਬਾਰੇ ਜਾਣਕਾਰੀ ਹੈ। ਇਹ ਸਥਾਨ ਜੰਮੂ ਤੋਂ 28 ਕਿਲੋਮੀਟਰ ਦੀ ਦੂਰੀ 'ਤੇ ਹਾ। ਸਿੱਖ ਗੁਰੂਆਂ ਅਤੇ ਸੰਤਾਂ-ਮਹਾਂਪੁਰਸ਼ਾਂ ਨਾਲ ਸਬੰਧਤ ਵੱਖ-ਵੱਖ ਡੇਰਿਆਂ ਦੀ ਸੂਚੀ ਵਿਚ ਡੇਰਾ ਬਾਬਾ ਬੰਦਾ ਬਹਾਦਰ ਦਾ ਆਪਣਾ ਵਿਲੱਖਣ ਸਥਾਨ ਹੈ। ਮੁੱਖ ਮਾਰਗ ਤੋਂ ਪਹਿਲਾ ਮੋੜ ਨਦੀ ਵੱਲ ਨੂੰ ਮੁੜਦਿਆਂ ਹੀ ਤੁਸੀ ਰਿਆਸੀ ਤਹਿਸੀਲ ਦੇ ਊਧਮਪੁਰ ਜ਼ਿਲ੍ਹੇ ਦੇ ਡੇਰੇ 'ਚ ਪਹੁੰਚ ਸਕਦੇ ਹੋ। ਇਹ ਇਤਿਹਾਸਕ ਅਤੇ ਕੁਦਰਤੀ ਸੁੰਦਰਤਾ ਵਾਲਾ ਹਿੰਦੂ-ਸਿੱਖ ਤੀਰਥ ਸਥਾਨ ਚੰਦਰਭਾਗਾ ਨਦੀ (ਚਨਾਬ) ਦੇ ਕਿਨਾਰੇ ਸਥਿਤ ਹੈ। 1712 ਵਿਚ ਮੁਗ਼ਲ ਬਾਦਸ਼ਾਹ ਬਹਾਦੁਰ ਸ਼ਾਹ ਦੀ ਮੌਤ ਤੋਂ ਬਾਅਦ ਫਾਰੁਖਸੀਆਰ ਦੀ ਮੁਗ਼ਲ ਫ਼ੌਜ ਨਾਲ ਭਿੜਨ ਦੀ ਤਿਆਰੀ ਲਈ ਬਾਬਾ ਬੰਦਾ ਬਹਾਦਰ ਨੇ ਆਪਣੀ ਸ਼ਕਤੀ ਦੇ ਮੁੜ ਸੰਚਾਰ ਲਈ ਇਕਾਂਤ ਦਾ ਜੀਵਨ ਚੁਣਿਆ ਅਤੇ ਪਹਾੜੀ ਵਾਤਾਵਰਨ ਵਿਚ ਜੰਗਲਾਂ ਨਾਲ ਘਿਰੇ ਇਸ ਸਥਾਨ 'ਤੇ ਰਹਿਣ ਲੱਗੇ।

ਚੰਦਰਭਾਗਾ (ਚਨਾਬ) ਦਰਿਆ ਦੇ ਮੋੜ 'ਤੇ ਦੂਰ ਸ਼ਾਂਤ ਜੰਮੂ ਦੀਆਂ ਪਹਾੜੀਆਂ 'ਚ ਬਾਬਾ ਜੀ ਅਤੇ ਉਨ੍ਹਾਂ ਦੀ ਫ਼ੌਜ ਨੇ ਵਿਸ਼ਰਾਮ ਕੀਤਾ। ਇਥੇ ਰਹਿ ਕੇ ਬਾਬਾ ਜੀ ਨੇ ਆਪਣੀ ਫ਼ੌਜ ਨੂੰ ਮੁੜ ਸ਼ਕਤੀਸ਼ਾਲੀ ਬਣਾਇਆ-ਘੋੜਿਆਂ ਅਤੇ ਅਸਤਰਾਂ-ਸ਼ਸਤਰਾਂ ਦਾ ਪ੍ਰਬੰਧ ਕੀਤਾ। ਇਸ ਤੋਂ ਬਾਅਦ ਸਿੱਖ ਫ਼ੌਜ ਪਹਾੜਾਂ ਤੋਂ ਮੈਦਾਨੀ ਇਲਾਕਿਆਂ ਵੱਲ ਇਤਿਹਾਸਕ ਕਲਾਨੌਰ ਦੇ ਰਸਤੇ 'ਤੇ ਅੱਗੇ ਵਧੀ।

ਡੇਰੇ ਵਿਚ ਬਾਬਾ ਬੰਦਾ ਬਹਾਦਰ ਜੀ ਨੇ ਇਕ ਬੇਰੀ ਦੇ ਹੇਠਾਂ ਕਠਿਨ ਤਪੱਸਿਆ ਕੀਤੀ ਸੀ। ਇਹ ਬੇਰੀ ਅੱਜ ਵੀ ਇਸ ਸਥਾਨ 'ਤੇ ਮੌਜੂਦ ਹੈ। ਅੱਜ ਵੀ ਤੁਸੀ ਇਸ ਦੇ ਫਲ ਖਾ ਸਕਦੇ ਹੋ। ਇਹ 'ਦੁੱਖ ਹਰਨੀ ਬੇਰੀ' ਦੁੱਖਾਂ ਦਾ ਨਾਸ਼ ਕਰਨ ਵਾਲੀ ਮੰਨੀ ਜਾਂਦੀ ਹੈ।

ਇਸ ਤੋਂ ਇਲਾਵਾ ਇਥੇ ਬਾਬਾ ਜੀ ਨੇ ਆਪਣੇ ਹੱਥੀਂ ਨਿਸ਼ਾਨ ਸਾਹਿਬ ਵੀ ਸਥਾਪਿਤ ਕੀਤਾ ਸੀ। ਤਿੰਨ ਸੌ ਸਾਲ ਪੁਰਾਣੇ ਇਸ ਡੇਰੇ ਵਿਚ ਇਤਿਹਾਸਕ ਗੁਰਦੁਆਰਾ ਸਾਹਿਬ ਦੇ ਅਜਾਇਬ ਘਰ ਵਿਚ ਬਾਬਾ ਜੀ ਨੂੰ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਦਿੱਤੀ ਗਈ ਕਿਰਪਾਨ, ਤੀਰ, ਕਵਚ ਦੇ ਵੀ ਦਰਸ਼ਨ ਕੀਤੇ ਜਾ ਸਕਦੇ ਹਨ। ਨਾਲ ਹੀ ਉਨ੍ਹਾਂ ਦੇ ਹੋਰ ਅਸਤਰ-ਸ਼ਸਤਰ ਅਤੇ ਵਸਤਰ ਵੀ ਰੱਖੇ ਗਏ ਹਨ। ਇਥੇ ਸਥਾਪਿਤ ਕੀਤੇ ਗਏ ਚਿੱਤਰਾਂ ਵਿਚ ਵੱਖ-ਵੱਖ ਦਿਸ਼ਾਂ ਦੇ ਇਤਿਹਾਸਕ ਛਣਾਂ ਨੂੰ ਦ੍ਰਿਸ਼ਟੀਮਾਨ ਕੀਤਾ ਗਿਆ ਹੈ।

ਬਾਬਾ ਜੀ ਚਾਹੁੰਦੇ ਸਨ ਕਿ ਡੇਰਾ ਸਦਾ ਅਣਛੋਹਿਆ ਰਹੇ ਤੇ ਉਥੇ ਕੋਈ ਪੱਕਾ ਭਵਨ ਨਾ ਬਣਾਇਆ ਜਾਵੇ। ਉਨ੍ਹਾਂ ਕਿਹਾ ਸੀ ਕਿ ਜੋ ਇਸ ਆਗਿਆ ਦੀ ਉਲੰਘਣਾ ਕਰੇਗਾ, ਉਸ ਦਾ ਵੰਸ਼ ਸਮਾਪਤ ਹੋ ਜਾਵੇਗਾ ਪਰ ਉਨ੍ਹਾਂ ਦੇ ਚੌਥੇ ਵੰਸ਼ਜ ਫ਼ਤਹਿ ਸਿੰਘ ਨੇ ਇਥੇ ਭਵਨ ਦੇ ਨਿਰਮਾਣ ਦਾ ਫ਼ੈਸਲਾ ਲਿਆ। ਡੇਰੇ ਦੀ ਉਸਾਰੀ ਦਾ ਇਹ ਫ਼ੈਸਲਾ ਹੀ ਉਨ੍ਹਾਂ ਦੇ ਬਲਿਦਾਨ ਦਾ ਕਾਰਨ ਬਣਿਆ। ਫਿਰ ਉਨ੍ਹਾਂ ਦੇ ਦੂਜੇ ਭਰਾ ਦੀ ਸੰਤਾਨ ਤੋਂ ਵੰਸ਼ ਅੱਗੇ ਤੁਰਿਆ ਅਤੇ ਹੁਣ ਬਾਬਾ ਜਤਿੰਦਰ ਸਿੰਘ ਇਸ ਡੇਰੇ ਦੀ ਸੇਵਾ ਸੰਭਾਲ ਕਰਦੇ ਤੇ ਇਸ ਦਾ ਪ੍ਰਬੰਧ ਚਲਾਉਂਦੇ ਹਨ।

### ਵਿਸਾਖੀ ਮੇਲਾ

*ਉੱਤਰੀ ਭਾਰਤ ਵਿਚ ਵਿਸਾਖੀ ਦੇ ਤਿਉਹਾਰ ਦੀ ਆਪਣੀ ਵਿਲੱਖਣ ਥਾਂ ਹੈ ਅਤੇ ਵੱਖ-ਵੱਖ ਥਾਵਾਂ 'ਤੇ ਮੇਲੇ ਲੱਗਦੇ ਹਨ। ਰਿਆਸੀ ਤਹਿਸੀਲ ਦੇ ਡੇਰਾ ਬਾਬਾ ਬੰਦਾ ਬਹਾਦਰ ਵਿਖੇ ਵੀ ਹਰ ਸਾਲ ਵਿਸਾਖੀ ਦਾ ਤਿਉਹਾਰ ਮਨਾਇਆ ਜਾਂਦਾ ਹੈ, ਜਿਸ ਵਿਚ ਹਜ਼ਾਰਾਂ ਦੀ ਗਿਣਤੀ 'ਚ ਸ਼ਰਧਾਲੂ ਸ਼ਾਮਲ ਹੁੰਦੇ ਹਨ। ਇਸ ਮੌਕੇ ਧਾਰਮਿਕ ਦੀਵਾਨ ਸਜਾਏ ਜਾਂਦੇ ਹਨ ਅਤੇ ਸੰਤ-ਸਿਪਾਹੀ ਬਾਬਾ ਬੰਦਾ ਬਹਾਦਰ ਜੀ ਦੀ ਘਾਲਣਾ ਤੇ ਬਲਿਦਾਨ ਨੂੰ ਖ਼ਾਸ ਤੌਰ 'ਤੇ ਯਾਦ ਕੀਤਾ ਜਾਂਦਾ ਹੈ।*

*ਭਾਰਤ ਅਤੇ ਵਿਦੇਸ਼ਾਂ ਤੋਂ 25 ਹਜ਼ਾਰ ਤੋਂ ਜ਼ਿਆਦਾ ਸ਼ਰਧਾਲੂ ਅਤੇ ਸੈਲਾਨੀ ਇਸ ਸਥਾਨ 'ਤੇ ਪਹੁੰਚਦੇ ਹਨ ਅਤੇ ਦੁੱਖ ਹਰਨੀ ਬੇਰੀ ਤੇ ਨਿਸ਼ਾਨ ਸਾਹਿਬ ਦੇ ਦਰਸ਼ਨ ਕਰਨ ਤੋਂ ਇਲਾਵਾ ਅਜਾਇਬ ਘਰ 'ਚ ਸੁਸ਼ੋਭਿਤ ਬਾਬਾ ਦੀਆਂ ਪਵਿੱਤਰ ਵਸਤਾਂ ਦੇ ਵੀ ਦਰਸ਼ਨ ਕਰਦੇ ਹਨ।*

*ਵਿਸਾਖੀ ਮੇਲੇ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੀਣਯੋਗ ਪਾਣੀ, ਸਾਫ਼-ਸਫ਼ਾਈ, ਆਵਾਜਾਈ, ਇਲਾਜ ਪ੍ਰਬੰਧਾਂ, ਲੰਗਰ ਅਤੇ ਸ਼ਰਧਾਲੂਆਂ ਦੇ ਰਹਿਣ ਲਈ ਖ਼ਾਸ ਪ੍ਰਬੰਧ ਕੀਤੇ ਜਾਂਦੇ ਹਨ। ਇਸ ਤੀਰਥ ਸਥਾਨ ਨੂੰ ਸੈਲਾਨੀ ਸਥਾਨ ਦੇ ਤੌਰ 'ਤੇ ਵਿਕਸਿਤ ਕਰਨ ਲਈ ਜੰਮੂ ਸੈਰ-ਸਪਾਟਾ ਦਫ਼ਤਰ ਵੱਲੋਂ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ, ਜਿਸ ਵਿਚ ਵਿਜੇ ਸਹਿਗਲ ਦਾ ਖ਼ਾਸ ਯੋਗਦਾਨ ਹੈ।*

### ਸੈਲਾਨੀਆਂ ਲਈ ਆਕਰਸ਼ਣ

ਚਨਾਬ ਦਰਿਆ 'ਚ ਕਿਸ਼ਤੀ ਦੀ ਸਵਾਰੀ ਤੋਂ ਇਲਾਵਾ ਜਲ ਖੇਡਾਂ ਦਾ ਵੀ ਇਥੇ ਪ੍ਰਬੰਧ ਹੈ। ਇਹ ਸਰਗਰਮੀਆਂ ਸੈਲਾਨੀਆਂ ਨੂੰ ਇਸ ਸਥਾਨ ਵੱਲ ਆਕਰਸ਼ਿਤ ਕਰਦੀਆਂ ਹਨ। ਸਥਾਨਕ ਸਰਕਾਰ ਵੱਲੋਂ ਰਿਆਸੀ ਤਹਿਸੀਲ 'ਚ ਆਧੁਨਿਕ ਪਾਰਕ ਦਾ ਨਿਰਮਾਣ ਕਰਵਾਏ ਜਾਣ ਦੀ ਵੀ ਯੋਜਨਾ ਹੈ। ਇਨ੍ਹਾਂ ਯਤਨਾਂ ਦੇ ਨਾਲ-ਨਾਲ ਡੇਰਾ ਬਾਬਾ ਬੰਦਾ ਬਹਾਦਰ ਦੀ ਪਵਿੱਤਰਤਾ ਅਤੇ ਇਤਿਹਾਸਕਤਾ ਨੂੰ ਕਾਇਮ ਰੱਖਣ ਦਾ ਵੀ ਖ਼ਾਸ ਖ਼ਿਆਲ ਰੱਖਿਆ ਜਾ ਰਿਹਾ ਹੈ ਕਿਉਂਕਿ ਇਹ ਸਥਾਨ ਅਧਿਆਤਮਿਕਤਾ ਤੇ ਕੁਦਰਤੀ ਸੁੰਦਰਤਾ ਦਾ ਵਡਮੁੱਲਾ ਖ਼ਜ਼ਾਨਾ ਹੈ, ਜਿਸ ਦੀ ਯਾਤਰਾ ਨੂੰ ਤੁਸੀ ਸਦਾ ਯਾਦ ਰੱਖੋਗੇ।

# ਛੱਪੜਾਂ ਦੀ ਸਫਾਈ ਦਾ ਜਾਇਜ਼ਾ ਲੈਣ ਗਰਾਊਂਡ ਜ਼ੀਰੋ 'ਤੇ ਉੱਤਰੇ ਪੰਚਾਇਤ ਮੰਤਰੀ ਤਰੁਨਪ੍ਰੀਤ ਸੌਂਦ

- ਮਾਨ ਸਰਕਾਰ ਅਗਲੇ ਕੁਝ ਮਹੀਨਿਆਂ ਵਿੱਚ 15000 ਤੋਂ ਵੱਧ ਛੱਪੜਾਂ ਦੀ ਸਫ਼ਾਈ ਕਰਨ ਲਈ ਤਿਆਰ
- 1062 ਛੱਪੜਾਂ 'ਚੋਂ ਪਹਿਲਾਂ ਹੀ ਗੰਦੇ ਪਾਣੀ ਦਾ ਨਿਕਾਸ ਅਤੇ ਕਰੀਬ 400 ਛੱਪੜਾਂ ਵਿੱਚੋਂ ਗਾਰ ਕੱਢੀ ਜਾ ਚੁੱਕੀ ਹੈ

**ਫ਼ਤਹਿਗੜ੍ਹ ਸਾਹਿਬ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਗਲੇ ਕੁਝ ਹਫ਼ਤਿਆਂ ਵਿੱਚ ਸੂਬੇ ਦੇ ਸਾਰੇ ਪਿੰਡਾਂ ਦੇ ਕਰੀਬ 15000 ਛੱਪੜਾਂ ਦੀ ਸਫ਼ਾਈ ਕਰਨ ਲਈ ਤਿਆਰ ਹੈ। ਇਸ ਸਬੰਧੀ ਕਾਰਜ ਪੰਜਾਬ ਦੇ ਕਈ ਪਿੰਡਾਂ ਵਿੱਚ ਸ਼ੁਰੂ ਵੀ ਹੋ ਚੁੱਕੇ ਹਨ।

ਇਹ ਜਾਣਕਾਰੀ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸਰਹਿੰਦ ਬਲਾਕ ਦੇ ਪਿੰਡ ਚਨਾਰਥਲ ਕਲਾਂ, ਖਰੇ ਤੇ ਡੇਰਾ ਮੀਰ ਮੀਰਾਂ, ਬਸੀ ਪਠਾਨਾਂ ਬਲਾਕ ਦੇ ਪਿੰਡ ਰੈਲੀ ਅਤੇ ਖੇੜਾ ਬਲਾਕ ਦੇ ਪਿੰਡ ਈਸਰਹੇਲ ਤੇ ਚੁੰਨੀ ਕਲਾਂ ਵਿਖੇ ਛੱਪੜਾਂ ਦੀ ਸਫਾਈ ਦੇ ਪ੍ਰੋਜੈਕਟਾਂ ਦਾ ਨਿਰੀਖਣ ਕਰਨ ਮੌਕੇ ਸਾਂਝੀ ਕੀਤੀ।

ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਛੱਪੜਾਂ ਦੀ ਸਾਫ਼ ਸਫ਼ਾਈ ਦਾ ਕੰਮ ਸ਼ੁਰੂ ਕੀਤਾ ਹੈ, ਜਿਨ੍ਹਾਂ ਨੂੰ ਪਿਛਲੀਆਂ ਸਰਕਾਰਾਂ ਨੇ ਅਣਗੌਲਿਆ ਕੀਤਾ ਸੀ ਅਤੇ ਪਿਛਲੇ 15-25 ਸਾਲਾਂ ਤੋਂ ਇਨ੍ਹਾਂ ਦੀ ਨਾ ਤਾਂ ਕੋਈ ਸਾਰ ਲਈ ਗਈ ਸੀ ਅਤੇ ਨਾ ਹੀ ਕੋਈ ਸਾਂਭ-ਸੰਭਾਲ ਕੀਤੀ ਗਈ ਸੀ।

ਬਹੁਤੇ ਛੱਪੜਾਂ ਦੀ ਦਹਾਕਿਆਂ ਤੋਂ ਸਫ਼ਾਈ ਨਹੀਂ ਕੀਤੀ ਗਈ। ਅਜਿਹੇ ਛੱਪੜ ਓਵਰਫਲੋਅ ਹੋ ਜਾਂਦੇ ਹਨ ਤੇ ਪਿੰਡਾਂ ਵਿੱਚ ਗੰਦੇ ਪਾਣੀ ਦੀ ਬਦਬੂ ਆਉਂਦੀ ਹੈ ਅਤੇ ਮੱਛਰਾਂ ਦੀ ਭਰਮਾਰ ਹੋ ਜਾਂਦੀ ਹੈ ਪਰ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਇਨ੍ਹਾਂ ਹਾਲਾਤਾਂ ਨੂੰ ਬਦਲਣ ਜਾ ਰਹੀ ਹੈ।

ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸੂਬੇ ਦੇ ਬਹੁਤੇ ਪਿੰਡਾਂ ਵਿੱਚ ਛੱਪੜਾਂ ਦੀ ਸਫ਼ਾਈ ਕਰਨ ਅਤੇ ਗੰਦਾ ਪਾਣੀ ਕੱਢਣ ਦਾ ਕੰਮ ਸ਼ੁਰੂ ਹੋ ਗਿਆ ਹੈ। ਜਲਦੀ ਹੀ ਸਾਰੇ ਪਿੰਡਾਂ ਨੂੰ ਕਵਰ ਕੀਤਾ ਜਾਵੇਗਾ। 1062 ਛੱਪੜਾਂ ਵਿੱਚੋਂ ਪਹਿਲਾਂ ਹੀ ਗੰਦੇ ਪਾਣੀ ਦਾ ਨਿਕਾਸ ਕੀਤਾ ਜਾ ਚੁੱਕਾ ਹੈ ਅਤੇ ਕਰੀਬ 400 ਛੱਪੜਾਂ ਵਿੱਚੋਂ ਗਾਰ ਕੱਢੀ ਜਾ ਚੁੱਕੀ ਹੈ। ਲੋੜ ਮੁਤਾਬਕ ਛੱਪੜਾਂ ਦੀ ਡੀਸਿਲਟਿੰਗ ਤੇ ਰੀਸਿਲਟਿੰਗ, ਦੋਵੇਂ ਕੰਮ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਹਾਲ ਹੀ ਵਿੱਚ ਪੰਜਾਬ ਸਰਕਾਰ ਨੇ 4573 ਕਰੋੜ ਰੁਪਏ ਦੇ ਪੈਕੇਜ (ਬਜਟ) ਨੂੰ ਪਿੰਡਾਂ ਦੇ ਵਿਕਾਸ ਲਈ ਮਨਜ਼ੂਰੀ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦੀ ਪ੍ਰਾਥਮਿਕਤਾ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਕਰਨਾ ਹੈ, ਜਿਸ ਤਹਿਤ ਪਿੰਡਾਂ ਦੇ ਛੱਪੜਾਂ ਦੀ ਮੁਰੰਮਤ, ਰੱਖ-ਰਖਾਅ ਅਤੇ ਸਾਂਭ-ਸੰਭਾਲ ਅਤੇ ਖੇਡ ਮੈਦਾਨਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਥਾਪਰ/ਸੀਚੇਵਾਲ ਮਾਡਲ ਰਾਹੀਂ ਪਿੰਡਾਂ ਵਿੱਚ ਸੀਵਰੇਜ ਟ੍ਰੀਟਮੈਂਟ ਸਹੂਲਤਾਂ ਯਕੀਨੀ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸੀਨੀਅਰ ਅਧਿਕਾਰੀਆਂ ਨੂੰ ਫੀਲਡ ਦੌਰੇ ਕਰਨ ਅਤੇ ਛੱਪੜਾਂ ਦੀ ਸਫ਼ਾਈ ਦਾ ਜਾਇਜ਼ਾ ਤਰਜੀਹੀ ਤੌਰ ਉੱਤੇ ਲੈਣ ਦੇ ਨਿਰਦੇਸ਼ ਵੀ ਦਿੱਤੇ ਗਏ ਹਨ। ਇਸ ਮਕਸਦ ਦੀ ਪੂਰਤੀ ਲਈ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਅਣਗਿਹਲੀ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਪਿੰਡਾਂ ਦਾ ਵਿਕਾਸ ਸਰਕਾਰ ਦਾ ਤਰਜੀਹੀ ਖੇਤਰ ਹੈ।

ਉਨ੍ਹਾਂ ਕਿਹਾ ਕਿ ਪਿੰਡਾਂ ਦੇ ਛੱਪੜਾਂ ਦੇ ਪਾਣੀ ਦੇ ਸੈਂਪਲ ਲਏ ਜਾ ਰਹੇ ਹਨ। ਜੇਕਰ ਪਾਣੀ ਦੇ ਸੈਂਪਲ ਤੈਅ ਮਾਪਦੰਡਾਂ ਅਨੁਸਾਰ ਆਉਂਦੇ ਹਨ ਤਾਂ ਪਾਣੀ ਸਿੰਚਾਈ ਲਈ ਖੇਤਾਂ ਨੂੰ ਦਿੱਤਾ ਜਾਵੇਗਾ, ਨਹੀਂ ਤਾਂ ਪਾਣੀ ਸਾਫ ਕਰਨ ਦਾ ਪ੍ਰੋਜੈਕਟ ਲਾ ਕੇ ਪਾਣੀ ਸਾਫ ਕਰਨ ਉਪਰੰਤ ਸਿੰਚਾਈ ਲਈ ਵਰਤਿਆ ਜਾਵੇਗਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਰਹਿਨੁਮਾਈ ਹੇਠ ਪੰਜਾਬ ਨੂੰ "ਰੰਗਲਾ ਪੰਜਾਬ" ਬਣਾਉਣ ਦਾ ਮਿਸ਼ਨ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਉਹ ਖੁਦ ਨਿੱਜੀ ਤੌਰ 'ਤੇ ਪੰਜਾਬ ਦੇ ਪਿੰਡਾਂ ਦੇ ਸਰਬਪੱਖੀ ਵਿਕਾਸ ਦੀ ਨਿਗਰਾਨੀ ਕਰ ਰਹੇ ਹਨ।

ਸੌਂਦ ਨੇ ਦੱਸਿਆ ਕਿ ਮੌਨਸੂਨ ਸੀਜ਼ਨ ਤੋਂ ਪਹਿਲਾਂ, ਪੰਜਾਬ ਸਰਕਾਰ ਜਿੱਥੇ ਵੀ ਲੋੜ ਪਵੇਗੀ, ਛੱਪੜਾਂ ਨੂੰ ਗਾਰ ਮੁਕਤ ਕਰੇਗੀ ਅਤੇ ਗੰਦਾ ਪਾਣੀ ਬਾਹਰ ਕੱਢੇਗੀ। ਇਸ ਨਾਲ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਵੀ ਸੁਧਾਰ ਹੋਵੇਗਾ ਅਤੇ ਪੰਜਾਬ ਨੂੰ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਦੀ ਸਮੱਸਿਆ ਨੂੰ ਦੂਰ ਕਰਨ ਵਿੱਚ ਮਦਦ ਮਿਲੇਗੀ।

ਪਿੰਡਾਂ ਦੇ ਦੌਰੇ ਮੌਕੇ ਹਲਕਾ ਫਤਹਿਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ ਅਤੇ ਹਲਕਾ ਬੱਸੀ ਪਠਾਨਾਂ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਅਤੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਤੇ ਜ਼ਿਲ੍ਹੇ ਦੇ ਵਿਧਾਇਕਾਂ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਮੱਥਾ ਵੀ ਟੇਕਿਆ।

## 'ਆਪ ਸਰਕਾਰ' ਡਾ. ਅੰਬੇਦਕਰ ਦੇ ਸਿਧਾਂਤਾਂ ਉੱਤੇ ਚਲਦਿਆਂ ਸਮਾਜਿਕ ਨਿਆਂ ਤੇ ਸਮਾਨਤਾ ਪ੍ਰਤੀ ਵਚਨਬੱਧ: ਬਰਿੰਦਰ ਕੁਮਾਰ ਗੋਇਲ

**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਐਡਵੋਕੇਟ ਜਨਰਲ ਦਫ਼ਤਰ ਵਿੱਚ ਰਾਖਵਾਂਕਰਨ ਲਾਗੂ ਕਰਕੇ ਡਾ. ਬੀ.ਆਰ. ਅੰਬੇਦਕਰ ਦੇ ਸੁਪਨੇ ਨੂੰ ਸਾਕਾਰ ਕਰ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਸਮਾਜਿਕ ਨਿਆਂ ਅਤੇ ਸਮਾਨਤਾ ਪ੍ਰਤੀ 'ਆਪ ਸਰਕਾਰ' ਦੀ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ।

ਲਹਿਰਾ ਵਿਖੇ ਆਪਣੇ ਦਫ਼ਤਰ ਵਿਖੇ ਪੱਤਰਕਾਰ ਸੰਮੇਲਨ ਦੌਰਾਨ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਦਕਰ ਦੇ ਸਿਧਾਂਤਾਂ ਉੱਤੇ ਚੱਲ ਰਹੀ ਹੈ ਜਿਸ ਤਹਿਤ ਐਡਵੋਕੇਟ ਜਨਰਲ ਦਫ਼ਤਰ ਵਿੱਚ ਐਸ.ਸੀ ਭਾਈਚਾਰੇ ਨਾਲ ਸਬੰਧਿਤ ਸੀਟਾਂ, ਜੋ ਬਹੁਤ ਜ਼ਿਆਦਾ ਆਮਦਨ ਯੋਗਤਾ ਸੀਮਾ ਕਾਰਨ ਖਾਲੀ ਰਹਿ ਜਾਂਦੀਆਂ ਸਨ, ਨੂੰ ਭਰਨ ਲਈ ਸਰਕਾਰ ਨੇ ਅਨੁਸੂਚਿਤ ਜਾਤੀ ਭਾਈਚਾਰੇ ਦੇ ਵਕੀਲਾਂ ਨੂੰ ਦਰਪੇਸ਼ ਲੰਬੇ ਸਮੇਂ ਤੋਂ ਆ ਰਹੀ ਰੁਕਾਵਟ ਨੂੰ ਸਥਾਈ ਤੌਰ ਉੱਤੇ ਦੂਰ ਕਰ ਦਿੱਤਾ ਹੈ।

ਉਨ੍ਹਾਂ ਦੱਸਿਆ ਕਿ ਸਰਕਾਰ ਦੇ ਧਿਆਨ ਵਿੱਚ ਆਇਆ ਸੀ ਕਿ ਐਡਵੋਕੇਟ ਜਨਰਲ ਦਫ਼ਤਰ ਵਿੱਚ ਬਹੁਤ ਜ਼ਿਆਦਾ ਆਮਦਨ ਯੋਗਤਾ ਸੀਮਾ ਕਾਰਨ 58 ਵਿੱਚੋਂ ਲਗਭਗ 15 ਆਸਾਮੀਆਂ ਖਾਲੀ ਰਹਿ ਜਾਂਦੀਆਂ ਸਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਇਸ ਪਾੜੇ ਨੂੰ ਠੀਕ ਕਰਨ ਲਈ ਕਾਨੂੰਨ ਅਫਸਰਾਂ ਦੀ ਨਿਯੁਕਤੀ ਸਮੇਂ ਆਮਦਨ ਦੀ ਸੀਮਾ ਨੂੰ ਅੱਧਾ ਕਰਨ ਲਈ ਸੋਧਾਂ ਕੀਤੀਆਂ ਅਤੇ ਆਮਦਨ ਯੋਗਤਾ ਸ਼ਰਤ ਵਿੱਚ 50% ਕਟੌਤੀ ਕਰ ਦਿੱਤੀ ਹੈ ਜਿਸ ਨਾਲ ਐਸ.ਸੀ ਭਾਈਚਾਰੇ ਨੂੰ ਵੱਡੀ ਰਾਹਤ ਮਿਲੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਕ੍ਰਾਂਤੀਕਾਰੀ ਕਦਮ ਇਸ ਗੱਲ ਨੂੰ ਯਕੀਨੀ ਬਣਾਏਗਾ ਕਿ ਪ੍ਰਤਿਭਾਸ਼ਾਲੀ ਐਸ.ਸੀ ਵਕੀਲ ਹੁਣ ਐਡਵੋਕੇਟ ਜਨਰਲ ਵਰਗੇ ਵੱਕਾਰੀ ਅਹੁਦੇ 'ਤੇ ਪਹੁੰਚ ਸਕਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਹੀ ਸਰਕਾਰੀ ਦਫਤਰਾਂ ਵਿੱਚ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਅਤੇ ਮਹਾਨ ਸਮਾਜ ਸੁਧਾਰਕ ਡਾਕਟਰ ਭੀਮ ਰਾਓ ਅੰਬੇਦਕਰ ਦੀਆਂ ਤਸਵੀਰਾਂ ਲਗਾ ਕੇ ਸ਼ਹੀਦਾਂ ਅਤੇ ਸੰਵਿਧਾਨ ਦੇ ਰਚਨਹਾਰਿਆਂ ਦਾ ਸਨਮਾਨ ਕੀਤਾ ਗਿਆ ਤਾਂ ਜੋ ਦਫਤਰਾਂ ਵਿੱਚ ਆਉਣ ਵਾਲੇ ਸਾਰੇ ਲੋਕ ਇਸ ਤੋਂ ਪ੍ਰੇਰਨਾ ਲੈ ਸਕਣ।

## ਫਾਰਚੂਨਰ ਪਲਟਣ ਕਾਰਨ ਮਸੇਰੇ ਭਰਾਵਾਂ ਦੀ ਮੌਤ; ਦੋ ਜ਼ਖ਼ਮੀ

**ਗੱਡੀ ਅੱਗੇ ਕੁੱਤੇ ਆਉਣ ਕਾਰਨ ਹਾਦਸਾ; ਮ੍ਰਿਤਕਾਂ 'ਚ ਇੱਕ ਅਮਰੀਕੀ ਨਾਗਰਿਕ**

**ਮਾਨਸਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**




ਇੱਥੋਂ ਨੇੜਲੇ ਪਿੰਡ ਚੁਕੇਰੀਆਂ ਦੇ ਪੁਰਾਣੇ ਡੇਰੇ ਕੋਲ ਬੀਤੀ ਰਾਤ ਕੁੱਤੇ ਅੱਗੇ ਆਉਣ ਕਾਰਨ ਫਾਰਚੂਨਰ ਪਲਟ ਗਈ ਜਿਸ ਕਾਰਨ ਅਮਰੀਕੀ ਨਾਗਰਿਕ ਤੇ ਉਸ ਦੇ ਮਾਸੀ ਦੇ ਮੁੰਡੇ ਦੀ ਮੌਤ ਹੋ ਗਈ। ਇਸ ਘਟਨਾ ਵਿੱਚ ਉਨ੍ਹਾਂ ਦੇ ਦੋ ਦੋਸਤ ਵੀ ਜ਼ਖ਼ਮੀ ਹੋ ਗਏ ਹਨ, ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਮਾਨਸਾ ਦਾਖ਼ਲ ਕਰਵਾਇਆ ਗਿਆ ਹੈ। ਹਾਦਸੇ 'ਚ ਮਾਰੇ ਗਏ ਅਮਰੀਕਾ ਵਾਸੀ ਗਗਨਦੀਪ ਸਿੰਘ ਮਾਨਸ਼ਾਹੀਆ ਦਾ ਲੰਘੀ 9 ਜਨਵਰੀ ਨੂੰ ਲੁਧਿਆਣਾ ਦੀ ਕੁੜੀ ਨਾਲ ਵਿਆਹ ਹੋਇਆ ਸੀ ਅਤੇ ਉਸ ਨੇ ਥੋੜ੍ਹੇ ਦਿਨਾਂ ਤੱਕ ਅਮਰੀਕਾ ਪਰਤਣਾ ਸੀ। ਗਗਨਦੀਪ ਸਿੰਘ ਮਾਨਸ਼ਾਹੀਆ (27) ਵਾਸੀ ਚੁਕੇਰੀਆਂ ਆਪਣੀ ਮਾਸੀ ਦੇ ਲੜਕੇ ਅਮਨ ਵਾਸੀ ਧੂਰੀ ਤੇ ਦੋ ਦੋਸਤਾਂ ਹਰਮਨ ਸਿੰਘ ਤੇ ਲਵਜੀਤ ਸਿੰਘ ਨਾਲ ਆ ਰਹੇ ਸਨ। ਸੜਕ ਹਾਦਸੇ ਵਿੱਚ ਅਮਨ ਦੀ ਤਾਂ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਗਗਨਦੀਪ ਮਾਨਸ਼ਾਹੀਆ ਨੇ ਹਸਪਤਾਲ ਜਾ ਕੇ ਦਮ ਤੋੜ ਦਿੱਤਾ। ਇਸ ਤੋਂ ਇਲਾਵਾ ਉਨ੍ਹਾਂ ਦੇ ਦੋਸਤ ਹਰਮਨ ਸਿੰਘ ਤੇ ਲਵਜੀਤ ਸਿੰਘ ਦੇ ਵੀ ਸੱਟਾਂ ਲੱਗੀਆਂ, ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਮਾਨਸਾ ਦਾਖ਼ਲ ਕਰਵਾਇਆ ਗਿਆ ਹੈ। ਇਸ ਘਟਨਾ 'ਚ ਫਾਰਚੂਨਰ ਗੱਡੀ ਚਕਨਾਚੂਰ ਹੋ ਗਈ ਹੈ। ਥਾਣਾ ਸਦਰ ਮਾਨਸਾ ਦੇ ਏਐੱਸਆਈ ਮੱਖਣ ਸਿੰਘ ਨੇ ਦੱਸਿਆ ਕਿ ਇਸ ਘਟਨਾ 'ਚ ਦੋ ਨੌਜਵਾਨਾਂ ਦੀ ਮੌਤ ਹੋ ਗਈ ਹੈ ਅਤੇ ਦੋ ਦੇ ਸੱਟਾਂ ਲੱਗੀਆਂ ਹਨ।

**ਮਾਧੋਪੁਰ ਲਾਗੇ ਕਾਰ ਪਲਟੀ, ਦੋ ਹਲਾਕ ਤੇ ਚਾਰ ਜ਼ਖ਼ਮੀ**

ਨੈਸ਼ਨਲ ਹਾਈਵੇਅ ਮਾਧੋਪੁਰ ਕੋਲ ਕਾਰ ਪਲਟਣ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਗਈ ਅਤੇ ਚਾਰ ਜ਼ਖ਼ਮੀ ਹੋ ਗਏ। ਮ੍ਰਿਤਕਾਂ ਦੀ ਪਛਾਣ ਸੁਸ਼ੀਲ ਕੁਮਾਰ ਅਤੇ ਨਰੇਸ਼ ਕੁਮਾਰ ਵਾਸੀਆਨ ਦਿੱਲੀ ਵਜੋਂ ਹੋਈ ਹੈ ਜਦਕਿ ਜ਼ਖ਼ਮੀ ਹੋਏ ਦਿੱਲੀ ਵਾਸੀ ਸਤੀਸ਼ ਕੁਮਾਰ, ਵਿਕਾਸ ਚੰਦਰ, ਕੇਵਲ ਅਤੇ ਅਰੁਣ ਦਾ ਪ੍ਰਾਈਵੇਟ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਇਹ ਸਾਰੇ ਕਾਰ ਰਾਹੀਂ ਦਿੱਲੀ ਤੋਂ ਸ੍ਰੀਨਗਰ ਜਾ ਰਹੇ ਸਨ। ਜ਼ਖ਼ਮੀ ਵਿਕਾਸ ਚੰਦਰ ਨੇ ਦੱਸਿਆ ਕਿ ਉਹ ਦਿੱਲੀ ਤੋਂ ਕਿਸੇ ਕੰਮ ਸ੍ਰੀਨਗਰ ਜਾ ਰਹੇ ਸਨ ਤਾਂ ਮਾਧੋਪੁਰ ਕੋਲ ਕਾਰ ਪਲਟ ਗਈ। ਸੜਕ ਸੁਰੱਖਿਆ ਫੋਰਸ (ਐੱਸਐੱਸਐੱਫ) ਨੇ ਜ਼ਖ਼ਮੀਆਂ ਨੂੰ ਐਂਬੂਲੈਂਸ ਰਾਹੀਂ ਹਸਪਤਾਲ ਵਿੱਚ ਦਾਖ਼ਲ ਕਰਵਾਇਆ। ਕਾਂਸਟੇਬਲ ਲਖਬੀਰ ਸਿੰਘ ਨੇ ਦੱਸਿਆ ਕਿ ਹਾਦਸੇ ਦੀ ਸੂਚਨਾ ਮਿਲਣ 'ਤੇ ਉਹ ਤੁਰੰਤ ਘਟਨਾ ਸਥਾਨ 'ਤੇ ਪੁੱਜੇ ਅਤੇ ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਇਆ। ਜਾਂਚ ਅਧਿਕਾਰੀ ਏਐੱਸਆਈ ਦਲਬੀਰ ਸਿੰਘ ਨੇ ਦੱਸਿਆ ਕਿ ਪੁਲੀਸ ਨੇ ਘਟਨਾ ਸਥਾਨ 'ਤੇ ਪੁੱਜ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਡਾਕਟਰਾਂ ਨੇ ਦੋ ਵਿਅਕਤੀਆਂ ਨੂੰ ਮ੍ਰਿਤਕ ਐਲਾਨ ਦਿੱਤਾ ਹੈ, ਜਿਨ੍ਹਾਂ ਦੀਆਂ ਲਾਸ਼ਾਂ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਰੱਖੀਆਂ ਗਈਆਂ ਹਨ ਜਦਕਿ ਜ਼ਖ਼ਮੀਆਂ ਦਾ ਇਲਾਜ ਚੱਲ ਰਿਹਾ ਹੈ।

## ਨਸ਼ੇ ਦੀਆਂ ਗੋਲੀਆਂ ਤੇ ਕੈਪਸੂਲਾਂ ਸਣੇ ਦੋ ਕਾਬੂ

**ਰਾਜਪੁਰਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜਪੁਰਾ ਪੁਲਿਸ ਨੇ 3 ਵੱਖ-ਵੱਖ ਮਾਮਲਿਆਂ ਵਿਚ 2 ਵਿਅਕਤੀਆਂ ਨੂੰ 630 ਨਸ਼ੇ ਦੀਆਂ ਗੋਲੀਆਂ ਅਤੇ ਕੈਪਸੂਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਜਾਣਕਾਰੀ ਅਨੁਸਾਰ ਥਾਣਾ ਸਿਟੀ ਪੁਲੀਸ ਦੇ ਏਐੱਸਆਈ ਨਰਿੰਦਰ ਸਿੰਘ ਪੁਲੀਸ ਪਾਰਟੀ ਸਮੇਤ ਆਨੰਦ ਕਲੋਨੀ ਵਿੱਚ ਮੌਜੂਦ ਸਨ ਤਾਂ ਸ਼ੱਕ ਦੇ ਆਧਾਰ 'ਤੇ ਰੋਕ ਕੇ ਇਕ ਵਿਅਕਤੀ ਦੀ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 510 ਨਸ਼ੀਲੇ ਕੈਪਸੂਲ ਬਰਾਮਦ ਹੋਏ। ਮੁਲਜ਼ਮ ਦੀ ਪਛਾਣ ਭੁਪਿੰਦਰ ਸਿੰਘ ਵਾਸੀ ਨਿਊ ਦਸਮੇਸ਼ ਕਲੋਨੀ ਬਨਵਾੜੀ ਰਾਜਪੁਰਾ ਵਜੋਂ ਹੋਈ ਹੈ। ਇਸੇ ਤਰ੍ਹਾਂ ਥਾਣਾ ਖੇੜੀ ਗੰਡਿਆਂ ਦੇ ਇੰਚਾਰਜ ਐੱਸਐੱਚਓ ਐੱਸਆਈ ਸਵਰਨ ਸਿੰਘ ਪੁਲੀਸ ਪਾਰਟੀ ਸਮੇਤ ਜਦੋਂ ਗਸ਼ਤ ਕਰਦੇ ਹੋਏ ਬਾ ਹੱਦ ਗੰਡਿਆਂ ਖੇੜੀ ਪਹੁੰਚੇ ਤਾਂ ਸ਼ੱਕ ਦੇ ਆਧਾਰ 'ਤੇ ਇਕ ਵਿਅਕਤੀ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਸ ਦੇ ਕਬਜ਼ੇ ਵਿਚੋਂ 120 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਹਨ। ਮੁਲਜ਼ਮ ਦੀ ਪਹਿਚਾਣ ਜਸਪ੍ਰੀਤ ਸਿੰਘ ਵਾਸੀ ਪਿੰਡ ਨਰੜੂ ਵਜੋਂ ਹੋਈ ਹੈ। ਇਸ ਤਰ੍ਹਾਂ ਪੁਲੀਸ ਨੇ ਪਿੰਡ ਉਰਨਾ ਕੋਲ ਇਕ ਕਾਰ 'ਚੋਂ 18 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਹੈ।

## ਪੰਜਾਬ ਤੇ ਹਿਮਾਚਲ ਦੇ ਸਾਰੇ ਜਲ ਭੰਡਾਰਾਂ 'ਚ ਪਾਣੀ ਦਾ ਪੱਧਰ ਪਿਛਲੇ ਵਰ੍ਹੇ ਨਾਲੋਂ ਘੱਟ

**ਸੀਡਬਲਿਊਸੀ ਦੇ ਅੰਕੜਿਆਂ 'ਚ ਖੁਲਾਸਾ; ਆਮ ਭੰਡਾਰ ਸਮਰੱਥਾ ਵੀ ਹੇਠਲੇ ਪੱਧਰ 'ਤੇ ਪੁੱਜੀ**

**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਾਲੀਆ ਬਾਰਿਸ਼ਾਂ ਦੇ ਬਾਵਜੂਦ ਦੇ ਹਿਮਾਚਲ ਪ੍ਰਦੇਸ਼ ਤੇ ਪੰਜਾਬ ਵਿੱਚ ਚਾਰੇ ਜਲ ਭੰਡਾਰਾਂ ਗੋਬਿੰਦ ਸਾਗਰ, ਪੌਂਗ ਡੈਮ, ਕੋਲ ਡੈਮ ਤੇ ਥੀਨ ਡੈਮ ਵਿੱਚ ਪਾਣੀ ਦਾ ਪੱਧਰ ਪਿਛਲੇ ਸਾਲ ਦੇ ਮੁਕਾਬਲੇ ਘੱਟ ਹੈ। ਕੇਂਦਰੀ ਜਲ ਕਮਿਸ਼ਨ (ਸੀਡਬਲਿਊਸੀ) ਦੇ 17 ਅਪਰੈਲ ਦੇ ਅੰਕੜਿਆਂ ਮੁਤਾਬਕ ਹਿਮਾਚਲ ਪ੍ਰਦੇਸ਼ ਵਿੱਚ ਗੋਬਿੰਦ ਸਾਗਰ, ਪੌਂਗ ਡੈਮ ਤੇ ਕੋਲ ਡੈਮ 'ਚ ਮੌਜੂਦਾ ਜਲ ਪੱਧਰ ਆਮ ਭੰਡਾਰਨ ਸਮਰੱਥਾ ਤੋਂ 41.46 ਫ਼ੀਸਦ ਘੱਟ ਹੈ। ਜਦਕਿ ਪੰਜਾਬ ਦੇ ਥੀਨ ਡੈਮ 'ਚ ਜਲ ਭੰਡਾਰ ਆਮ ਨਾਲੋਂ 47.28 ਫ਼ੀਸਦ ਘੱਟ ਹੈ। ਗੋਬਿੰਦ ਸਾਗਰ ਝੀਲ 'ਚ ਕੁੱਲ ਜਲ ਭੰਡਾਰਨ ਸਮਰੱਥਾ 6.229 ਬਿਲੀਅਨ ਕਿਊਬਿਕ ਮੀਟਰ (ਬੀਸੀਐੱਮ) ਦੇ ਮੁਕਾਬਲੇ ਮੌਜੂਦਾ ਸਮੇਂ ਜਲ ਭੰਡਾਰ 1.222 ਬੀਸੀਐੱਮ ਹੈ। ਮੌਜੂਦਾ ਸਮੇਂ ਇਹ ਕੁੱਲ ਜਲ ਭੰਡਾਰ ਸਮਰੱਥਾ ਦਾ 19.62 ਫ਼ੀਸਦ ਹੈ ਜਦਕਿ ਪਿਛਲੇ ਸਾਲ ਇਸੇ ਸਮੇਂ ਇਹ ਅੰਕੜਾ 25.36 ਫ਼ੀਸਦ ਸੀ। ਇਸ ਦੇ ਨਾਲ ਹੀ ਇਸ ਮਿਆਦ 'ਚ ਜਲ ਭੰਡਾਰ ਦੀ ਆਮ ਸਟੋਰੇਜ ਸਮਰੱਥਾ 28.98 ਫ਼ੀਸਦ ਹੈ, ਜੋ ਪਿਛਲੇ 10 ਸਾਲਾਂ ਦੀ ਔਸਤ ਹੈ। ਬਿਆਸ ਦਰਿਆ ਉੱਤੇ ਪੌਂਗ ਡੈਮ 'ਚ ਕੁੱਲ ਸਮਰੱਥਾ 6.157 ਬੀਐੱਸਐੱਮ ਦੇ ਮੁਕਾਬਲੇ ਭੰਡਾਰ ਦਾ ਪੱਧਰ 0.736 ਬੀਸੀਐੱਮ ਹੈ। ਇਹ ਮੌਜੂਦਾ ਭੰਡਾਰ ਕੁੱਲ ਸਮਰੱਥਾ ਦਾ ਸਿਰਫ਼ 11.95 ਫ਼ੀਸਦ ਹੈ ਜਦਕਿ ਪਿਛਲੇ ਸਾਲ ਇਸ ਸਮੇਂ ਇਹ ਪੱਧਰ 31.52 ਫ਼ੀਸਦ ਸੀ। ਇੱਥੋਂ ਤੱਕ ਪੌਂਗ ਡੈਮ ਦਾ ਆਮ ਸਟੋਰੇਜ ਪੱਧਰ 26 ਫ਼ੀਸਦ ਹੈ। ਰਾਵੀ ਦਰਿਆ 'ਤੇ ਥੀਨ ਡੈਮ 'ਚ ਕੁੱਲ ਭੰਡਾਰਨ ਸਮਰੱਥਾ 2.344 ਬੀਸੀਐੱਮ ਦੇ ਮੁਕਾਬਲੇ ਮੌਜੂਦਾ ਸਮਰੱਥਾ 0.545 ਫ਼ੀਸਦ ਹੈ। ਇਸ ਦਾ ਮਤਲਬ ਕਿ ਮੌਜੂਦ ਭੰਡਾਰ 23.25 ਫ਼ੀਸਦ ਹੈ ਜਦਕਿ ਪਿਛਲੇ ਸਾਲ ਪਾਣੀ ਦਾ ਪੱਧਰ 42.15 ਫ਼ੀਸਦ ਸੀ। ਇੱਥੇ ਆਮ ਭੰਡਾਰ ਪੱਧਰ 44.10 ਫ਼ੀਸਦ ਹੈ। ਗੋਬਿੰਦ ਸਾਗਰ, ਪੌਂਗ ਡੈਮ, ਕੋਲ ਡੈਮ ਤੇ ਥੀਨ ਡੈਮ 'ਚ ਪਾਣੀ ਨਾ ਸਿਰਫ਼ ਪਿਛਲੇ ਸਾਲ ਦੀ ਤੁਲਨਾ 'ਚ ਹੇਠਲੇ ਪੱਧਰ 'ਤੇ ਹੈ ਬਲਕਿ ਆਮ ਭੰਡਾਰਨ ਸਮਰੱਥਾ ਵੀ ਹੇਠਲੇ ਪੱਧਰ 'ਤੇ ਹੈ।

ਸਤਲੁਜ ਦਰਿਆ ਉੱਤੇ ਕੋਲ ਡੈਮ 'ਚ ਮੌਜੂਦਾ ਭੰਡਾਰ ਪੱਧਰ 0.069 ਬੀਸੀਐੱਮ ਜਦਕਿ ਇਸ ਦੀ ਕੁੱਲ ਸਮਰੱਥਾ 0.089 ਬੀਸੀਐੱਮ ਹੈ। ਇਸ ਦਾ ਮਤਲਬ ਹੈ ਕਿ ਮੌਜੂਦਾ ਸਟੋਰੇਜ 77.53 ਫ਼ੀਸਦ ਹੈ। ਇਹ ਪਿਛਲੇ ਸਾਲ ਦੇ ਭੰਡਾਰ ਪੱਧਰ 89.89 ਫ਼ੀਸਦ ਤੋਂ ਘੱਟ ਪਰ ਆਮ ਸਟੋਰੇਜ ਪੱਧਰ ਜੋ ਕਿ 63.52 ਹੈ, ਤੋਂ ਵੱਧ ਹੈ।

**ਘੱਟ ਮੀਂਹ ਪੈਣ ਕਾਰਨ ਜਮ੍ਹਾਂ ਨਹੀਂ ਹੋ ਸਕਿਆ ਪਾਣੀ**

ਜਲ ਭੰਡਾਰਾਂ 'ਚ ਸਟੋਰੇਜ ਪੱਧਰ ਘਟਣ ਦਾ ਇਕ ਕਾਰਨ ਬਾਰਿਸ਼ਾਂ ਦੀ ਕਮੀ ਵੀ ਹੈ। ਸੀਡਬਲਿਊਸੀ ਮੁਤਾਬਕ ਹਿਮਾਚਲ ਪ੍ਰਦੇਸ਼ 'ਚ 1 ਮਾਰਚ ਤੋਂ 17 ਅਪਰੈਲ ਤੱਕ 97 ਐੱਮਐੱਮ ਬਾਰਿਸ਼ ਹੋਈ ਜੋ ਆਮ ਨਾਲੋਂ 36 ਫ਼ੀਸਦ ਘੱਟ ਹੈ। ਪੰਜਾਬ ਵਿੱਚ ਇਸ ਸਮੇਂ ਦੌਰਾਨ 11 ਐੱਮਐੱਮ ਮੀਂਹ ਪਿਆ ਜੋ ਆਮ ਨਾਲੋਂ 67 ਫ਼ੀਸਦ ਘੱਟ ਹੈ। ਜੇਕਰ ਚੰਗੀ ਬਰਸਾਤ ਨਾ ਹੋਈ ਤਾਂ ਖਿੱਤੇ 'ਚ ਪਾਣੀ ਦੀ ਕਮੀ ਹੋ ਸਕਦੀ ਹੈ।

## ਚੋਰੀ ਦੇ ਨੌਂ ਮੋਟਰਸਾਈਕਲ ਬਰਾਮਦ

**ਪਟਿਆਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਸਿਵਲ ਲਾਈਨ ਦੇ ਐੱਸਐੱਚਓ ਇੰਸਪੈਕਟਰ ਗਗਨਦੀਪ ਸਿੰਘ ਅਤੇ ਪੁਲੀਸ ਚੌਕੀ ਮਾਡਲ ਟਾਊਨ ਦੇ ਇੰਚਾਰਜ ਪਵਨ ਕੁਮਾਰ ਦੀ ਅਗਵਾਈ ਹੇਠਲੀ ਇੱਕ ਪੁਲੀਸ ਟੀਮ ਵੱਲੋਂ ਚੋਰ ਗਰੋਹ ਦੇ ਦੋ ਮੈਂਬਰਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ ਚੋਰੀ ਦੇ ਨੌਂ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ। ਇਹ ਜਾਣਕਾਰੀ ਡੀਐੱਸਪੀ ਸਿਟੀ-1 ਸਤਨਾਮ ਸਿੰਘ ਸੰਘਾ ਨੇ ਅੱਜ ਪ੍ਰੈੱਸ ਕਾਨਫਰੰਸ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਪੁਲੀਸ ਵੱਲੋਂ ਕਾਬੂ ਕੀਤੇ ਗਏ ਇਨ੍ਹਾਂ ਮੁਲਜ਼ਮਾਂ ਵਿਚ ਮਨਪ੍ਰੀਤ ਸਿੰਘ ਉਰਫ ਗੋਲੂ ਅਤੇ ਪ੍ਰਦੀਪ ਸਿੰਘ ਵਾਸੀਆਨ ਪਿੰਡ ਡਸਕਾ ਜ਼ਿਲ੍ਹਾ ਸੰਗਰੂਰ ਦੇ ਨਾਮ ਸ਼ਾਮਲ ਹਨ ਜਿਨ੍ਹਾਂ ਨੂੰ ਚੋਰੀ ਦੇ ਮੋਟਰਸਾਈਕਲ ਸਮੇਤ ਕਾਬੂ ਕੀਤਾ ਗਿਆ ਸੀ। ਇਨ੍ਹਾਂ ਦਾ ਪੁਲੀਸ ਰਿਮਾਂਡ ਪ੍ਰਾਪਤ ਕਰਕੇ ਕੀਤੀ ਗਈ ਪੁੱਛ-ਗਿੱਛ ਦੌਰਾਨ ਚੋਰੀ ਦੇ 8 ਹੋਰ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ।

## ਜੌੜਾਮਾਜਰਾ ਵੱਲੋਂ ਸ਼ੋਭਾ ਯਾਤਰਾ ਨੂੰ ਝੰਡੀ

**ਸਮਾਣਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਮੰਗਲਾ ਮੁਖੀ ਮਹਾਕਿਨਰ ਸਮੇਲਨ ਦੇ ਤੀਜੇ ਦਿਨ ਸ਼ੋਭਾ ਯਾਤਰਾ ਕੀਤੀ ਗਈ ਜਿਸ ਨੂੰ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਝੰਡੀ ਦਿਖਾ ਕੇ ਤਾਜ ਪੈਲੇਸ ਤੋਂ ਰਵਾਨਾ ਕੀਤਾ। ਇਸ ਦੌਰਾਨ ਧਾਰਮਿਕ ਸਥਾਨਾਂ 'ਤੇ ਪੂਜਾ ਅਰਚਨਾ ਕਰਨ ਤੋਂ ਬਾਅਦ ਪੰਚ ਮੁਖੀ ਸ਼ਿਵ ਮੰਦਰ ਵਿਚ ਟੱਲ ਵੀ ਚੜ੍ਹਾਇਆ ਗਿਆ। ਇਹ ਸ਼ੋਭਾ ਯਾਤਰਾ ਤਾਜ ਪੈਲੇਸ ਵਿੱਚ ਸਮਾਪਤ ਹੋਈ। ਇਸ ਮੌਕੇ ਗੱਦੀ ਨਸ਼ੀਨ ਪੰਮੀ ਮਹੰਤ, ਕੋਮਲ ਮਹੰਤ, ਪਿੰਕੀ ਮਹੰਤ, ਪ੍ਰੀਤ ਮਹੰਤ, ਬਿੰਦੂ ਮਹੰਤ, ਪੱਪੂ ਮਹੰਤ ਤੇ ਭੂਰੀ ਮਹੰਤ ਨੇ ਦੱਸਿਆ ਕਿ ਇਹ ਸਮਾਗਮ 25 ਅਪਰੈਲ ਤੱਕ ਚੱਲੇਗਾ।

## ਲਾਅ ਯੂਨੀਵਰਸਿਟੀ ਵਿੱਚ ਅੰਬੇਡਕਰ ਬਾਰੇ ਕਾਨਫਰੰਸ



**ਪਟਿਆਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜੀਵ ਗਾਂਧੀ ਨੈਸ਼ਨਲ ਲਾਅ ਯੂਨੀਵਰਸਿਟੀ, ਪੰਜਾਬ ਦੇ ਸਮਾਜਿਕ ਵਿਗਿਆਨ ਅਤੇ ਅੰਤਰ-ਅਨੁਸ਼ਾਸਨੀ ਅਧਿਐਨ ਸਕੂਲ ਵੱਲੋਂ ਅੰਬੇਡਕਰ ਜੈਅੰਤੀ ਮਨਾਉਣ ਦੇ ਸੰਦਰਭ ਵਿਚ 'ਡਾ. ਬੀਆਰ ਅੰਬੇਡਕਰ ਦੀਆਂ ਕਦਰਾਂ-ਕੀਮਤਾਂ ਨੂੰ ਸੰਜੋਣਾ' ਬਾਰੇ ਕਾਨਫ਼ਰੰਸ ਕੀਤੀ ਗਈ। ਕਾਨਫਰੰਸ ਵਿੱਚ ਵਾਈਸ ਚਾਂਸਲਰ ਪ੍ਰੋ. (ਡਾ) ਜੈ ਸ਼ੰਕਰ ਸਿੰਘ, ਡਾ. ਰਜਿਸਟਰਾਰ ਇਵਨੀਤ ਵਾਲੀਆ ਅਤੇ ਡੀਨ ਖੋਜ ਅਤੇ ਵਿਦਿਆਰਥੀ ਭਲਾਈ ਪ੍ਰੋ. (ਡਾ.) ਕਮਲਜੀਤ ਕੌਰ ਆਦਿ ਹਾਜ਼ਰ ਸਨ। ਵੀਸੀ ਡਾ. ਜੈ ਸ਼ੰਕਰ ਨੇ ਕਿਹਾ ਇਸ ਕਾਨਫ਼ਰੰਸ ਦਾ ਉਦੇਸ਼ ਭਾਰਤੀ ਸੰਵਿਧਾਨ ਦੇ ਮੁੱਖ ਪ੍ਰਬੰਧਕ ਅਤੇ ਸਮਾਜਿਕ ਨਿਆਂ, ਸਮਾਨਤਾ ਅਤੇ ਮਨੁੱਖੀ ਕਦਰਾਂ-ਕੀਮਤਾਂ ਲਈ ਅਣਥੱਕ ਯੋਧੇ ਡਾ. ਭੀਮ ਅੰਬੇਡਕਰ ਦੀ ਸਥਾਈ ਵਿਰਾਸਤ ਅਤੇ ਕਦਰਾਂ-ਕੀਮਤਾਂ ਦਾ ਸਨਮਾਨ ਕਰਨਾ ਸੀ। ਕਾਨਫ਼ਰੰਸ ਵਿੱਚ ਆਧੁਨਿਕ ਭਾਰਤ ਨੂੰ ਆਕਾਰ ਦੇਣ ਵਿੱਚ ਡਾ. ਅੰਬੇਡਕਰ ਦੀ ਮਹੱਤਵਪੂਰਨ ਭੂਮਿਕਾ, ਸਮਾਜਿਕ ਵਿਤਕਰੇ ਵਿਰੁੱਧ ਉਨ੍ਹਾਂ ਦੀ ਅਣਥੱਕ ਲੜਾਈ ਅਤੇ ਹਾਸ਼ੀਏ 'ਤੇ ਧੱਕੇ ਭਾਈਚਾਰਿਆਂ ਦੇ ਵਿਕਾਸ ਲਈ ਉਨ੍ਹਾਂ ਦੀ ਵਕਾਲਤ 'ਤੇ ਚਾਨਣਾ ਪਾਇਆ ਗਿਆ। ਡਾ. ਗੌਤਮ ਸੂਦ ਨੇ ਕਿਹਾ ਡਾ. ਅੰਬੇਡਕਰ ਇੱਕ ਅਜਿਹਾ ਵਿਅਕਤੀ ਸੀ ਜੋ ਅਨਿਆਂ ਕਰਨ ਵਾਲੀਆਂ ਸ਼ਕਤੀਸ਼ਾਲੀ ਤਾਕਤਾਂ ਦੇ ਵਿਰੁੱਧ ਖੜ੍ਹਾ ਹੋਇਆ। ਸਮਾਰੋਹ ਦੀ ਵਿਸ਼ੇਸ਼ਤਾ ਇਹ ਸੀ ਕਿ ਵਾਈਸ ਚਾਂਸਲਰ ਨੇ ਯੂਨੀਵਰਸਿਟੀ ਦੇ ਗੈਰ-ਅਧਿਆਪਨ ਅਤੇ ਨਾਲ ਹੀ ਅਧਿਆਪਨ ਸਟਾਫ਼ ਨੂੰ ਆਪਣੇ ਵਿਚਾਰ ਅਤੇ ਮੁੱਦੇ ਸਾਂਝੇ ਕਰਨ ਲਈ ਪਲੇਟਫ਼ਾਰਮ 'ਤੇ ਸੱਦਾ ਦਿੱਤਾ।

## ਜੈਕਾਰਿਆਂ ਦੀ ਗੂੰਜ ਚ' ਭਾਈ ਨੰਦ ਲਾਲ ਪਬਲਿਕ ਸਕੂਲ ਵਿਖੇ ਸ੍ਰੋਮਣੀ ਕਮੇਟੀ ਦੇ ਸਮੂਹ ਸਕੂਲਾਂ ਦਾ ਗੁਰਮਤਿ ਟ੍ਰੇਨਿੰਗ ਸਮਰ ਕੈਂਪ ਹੋਇਆ ਸ਼ੁਰੂ

**ਸ੍ਰੀ ਆਨੰਦਪੁਰ ਸਾਹਿਬ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਭਾਈ ਨੰਦ ਲਾਲ ਪਬਲਿਕ ਸਕੂਲ ਵਿਖੇ ਹਰ ਸਾਲ ਦੀ ਤਰਾਂ ਇਸ ਸਾਲ ਵੀ ਗੁਰਮਤਿ ਟ੍ਰੇਨਿੰਗ ਸਮਰ ਕੈਂਪ ਜੈਕਾਰਿਆਂ ਦੀ ਗੂੰਜ ਨਾਲ ਅਰੰਭ ਹੋਇਆ, ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਸਤਨਾਮ ਸਿੰਘ ਨੇ ਦੱਸਿਆ ਕਿ ਇਹ ਕੈਂਪ ਹਰ ਸਾਲ ਐਮ.ਐਮ.ਏ ਲਾਈਨਜ ਕਲੱਬ ਬਰਮਿੰਘਮ ਵੱਲੋਂ ਕਰਵਾਇਆ ਜਾਂਦਾ ਹੈ ਜਿਸ ਵਿਚ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ 52 ਸਕੂਲਾਂ ਦੇ ਵਿਦਿਆਰਥੀਆਂ ਸ਼ਿਰਕਤ ਕਰਨ ਲਈ ਪੰਹੁਚਦੇ ਹਨ, ਉਨਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਕੈਂਪ ਦੇ ਪਹਿਲੇ ਦਿਨ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਨੇ ਅਰਦਾਸ ਕਰਕੇ ਸਮਾਗਮਾਂ ਦੀ ਸ਼ੁਰੂਆਤ ਕੀਤੀ ਜਿਸ ਤੋਂ ਬਾਅਦ ਕੈਂਪ ਵਿੱਚ ਗੁਰਮਤਿ ਸਮਾਗਮ ਕਰਵਾਏ ਗਏ ਅਤੇ ਬੱਚਿਆਂ ਲਈ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਦੇ ਵਿਸ਼ੇਸ਼ ਸੈਮੀਨਾਰ ਕਰਵਾਏ ਗਏ।

ਉਨਾਂ ਕਿਹਾ ਕਿ ਇਸ ਤੋਂ ਇਲਾਵਾ ਬੱਚਿਆਂ ਦੇ ਮਨੋਰੰਜਨ ਲਈ ਜਿੱਥੇ ਖੇਡਾਂ ਵੀ ਕਰਵਾਈਆਂ ਜਾਂਦੀਆਂ ਹਨ ਉੱਥੇ ਹੀ ਮਾਰਸ਼ਲ ਆਰਟ ਦੀ ਟ੍ਰੇਨਿੰਗ ਵੀ ਦਿੱਤੀ ਜਾਂਦੀ ਹੈ, ਪ੍ਰਿੰਸੀਪਲ ਸਤਨਾਮ ਸਿੰਘ ਨੇ ਦੱਸਿਆ ਕਿ ਸਾਡੀ ਸਾਰੀ ਟੀਮ ਦੀ ਕੋਸ਼ਿਸ਼ ਰਹਿੰਦੀ ਹੈ ਕਿ ਕੈਂਪ ਦੇ ਇਨਾਂ 5 ਦਿਨਾਂ ਵਿੱਚ ਦੂਰੋਂ ਨੇੜਿਓਂ ਆਏ ਬੱਚੇ ਕੁੱਝ ਨਾ ਕੁੱਝ ਜਰੂਰ ਸਿੱਖ ਕੇ ਜਾਣ ਜਿਸ ਨੂੰ ਉਹ ਆਪਣੀ ਜ਼ਿੰਦਗੀ ਵਿੱਚ ਅਜ਼ਮਾ ਕੇ ਦੇਖ ਸਕਣ, ਉਨਾਂ ਕਿਹਾ ਕਿ ਸਮੇਂ ਸਮੇਂ ਤੇ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਜਿਹੇ ਕੈਂਪ ਸੂਬੇ ਵਿੱਚ ਵੱਖ ਵੱਖ ਸਕੂਲਾਂ ਵਿੱਚ ਲਗਾਏ ਜਾਂਦੇ ਹਨ ਤਾਂ ਜੋ ਬੱਚਿਆਂ ਨੂੰ ਗੁਰ ਇਤਿਹਾਸ ਨਾਲ ਜਾਣੂੰ ਕਰਵਾਇਆ ਜਾ ਸਕੇ, ਅੱਜ ਕੈਂਪ ਦੇ ਪਹਿਲੇ ਦਿਨ ਸ੍ਰੋਮਣੀ ਕਮੇਟੀ ਮੈਂਬਰ ਗੁਰਮੀਤ ਸਿੰਘ ਬੂਹ ਅਤੇ ਬੀਬੀ ਸਤਵੰਤ ਕੌਰ ਅਸਿਸਟੈਂਟ ਡਾਇਰੈਕਟਰ ਵਿੱਦਿਆ ਵਲੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਗਈ, ਇਸ ਮੌਕੇ ਸ੍ਰੋਮਣੀ ਕਮੇਟੀ ਮੈਂਬਰ ਅਮਰਜੀਤ ਸਿੰਘ ਚਾਵਲਾ ਅਤੇ ਦਲਜੀਤ ਸਿੰਘ ਭਿੰਡਰ ਵੱਲੋਂ ਐਮ.ਐਮ.ਏ ਲਾਈਨਜ ਕਲੱਬ ਦੇ ਸਮੂਹ ਨੁਮਾਇੰਦਿਆ ਨੂੰ ਸ਼੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਪੰਹੁਚਣ ਤੇ ਜੀ ਆਇਆ ਨੂੰ ਆਖਿਆ, ਉਨਾਂ ਦੱਸਿਆ ਕਿ ਤਖਤ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ,

ਇਸ ਮੌਕੇ ਐਮ.ਐਮ.ਏ ਲਾਈਨਜ ਕਲੱਬ ਦੇ ਮੁੱਖ ਪ੍ਰਬੰਧਕ ਜਤਿੰਦਰ ਸਿੰਘ, ਮੈਨੇਜਰ ਮਲਕੀਤ ਸਿੰਘ, ਐਡੀ:ਮੈਨੇਜਰ ਹਰਦੇਵ ਸਿੰਘ, ਪ੍ਰਿੰਸੀਪਲ ਹਰਪ੍ਰੀਤ ਕੌਰ, ਪ੍ਰਿੰਸੀਪਲ ਰਾਜਵਿੰਦਰ ਕੌਰ, ਪ੍ਰਿੰਸੀਪਲ ਦਲਵਿੰਦਰ ਕੌਰ, ਪ੍ਰਿੰਸੀਪਲ ਨਵਲੀਨ ਕੌਰ, ਪ੍ਰਿੰਸੀਪਲ ਜਸਵਿੰਦਰ ਸਿੰਘ, ਪ੍ਰਿੰਸੀਪਲ ਤਰਨਜੀਤ ਸਿੰਘ, ਪ੍ਰਿੰਸੀਪਲ ਗੁਰਸਰਨ ਸਿੰਘ, ਪ੍ਰਿੰਸੀਪਲ ਗੁਰਮੀਤ ਸਿੰਘ, ਪ੍ਰਿੰਸੀਪਲ ਮਨਪ੍ਰੀਤ ਕੌਰ, ਪ੍ਰਿੰਸੀਪਲ ਭੁਪਿੰਦਰ ਪਾਲ ਕੌਰ ਤੇ ਸਮੂਹ ਸਕੂਲਾਂ ਦੇ ਅਧਿਆਪਕ ਸਾਹਿਬਾਨ ਮੌਜੂਦ ਸਨ।

## ਪਾਤੜਾਂ ਪੁਲਿਸ ਵੱਲੋਂ ਨਸ਼ੀਲੇ ਪਦਾਰਥਾਂ ਸਣੇ ਦੋ ਕਾਬੂ

**ਪਾਤੜਾਂ, 21 ਅਪ੍ਰੈਲ -**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲੀਸ ਨੇ ਸ਼ਹਿਰ ਦੇ ਹਰਮਨ ਨਗਰ ਵਿੱਚ ਦੋ ਜਣਿਆਂ ਨੂੰ 6 ਗ੍ਰਾਮ ਹੈਰੋਇਨ ਅਤੇ ਨਸ਼ੀਲੇ ਪਦਾਰਥ ਨਾਲ ਭਰੀ ਸਰਿੰਜ ਸਮੇਤ ਗ੍ਰਿਫ਼ਤਾਰ ਕਰਕੇ ਕੇਸ ਦਰਜ ਕਰ ਲਿਆ ਹੈ।

ਥਾਣਾ ਪਾਤੜਾਂ ਦੇ ਮੁਖੀ ਹਰਮਿੰਦਰ ਸਿੰਘ ਨੇ ਦੱਸਿਆ ਕਿ ਪੁਲੀਸ ਪਾਰਟੀ ਨੇ ਪਵਨਦੀਪ ਪੰਮਾ ਨੂੰ ਗ੍ਰਿਫ਼ਤਾਰ ਕਰਕੇ 6 ਗ੍ਰਾਮ ਹੈਰੋਇਨ ਬਰਾਮਦ ਕੀਤੀ ਤੇ ਇਸੇ ਤਰ੍ਹਾਂ ਇਸ ਦੇ ਸਾਥੀ ਪਿੰਡ ਹਰਿਆਊ ਦੇ ਰਹਿਣ ਵਾਲੇ ਅੰਗਰੇਜ਼ ਸਿੰਘ ਤੋਂ ਚਿੱਟੇ ਦੀ ਭਰੀ ਇੱਕ ਸਰਿੰਜ ਬਰਾਮਦ ਹੋਈ ਹੈ। ਇਨ੍ਹਾਂ ਦੇ ਖਿਲਾਫ਼ ਕੇਸ ਦਰਜ ਕਰਕੇ ਹੋਰ ਪੁੱਛ ਪੜਤਾਲ ਕੀਤੀ ਜਾ ਰਹੀ ਹੈ।

## ਪਟਿਆਲਾ 'ਚ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਬਲ ਮਿਲਿਆ; ਯੁੱਧ ਨਸ਼ਿਆਂ ਵਿਰੁੱਧ ਤਹਿਤ ਸਾਕੇਤ ਹਸਪਤਾਲ 'ਚ ਵੀ ਸ਼ੁਰੂ ਹੋਈਆਂ ਸੀ.ਐਮ. ਦੀ ਯੋਗਸ਼ਾਲਾ ਦੀਆਂ ਕਲਾਸਾਂ

## ਨਸ਼ਿਆਂ ਤੋਂ ਮੁਕਤੀ ਪਾਉਣ ਲਈ ਯੋਗਾ ਨਸ਼ਾ ਗ੍ਰਸਤ ਵਿਅਕਤੀ ਨੂੰ ਸਰੀਰਕ, ਮਾਨਸਿਕ ਤੇ ਸਮਾਜਿਕ ਤੌਰ 'ਤੇ ਮਜ਼ਬੂਤ ਬਣਾਉਂਦਾ ਹੈ: ਡਾ. ਪ੍ਰੀਤੀ ਯਾਦਵ

**ਪਟਿਆਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**




ਪਟਿਆਲਾ ਵਿਖੇ ਨਸ਼ਿਆਂ ਵਿਰੁੱਧ ਅਰੰਭੀ ਮੁਹਿੰਮ ਨੂੰ ਉਸ ਵੇਲੇ ਹੋਰ ਬਲ ਮਿਲਿਆ ਹੈ ਜਦੋਂ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਰੈਡ ਕਰਾਸ ਸਾਕੇਤ ਨਸ਼ਾ ਮੁਕਤੀ ਤੇ ਪੁਨਰਵਾਸ ਕੇਂਦਰ ਵਿਖੇ ਸੀ.ਐਮ ਦੀ ਯੋਗਸ਼ਾਲਾ ਦੀਆਂ ਕਲਾਸਾਂ ਸ਼ੁਰੂ ਹੋ ਗਈਆਂ।

ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਨਸ਼ਿਆਂ ਤੋਂ ਮੁਕਤੀ ਪਾਉਣ ਲਈ ਯੋਗਾ ਨਸ਼ਾ ਗ੍ਰਸਤ ਵਿਅਕਤੀ ਨੂੰ ਸਰੀਰਕ, ਮਾਨਸਿਕ ਤੇ ਸਮਾਜਿਕ ਤੌਰ 'ਤੇ ਮਜ਼ਬੂਤ ਬਣਾਉਂਦਾ ਹੈ, ਜਿਸ ਲਈ ਸਾਕੇਤ ਹਸਪਤਾਲ ਵਿਖੇ ਨਸ਼ਾ ਛੱਡਣ ਲਈ ਦਾਖਲ ਵਿਅਕਤੀਆਂ ਨੂੰ ਯੋਗਾ ਸਿਖਾਉਣ ਲਈ ਸੀ.ਐਮ ਦੀ ਯੋਗਸ਼ਾਲਾ ਦੀਆਂ ਕਲਾਸਾਂ ਸ਼ੁਰੂ ਕੀਤੀਆਂ ਗਈਆਂ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਪਹਿਲ ਨਸ਼ੇ ਦੀ ਲਤ ਨਾਲ ਜੂਝ ਰਹੇ ਲੋਕਾਂ ਨੂੰ ਇੱਕ ਨਵੀਂ ਦਿਸ਼ਾ ਦੇਣ ਅਤੇ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹਨਾਂ ਨਿਯਮਤ ਯੋਗਾ ਕਲਾਸਾਂ ਦੀ ਨਿਗਰਾਨੀ ਏਡੀਸੀ (ਜ) ਇਸ਼ਾ ਸਿੰਗਲ ਖੁਦ ਕਰ ਰਹੇ ਹਨ।

ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਜੋ ਲੋਕ ਯੋਗਾ ਰਾਹੀਂ ਨਸ਼ਾ ਛੱਡਣਾ ਚਾਹੁੰਦੇ ਹਨ, ਉਨ੍ਹਾਂ ਨੂੰ ਮਾਨਸਿਕ ਅਤੇ ਸਰੀਰਕ ਤੌਰ 'ਤੇ ਸਿਹਤਮੰਦ ਬਣਨ ਵਿੱਚ ਮਦਦ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੀਐਮ ਦੀ ਯੋਗਸ਼ਾਲਾ ਅਤੇ ਸਾਕੇਤ ਹਸਪਤਾਲ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਇਸ ਪਹਿਲਕਦਮੀ ਨੂੰ ਨਸ਼ਾ ਮੁਕਤ ਸਮਾਜ ਵੱਲ ਇੱਕ ਵੱਡਾ ਕਦਮ ਮੰਨਿਆ ਜਾ ਰਿਹਾ ਹੈ। ਇਸੇ ਦੌਰਾਨ ਸਾਕੇ ਹਸਪਤਾਲ ਦੀ ਪ੍ਰਾਜੈਕਟ ਡਾਇਰੈਕਟਰ ਪਰਮਿੰਦਰ ਕੌਰ ਮਨਚੰਦਾ ਨੇ ਕਿਹਾ ਕਿ ਸਾਕੇਤ ਹਸਪਤਾਲ ਵਿਖੇ ਦਾਖਲ ਹੋਣ ਵਾਲੇ ਨਸ਼ੇ ਦੀ ਲਤ ਦੇ ਸ਼ਿਕਾਰ ਲੋਕਾਂ ਨੂੰ ਯੋਗਾ ਨਾਲ ਬਹੁਤ ਜਿਆਦਾ ਮਦਦ ਮਿਲੇਗੀ। ਪਟਿਆਲਾ ਜ਼ਿਲ੍ਹੇ ਦੀ ਸੀ.ਐਮ ਦੀ ਯੋਗਸ਼ਾਲਾ ਦੀ ਕੋਆਰਡੀਨੇਟਰ ਭਾਵਨਾ ਭਾਰਤੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਦਾ ਉਦੇਸ਼ ਜਿੱਥੇ ਰਾਜ ਦੇ ਨਸ਼ੇ ਦੇ ਸ਼ਿਕਾਰ ਲੋਕਾਂ ਨੂੰ ਧਿਆਨ ਅਤੇ ਯੋਗਾ ਅਭਿਆਸ ਰਾਹੀਂ ਸ਼ਰੀਰਿਕ ਮਾਨਸਿਕ ਅਤੇ ਸਮਾਜਿਕ ਤੌਰ ਤੇ ਮਜਬੂਤ ਬਣਾਉਣਾ ਹੈ ਉੱਥੇ ਇਸ ਨਾਲ ਨਸ਼ੇ ਛੱਡਣ ਵਾਲਿਆਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨਾ ਵੀ ਹੈ।

ਗਿਆਨ ਦੇ ਸੋਮੇ ਮਨੁੱਖ ਦੇ ਅੰਦਰ ਇਨਸਾਨੀਅਤ ਦੀ ਜੋਤ ਨਹੀਂ ਜਗਾਉਂਦੇ ਤਾਂ ਇਸ ਦਾ ਭਾਵ ਇਹੀ ਹੈ ਕਿ ਮਨੁੱਖ ਨੇ ਪੇਤਲੇ ਰੂਪ ਵਿਚ ਹੀ ਕੁਝ ਪੜ੍ਹਿਆ ਸੁਣਿਆ ਹੈ ਪਰ ਉਸ ਨੂੰ ਵਿਚਾਰਿਆ ਨਹੀਂ। ਗਿਆਨ ਦੀ ਪ੍ਰਾਪਤੀ ਮਨ 'ਚ ਹੌਸਲਾ ਪੈਦਾ ਕਰਦੀ ਹੈ ਨਾ ਕਿ ਹਉਮੈ...



# ਹਾਸ਼ਮ ਸ਼ਾਹ ਤੂੰ ਆਪ ਨੂੰ ਜਾਣ ਮੀਆਂ

• ਗੁਰਬਿੰਦਰ ਸਿੰਘ ਮਾਣਕ
98153-56086

ਕੁਦਰਤ ਨੇ ਮਨੁੱਖ ਨੂੰ ਸੂਝ-ਬੂਝ ਤੇ ਦਿਮਾਗ਼ੀ ਸ਼ਕਤੀ ਨਾਲ ਨਿਵਾਜਿਆ ਹੋਇਆ ਹੈ। ਇਸ ਦੀ ਬਦੌਲਤ ਹੀ ਮਨੁੱਖ ਹੈਰਾਨਕੁੰਨ ਤਰੱਕੀ ਦੇ ਰਾਹਾਂ 'ਤੇ ਨਿਰੰਤਰ ਤੁਰਿਆ ਜਾ ਰਿਹਾ ਹੈ। ਮਨੁੱਖ ਆਪਣੀ ਜ਼ਿੰਦਗੀ ਵਿਚ ਬਹੁਤ ਹੀ ਸਖ਼ਤ 'ਤੇ ਕਠਿਨ ਇਮਤਿਹਾਨਾਂ ਵਿੱਚੋਂ ਸਫਲਤਾ-ਪੂਰਵਕ ਪਾਰ ਲੰਘ ਜਾਂਦਾ ਹੈ। ਵੱਡੀਆਂ ਵੱਡੀਆਂ ਗੱਲਾਂ ਨੂੰ ਆਪਣੇ ਚੇਤਿਆਂ ਵਿਚ ਸਮੋਅ ਲੈਣ ਦੇ ਦਾਅਵੇ ਕਰਦਾ ਹੈ। ਕਈ ਵਾਰ ਤਾਂ ਉਹ ਬਹੁਤ ਵਿਦਵਾਨ ਤੇ ਆਲਮ-ਫਾਜ਼ਲ ਹੋਣ ਦਾ ਵੀ ਭਰਮ ਪਾਲ ਲੈਂਦਾ ਹੈ। ਦੁਨੀਆ ਭਰ ਦੀ ਜਾਣਕਾਰੀ ਰੱਖਣ ਵਾਲਾ ਮਨੁੱਖ ਆਪਣੇ ਆਪ ਤੋਂ ਇਸ ਕਦਰ ਬੇਮੁੱਖ ਹੋਇਆ ਪਿਆ ਹੈ ਕਿ ਕਈ ਵਾਰ ਉਸ ਦੀ ਸਾਰੀ ਜ਼ਿੰਦਗੀ ਹੀ ਬੇਖ਼ਬਰੀ ਦੇ ਆਲਮ ਵਿਚ ਗੁਜ਼ਰ ਜਾਂਦੀ ਹੈ।

ਪੰਜਾਬੀ ਸਭਿਆਚਾਰ ਦੀਆਂ ਲੋਕ-ਸਿਆਣਪਾਂ ਵਿਚ 'ਦੀਵੇ ਥੱਲੇ ਹਨੇਰਾ' ਦਾ ਪ੍ਰਸੰਗ ਵੀ ਮਨੁੱਖ ਦੀ ਅਜਿਹੀ ਪ੍ਰਵਿਰਤੀ ਨਾਲ ਹੀ ਜੁੜਦਾ ਹੈ। ਦੂਜਿਆਂ ਨੂੰ ਰੋਸ਼ਨੀ ਦਿਖਾਉਣ ਵਾਲੇ ਨੂੰ ਕਈ ਵਾਰ ਇਹ ਅਨੁਭਵ ਨਹੀਂ ਹੁੰਦਾ ਕਿ ਉਹ ਆਪ ਹੀ ਹਨੇਰੇ ਰਾਹ ਤੁਰਿਆ ਹੋਇਆ ਹੈ।

## ਅੰਤਰ-ਝਾਤ ਤੇ ਅਮਲ ਜ਼ਰੂਰੀ

ਸਿੱਖਿਆ ਤੇ ਗਿਆਨ ਦਾ ਮੂਲ ਮੰਤਵ ਮਨੁੱਖੀ ਆਪੇ ਦੀ ਪਛਾਣ ਕਰਨਾ ਹੈ। ਢੇਰਾਂ ਪੁਸਤਕਾਂ ਪੜ੍ਹ ਕੇ, ਡਿਗਰੀਆਂ ਹਾਸਲ ਕਰਕੇ ਪ੍ਰਾਪਤ ਕੀਤਾ ਰਸਮੀ ਜਿਹਾ ਗਿਆਨ ਵੀ ਉਦੋਂ ਤਕ ਬੇਅਰਥ ਹੈ, ਜਦੋਂ ਤਕ ਮਨੁੱਖ ਨੂੰ ਆਪਣੇ ਅੰਦਰ ਝਾਤੀ ਮਾਰਨ ਦੀ ਸੋਝੀ ਨਹੀਂ ਆਉਂਦੀ। ਸਾਡੇ ਦੇਸ਼ ਵਿਚ ਧਾਰਮਿਕ ਬਿਰਤੀ ਵਾਲੇ ਬਹੁਤੇ ਲੋਕਾਂ ਦਾ ਜੀਵਨ ਬਾਹਰੀ ਭੇਖਾਂ ਤੇ ਕਈ ਤਰ੍ਹਾਂ ਦੀਆਂ ਫਜ਼ੂਲ ਜਿਹੀਆਂ ਰਹੁ-ਰੀਤਾਂ ਵਿਚ ਹੀ ਗੁਜ਼ਰ ਜਾਂਦਾ ਹੈ ਪਰ ਉਹ ਧਰਮ ਦੀ ਮੂਲ ਸਿੱਖਿਆ ਤੋਂ ਸੱਖਣੇ ਹੀ ਰਹਿੰਦੇ ਹਨ। ਜੇ ਕਿਸੇ ਉਪਦੇਸ਼ਕ ਜਾਂ ਪ੍ਰਚਾਰਕ ਦਾ ਆਪਣਾ ਜੀਵਨ ਹੀ ਨਿਰਾਰਥਕ ਗੱਲਾਂ ਤੇ ਅੰਧ-ਵਿਸ਼ਵਾਸ਼ਾਂ ਵਿਚ ਗੁਜ਼ਰ ਰਿਹਾ ਹੈ ਤਾਂ ਉਸ ਦੇ ਵਿਚਾਰਾਂ ਦਾ ਆਮ ਲੋਕਾਂ ਉੱਤੇ ਕੋਈ ਬੱਝਵਾਂ ਪ੍ਰਭਾਵ ਨਹੀਂ ਪੈ ਸਕਦਾ। ਵਿਚਾਰਨ ਵਾਲੀ ਗੱਲ ਇਹ ਹੈ ਕਿ ਜਿਉਂ-ਜਿਉਂ ਵਿੱਦਿਆ ਦਾ ਪਾਸਾਰ ਹੋਇਆ ਹੈ, ਗਿਆਨ ਪ੍ਰਾਪਤੀ ਦੇ ਅਨੇਕਾਂ ਸੋਮੇ ਮਨੁੱਖ ਦੇ ਸਨਮੁੱਖ ਹੋਏ ਹਨ ਤਿਉਂ-ਤਿਉਂ ਹੀ ਮਨੁੱਖੀ ਮਨਾਂ ਵਿਚ ਪਹਿਲਾਂ ਨਾਲੋਂ ਵੱਧ ਹਨੇਰੇ ਦਾ ਵਾਸ ਹੋਇਆ ਹੈ। ਸਮਾਜ ਵਿਚ ਨਾ-ਬਰਾਬਰੀ, ਖ਼ੁਦਗਰਜ਼ੀ, ਸੰਕੀਰਨਤਾ, ਲਾਲਸਾਵਾਂ ਤੇ ਅਤਿ ਦੀਆਂ ਘਿਨਾਉਣੀਆਂ ਘਟਨਾਵਾਂ ਦਾ ਨਿੱਤ ਵਾਪਰਨਾ ਇਸ ਗੱਲ ਦਾ ਸੂਚਕ ਹੈ ਕਿ ਮਨੁੱਖ ਗਿਆਨ ਦੇ ਸਮੁੰਦਰ ਵਿਚ ਵਿਚਰ ਕੇ ਵੀ ਅਗਿਆਨਤਾ ਦੇ ਹਨੇਰੇ ਵਿਚ ਭਟਕ ਰਿਹਾ ਹੈ। ਉਰਦੂ ਸ਼ਾਇਰ ਬਸ਼ੀਰ ਬਦਰ ਨੇ ਅਜਿਹੀ ਸਥਿਤੀ ਦਾ ਇਕ ਸ਼ੇਅਰ ਰਾਹੀਂ ਬਾਖ਼ੂਬੀ ਪ੍ਰਗਟਾਵਾ ਕੀਤਾ ਹੈ-'ਆਖੋਂ ਮੇਂ ਰਹਾ, ਦਿਲ ਮੇਂ ਉਤਰ ਕਰ ਨਹੀਂ ਦੇਖਾ। ਕਸ਼ਤੀ ਕੇ ਮੁਸਾਫਿਰ ਨੇ, ਸਮੁੰਦਰ ਨਹੀਂ ਦੇਖਾ'। ਬਹੁਤ ਹੱਦ ਤਕ ਇਹ ਸ਼ੇਅਰ ਅਜੋਕੇ ਮਨੁੱਖ ਦੀ ਮਾਨਸਿਕ ਅਵਸਥਾ ਨੂੰ ਪ੍ਰਗਟ ਕਰਦਾ ਹੈ। ਗੁਰਬਾਣੀ ਆਪਣੇ ਗਿਰੇਵਾਨ ਵਿਚ ਝਾਤੀ ਮਾਰਨ ਦਾ ਉਪਦੇਸ਼ ਦਿੰਦੀ ਹੈ ਤਾਂ ਕਿ ਮਨੁੱਖ ਆਪਣੇ ਔਗੁਣਾਂ ਦੀ ਥਾਹ ਪਾ ਸਕੇ। ਪਰ ਅਜਿਹੇ ਰਾਹ 'ਤੇ ਤੁਰਨ ਵਾਲੇ ਵਿਰਲੇ ਹੀ ਹਨ। ਧਰਮ ਦਾ ਬਾਣਾ ਪਹਿਨ ਕੇ ਜਾਂ ਕੁਝ ਬਾਹਰੀ ਆਡੰਬਰਾਂ ਵਿਚ ਖੱਚਿਤ ਹੋ ਕੇ ਕੁਝ ਵੀ ਪ੍ਰਾਪਤ ਕਰਨ ਦੀ ਆਸ ਰੱਖਣਾ ਮਹਿਜ਼ ਪਾਖੰਡ ਜਾਂ ਆਪਣੇ ਆਪ ਨਾਲ ਹੀ ਧੋਖਾ ਹੈ। ਜਦੋਂ ਤਕ ਮਨੁੱਖ ਦਾ ਮਨ ਜਾਂ ਅੰਦਰ ਕਿਸੇ ਵਿਚਾਰ ਜਾਂ ਪ੍ਰਭਾਵ ਨੂੰ ਕਬੂਲ ਕੇ ਆਪਣੀ ਜ਼ਿੰਦਗੀ ਦੇ ਅਮਲ ਵਿਚ ਨਹੀਂ ਲਿਆਉਂਦਾ ਉਦੋਂ ਤਕ ਸਭ ਕੁਝ ਵਿਅਰਥ ਹੈ।

## ਗ਼ਲਤੀ ਦਾ ਪੁਤਲਾ

ਦੂਜਿਆਂ ਦੇ ਨੁਕਸ ਕੱਢਣੇ ਜਾਂ ਔਗੁਣ ਛਾਂਟਣੇ ਬਹੁਤ ਆਸਾਨ ਹਨ ਪਰ ਮਨੁੱਖ ਇਹ ਭੁੱਲ ਜਾਂਦਾ ਹੈ ਕਿ ਉਸ ਦੇ ਆਪਣੇ ਅੰਦਰ ਵੀ ਅਜੇ ਕਿੰਨਾ ਹਨੇਰਾ ਛਾਇਆ ਹੋਇਆ ਹੈ। ਦੂਜਿਆਂ ਵਲ ਉਂਗਲੀ ਉਠਾਉਣ ਵਾਲਾ ਇਹ ਭੁੱਲ ਜਾਂਦਾ ਹੈ ਕਿ ਉਸ ਹੱਥ ਦੀਆਂ ਤਿੰਨ ਉਂਗਲਾਂ ਉਸ ਦੇ ਆਪਣੇ ਵੱਲ ਵੀ ਇਸ਼ਾਰਾ ਕਰ ਰਹੀਆਂ ਹੁੰਦੀਆਂ ਹਨ। ਮਨੁੱਖ ਗ਼ਲਤੀ ਦਾ ਪੁਤਲਾ ਹੈ। ਹਰ ਮਨੁੱਖ ਪਾਸੋਂ ਕਦੇ ਨਾ ਕਦੇ, ਸੁਭਾਵਿਕ ਰੂਪ ਵਿਚ ਹੀ ਕੋਈ ਨਾ ਕੋਈ ਗ਼ਲਤੀ ਅਕਸਰ ਹੋ ਜਾਂਦੀ ਹੈ। ਕੁਝ ਲੋਕ ਇਕ ਵਾਰ ਗ਼ਲਤੀ ਕਰਨ ਤੋਂ ਬਾਅਦ ਸੁਚੇਤ ਰੂਪ ਵਿਚ ਸੰਭਲ ਜਾਂਦੇ ਹਨ ਪਰ ਕੁਝ ਵਿਅਕਤੀ ਆਪਣੇ ਸੁਭਾਅ ਜਾਂ ਸਥਿਤੀਆਂ ਕਾਰਨ ਵਾਰ-ਵਾਰ ਗ਼ਲਤੀਆਂ ਦੁਹਰਾਉਂਦੇ ਰਹਿੰਦੇ ਹਨ। ਕੁਝ ਦੀ ਹਾਲਤ ਇਹ ਬਣ ਜਾਂਦੀ ਹੈ ਕਿ ਗ਼ਲਤੀ ਕਰਨਾ ਉਨ੍ਹਾਂ ਦਾ ਸੁਭਾਅ ਬਣ ਜਾਂਦਾ ਹੈ। ਦੂਜਿਆਂ ਦੀ ਗ਼ਲਤੀ ਨੂੰ ਉਛਾਲਣ ਦੀ ਪ੍ਰਵਿਰਤੀ ਉਨ੍ਹਾਂ ਵਿਚ ਵਧੇਰੇ ਹੁੰਦੀ ਹੈ, ਜਿਨ੍ਹਾਂ ਦਾ ਆਪਾ ਗ਼ਲਤੀਆਂ ਦੇ ਤੀਰਾਂ ਨਾਲ ਵਿਨ੍ਹਿਆ ਪਿਆ ਹੁੰਦਾ ਹੈ। ਜਿਹੜੇ ਆਪਾ ਪੜਚੋਲ ਕਰਦੇ ਹਨ, ਉਹ ਦੂਜਿਆਂ ਦੇ ਨੁਕਸਾਂ ਵੱਲ ਕਦੇ ਉਂਗਲ ਨਹੀਂ ਉਠਾਉਂਦੇ। ਉਹ ਦੂਜਿਆਂ ਦਾ ਕੋਈ ਔਗੁਣ ਦੇਖ ਕੇ ਪਹਿਲਾਂ ਆਪਣੇ ਅੰਦਰ ਝਾਤੀ ਮਾਰਦੇ ਹਨ ਕੀ ਉਹ ਆਪ ਇਸ ਦੋਸ਼ ਤੋਂ ਮੁਕਤ ਹਨ। 'ਆਪ ਨਾ ਵਸੀ ਸਹੁਰੇ ਲੋਕਾਂ ਮੱਤੀ ਦੇਹ' ਜਿਹੀ ਪੰਜਾਬੀ ਲੋਕ ਸਿਆਣਪ ਦੇ ਅਰਥ ਬਹੁਤ ਡੂੰਘੇ



ਹਨ। ਅਕਸਰ ਹੀ ਇਸ ਤਰ੍ਹਾਂ ਕਰਨ ਵਾਲਾ ਲੋਕਾਂ ਦੇ ਮਜ਼ਾਕ ਦਾ ਪਾਤਰ ਬਣ ਜਾਂਦਾ ਹੈ। ਦੂਜਾ ਕਿਸੇ ਦੀ ਗ਼ਲਤੀ ਨੂੰ ਮਾਫ਼ ਕਰ ਦੇਣਾ ਉੱਚੀ ਸ਼ਖ਼ਸੀਅਤ ਦਾ ਪ੍ਰਮਾਣ ਹੈ।

ਜੇ ਮਨੁੱਖ ਆਪਣੇ ਅੰਦਰ ਝਾਤੀ ਮਾਰਨ ਲੱਗ ਜਾਵੇ ਤਾਂ ਮਨੁੱਖੀ ਜੀਵਨ ਵਿਚ ਪਸਰੇ ਅੰਧਕਾਰ ਨੂੰ ਦੂਰ ਭਜਾਇਆ ਜਾ ਸਕਦਾ ਹੈ। ਸਾਰਾ ਗਿਆਨ ਤਾਂ ਮਨੁੱਖ ਦੇ ਅੰਦਰ ਹੀ ਹੈ ਪਰ ਉਹ ਇਸ ਦੀ ਤਲਾਸ਼ ਵਿਚ ਬਾਹਰ ਭਟਕਦਾ ਫਿਰਦਾ ਹੈ। ਬਾਹਰਲੇ ਗਿਆਨ ਰੂਪੀ ਸੋਮੇ ਤਾਂ ਮਨੁੱਖੀ ਮਨ ਦੇ ਅੰਦਰ ਛੁਪੀਆਂ ਸੰਭਾਵਨਾਵਾਂ ਨੂੰ ਉਜਾਗਰ ਕਰਨ ਦਾ ਸਾਧਨ ਮਾਤਰ ਹਨ। ਹਉਮੈ, ਈਰਖਾ, ਨਫ਼ਰਤ ਤੇ ਸਵਾਰਥ ਇਸੇ ਕਾਰਨ ਅਜੋਕੇ ਮਨੁੱਖ ਦਾ ਸਿਰਨਾਵਾਂ ਬਣ ਗਏ ਹਨ ਕਿ ਉਸ ਨੇ ਕਦੇ ਆਪਣੇ ਗਿਰੇਵਾਨ ਵਿਚ ਝਾਕ ਕੇ ਨਹੀਂ ਦੇਖਿਆ। ਨਿਮਰਤਾ, ਸਹਿਣਸ਼ੀਲਤਾ ਤੇ ਸਹਿਜਤਾ ਦੇ ਗੁਣ ਸਭ ਨੂੰ ਚੰਗੇ ਲਗਦੇ ਹਨ ਤੇ ਹਰ ਕੋਈ ਚਾਹੁੰਦਾ ਹੈ ਕਿ ਉਸ ਨਾਲ ਸਭਿਅਕ ਤੇ ਸਲੀਕੇ ਨਾਲ ਵਿਵਹਾਰ ਕੀਤਾ ਜਾਵੇ। ਸਥਿਤੀ ਦਾ ਦਿਲਚਸਪ ਪਹਿਲੂ ਇਹ ਕਿ ਹਰ ਕੋਈ ਦੂਜੇ ਨਾਲ ਵਿਵਹਾਰ ਕਰਨ ਸਮੇਂ ਇਹ ਗੱਲ ਵਿਸਾਰ ਦਿੰਦਾ ਹੈ ਤੇ ਆਸ ਇਹ ਕੀਤੀ ਜਾਂਦੀ ਹੈ ਕਿ ਦੂਜਾ ਉਸ ਨਾਲ ਸੰਜੀਦਾ ਤੇ ਸੱਭਿਅਕ ਤਰੀਕੇ ਨਾਲ ਪੇਸ਼ ਆਵੇ। ਸਮਾਜ ਵਿਚ ਵਿਚਰਦਿਆਂ ਅਕਸਰ ਹੀ 'ਨਹਿਲੇ 'ਤੇ ਦਹਿਲਾ' ਵਾਲੀ ਸਥਿਤੀ ਦੇਖਣ ਨੂੰ ਮਿਲਦੀ ਹੈ।

## ਸਾਂਝ ਤੇ ਸਦਭਾਵਨਾ

ਬੋਲਾਂ ਦੀ ਮਿਠਾਸ, ਨਿਰਮਾਣਤਾ, ਸਹਿਣਸ਼ੀਲਤਾ ਤੇ ਅਪਣੱਤ ਭਰੇ ਸਹਿਚਾਰ ਵਰਗੇ ਗੁਣ ਤਾਂ ਹੁਣ ਕੇਵਲ ਪੁਸਤਕਾਂ ਦਾ ਸ਼ਿੰਗਾਰ ਬਣ ਕੇ ਹੀ ਰਹਿ ਗਏ ਹਨ। ਵਿਹਾਰਕ ਰੂਪ ਵਿਚ ਅਜਿਹੇ ਮਾਨਵੀ ਗੁਣ ਸਾਡੇ ਜੀਵਨ ਵਿੱਚੋਂ ਤੇਜ਼ੀ ਨਾਲ ਕਿਰਦੇ ਜਾ ਰਹੇ ਹਨ। ਸਹਿਣਸ਼ੀਲਤਾ ਜੀਵਨ ਵਿੱਚੋਂ ਇਸ ਕਦਰ ਮਨਫ਼ੀ ਹੁੰਦੀ ਜਾ ਰਹੀ ਹੈ ਕਿ ਦੂਜੇ ਦੀ ਗੱਲ ਸੁਣਨ ਤੇ ਸਹਿਣ ਲਈ ਕੋਈ ਤਿਆਰ ਹੀ ਨਹੀਂ ਹੈ। ਵੱਡੀ ਗਿਣਤੀ ਵਿਚ ਲੋਕ ਇਕ ਦੂਜੇ ਨਾਲ 'ਇੱਟ ਚੁੱਕਦੇ ਨੂੰ ਪੱਥਰ ਤਿਆਰ' ਦੀ ਭਾਵਨਾ ਨਾਲ ਹੀ ਵਿਵਹਾਰ ਕਰਨ ਨੂੰ ਤਰਜੀਹ ਦਿੰਦੇ ਹਨ। ਦੂਜਿਆਂ ਨਾਲ ਕੌੜਾ ਬੋਲ ਕੇ ਨਿਮਰਤਾ ਦੀ ਆਸ ਰੱਖਣੀ ਮਹਿਜ਼ ਭਰਮ ਹੀ ਹੈ। ਸਿਆਸੀ ਨੇਤਾ ਜਿਸ ਪ੍ਰਕਾਰ ਦੀ ਅੱਗ ਲਾਊ ਭਾਸ਼ਾ ਬੋਲਦੇ ਹਨ ਤੇ ਇਕ ਦੂਜੇ 'ਤੇ ਚਿੱਕੜ ਉਛਾਲਦੇ ਹਨ, ਉਸ ਨਾਲ ਸਮਾਜ ਵਿਚ ਆਪਸੀ ਸਾਂਝ ਤੇ ਸਦਭਾਵਨਾ ਨੂੰ ਬਹੁਤ ਗਹਿਰਾ ਧੱਕਾ ਲੱਗਾ ਹੈ।

ਕਈ ਵਾਰ ਦੇਖਦੇ ਹਾਂ ਕਿ ਉੱਚੇ ਅਹੁਦਿਆਂ 'ਤੇ ਪਹੁੰਚੇ ਹੋਏ ਲੋਕ ਵੀ ਆਪਣੇ ਮਾਤਹਿਤ ਕਰਮਚਾਰੀਆਂ ਤੇ ਹੋਰ ਲੋਕਾਂ ਨਾਲ ਬਹੁਤ ਕੁਰੱਖਤ ਢੰਗ ਨਾਲ ਪੇਸ਼ ਆਉਂਦੇ ਹਨ। ਹਾਲਾਂਕਿ ਉੱਚ ਵਿਦਿਆ ਪ੍ਰਾਪਤ ਕਰਕੇ ਤੇ ਕਿਸੇ ਜ਼ਿੰਮੇਵਾਰ ਅਹੁਦੇ 'ਤੇ ਪਹੁੰਚ ਕੇ ਤਾਂ ਮਨੁੱਖ ਦੇ ਅੰਦਰ ਨਿਮਰਤਾ, ਮਾਨਵੀ ਵਿਵਹਾਰ ਤੇ ਸੇਵਾ-ਭਾਵਨਾ ਡੁੱਲ੍ਹ-ਡੁੱਲ੍ਹ ਪੈਣੀ ਚਾਹੀਦੀ ਹੈ ਤਾਂ ਕਿ ਉਸ ਕੋਲ ਆਇਆ ਹਰ ਵਿਅਕਤੀ ਉਸ ਦਾ ਕਾਇਲ ਹੋ ਜਾਵੇ। ਕਿਸੇ ਵਿਅਕਤੀ ਦੀ ਪਛਾਣ ਉਸ ਦੇ ਅਹੁਦੇ ਕਾਰਨ ਨਹੀਂ ਹੁੰਦੀ ਸਗੋਂ ਉਸ ਦੇ ਪਿਆਰ-ਵਿਗੁੱਤੇ ਮਾਨਵੀ ਵਿਹਾਰ ਕਾਰਨ ਹੁੰਦੀ ਹੈ। ਉੱਚੇ ਅਹੁਦੇ ਦੀ ਕੁਰਸੀ ਉੱਤੇ ਬੈਠਾ ਮਨੁੱਖ ਜੇ ਅਜਿਹੇ ਗੁਣਾਂ ਤੋਂ ਸੱਖਣਾ ਹੋਵੇ ਤਾਂ ਉਹ ਆਪਣੇ ਅਹੁਦੇ ਦੀ ਕੁਰਸੀ ਤੋਂ ਕਿਤੇ ਨੀਵਾਂ ਹੋ ਜਾਂਦਾ ਹੈ। ਅਸਲ ਵਿਚ ਕਿਸੇ ਵਿਅਕਤੀ ਦਾ ਦੂਜਿਆਂ ਨਾਲ ਵਰਤੋਂ ਵਿਹਾਰ, ਉਸ ਦੀ ਭਾਸ਼ਾ, ਚਿਹਰੇ ਦੇ ਹਾਵ-ਭਾਵ, ਗੱਲ ਪ੍ਰਤੀ ਸੰਜੀਦਗੀ, ਮਨੁੱਖੀ ਹਮਦਰਦੀ ਤੇ ਦੂਜਿਆਂ ਨਾਲ ਸਤਿਕਾਰ ਨਾਲ ਪੇਸ਼ ਆਉਣ ਦੀ ਭਾਵਨਾ ਹੀ ਉੱਚੀ ਸ਼ਖ਼ਸੀਅਤ ਦੀ ਨਿਸ਼ਾਨੀ ਹੈ। ਹਰ ਇਕ ਨਾਲ ਦੁਰਵਿਵਹਾਰ ਕਰਨ ਵਾਲਾ ਤੇ ਤਲਖ਼ ਬੋਲਾਂ ਦੀ ਵਰਤੋਂ ਕਰਨ ਵਾਲਾ ਆਪਣੇ ਆਪ ਨੂੰ ਜਿੰਨਾ ਮਰਜ਼ੀ ਵੱਡਾ ਸਮਝੀ ਜਾਵੇ ਪਰ ਸਮਾਜ ਵਿਚ ਉਸ ਦੀ ਕੋਈ ਪਛਾਣ ਜਾਂ ਆਦਰ ਦੀ ਭਾਵਨਾ ਨਹੀਂ ਹੁੰਦੀ। ਇਹੋ ਜਿਹੇ ਵਿਅਕਤੀ ਤੋਂ ਹਰ ਕੋਈ ਦੂਰ ਭੱਜਦਾ ਹੈ। ਅਜੋਕੇ ਮਨੁੱਖ ਨੇ ਜ਼ਿੰਦਗੀ ਦੀਆਂ ਸੁੱਖ-ਸੁਵਿਧਾਵਾਂ ਦੇ ਅਨੇਕਾਂ ਸਾਧਨ ਪੈਦਾ ਕਰ ਲਏ ਹਨ। ਧਨ ਮਾਲ ਤੇ ਹੋਰ ਪਦਾਰਥਿਕ ਵਸਤਾਂ ਦੀ ਪ੍ਰਾਪਤੀ ਦੀ ਲਾਲਸਾ ਵਿਚ ਮਨੁੱਖ ਇਸ ਕਦਰ ਹਫ਼ਿਆ ਹੋਇਆ ਦੌੜ ਰਿਹਾ ਹੈ ਕਿ ਉਸ ਕੋਲ ਆਪਣੇ ਆਪ ਨੂੰ ਜਾਣਨ ਸਮਝਣ ਦੀ ਵਿਹਲ ਹੀ ਨਹੀਂ ਹੈ।

## ਕੁਦਰਤੀ ਸੰਤੁਲਨ ਦੀ ਲੋੜ

ਅਜੋਕਾ ਮਨੁੱਖ ਕੁਦਰਤ ਦੇ ਸੰਤੁਲਨ ਨੂੰ ਆਪਣੇ ਹੱਥੀਂ ਵਿਗਾੜ ਕੇ ਆਪਣੇ ਜਿਉਣ ਲਈ ਹੀ ਸੰਕਟ ਪੈਦਾ ਕਰਨ ਦੇ ਰਾਹ ਤੁਰ ਪਿਆ ਹੈ। ਥਾਂ-ਥਾਂ ਗੰਦਗੀ ਦੇ ਢੇਰ, ਪ੍ਰਦੂਸ਼ਿਤ ਵਾਤਾਵਰਨ, ਲਗਾਤਾਰ ਹੇਠਾਂ ਡਿਗ ਰਿਹਾ ਪਾਣੀ ਦਾ ਪੱਧਰ, ਰੁੱਖਾਂ ਤੋਂ ਸੱਖਣੀ ਹੋ ਰਹੀ ਧਰਤੀ, ਰਸਾਇਣਕ ਖਾਦਾਂ ਤੇ ਕੀੜੇ ਮਾਰ ਜ਼ਹਿਰਾਂ ਦੀ ਅੰਨ੍ਹੀ ਵਰਤੋਂ ਆਦਿ ਸਾਧਨ ਮਨੁੱਖਤਾ ਦੇ ਵਿਨਾਸ਼ ਲਈ ਮਨੁੱਖ ਨੇ ਆਪ ਹੀ ਪੈਦਾ ਕੀਤੇ ਹਨ। ਕੁਦਰਤ ਦੇ ਸੰਤੁਲਨ ਨੂੰ ਵਿਗਾੜ ਕੇ ਕੀਤੀ ਤਰੱਕੀ ਮਨੁੱਖ ਲਈ ਬਰਬਾਦੀ ਬਣਦੀ ਜਾ ਰਹੀ ਹੈ। ਸੱਭਿਆਚਾਰ ਮਨੁੱਖ ਦੀਆਂ ਜੜ੍ਹਾਂ ਸਮਾਨ ਹੁੰਦਾ ਹੈ। ਅਜੋਕਾ ਮਨੁੱਖ ਕਈ ਮੁੱਲਵਾਨ ਸੱਭਿਆਚਾਰਕ ਮਾਨਤਾਵਾਂ ਨੂੰ ਉਲੰਘਦਾ ਜਾ ਰਿਹਾ ਹੈ। ਸਮਾਜਿਕ ਜੀਵਨ ਵਿਚ ਨਿਘਾਰ ਦਾ ਸਭ ਤੋਂ ਵੱਡਾ ਕਾਰਨ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਤਿਲਾਂਜਲੀ ਦੇਣਾ ਹੀ ਹੈ।

ਅਜੋਕੀ ਪੀੜ੍ਹੀ ਦੇ ਵਿਵਹਾਰ ਵਿਚ ਆਪ-ਹੁਦਰਾਪਨ, ਬੇਰੁਖੀ, ਗੁੱਸ, ਰਿਸ਼ਤਿਆਂ ਦਾ ਨਿਰਾਦਰ ਤੇ ਸੰਕੀਰਨਤਾ ਆਦਿ ਸੱਭਿਆਚਾਰ ਦੇ ਮੂਲ ਆਦਰਸ਼ਾਂ ਤੋਂ ਦੂਰ ਜਾਣ ਦਾ ਹੀ ਸਿੱਟਾ ਹੈ। ਸਿੱਖਿਆ, ਗਿਆਨ ਵਿਗਿਆਨ, ਅਨੇਕਾਂ ਵਿਚਾਰਧਾਰਾਵਾਂ, ਫਿਲਾਸਫ਼ੀਆਂ ਦਾ ਮੂਲ ਮਕਸਦ ਮਨੁੱਖ ਨੂੰ ਸੋਝੀ ਪ੍ਰਦਾਨ ਕਰਕੇ ਉੱਤਮ ਇਨਸਾਨ ਬਣਾਉਣਾ ਹੈ। ਜੇ ਗਿਆਨ ਦੇ ਸੋਮੇ ਮਨੁੱਖ ਦੇ ਅੰਦਰ ਇਨਸਾਨੀਅਤ ਦੀ ਜੋਤ ਨਹੀਂ ਜਗਾਉਂਦੇ ਤਾਂ ਇਸ ਦਾ ਭਾਵ ਇਹੀ ਹੈ ਕਿ ਮਨੁੱਖ ਨੇ ਪੇਤਲੇ ਰੂਪ ਵਿਚ ਹੀ ਕੁਝ ਪੜ੍ਹਿਆ ਸੁਣਿਆ ਹੈ ਪਰ ਉਸ ਨੂੰ ਵਿਚਾਰਿਆ ਨਹੀਂ। ਕੋਈ ਵੀ ਪ੍ਰਾਪਤੀ ਮਨੁੱਖੀ ਮਨ ਵਿਚ ਹੌਸਲਾ ਤੇ ਸ਼ਕਤੀ ਪੈਦਾ ਕਰਦੀ ਹੈ ਨਾ ਕਿ ਹਉਮੈ। ਆਪਣਾ ਸਵੈ-ਮੁਲਾਂਕਣ ਕਰਦੇ ਰਹਿਣਾ ਵੀ ਕੁਝ ਨਵਾਂ ਸਿੱਖਣ ਵਾਂਗ ਹੀ ਹੈ। ਜਿਹੜਾ ਇਸ ਰਾਹ ਤੁਰਨ ਦਾ ਜੇਰਾ ਕਰ ਲੈਂਦਾ ਹੈ ਉਸ ਨੂੰ ਦੂਜਿਆਂ ਦੀਆਂ ਗ਼ਲਤੀਆਂ ਬਹੁਤੀਆਂ ਨਹੀਂ ਭਾਉਂਦੀਆਂ। ਕਿੱਸਾਕਾਰ ਹਾਸ਼ਮ ਨੇ ਆਪਣੀ ਸੀਹਰਫ਼ੀ ਦੇ ਇਕ ਬੰਦ ਵਿਚ ਮਨੁੱਖ ਨੂੰ ਅਜਿਹੀ ਹੀ ਨਸੀਹਤ ਦਿੱਤੀ ਹੈ; 'ਕਾਫ ਕਾਸ ਨੂੰ ਕਿਸੇ ਦਾ ਐਬ ਕੋਈ, ਮੂੰਹੋਂ ਆਖਦਾ ਯਾਦ ਲਿਆਵਨਾ ਏਂ। ਤੂੰ ਆਪਣੇ ਐਬ ਵਿਚਾਰ ਮੀਆਂ, ਐਬਦਾਰ ਹੈਂ ਤੂੰ ਦੁੱਖ ਪਾਵਨਾ ਏਂ। ਹਾਸ਼ਮ ਸ਼ਾਹ ਤੂੰ ਆਪ ਨੂੰ ਜਾਣ ਮੀਆਂ, ਕਿੱਥੋਂ ਆਇਆ ਕੌਣ ਕਹਾਵਨਾ ਏਂ'। •

• ਵਿਵੇਕ, ਕੋਟ ਈਸੇ ਖਾਂ
94633-84051

ਰੋਜ਼ਾਨਾ ਡਾਇਰੀ ਲਿਖਣਾ ਵੀ ਇਕ ਕਲਾ ਹੈ। ਇਸ ਵਿਚ ਅਸੀਂ ਦਿਨ ਭਰ ਦੇ ਕੀਤੇ ਕਾਰਜ, ਆਪਣੀ ਸੋਚ, ਜਜ਼ਬਾਤ ਅਤੇ ਜੋ ਸਾਡੀ ਪੰਸਦ ਹੈ ਨਾ ਪਸੰਦ ਹੈ ਦਰਜ ਕਰਦੇ ਹਾਂ। ਡਾਇਰੀ ਲਿਖਣ ਦਾ ਰੁਝਾਨ ਤਨ ਮਨ ਨੂੰ ਨਵੀਂ ਊਰਜਾ ਵੀ ਪ੍ਰਦਾਨ ਕਰਦਾ ਹੈ। ਅਸੀਂ ਆਪਣੀਆਂ ਭਾਵਨਾਵਾਂ ਅਤੇ ਗਿਲੇ ਸ਼ਿਕਵੇ ਕਈ ਵਾਰ ਅੰਦਰ ਹੀ ਅੰਦਰ ਦੱਬਦੇ ਰਹਿੰਦੇ ਹਾਂ। ਜੋ ਕਿ ਸਾਡੀ ਮਾਨਸਿਕ ਅਤੇ ਸਰੀਰਕ ਸਿਹਤ ਲਈ ਬਹੁਤ ਹੀ ਖ਼ਤਰਨਾਕ ਹੁੰਦੇ ਹਨ। ਜਿਵੇਂ ਕਿਸੇ ਛੱਤ 'ਤੇ ਲਗਾਤਾਰ ਪਾਣੀ ਇਕੱਠਾ ਹੁੰਦਾ ਰਹੇ ਪਰ ਉਸਦੀ ਨਿਕਾਸੀ ਨਾ ਹੋਵੇ ਤਾਂ ਕਿਸੇ ਦਿਨ ਉਹ ਛੱਤ ਧੜੱਮ ਕਰਦੀ ਡਿੱਗ ਪੈਂਦੀ ਹੈ।

ਇਹੋ ਹਾਲ ਸਾਡੇ ਦਿਮਾਗ਼ ਦਾ ਹੈ। ਸਾਡਾ ਦਿਮਾਗ਼ ਸਾਡੇ ਸਰੀਰ ਦੀ ਛੱਤ ਹੈ। ਜਿਵੇਂ ਛੱਤ ਦੀ ਸਫ਼ਾਈ ਰੋਜ਼ਾਨਾ ਵਾਂਗ ਜ਼ਰੂਰੀ ਹੈ ਤਾਂ ਕਿ ਕਮਰੇ ਦੀ ਰੱਖਿਆ ਹੁੰਦੀ ਰਹੇ। ਇਸ 'ਤੇ ਕੋਈ ਬੋਝ ਨਾ ਪਵੇ। ਇੰਜ ਹੀ ਜਦ ਅਸੀਂ ਆਪਣੇ ਦਿਮਾਗ਼ ਅੰਦਰ ਤਰ੍ਹਾਂ-ਤਰ੍ਹਾਂ ਦੇ ਵਿਚਾਰ ਭਰਦੇ ਰਹਿੰਦੇ ਹਾਂ ਕਈ ਤਰ੍ਹਾਂ ਦੀਆਂ ਭਾਵਨਾਵਾਂ ਨੂੰ ਜਜ਼ਬ ਕਰਦੇ ਰਹਿੰਦੇ ਹਾਂ ਪਰ ਉਨ੍ਹਾਂ ਦਾ ਕਿਤੇ ਵੀ ਪ੍ਰਗਟਾਵਾ ਨਹੀਂ ਕਰਦੇ। ਕਿਸੇ ਨਾਲ ਵਿਚਾਰ ਵਟਾਂਦਰਾ ਨਹੀਂ ਕਰਦੇ। ਤਦ ਸਾਡੇ ਅੰਦਰ ਤਣਾਅ ਭਰ ਜਾਂਦਾ ਹੈ। ਏਸੇ ਕਰਕੇ ਸਿਆਣੇ ਕਹਿੰਦੇ ਹਨ ਕਿ ਜੇ ਕੋਈ ਗੱਲ ਕਰਨ ਵਾਲਾ ਨਾ ਹੋਵੇ ਤਾਂ ਕੰਧ ਨਾਲ ਹੀ ਗੱਲਾਂ ਕਰ ਲਵੋ ਤਾਂ ਕਿ ਮਨ ਹਲਕਾ ਹੋ ਜਾਵੇ।

ਡਾਇਰੀ ਲਿਖਣਾ ਵੀ ਇਹੋ ਹੈ ਕਿ ਅਸੀਂ ਆਪਣੇ ਆਪ ਨਾਲ ਗੱਲਾਂ ਕਰੀਏ। ਜੋ ਵੀ ਅਸੀਂ ਦਿਨ ਭਰ ਵੇਖਦੇ ਹਾਂ ਸਮਝਦੇ ਹਾਂ ਮਹਿਸੂਸ ਕਰਦੇ ਹਾਂ। ਉਨ੍ਹਾਂ ਤਜਰਬਿਆਂ ਨੂੰ ਸ਼ਬਦੀ ਰੂਪ ਦੇ ਕੇ ਆਪਣੀ ਡਾਇਰੀ ਵਿਚ ਦਰਜ ਕਰੀਏ ਤਾਂ ਕਿ ਸਾਨੂੰ ਖ਼ੁਦ ਨੂੰ ਪਤਾ ਲੱਗੇ ਕਿ ਸਾਡੀ ਸਮਝ ਕਿੰਜ ਦੀ ਹੈ। ਅਸੀਂ ਕੀ ਸੋਚਦੇ ਹਾਂ। ਸਾਡਾ ਨਜ਼ਰੀਆ ਕੀ ਹੈ।

ਦਰਅਸਲ ਰੋਜ਼ਾਨਾ ਡਾਇਰੀ ਲਿਖਣ ਦੀ ਆਦਤ ਸਾਨੂੰ ਆਪਣੇ ਬੱਚਿਆਂ ਵਿਚ ਹੁਣ ਤੋਂ ਹੀ ਪਾਉਣੀ ਚਾਹੀਦੀ ਹੈ। ਇਸ ਨਾਲ ਉਨ੍ਹਾਂ ਦਾ ਬੌਧਿਕ ਵਿਕਾਸ ਇਕ ਚੰਗੀ ਦਿਸ਼ਾ ਵੱਲ ਤੁਰ ਪਵੇਗਾ। ਪੰਜਾਬੀ ਵਿਚ ਜੇ ਅਸੀਂ ਆਪਣੀ ਨਵੀਂ ਪੀੜ੍ਹੀ ਨੂੰ ਮਾਹਿਰ ਬਣਾਉਣਾ ਚਾਹੁੰਦੇ ਹਾਂ ਤਾਂ ਉਨ੍ਹਾਂ ਅੰਦਰ ਰੋਜ਼ਾਨਾ ਡਾਇਰੀ ਲਿਖਣ ਦੀ ਆਦਤ ਪਾਉਣੀ ਚਾਹੀਦੀ ਹੈ। ਇਸ ਨਾਲ ਉਹ ਆਪਣੀ ਭਾਸ਼ਾ ਦੇ ਹੋਰ ਵੀ ਨੇੜੇ ਹੋ ਜਾਣਗੇ।

ਇਹ ਤਾਂ ਹੀ ਹੋਵੇਗਾ ਜੇ ਬੱਚੇ ਡਾਇਰੀ ਲਿਖਣੀ ਸ਼ੁਰੂ ਕਰਨਗੇ। ਇੰਜ ਉਨ੍ਹਾਂ ਨੂੰ ਅੰਗਰੇਜ਼ੀ ਦੇ ਮਾਧਿਅਮ ਦੇ ਨਾਲ ਪੰਜਾਬੀ ਲਿਖਣੀ ਤੇ ਸਮਝਣੀ ਵੀ ਆ ਜਾਵੇਗੀ। ਵਾਕ ਬਣਤਰ ਤੇ ਸ਼ਬਦਾਂ ਨੂੰ ਕਿਵੇਂ ਇਸਤੇਮਾਲ ਕਰਨਾ ਹੈ ਉਸ ਤੋਂ ਚੰਗੀ ਤਰ੍ਹਾਂ ਜਾਣੂ ਹੋ ਜਾਣਗੇ। ਉਹ ਆਪਣੀ ਮਾਤ ਭਾਸ਼ਾ ਵਿਚ ਆਪਣੇ ਜਜ਼ਬਾਤ ਪ੍ਰਗਟ ਕਰਨ ਲੱਗ ਪੈਣਗੇ। ਰੋਜ਼ਾਨਾ ਡਾਇਰੀ ਵਿਚ ਉਨ੍ਹਾਂ ਦੇ ਕਾਰਜ ਦਿਨ ਬ ਦਿਨ ਦਰਜ ਹੁੰਦੇ ਜਾਣਗੇ ਤਦ ਉਨ੍ਹਾਂ ਦੀ ਸ਼ਖ਼ਸੀਅਤ ਵਿਚ ਵੀ ਜ਼ਿਕਰ ਯੋਗ ਨਿਖਾਰ ਆਵੇਗਾ। ਬੱਚਾ ਆਪਣੀ ਸੂਝ ਨਾਲ ਆਲੇ ਦੁਆਲੇ ਨੂੰ ਚੰਗੀ ਤਰ੍ਹਾਂ ਸਮਝਣ ਦੇ ਯਤਨ ਕਰਨ ਲੱਗ ਪੈਂਦਾ ਹੈ। ਘਟਨਾਵਾਂ ਪ੍ਰਤੀ ਬੱਚਿਆਂ ਦਾ ਆਜ਼ਾਦ ਨਜ਼ਰੀਆ ਜਨਮ ਲੈਂਦਾ ਹੈ। ਇਸ ਕਰਕੇ ਬੱਚਿਆਂ ਨੂੰ ਡਾਇਰੀ ਲਿਖਣ ਦੀ

ਲਿਖਣ ਲਈ ਪੜ੍ਹਨਾ ਵੀ ਜ਼ਰੂਰੀ ਹੈ। ਇਸ ਨਾਲ ਸਾਡੀ ਸਮਝ ਦੀ ਸਮਰੱਥਾ ਦਾ ਵਿਕਾਸ ਹੁੰਦਾ ਹੈ। ਇਸ ਲਈ ਘਰ ਵਿਚ ਸਾਹਿਤਕ ਤੇ ਬਾਲ ਸਾਹਿਤ ਨਾਲ ਜੁੜੀਆਂ ਪੁਸਤਕਾਂ ਜ਼ਰੂਰ ਲੈ ਕੇ ਆਓ...



# ਜ਼ਿੰਦਗੀ 'ਚ ਨਵੀਂ ਤਰੰਗ

ਪ੍ਰੇਰਣਾ ਜ਼ਰੂਰ ਦੇਣੀ ਚਾਹੀਦੀ ਹੈ। ਉਹ ਹਰ ਚੀਜ਼ ਨੂੰ ਪਰਖਣ ਦੀ ਕਲਾ ਵਿਚ ਨਿਪੁੰਨ ਹੋ ਕੇ ਸ਼ਬਦਾਂ ਰਾਹੀਂ ਉਸ ਨੂੰ ਕਾਗਜ਼ 'ਤੇ ਉਤਾਰ ਲੈਣ ਦੀ ਆਪਣੀ ਯੋਗਤਾ ਨੂੰ ਹੋਰ ਤਿੱਖਾ ਕਰ ਲੈਂਦੇ ਹਨ। ਸਮੇਂ-ਸਮੇਂ 'ਤੇ ਡਾਇਰੀ ਵਿਚ ਲਿਖੀਆਂ ਗੱਲਾਂ ਬਾਰੇ ਉਨ੍ਹਾਂ ਨਾਲ ਸਾਂਝ ਵੀ ਪਾਉਣੀ ਚਾਹੀਦੀ ਹੈ। ਉਨ੍ਹਾਂ ਦੇ ਵਿਚਾਰ ਵੀ ਪੁੱਛਣੇ ਚਾਹੀਦੇ ਹਨ। ਜੋ-ਜੋ ਲਿਖਣ ਵੇਲੇ ਗ਼ਲਤੀਆਂ ਹਨ ਉਨ੍ਹਾਂ ਨੂੰ ਦੱਸ ਕੇ ਮਾਰਗ ਦਰਸ਼ਨ ਵੀ ਕਰਨਾ ਚਾਹੀਦਾ ਹੈ ਤਾਂ ਕਿ ਉਹ ਹੋਰ ਵੀ ਚੰਗਾ ਲਿਖਣ ਲਈ ਉਤਸ਼ਾਹਿਤ ਹੋਣ।

ਲਿਖਣ ਲਈ ਪੜ੍ਹਨਾ ਵੀ ਜ਼ਰੂਰੀ ਹੈ। ਇਸ ਨਾਲ ਸਾਡੀ ਸਮਝ ਦੀ ਸਮਰੱਥਾ ਦਾ ਵਿਕਾਸ ਹੁੰਦਾ ਹੈ। ਇਸ ਲਈ ਘਰ ਵਿਚ ਸਾਹਿਤਕ ਤੇ ਬਾਲ ਸਾਹਿਤ ਨਾਲ ਜੁੜੀਆਂ ਪੁਸਤਕਾਂ ਜ਼ਰੂਰ ਲੈ ਕੇ ਆਓ। ਬੱਚਿਆਂ ਨੂੰ ਪੜ੍ਹਨ ਲਈ ਵੀ ਸਮਾਂ ਦੇਣਾ ਚਾਹੀਦਾ ਹੈ। ਜੇ ਘਰ ਵਿਚ ਚੰਗੀਆਂ ਪੁਸਤਕਾਂ ਹੋਣਗੀਆਂ ਤਾਂ ਬੱਚੇ ਪੜ੍ਹਨਗੇ ਵੀ ਜ਼ਰੂਰ। ਇਸ ਦੇ ਨਾਲ ਰੋਜ਼ਾਨਾ ਅਖ਼ਬਾਰ ਵੀ ਪੜ੍ਹਨ ਦਾ ਚੰਗਾ ਸਰੋਤ ਹਨ। ਪੜ੍ਹਦੇ ਰਹਿਣ ਨਾਲ ਡਾਇਰੀ ਲਿਖਣ ਵਿਚ ਆਪਣੇ ਆਪ ਸੁਧਾਰ ਆਉਂਦਾ ਰਹਿੰਦਾ ਹੈ।

ਜੇ ਅਸੀਂ ਜਾਂ ਸਾਡੇ ਬੱਚੇ ਚਾਹੁੰਦੇ ਹਾਂ ਕਿ ਜੀਵਨ ਦੇ ਹਰ ਪਹਿਲੂ ਨੂੰ ਅੰਗ-ਸੰਗ ਮਹਿਸੂਸ ਕਰੀਏ ਤਾਂ ਰੋਜ਼ਾਨਾ ਡਾਇਰੀ ਲਿਖਣੀ ਇਕ ਚੰਗਾ ਸਾਧਨ ਹੈ। ਇਹ ਜੀਵਨ ਨੂੰ ਇਕ ਨਵੀਂ ਤਰੰਗ ਪ੍ਰਦਾਨ ਕਰਦਾ ਹੈ। ਖ਼ਾਸ ਕਰ ਬੱਚਿਆਂ ਨੂੰ ਡਾਇਰੀ ਲਿਖਣ ਲਈ ਕਹਿਣਾ ਉਨ੍ਹਾਂ ਨੂੰ ਸਹੀ ਰਾਹ ਤੋਰਨ ਦੇ ਬਰਾਬਰ ਹੈ। ਇਸ ਡਿਜੀਟਲ ਯੁੱਗ ਵਿਚ ਭਾਵਨਾਵਾਂ ਦੀ ਕਦਰ ਬਹੁਤ ਘੱਟ ਹੋ ਰਹੀ ਹੈ। ਇਸ ਦਾ ਉਪਾਅ ਇਹੋ ਹੈ ਕਿ ਅਸੀਂ ਆਪਣੀਆਂ ਭਾਵਨਾਵਾਂ ਨੂੰ ਨਿੱਜੀ ਡਾਇਰੀ ਵਿਚ ਦਰਜ ਕਰੀਏ। ਕਿਉਂਕਿ ਫੇਸਬੁੱਕ ਜਾਂ ਵੱਟਸਐਪ ਵਰਗੇ ਸਾਧਨ ਸਾਨੂੰ ਬਾਹਰੀ ਤੇ ਝੂਠੀ ਦੁਨੀਆ ਨਾਲ ਜੋੜਦੇ ਹਨ। ਡਾਇਰੀ ਲਿਖਣਾ ਸਾਨੂੰ ਆਪਣੇ ਆਪ ਨਾਲ ਜੋੜਦਾ ਹੈ। •



• ਜਸਟਿਨ ਰੌਲੇਟ

(ਦੂਜੀ ਤੇ ਆਖ਼ਰੀ ਕਿਸ਼ਤ)

# ਮੈਂ ਅਤੇ ਮੇਰਾ ਪੜਦਾਦਾ ਸਿਡਨੀ ਰੌਲੇਟ

ਅੱਤਵਾਦੀ-ਕਾਲੋਨੀਅਲ ਸ਼ਕਤੀਆਂ ਦੇ ਵਿਰੋਧੀ ਗਿਣੇ ਜਾਂਦੇ ਸਨ ਅਤੇ ਇਧਰ ਉੱਧਰ ਬੰਬ ਸੁੱਟ ਰਹੇ ਸਨ, ਕਤਲੋ-ਗ਼ਾਰਤ ਕਰ ਰਹੇ ਸਨ। ਉਹ ਉੱਚ ਅਧਿਕਾਰੀਆਂ ਦਾ ਕਤਲ ਕਰਨ ਦਾ ਇਰਾਦਾ ਵੀ ਰੱਖਦੇ ਸਨ ਅਤੇ ਸ਼ਾਹੀ ਸਰਕਾਰ ਦੇ ਢਾਂਚੇ ਨੂੰ ਬਣਾਉਣ ਲਈ ਯਤਨਸ਼ੀਲ ਸਨ। ਲੰਡਨ ਵਿਚ ਵੀ ਕੁਝ ਬੰਬ ਹਮਲੇ ਹੋਏ ਸਨ।

ਇਸ ਗੱਲ ਦਾ ਡਰ ਮਹਿਸੂਸ ਹੋ ਰਿਹਾ ਸੀ ਕਿ ਬ੍ਰਿਟੇਨ ਦੇ ਦੁਸ਼ਮਣ ਗੜਬੜ ਪੈਦਾ ਕਰਨ ਵਿਚ ਅੱਤਵਾਦੀਆਂ ਦੀ ਮਦਦ ਕਰ ਰਹੇ ਸਨ। ਜਰਮਨੀ ਭਾਰਤੀ ਆਜ਼ਾਦੀ ਸੰਘਰਸ਼ ਦੀ ਅਤੇ ਹੋਰ ਵਿਰੋਧੀ ਅਤੇ ਬਾਗ਼ੀ ਧਿਰਾਂ ਦੀ ਮਾਲੀ ਮਦਦ ਕਰ ਰਿਹਾ ਸੀ। ਇਹ ਯਤਨ ਅਫ਼ਗਾਨਿਸਤਾਨ ਤਕ ਵੀ ਪੁੱਜ ਗਏ ਸਨ ਜਿੱਥੇ 1915 ਵਿਚ ਜਰਮਨ ਡਿਪਲੋਮੈਟਿਕ ਮਿਸ਼ਨ ਨੇ ਉੱਥੋਂ ਦੇ ਮੁਖੀ ਨੂੰ ਪ੍ਰੇਰਿਆ ਸੀ ਕਿ ਉਹ ਬਰਤਾਨੀਆ ਤੋਂ ਪੂਰੀ ਆਜ਼ਾਦੀ ਦਾ ਐਲਾਨ ਕਰ ਦੇਵੇ ਅਤੇ ਆਲਮੀ ਜੰਗ ਵਿਚ ਸ਼ਾਮਲ ਹੋ ਜਾਵੇ। ਕੇਂਦਰੀ ਸ਼ਕਤੀਆਂ ਨਾਲ ਰਲ ਜਾਵੇ ਤੇ ਭਾਰਤ ਉਪਰ ਹਮਲਾ ਕਰੇ।

ਇਹ ਵੀ ਸ਼ੱਕ ਕੀਤਾ ਜਾ ਰਿਹਾ ਸੀ ਕਿ ਬੋਲਸ਼ਿਵੇਕ ਰੋਸ ਲਹਿਰ ਨੂੰ ਚਲਾਉਣ ਵਾਲੇ ਵੀ ਬੇਭਰੋਸਗੀ ਦੀ ਜ਼ਹਿਰ ਫੈਲਾ ਰਹੇ ਸਨ ਅਤੇ ਨਕਦੀ ਵੀ ਦੇ ਰਹੇ ਸਨ। 1916 ਵਿਚ ਹੋਏ ਈਸਟਰ ਵਿਦਰੋਹ ਨੇ ਬਰਤਾਨੀਆ ਦੀ ਚਿੰਤਾ ਹੋਰ ਵਧਾ ਦਿੱਤੀ ਪਰ ਇਸ ਤੋਂ ਵੀ ਵਧੇਰੇ ਡਰਾਉਣ ਵਾਲੀ ਸਥਿਤੀ ਸੀ 1917 ਵਿਚ ਹੋਇਆ ਰੂਸੀ ਇਨਕਲਾਬ। ਇਹ ਸਮਾਂ ਸੀ ਜਦੋਂ ਮੇਰੇ ਪੜਦਾਦਾ ਜੀ ਚਰਚਾ ਦਾ ਕੇਂਦਰ ਬਣੇ।

ਬਰਤਾਨੀਆ ਸਰਕਾਰ ਚਾਹੁੰਦੀ ਸੀ ਕਿ ਭਾਰਤ ਵਿਚ ਜੋ ਕੁਝ ਵਾਪਰ ਰਿਹਾ ਹੈ ਉਸ ਨੂੰ ਸਮਾਪਤ ਕਰਨ ਲਈ ਕੀ ਕੀਤਾ ਜਾਵੇ? ਇਕ ਸੈਡੀਸ਼ਨ ਕਮੇਟੀ ਬਣਾਈ ਗਈ ਜਿਸ ਦੇ ਮੁਖੀ ਸਿਡਨੀ ਰੌਲੇਟ ਸਨ ਅਤੇ ਨਵੰਬਰ 1917 ਦੇ ਅੰਤ ਵਿਚ ਉਹ ਪਲਾਈਮਊਥ ਤੋਂ ਜਹਾਜ਼ ਵਿਚ ਬੈਠ ਕੇ ਬੰਬਈ ਆ ਗਏ ਤੇ ਨਾਲ ਹੀ ਅੱਧੀ ਦਰਜਨ ਜੰਗੀ-ਜਹਾਜ਼ਾਂ ਦਾ ਬੇੜਾ ਵੀ ਉਸ ਦੀ ਰਾਖੀ ਲਈ ਨਾਲ ਆਇਆ।

ਮੇਰੇ ਚਾਚਾ, ਰਿਚਰਡ ਨੇ ਉਹ ਚਿੱਠੀਆਂ ਇਕੱਠੀਆਂ ਕੀਤੀਆਂ ਹਨ ਜਿਹੜੀਆਂ ਸਰ ਸਿਡਨੀ ਨੇ ਭਾਰਤ ਰਹਿਣ ਸਮੇਂ ਆਪਣੀ ਪਤਨੀ ਨੂੰ ਲਿਖੀਆਂ ਸਨ। ਮੇਰਾ ਖ਼ਿਆਲ ਸੀ ਕਿ ਜਦ ਉਹ ਭਾਰਤ ਵਿਚ ਥਾਂ-ਥਾਂ ਸਫ਼ਰ ਕਰ ਰਿਹਾ ਸੀ, ਆਪਣੀ ਰਿਪੋਰਟ ਤਿਆਰ ਕਰਨ ਲਈ ਮਸਾਲਾ ਇਕੱਠਾ ਕਰੇਗਾ ਜਿਸ ਰਾਹੀਂ ਨਵੀਂ-ਜਾਣਕਾਰੀ ਮਿਲ ਜਾਵੇਗੀ। ਪਰ ਮੇਰਾ ਪੜਦਾਦਾ ਸਿਦਕੀ ਸਰਕਾਰੀ ਨੌਕਰ ਸੀ। ਉਹ ਪੱਤਰ-ਪ੍ਰੇਰਕ ਸੀ ਜੋ ਕਈ ਅਸਾਧਾਰਣ ਗੱਲ ਅਤੇ ਤਜਰਬੇ ਜੋ ਉਹ ਦੇਖਦਾ ਸੀ, ਆਪਣੇ ਢੰਗ ਨਾਲ ਰਿਪੋਰਟ ਕਰਦਾ ਪਰ ਚਿੱਠੀਆਂ ਵਿੱਚੋਂ ਉਸ ਦਾ ਭਾਰਤ ਆਉਣ ਦੇ ਮੰਤਵ ਬਾਰੇ ਕੁਝ ਪਤਾ ਨਹੀਂ ਚੱਲਦਾ।

ਉਸਦਾ ਸਪੱਸ਼ਟ ਵਿਚਾਰ ਪਿੱਛੋਂ ਜਾ ਕੇ ਪਤਾ ਚੱਲਦਾ ਹੈ। ਅਪ੍ਰੈਲ 1918 ਦੇ ਸ਼ੁਰੂ ਦੀ ਗੱਲ ਹੈ ਅਤੇ ਉਹ ਅਜੇ ਦਿੱਲੀ ਪੁੱਜਿਆ ਹੀ ਸੀ। ਨਵੇਂ ਨਗਰ ਦਾ ਅਜੇ ਨਿਰਮਾਣ ਨਹੀਂ ਸੀ ਹੋਇਆ। 1911 ਨੂੰ ਦਿੱਲੀ ਦਰਬਾਰ ਵਿਚ ਜਾਰਜ ਪੰਜਵੇਂ ਨੇ ਐਲਾਨ ਕੀਤਾ ਕਿ ਬਰਤਾਨੀਆ ਸਰਕਾਰ ਰਾਜਧਾਨੀ ਨੂੰ ਕਲਕੱਤੇ ਤੋਂ ਦਿੱਲੀ ਲਿਆਉਣਾ ਚਾਹੁੰਦੀ ਹੈ ਅਤੇ ਉਸ ਨਗਰ ਦਾ ਨਵੀਂ ਦਿੱਲੀ ਨੀਂਹ ਪੱਥਰ ਰੱਖਿਆ ਸੀ। ਪਰ ਪਹਿਲੀ ਸੰਸਾਰ ਜੰਗ ਛਿੜ ਜਾਣ ਕਾਰਨ ਜਦੋਂ ਮੇਰਾ ਪੜਦਾਦਾ ਉੱਥੇ ਗਿਆ ਤਾਂ ਨਿਰਮਾਣ ਕਾਰਜ ਅਜੇ ਬਹੁਤ ਥੋੜ੍ਹਾ ਹੀ ਹੋਇਆ ਸੀ।

ਉਹ ਲਿਖਦਾ ਹੈ-ਅਸੀਂ ਨਵੀਂ ਦਿੱਲੀ ਦੇਖਣ ਲਈ ਮੋਟਰ ਵਿਚ ਬੈਠ ਕੇ ਜਿੱਥੇ ਬਹੁਤ ਵੱਡੇ ਸ਼ਹਿਰ ਦਾ ਵਿਕਾਸ ਹੋਣਾ ਸੀ ਅਤੇ ਬਣਨ ਵਾਲੇ ਵਾਇਸਰਾਏ ਦੀ ਰਿਹਾਇਸ਼ ਸਾਹਮਣੇ ਬਕਿੰਘਮ ਪੈਲੇਸ ਤਾਂ ਇਕ ਝੌਂਪੜੀ ਹੀ ਲੱਗੇਗੀ-ਰਿਹਾਇਸ਼ੀ ਘਰ ਹੋਣਗੇ ਅਤੇ ਸਰਕਾਰੀ ਦਫ਼ਤਰ ਹੋਣਗੇ-ਭਾਰਤੀ ਰਾਜਿਆਂ ਦੇ ਘਰ ਹੋਣਗੇ, ਆਦਿ,ਆਦਿ। ਇਹ ਘੱਟੋ ਘੱਟ ਇਕ ਜਾਂ ਦੋ ਮੁਰੱਬਾ ਮੀਲ ਵਿਚ ਫੈਲਿਆ ਹੋਇਆ ਸੀ ਅਤੇ ਇਸ ਵਿਚ ਇਕ ਜਲੂਸੀ ਸੜਕ ਹੈ, ਐਨੀ ਲੰਮੀ ਜਿੰਨੀ ਵਿੰਡਸਰ ਵਿਚ 'ਲਾਂਗ ਵਾਕ' ਹੈ। ਦਿੱਲੀ ਦੇ ਸੱਤ ਨਗਰ ਬਣ ਚੁੱਕੇ ਸਨ ਪਰ ਉਹ ਸਾਰੇ ਹੀ ਬਣਾਉਣ ਵਾਲਿਆਂ ਸਮੇਂ ਢਹਿ ਢੇਰੀ ਹੋ ਚੁੱਕੇ ਹਨ-ਖੰਡਰ ਅਜੇ ਪਏ ਹਨ-ਇਧਰ ਉੱਧਰ ਖਿੱਲਰੇ ਹੋਏ। ਅਤੇ ਹੁਣ ਅਸੀਂ ਅੱਠਵੀਂ ਦਿੱਲੀ ਬਣਾਉਣ ਜਾ ਰਹੇ ਸਾਂ ਜਦ ਸਾਡੀ ਦਿੱਖ ਡਾਵਾਂਡੋਲ ਹੋ ਰਹੀ ਹੈ। ਨਿਰਸੰਦੇਹ ਇਹ ਬਹੁਤਹੀ ਰਮਣੀਕ ਦੁਪਹਿਰ ਸੀ।

ਮੇਰੇ ਕੋਲ ਉਸ ਹੈਰਾਨਕੁੰਨ ਰਿਪੋਰਟ ਦੀ ਫਟੀ ਪੁਰਾਣੀ ਕਾਪੀ ਮੌਜੂਦ ਹੈ ਜੋ ਮੇਰੇ ਪੜਦਾਦਾ ਦੀ ਕਮੇਟੀ ਨੇ ਪੇਸ਼ ਕੀਤੀ ਸੀ। ਇਸ ਰਿਪੋਰਟ ਵਿਚ ਸਾਰੀਆਂ ਬਾਗ਼ੀ ਗਤੀਵਿਧੀਆਂ ਦਾ ਜ਼ਿਕਰ ਹੈ, ਕਤਲਾਂ ਦਾ, ਗੋਲਾਬਾਰੀ ਦਾ, ਬੰਬ ਸੁੱਟਣ ਦਾ-ਸੈਂਕੜੇ ਹੀ ਅਜਿਹੇ ਦੋਸ਼। ਪਰ ਅਦਾਲਤਾਂ ਵਾਸਤੇ ਇਨ੍ਹਾਂ ਮਾਮਲਿਆਂ ਨੂੰ ਨਜਿੱਠਣਾ ਕਿੰਨਾ ਮੁਸ਼ਕਿਲ ਸੀ। ਗਵਾਹਾਂ ਨੂੰ ਡਰਾਇਆ ਧਮਕਾਇਆ ਜਾਂਦਾ ਸੀ। ਜੱਜਾਂ ਅਤੇ ਵਕੀਲਾਂ 'ਤੇ ਹਮਲਾ ਕੀਤਾ ਜਾਂਦਾ ਸੀ, ਕਤਲ ਕੀਤੇ ਜਾਂਦੇ ਸਨ।

ਪਰ ਇਕ ਅਹਿਮ ਗੱਲ ਲਿਖਣੋਂ ਰਹਿ ਗਈ। ਰੋਸ ਪ੍ਰਗਟਾਉਣ ਵਾਲਿਆਂ ਦਾ ਮੁੱਖ ਮੰਤਵ ਕੀ ਸੀ? ਇਸ ਵਿਸ਼ੇ 'ਤੇ ਕੋਈ ਵਿਚਾਰ ਵਟਾਂਦਰਾ ਨਹੀਂ ਹੋਇਆ ਕਿ ਠੀਕ ਕੀ ਸੀ ਅਤੇ ਗ਼ਲਤ ਕੀ? ਕਿਸ ਕਰਕੇ ਰੋਸ ਪ੍ਰਗਟਾਵਾ ਹੋ ਰਿਹਾ ਹੈ? ਠੀਕ ਦ੍ਰਿਸ਼ਟੀਕੋਣ ਤੋਂ ਸੋਚੀਏ ਤਾਂ ਭਾਰਤੀਆਂ ਵੱਲੋਂ ਇਹ ਹੱਕੀ ਮੰਗ ਸੀ ਕਿ ਉਨ੍ਹਾਂ ਨੂੰ ਆਪਣਾ ਰਾਜ ਅਤੇ ਆਜ਼ਾਦੀ ਦਿੱਤੀ ਜਾਵੇ।

ਇਸ ਵਿਸ਼ੇ ਬਾਰੇ ਸੋਚਦਾ ਹਾਂ ਤਾਂ ਮੈਨੂੰ ਗਹਿਰਾ ਦੁੱਖ ਹੁੰਦਾ ਹੈ। ਸਰ ਸਿਡਨੀ ਨੂੰ ਸਪੱਸ਼ਟ ਪਤਾ ਸੀ ਕਿ ਬਰਤਾਨੀਆ ਲਈ ਭਾਰਤ ਵਿਚ ਖੇਲ ਖ਼ਤਮ ਹੋ ਚੁੱਕਾ ਹੈ ਅਤੇ ਸਰਕਾਰ ਨੂੰ ਕੁਝ ਪਤਾ ਨਹੀਂ ਸੀ ਬੇਅਮਨੀ ਨੂੰ ਕਿਵੇਂ ਨੱਥ ਪਾਉਣੀ ਹੈ ਸਿਵਾਏ ਦਮਨਕਾਰੀ ਢੰਗ ਦੇ।

ਉਸ ਨੂੰ ਇਸ ਗੱਲ ਦਾ ਤਾਂ ਹੀ ਹੋਵੇਗਾ ਕਿ ਭਾਰਤੀਆਂ ਦਾ ਸੰਯੁਕਤ ਸੈਨਾਵਾਂ ਨਾਲ ਸੰਸਾਰ ਯੁੱਧ ਵਿਚ ਕਿੰਨਾ ਵੱਡਾ ਯੋਗਦਾਨ ਹੈ। ਬਰਤਾਨੀਆ ਵਾਸਤੇ 1.3 ਮਿਲੀਅਨ ਭਾਰਤੀਆਂ ਨੇ ਲੜਾਈ ਵਿਚ ਹਿੱਸਾ ਲਿਆ ਸੀ ਜਿਨ੍ਹਾਂ ਵਿੱਚੋਂ 74,000 ਮਾਰੇ ਗਏ ਸਨ। ਉਸ ਨੂੰ ਇਹ ਵੀ ਜ਼ਰੂਰ ਪਤਾ ਹੋਵੇਗਾ ਕਿ ਇਸ ਕੁਰਬਾਨੀ ਦੇ ਬਾਵਜੂਦ ਵੀ ਭਾਰਤੀਆਂ ਵੱਲੋਂ, ਸਵੈ-ਸਰਕਾਰ ਵੱਲ ਬਹੁਤ ਘੱਟ ਧਿਆਨ ਦਿੱਤਾ ਗਿਆ ਸੀ।

ਮੇਰਾ ਅੰਦਾਜ਼ਾ ਹੈ ਕਿ ਸਰ ਸਿਡਨੀ ਸੰਵਿਧਾਨਕ ਤਬਦੀਲੀਆਂ ਕਰਨ ਨੂੰ ਆਪਣੇ ਅਧਿਕਾਰ ਖੇਤਰ ਵਿਚ ਨਹੀਂ ਸੀ ਸਮਝਦਾ। ਉਸ ਦੀ ਅਸਫਲਤਾ ਅਤੇ ਲੰਡਨ ਵਿਚ ਹੋਰ ਅਧਿਕਾਰੀਆਂ ਦੀ ਅਸਫਲਤਾ-ਨੂੰ ਪਰਖਣ ਲਈ ਸ਼ਾਇਦ ਕਾਨੂੰਨ ਬਣਾਉਣ ਦੀ ਲੋੜ ਪਵੇਗੀ। ਇਹ ਮੁੱਖ ਕਾਰਨ ਸੀ ਮੇਰੇ ਪੜਦਾਦਾ ਜੀ ਦੀ ਅਸਫਲਤਾ ਦਾ ਬ੍ਰਿਟਿਸ਼ ਇੰਡੀਆ ਵਿਚ।

ਉਸ ਦੀਆਂ ਚਿੱਠੀਆਂ ਵਿੱਚੋਂ ਸੰਕੇਤ ਮਿਲਦਾ ਹੈ ਕਿ ਉਸ ਦੀਆਂ ਕੀਤੀਆਂ ਸਿਫ਼ਾਰਸ਼ਾਂ ਸਾਡੇ ਲਈ ਕਿੰਨੀਆਂ ਜ਼ਹਿਰੀਲੀਆਂ ਸਿੱਧ ਹੋ ਸਕਦੀਆਂ ਸਨ। 1918 ਦੀ ਜਨਵਰੀ ਵਿਚ ਸਰ ਸਿਡਨੀ ਬੰਬਈ ਤੋਂ ਕਲਕੱਤਾ ਜਾਂਦੀ ਗੱਡੀ ਵਿਚ ਸ਼ਾਹੀ ਠਾਠ ਨਾਲ ਸਫ਼ਰ ਕਰ ਰਿਹਾ ਸੀ।




ਉਹ ਮੁੰਡਿਆਂ ਵਾਂਗ ਜੋਸ਼ ਵਿਚ ਆ ਗਿਆ ਕਿ ਗੱਡੀ ਵਿਚ ਸਫ਼ਰ ਕਰਨ ਲਈ ਉਸ ਦੇ ਕੋਲ ਪੂਰੇ ਦਾ ਪੂਰਾ ਸੈਲੂਨ ਹੈ-ਲੱਤਾਂ ਪਸਾਰਨ ਜੋਗਾ ਵੱਖਰਾ ਥਾਂ ਜਿਸ ਵਿਚ ਬੜਾ ਆਰਾਮ ਦੇਹ ਕਾਊਚ ਵਿਛਿਆ ਹੋਇਆ ਹੈ। 'ਮੇਰੀ ਉੱਚੀ ਪੋਜ਼ੀਸ਼ਨ ਨੂੰ ਦਰਸਾਉਣ ਲਈ', ਉਹ ਲਿਖਦਾ ਹੈ,'ਗਵਰਨਰ ਦਾ ਇਕ ਅਫ਼ਸਰ, ਜਿਸ ਦੀ ਖ਼ਾਕੀ ਅਤੇ ਲਾਲ ਵਰਦੀ, ਲਾਲ ਪਗੜੀ ਅਤੇ ਮੋਨੋਗ੍ਰਾਮ ਅਤੇ ਉਸ ਦੀ ਪੁਸ਼ਾਕ ਉੱਪਰ ਗਵਰਨਰ ਦੇ ਤਾਜ ਦੀ ਕਸ਼ੀਦਾਕਾਰੀ ਕੀਤੀ ਹੋਈ ਸੀ।'

ਆਪਣੀ ਸ਼ਾਨ ਵਿਚ ਉਹ ਹੋਰ ਦ੍ਰਿਸ਼ਾਂ ਦਾ ਵਰਣਨ ਕਰਦਿਆਂ ਦੱਸਦਾ ਕਿ ਕਿਸ ਪ੍ਰਕਾਰ, ਖਾਣੇ ਦੇ ਡੱਬੇ ਵਿਚ, ਉਹ ਦੋ ਸਨਮਾਨਤ ਅੰਗਰੇਜ਼ ਅਫਸਰਾਂ ਨਾਲ ਗੱਲੀਂ ਪੈ ਜਾਂਦਾ ਹੈ।

'ਲੱਗਦਾ ਹੈ ਉਨ੍ਹਾਂ ਨੂੰ ਮੇਰੀ ਪੋਜ਼ੀਸ਼ਨ ਅਤੇ ਕਾਰਜ ਮੰਤਵ ਦਾ ਪਤਾ ਚੱਲ ਗਿਆ ਸੀ।' ਉਹ ਆਪਣੀ ਪਤਨੀ ਨਾਲ ਇਹ ਗੱਲ ਚਿੱਠੀ ਰਾਹੀਂ ਸਾਂਝੀ ਕਰਦਾ ਹੈ। 'ਚੱਲਣ ਲੱਗੇ ਮੈਂ ਆਪਣਾ ਕਾਰਡ ਉਨ੍ਹਾਂ ਨੂੰ ਦੇ ਦਿੱਤਾ ਤਾਂ ਕਿ ਉਹ ਮੇਰਾ ਨਾਂ ਤੇ ਪੋਜ਼ੀਸ਼ਨ ਪੜ੍ਹਨਗੇ ਤਾਂ ਮੇਰੀ ਖ਼ੁਸ਼ਕਿਸਮਤੀ ਹੋਵੇਗੀ। ਉਨ੍ਹਾਂ ਨੂੰ ਇਹ ਨਹੀਂ ਸੀ ਪਤਾ ਕਿ ਜਦੋਂ ਭਾਰਤ ਛੱਡ ਕੇ ਮੈਂ ਵਾਪਸ ਜਾਣ ਲੱਗਾਂਗਾ ਤਾਂ ਭਾਰਤੀਆਂ ਵੱਲੋਂ ਗਾਲ੍ਹਾਂ ਦੀ ਬੁਛਾੜ ਵੀ ਕੇਵਲ ਮੈਂ ਹੀ ਝੱਲਣੀ ਹੈ।'

ਇਸ ਗੱਲ ਦਾ ਪੁਖ਼ਤਾ ਸਬੂਤ ਹੈ ਕਿ ਮੇਰੇ ਪੜਦਾਦਾ ਨੂੰ ਆਪਣੀ ਰਿਪੋਰਟ ਦੇ ਸਿੱਟੇ ਬਾਰੇ ਪੂਰਾ ਪਤਾ ਸੀ ਕਿ ਕਿਸ ਪ੍ਰਕਾਰ ਇਸ ਦਾ ਵਿਰੋਧ ਹੋਵੇਗਾ।

ਇਸ ਲਈ ਉਹ ਠੀਕ ਸੀ। ਉਸ ਦੀ ਰਿਪੋਰਟ ਅਤੇ ਕਾਨੂੰਨ ਜੋ ਉਸ ਨੇ ਪਾਸ ਕੀਤਾ ਸੀ ਉਹੀ ਕਾਰਨ ਸੀ ਭਾਰਤ ਵਿਚ ਹੋਏ ਹੰਗਾਮੇ ਦਾ ਅਤੇ ਕਾਲੋਨੀਅਲ ਰਾਜ ਦਾ ਜਨਤਾ ਵੱਲੋਂ ਵੱਡੇ ਪੱਧਰ 'ਤੇ ਹੋਏ ਵਿਰੋਧ ਦਾ।

ਇਸ ਪ੍ਰਤੀਕਰਮ ਦਾ ਪਹਿਲਾ ਝਲਕਾ ਸੈਂਟਰਲ ਲੈਜਿਸਲੇਟਿਵ ਕੌਂਸਲ ਵਿਚ ਹੋਇਆ ਜਦ ਵਾਇਸਰਾਏ ਲਾਰਡ ਚੈਮਸਫੋਰਡ ਨੇ ਕੋਸ਼ਿਸ਼ ਕੀਤੀ ਕਿ ਸੈਡੀਸ਼ਨ ਬਿਲ ਪਾਸ ਹੋ ਜਾਵੇ। ਇਹ ਦਮਨਕਾਰੀ ਕਾਨੂੰਨ 'ਤੇ ਆਧਾਰਿਤ ਸੀ, ਜੋ ਦੇਸ਼ ਵਿਚ ਵਿਰੋਧੀਆਂ ਦੀਆਂ ਕਾਰਗੁਜ਼ਾਰੀਆਂ 'ਤੇ ਕਾਬੂ ਪਾਉਣ ਲਈ ਪਾਸ ਕੀਤਾ ਗਿਆ ਸੀ। ਜਦ ਇਹ ਵਿਸ਼ਾ ਕੌਂਸਿਲ ਦੇ ਸਾਹਮਣੇ 1915 ਵਿਚ ਲਿਆਂਦਾ ਗਿਆ ਸੀ ਤਾਂ 22 ਚੁਣੇ ਹੋਏ ਭਾਰਤੀ ਮੈਂਬਰਾਂ ਨੇ ਇਸ ਦੇ ਪਾਸ ਹੋਣ ਲਈ ਸਮਰਥਨ ਕੀਤਾ ਸੀ। ਪਰ ਜੋ ਜੰਗ ਦੇ ਦਿਨਾਂ ਵਿਚ ਕੀਤਾ ਗਿਆ ਸੀ ਉਹ ਅੱਜ ਅਮਨ ਦੇ ਸਮੇਂ ਵਿਚ ਨਹੀਂ ਹੋ ਸਕਿਆ ਅਤੇ ਜਦ ਉਹ ਰੌਲੇਟ ਬਿਲ ਕੌਂਸਿਲ ਦੇ ਸਾਹਮਣੇ 1919 ਵਿਚ ਪੇਸ਼ ਹੋਇਆ ਤਾਂ ਇਸ ਦੇ ਵਿਰੁੱਧ ਪੂਰੀ ਬਗ਼ਾਵਤ ਹੋ ਗਈ। ਹਰ ਇਕ ਭਾਰਤੀ ਮੈਂਬਰ ਨੇ ਇਸ ਦਾ ਵਿਰੋਧ ਕੀਤਾ। ਇਹ ਕਾਨੂੰਨ ਅੰਗਰੇਜ਼ਾਂ ਦੁਆਰਾ ਨਿਯੁਕਤ ਕੀਤੇ ਮੈਂਬਰਾਂ ਅਤੇ ਹੋਰ ਨਾਮਿਤ ਮੈਂਬਰਾਂ ਦੀ ਮਦਦ ਨਾਲ ਪਾਸ ਹੋਇਆ, ਜਿਨ੍ਹਾਂ ਦਾ ਇਹ ਕੰਮ ਸੀ ਕਿ ਜੋ ਕੁਝ ਲੰਡਨ ਚਾਹੁੰਦਾ ਹੈ ਉਸ ਦੀ ਪਾਲਣਾ ਹੋਵੇ।

ਮੁਹੰਮਦ ਅਲੀ ਜਿਨਾਹ, ਪ੍ਰਸਿੱਧ ਮੁਸਲਿਮ ਲੀਗ ਨੇਤਾ, ਜਿਸ ਨੇ ਦੇਸ਼ ਦੀ ਵੰਡ ਦਾ ਮੁੱਖ ਆਰਕੀਟੈਕਟ ਬਣਨਾ ਸੀ, ਨੇ ਭਾਰਤੀ ਮੈਂਬਰਾਂ ਦੇ ਗੁੱਸੇ ਦਾ ਬੜੇ ਧੜੱਲੇ ਨਾਲ ਸਾਥ ਦਿੱਤਾ। 'ਕਿਸੇ ਵੀ ਸੱਭਿਆ ਦੇਸ਼ ਦੇ ਕਾਨੂੰਨੀ ਇਤਿਹਾਸ ਵਿਚ ਅਜਿਹਾ ਕਦੀ ਵੀ ਨਹੀਂ ਹੋਇਆ ਜੋ ਇਥੇ ਹੋ ਰਿਹਾ ਹੈ। ਜਿਨਾਹ ਨੇ ਕਿਹਾ ਜਦ ਮਾਰਚ 1919 ਵਿਚ ਬਿਲ ਪਾਸ ਹੋ ਕੇ ਕਾਨੂੰਨ ਬਣ ਗਿਆ, ਤਾਂ ਉਸ ਨੇ ਕੌਂਸਿਲ ਤੋਂ ਅਸਤੀਫ਼ਾ ਦੇ ਦਿੱਤਾ। ਇਸ ਆਧਾਰ 'ਤੇ ਕਿ ਲੋਕਾਂ ਦੇ ਸੰਵਿਧਾਨਕ ਹੱਕ ਬਰਤਾਨੀਆ ਨੇ ਪੈਰਾਂ ਹੇਠ ਕੁਚਲ ਦਿੱਤੇ ਹਨ ਜਿਨ੍ਹਾਂ ਵਾਸਤੇ ਬਰਤਾਨੀਆ ਨੇ ਆਪ ਹੀ ਜੰਗ ਲੜੀ ਸੀ।

ਜਦੋਂ ਮੈਂ ਦਿੱਲੀ ਦੇ ਬੀ.ਬੀ.ਸੀ. ਬਿਊਰੋ ਵਿਚ ਕੰਮ ਕਰਨਾ ਸ਼ੁਰੂ ਕੀਤਾ ਤਾਂ ਰੌਲੇਟ ਐਕਟ ਅਤੇ ਇਸ ਦੇ ਪ੍ਰਤੀਕਰਮ ਦਾ ਡਰ ਮੇਰੇ ਮਨ ਵਿਚ ਨਿਰੰਤਰ ਘੁੰਮਦਾ ਰਿਹਾ। ਜੇ ਇਥੋਂ ਦੇ ਲੋਕਾਂ ਨੂੰ ਪਤਾ ਲੱਗ ਗਿਆ ਕਿ ਮੈਂ ਸਿਡਨੀ ਰੌਲੇਟ ਦਾ ਪੜਪੋਤਰਾ ਹਾਂ ਤਾਂ ਮੇਰੇ ਬਾਰੇ ਕੀ ਸੋਚਣਗੇ? ਪਰ ਇਸ ਸਾਰੇ ਕੁਝ ਵਿਚ ਮੇਰੀ ਕੀ ਜ਼ਿੰਮੇਵਾਰੀ ਹੈ? ਜੇ ਕੋਈ ਘਿਨਾਉਣੀ ਕਾਰਵਾਈ ਮੇਰੇ ਕਿਸੇ ਬਜ਼ੁਰਗ ਨੇ ਤਿੰਨ ਪੀੜ੍ਹੀਆਂ ਪਹਿਲਾਂ ਕੀਤੀ ਹੈ ਤਾਂ ਇਸ ਵਿਚ ਮੇਰਾ ਕੀ ਦੋਸ਼ ਹੈ?

ਮੇਰਾ ਕਦੇ ਕਿਸੇ ਨਾਲ ਕੋਈ ਮਸਲਾ ਨਹੀਂ ਸੀ। ਮੈਨੂੰ ਅਕਸਰ ਮੇਰੇ ਪਰਿਵਾਰ ਦੇ ਇਤਿਹਾਸ ਬਾਰੇ ਗੱਲ ਕਰਦੇ ਛੇੜਿਆ ਜਾਂਦਾ ਸੀ ਕਿ ਪਰ ਮੈਂ ਕਦੇ ਗੁੱਸਾ ਨਹੀਂ ਸੀ ਕੀਤਾ। ਨਾ ਹੀ ਅਸਹਿਮਤੀ ਕਰਦਾ। ਅਸਲ ਵਿਚ, ਭਾਰਤੀ ਲੋਕਾਂ ਵਿਚ ਮੇਰੇ ਲਈ ਸਦਭਾਵਨਾ ਸੀ ਕਿਉਂਕਿ ਮੇਰਾ ਉਨ੍ਹਾਂ ਦੇ ਦੇਸ਼ ਨਾਲ ਸਬੰਧ ਸੀ। ਮੈਂ ਅਕਸਰ ਹੈਰਾਨ ਹੁੰਦਾ ਸੀ ਕਿ ਐਸਾ ਕਿਉਂ ਹੈ?

ਆਖ਼ਰ ਮਹਾਤਮਾ ਗਾਂਧੀ ਦੇ ਪੋਤਰੇ, ਤੁਸ਼ਾਰ ਗਾਂਧੀ ਨਾਲ ਬੜੀ ਉਤਸ਼ਾਹਜਨਕ ਗੱਲ ਹੋਈ। ਮੈਨੂੰ ਉਸ ਕੋਲੋਂ ਮੇਰੇ ਵਿਰੁੱਧ ਕੁਝ ਨਾਰਾਜ਼ਗੀ ਦੀ ਸੰਭਾਵਨਾ ਲੱਗਦੀ ਸੀ ਜਦ ਅਸੀਂ ਨਵੀਂ ਦਿੱਲੀ ਦੇ ਸ਼ਾਨਦਾਰ ਮਹਿਲ ਵਿਚ ਮਿਲੇ। ਇਥੇ ਜਨਵਰੀ 1948 ਵਿਚ ਉਸ ਦੇ ਦਾਦਾ ਜੀ ਗੋਲੀ ਮਾਰ ਦਿੱਤੀ ਗਈ ਸੀ। ਮੇਰੇ ਡਰ ਦੇ ਉਲਟ ਉਸ ਨੇ ਮੇਰੇ ਬਜ਼ੁਰਗ ਪੜਦਾਦੇ ਦੀ ਪ੍ਰਸ਼ੰਸਾ ਕਰਦਿਆਂ ਮੇਰਾ ਸ਼ੁਕਰਾਨਾ ਕੀਤਾ।


'ਮੈਂ ਤੁਹਾਡੇ ਪੜਦਾਦੇ ਦੀ ਪ੍ਰਸ਼ੰਸਾ ਕਰਦਾ ਹਾਂ ਜਿਸ ਨੇ ਬਰਤਾਨੀਆ ਦੀ ਸ਼ਹਿਨਸ਼ਾਹੀਅਤ ਦੇ ਕਫ਼ਨ ਵਿਚ ਪਹਿਲਾ ਕਿੱਲ ਠੋਕਿਆ', ਤੁਸ਼ਾਰ ਨੇ ਹੱਸ ਕੇ ਕਿਹਾ ਜਦੋਂ ਅਸੀਂ ਬਾਗ਼ ਵਿਚ ਹੱਥ ਮਿਲਾਏ।


ਅਸੀਂ ਇਕ ਰੁੱਖ ਦੀ ਛਾਂ ਹੇਠ ਖੜ੍ਹੇ ਸਾਂ ਜਦ ਉਸ ਨੇ ਦੱਸਿਆ ਕਿ ਜਿਹੜਾ ਐਕਟ ਮੇਰੇ ਪੜਦਾਦੇ ਦੇ ਨਾਂ ਨਾਲ ਜੁੜਿਆ ਹੋਇਆ ਹੈ, ਮਹਾਤਮਾ ਗਾਂਧੀ ਲਈ ਉਹ ਕਿਉਂ ਮਹੱਤਵਪੂਰਨ ਹੈ। 'ਰੌਲੇਟ ਐਕਟ ਦੀ ਵਿਸ਼ੇਸ਼ਤਾ ਇਹ ਸੀ ਕਿ ਉਸ ਨੂੰ ਲੋਕਾਂ ਨੂੰ ਸਮਝਾਉਣ ਵਾਸਤੇ ਕਿ ਇਹ ਕਿੰਨਾ ਗ਼ੈਰਵਾਜਿਬ ਹੈ।' ਪ੍ਰਚਾਰ ਸਾਧਨ ਨਹੀਂ ਬਣਨਾ ਪਿਆ। ਉਸ ਨੇ ਹੋਰ ਕਿਹਾ,'ਇਹ ਬਿਲਕੁਲ ਸਪੱਸ਼ਟ ਤੇ ਮੰਤਵ ਭਰਪੂਰ ਸੀ ਕਿ ਉਹ ਇਸ ਨੂੰ ਲੋਕਾਂ ਵਿਚ ਗੁੱਸਾ ਫੈਲਾਉਣ ਲਈ ਵਰਤ ਸਕਦਾ ਸਮੀ, ਰੋਸ ਦੀ ਲਹਿਰ ਚਲਾ ਸਕਦਾ ਸੀ ਪਰ ਉਹ ਤਾਂ ਸ਼ਾਂਤੀਪੂਰਨ ਰੋਸ ਸੰਘਰਸ਼ ਕਰਨਾ ਚਾਹੁੰਦਾ ਸੀ।' ਅਤੇ ਤੁਸ਼ਾਰ ਦਾ ਵਿਸ਼ਵਾਸ ਹੈ ਕਿ ਭਾਰਤੀਆਂ ਦੀ ਬਰਤਾਨੀਆ ਪ੍ਰਤੀ ਵਿਰੋਧਤਾ ਅਹਿੰਸਕ ਸੀ ਅਤੇ ਸਮਝਣ ਵਾਲੀ ਇਹ ਵੱਡੀ ਗੱਲ ਹੈ ਕਿ ਗੁੱਸਾ ਕਿਉਂ ਨਹੀਂ ਸੀ, ਵਿਰੋਧ ਕਿਉਂ ਨਹੀਂ ਸੀ, ਦੋਹਾਂ ਕੌਮਾਂ ਵਿਚਕਾਰ। 'ਇਸ ਨੇ ਸਾਨੂੰ ਇਹ ਯਕੀਨ ਕਰਨ ਵਿਚ ਵਾਹ ਲਾਈ ਕਿ ਅਸੀਂ ਆਜ਼ਾਦੀ ਜਿੱਤ ਲਈ ਸੀ', ਉਸ ਨੇ ਕਿਹਾ। ਹੁਣ ਬਰਤਾਨੀਆ ਲੋਕ ਇਹ ਪ੍ਰਚਾਰ ਕਰ ਕੇ ਆਪਣੇ ਆਪ ਨੂੰ ਤਸੱਲੀ ਦੇ ਲੈਣ ਕਿ 'ਅਸੀਂ ਬੜੀ ਫ਼ਰਾਖ਼ਦਿਲੀ ਨਾਲ ਤੁਹਾਨੂੰ ਆਜ਼ਾਦੀ ਪ੍ਰਦਾਨ ਕੀਤੀ।'

ਸਰ ਸਿਡਨੀ ਰੌਲੇਟ ਦੇ ਇਸ ਰਿਸ਼ਤੇਦਾਰ ਵਾਸਤੇ ਇਹ ਇਕ ਮਾਣ ਵਾਲੀ ਦਲੀਲ ਹੈ। ਐਨਾ ਕੁਝ ਕਹਿ ਕੇ ਵੀ ਮੇਰੀ ਸ਼ਰਮਿੰਦਗੀ ਖ਼ਤਮ ਨਹੀਂ ਹੋ ਜਾਂਦੀ। ਮੇਰਾ ਅਜੇ ਵੀ ਦ੍ਰਿੜ੍ਹ ਵਿਸ਼ਵਾਸ ਹੈ ਕਿ ਮੇਰੇ ਪੜਦਾਦੇ ਦੀ ਕਮੇਟੀ ਨੇ ਜੋ ਸਿਫ਼ਾਰਿਸ਼ ਕੀਤੀ ਸੀ ਉਹ ਨਾਵਾਜਿਬ ਅਤੇ ਰਾਹ ਤੋਂ ਖਦੇੜਨ ਵਾਲੀ ਸੀ। ਅਜੇ ਵੀ ਮੈਂ ਦੇਖਦਾ ਹਾਂ ਕਿ ਆਜ਼ਾਦੀ ਲਈ ਸੰਘਰਸ਼ ਅਤੇ ਇਨਸਾਫ਼ ਲਈ ਕੀਤੀ ਜਦੋ-ਜਹਿਦ ਦਾ ਵਰਣਨ ਹੀ ਨਾ ਕਰਨਾ ਬਿਲਕੁਲ ਬੇ-ਇਨਸਾਫ਼ੀ ਹੈ। ਮੇਰੇ ਆਤਮਿਕ ਅਤੇ ਮਾਨਸਿਕ ਹਾਜ਼ਮੇ ਨੂੰ ਇਹ ਕਤਈ ਨਹੀਂ ਪਚਦਾ ਕਿ ਮੇਰੇ ਪੜਦਾਦਾ ਨੂੰ ਸੈਡੀਸ਼ਨ ਕਮੇਟੀ ਵਿਚ ਕੰਮ ਕਰਨ ਲਈ ਸਰ ਦਾ ਖ਼ਿਤਾਬ ਦਿੱਤਾ ਗਿਆ ਸੀ।

ਇਕ ਸਦੀ ਪਹਿਲਾਂ ਅੰਮ੍ਰਿਤਸਰ ਦੇ ਜਲ੍ਹਿਆਂ ਵਾਲੇ ਬਾਗ਼ ਵਿਚ ਕੀਤੇ ਜ਼ੁਲਮ ਰਾਹੀਂ ਕੁਰਬਾਨ ਹੋਈਆਂ ਅਨੇਕਾਂ ਨਿਰਦੋਸ਼ ਜਾਨਾਂ ਦਾ ਪ੍ਰਤੀਕਰਮ ਹੀ ਅੰਤ ਵਿਚ ਭਾਰਤ ਦੀ ਆਜ਼ਾਦੀ ਵਿਚ ਬਦਲਿਆ। •

ਇਕ ਸਦੀ ਪਹਿਲਾਂ ਅੰਗਰੇਜ਼ਾਂ ਦੁਆਰਾ ਅੰਮ੍ਰਿਤਸਰ ਦੇ ਜਲ੍ਹਿਆਂਵਾਲੇ ਬਾਗ਼ ਵਿਚ ਕੀਤੇ ਜ਼ੁਲਮ ਦੀ ਭੇਟ ਚੜ੍ਹੀਆਂ ਅਨੇਕਾਂ ਨਿਰਦੋਸ਼ ਜਾਨਾਂ ਦੇ ਪ੍ਰਤੀਕਰਮ ਨੇ ਹੀ ਅੰਤ ਵਿਚ ਭਾਰਤ ਨੂੰ ਆਜ਼ਾਦੀ ਦਿਵਾਈ...





# ਹਰਿਆਣਾ ਦੇ ਮੁੱਖ ਸਕੱਤਰ ਨਾਲ ਮਿਲੇ 13 ਦੇਸ਼ਾਂ ਦੇ 28 ਪ੍ਰਤੀਨਿਧਿ

**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਈ ਖਰੜੇ (ਲੇਜਿਸਲੇਟਿਵ ਡ੍ਰਾਫਟਿੰਗ) ਨਾਲ ਸਬੰਧਤ 36ਵੇਂ ਕੌਮਾਂਤਰੀ ਸਿਖਲਾਈ ਪ੍ਰੋਗਰਾਮ ਵਿੱਚ ਭਾਗ ਲੈ ਰਹੇ 13 ਦੇਸ਼ਾਂ ਦੇ 28 ਪ੍ਰਤੀਨਿਧੀਆਂ ਨੇ ਅੱਜ ਇੱਥੇ ਹਰਿਆਣਾ ਦੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨਾਲ ਮੁਲਾਕਾਤ ਕੀਤੀ।

ਕੋਟੇ ਡੀ ਆਈਵਰ, ਇਕਵੇਡੋਰ, ਹੋਂਡੂਰਾਸ, ਗਵਾਟੇਮਾਲਾ, ਸ੍ਰੀਲੰਕਾ, ਮੰਗੋਲੀਆ, ਮਯਾਂਮਾਰ, ਨਾਇਜਰ, ਨਾਇਜੀਰੀਆ, ਮਾਲਦੀਵ, ਤੰਜਾਨੀਆ, ਜਾਂਬਿਆ ਅਤੇ ਜਿੰਬਾਬੇ ਜਿਹੇ ਦੇਸ਼ਾਂ ਦੀ ਨੁਮਾਇੰਦਗੀ ਕਰਨ ਵਾਲੇ ਭਾਗੀਦਾਰੀ ਲੋਕਸਭਾ ਦੇ ਸੰਸਦੀਅ ਲੋਕਤੰਤਰ ਸ਼ੋਧ ਅਤੇ ਸਿਖਲਾਈ ਸੰਸਥਾਨ (ਪੀਆਰਆਈਡੀਈ) ਦੀ ਮਦਦ ਨਾਲ ਆਯੋਜਿਤ ਪੰਜ ਦਿਨਾਂ ਦੇ ਪ੍ਰੋਗਰਾਮ ਵਿੱਚ ਹਿੱਸਾ ਲੈ ਰਹੇ ਹਨ।

ਆਪਣੇ ਸੰਬੋਧਨ ਵਿੱਚ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਸਮਾਵੇਸ਼ੀ ਕਾਨੂੰਨ ਬਣਾਉਣ ਦੀ ਪ੍ਰਕਿਰਿਆਵਾਂ ਦੇ ਮਹੱਤਵ 'ਤੇ ਜੋਰ ਦਿੰਦੇ ਹੋਏ ਕਿਹਾ ਕਿ ਕਿਸੇ ਵੀ ਕਾਨੂੰਨ ਦੀ ਰੂਪਰੇਖਾ ਸਾਰੇ ਹਿਤਧਾਰਕਾਂ ਦੀ ਆਵਾਜ ਸੁਣ ਕੇ ਵੀ ਪ੍ਰਭਾਵੀ ਢੰਗ ਨਾਲ ਤਿਆਰ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ ਇਸ ਗੱਲ 'ਤੇ ਜੋਰ ਦਿੱਤਾ ਕਿ ਕਾਨੂੰਨ ਦੀ ਸਾਰਥਕਤਾ ਅਤੇ ਪ੍ਰਭਾਵਕਾਰੀਤਾ ਯਕੀਨੀ ਕਰਨ ਲਈ ਉਸ ਵਿੱਚ ਸਮਾਜ ਦੀ ਇੱਛਾਵਾਂ, ਭਾਵਨਾਵਾਂ ਅਤੇ ਜਰੂਰਤਾਂ ਨੂੰ ਦਰਸਾਉਣਾ ਚਾਹੀਦਾ ਹੈ। ਸ੍ਰੀ ਰਸਤੋਗੀ ਨੇ ਕਿਹਾ ਕਿ ਭਾਰਤੀ ਸੰਵਿਧਾਨ ਸਾਵਧਾਨੀ ਨਾਲ ਤਿਆਰ ਕੀਤਾ ਗਿਆ ਦਸਤਾਵੇਜ ਹੈ ਅਤੇ ਇਹ ਕਾਨੂੰਨ ਬਣਾਉਣ ਲਈ ਇੱਕ ਵਿਆਪਕ ਰੂਪਰੇਖਾ ਅਤੇ ਸਪਸ਼ਟ ਪ੍ਰਕਿਰਿਆ ਪ੍ਰਦਾਨ ਕਰਦਾ ਹੈ।



ਉਨ੍ਹਾਂ ਨੇ ਕਿਹਾ ਕਿ ਭਾਰਤੀ ਸੰਵਿਧਾਨ ਇੱਕ ਮਾਰਗਦਰਸ਼ਕ ਪ੍ਰਕਾਸ਼ ਸਤੰਭ ਦੇ ਰੂਪ ਵਿੱਚ ਕੰਮ ਕਰਦਾ ਹੈ। ਉਨ੍ਹਾਂ ਨੇ ਭਾਰਤ ਵਿੱਚ ਹਰਿਆਣਾ ਦੀ ਖਾਸ ਸਥਿਤੀ ਦਾ ਜਿਕਰ ਕਰਦੇ ਹੋਏ ਕਿਹਾ ਕਿ ਹਰਿਆਣਾ ਦੇਸ਼ ਵਿੱਚ ਸਭ ਤੋਂ ਵੱਧ ਪ੍ਰਤੀ ਵਿਅਕਤੀ ਆਮਦਨ ਅਤੇ ਟੈਕਸ ਸੰਗ੍ਰਹਿ ਵਾਲਾ ਇੱਕ ਛੋਟਾ ਪਰ ਪ੍ਰਗਤੀਸ਼ੀਲ ਸੂਬਾ ਹੈ।

ਇਸ ਮੌਕੇ 'ਤੇ ਮੁੱਖ ਸਕੱਤਰ ਨੇ ਨਿਜੀ ਤੌਰ 'ਤੇ ਸਾਰੇ ਵਿਦੇਸ਼ੀ ਪ੍ਰਤੀਨਿਧੀਆਂ ਨੂੰ ਸ੍ਰੀਮਦਭਾਗਵਦਗੀਤਾ ਦੀ ਇੱਕ ਇੱਕ ਪ੍ਰਤੀ ਭੇਂਟ ਕੀਤੀ। ਉਨ੍ਹਾਂ ਨੇ ਕਿਹਾ ਕਿ ਮਹਾਭਾਰਤ ਇੱਕ ਅਜਿਹੀ ਕਥਾ ਹੈ ਜੋ ਕਿਸੇ ਦੀ ਵੀ ਕਲਪਨਾ ਤੋਂ ਪਰੇ ਹੈ ਜਿਸ ਵਿੱਚ ਕਰਮ ਦਾ ਮਹਾਨ ਸਿਧਾਂਤ ਦਰਜ ਹੈ। ਜੀਵਨ ਵਿੱਚ ਅਜਿਹੇ ਹਾਲਾਤ ਆਉਂਦੇ ਹਨ ਜਦੋਂ ਵਿਅਕਤੀ ਨੂੰ ਦਿਲਾਸਾ ਅਤੇ ਸਹਾਰੇ ਦੀ ਜਰੂਰਤ ਹੁੰਦੀ ਹੈ।

ਅਜਿਹੇ ਸਮੇਂ ਵਿੱਚ ਸ੍ਰੀਮਦਭਾਗਵਦਗੀਤਾ ਸਾਡੇ ਲਈ ਸ਼ਕਤੀ ਬੋਧ ਦਾ ਕੰਮ ਕਰਦੀ ਹੈ।

ਵਰਣਯੋਗ ਹੈ ਕਿ 16 ਅਪ੍ਰੈਲ ਤੋਂ 21 ਅਪ੍ਰੈਲ ਤੱਕ ਚੱਲਣ ਵਾਲੇ ਇਸ ਸਿਖਲਾਈ ਪ੍ਰੋਗਰਾਮ ਦਾ ਟੀਚਾ ਭਾਗੀਦਾਰਾਂ ਦੇ ਵਿੱਚਕਾਰ ਗਿਆਨ ਨੂੰ ਸਾਂਝਾ ਕਰਨਾ ਅਤੇ ਵਿਧਾਈ ਮਸੌਦਾ ਤਿਆਰ ਕਰਨ ਦੇ ਕੌਸ਼ਲ ਨੂੰ ਵਧਾਉਣਾ ਹੈ। ਇਸ ਵਿੱਚ ਉੱਨਤ ਡਰਾਫਟਿੰਗ ਤਕਨੀਕ, ਤੁਲਨਾਤਮਕ ਵਿਧਾਈ ਰੂਪਰੇਖਾ ਅਤੇ ਵਿਧਾਈ ਪ੍ਰਕਿਰਿਆਵਾਂ ਵਿੱਚ ਤਕਨਾਲੋਜੀ ਦੇ ਏਕੀਕਰਣ ਨਾਲ ਸਬੰਧਤ ਸੈਸ਼ਨ ਸ਼ਾਮਲ ਹਨ।

ਇੰਟਰਪੋਲ ਦੇ ਵਿਤੀ ਨੀਤੀ ਅਤੇ ਨਿਯਮਨ ਸੰਸਥਾਂ ਦੇ ਡਾਇਰੈਕਟਰ ਸ੍ਰੀ ਏਲੋਜਾਂਦਰੋ ਨਿਕੋਲਸ ਵੀਸਨ ਨੋਲਸਕੇ ਨੇ ਸਾਰੇ ਪ੍ਰਤੀਨੀਧੀਆਂ ਦੀ ਮੇਜਬਾਨੀ ਲਈ ਮੁੱਖ ਸਕੱਤਰ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਇੱਥੇ ਮਿਲੀ ਸਿਖਲਾਈ ਨੇ ਉਨ੍ਹਾਂ ਨੂੰ ਨਾ ਕੇਵਲ ਵੱਧ ਕੁਸ਼ਲ ਪੇਸ਼ੇਵਰ ਬਣਾਇਆ ਹੈ ਸਗੋਂ ਬੇਹਤਰ ਇੰਸਾਨ ਵੀ ਬਣਾਇਆ ਹੈ। ਉਨ੍ਹਾਂ ਨੇ ਕਿਹਾ ਕਿ ਭਾਰਤ ਦਾ ਸੰਵਿਧਾਨ ਤਾਕਤ ਉਨ੍ਹਾਂ ਦੇ ਲੋਕਾਂ ਵਿੱਚ ਵਸਦੀ ਹੈ।

ਭਾਰਤ ਦੇ ਲੋਕ ਬੇਹਦ ਪਿਆਰ ਕਰਨ ਵਾਲੇ ਅਤੇ ਗਰਮਜੋਸ਼ੀ ਨਾਲ ਭਰੇ ਹਨ ਅਤੇ ਭਾਰਤ ਆਉਣਾ ਉਨ੍ਹਾਂ ਨਾਲ ਸ਼ਾਨਦਾਰ ਅਨੁਭਵ ਰਿਹਾ ਹੈ।

# ਹਰਿਆਣਾ ਵਿੱਚ ਰਬੀ ਮਾਰਕੇਟਿੰਗ ਸੀਜਨ ਵਿੱਚ ਫਸਲ ਦੀ ਖਰੀਦ ਦਾ ਕੰਮ ਤੇਜੀ ਨਾਲ ਵੱਧ ਰਿਹਾ ਅੱਗੇ

**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿੱਚ ਰਬੀ ਮਾਰਕੇਟਿੰਗ ਸੀਜਨ ਦੌਰਾਨ ਤੇਜੀ ਨਾਲ ਫਸਲ ਦੀ ਖਰੀਦ ਦਾ ਕੰਮ ਚਲ ਰਿਹਾ ਹੈ। 1 ਅਪ੍ਰੈਲ ਤੋਂ ਹੁਣ ਤੱਕ ਸੂਬੇ ਵਿੱਚ ਕੁਲ 31.52 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁਕੀ ਹੈ। ਇਨ੍ਹਾਂ ਵਿੱਚੋਂ 8.59 ਲੱਖ ਮੀਟ੍ਰਿਕ ਟਨ ਕਣਕ ਦਾ ਉਠਾਨ ਕੀਤਾ ਜਾ ਚੁੱਕਾ ਹੈ। ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਹੁਣ ਤੱਕ 2 ਲੱਖ ਤੋਂ ਵੱਧ ਕਿਸਾਨਾਂ ਤੋਂ ਕਣਕ ਦੀ ਖਰੀਦ ਕੀਤੀ ਗਈ ਹੈ ਅਤੇ 1400 ਕਰੋੜ ਰੁਪਏ ਦੀ ਰਕਮ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਤੌਰ 'ਤੇ ਭੇਜੀ ਜਾ ਚੁੱਕੀ ਹੈ। ਪਿਛਲੇ ਸਾਲ 16 ਅਪ੍ਰੈਲ ਤੱਕ 18.24 ਲੱਖ ਮੀਟ੍ਰਿਕ ਟਨ ਲੱਖ ਮੀਟ੍ਰਿਕ ਟਨ ਕਣਕ ਦਾ ਉਠਾਨ ਕੀਤਾ ਜਾ ਚੁੱਕਾ ਹੈ।ਸੀ।

ਰਾਜ ਵਿੱਚ ਰਬੀ ਮਾਰਕੇਟਿੰਗ ਸੀਜਨ 2025-26 ਦੌਰਾਨ 15 ਮਾਰਚ ਤੋਂ ਸਰੋਂ ਦੀ ਖਰੀਦ ਸ਼ੁਰੂ ਕੀਤੀ ਗਈ ਹੈ। ਰਾਜ ਵਿੱਚ ਦੋ ਖਰੀਦ ਸੰਸਥਾਵਾਂ ਹੈਫੇਡ ਅਤੇ ਹਰਿਆਣਾ ਵੇਅਰ ਹਾਊਸਿੰਗ ਕਾਰਪੋਰੇਸ਼ਨ ਵੱਲੋਂ ਸਰੋਂ ਦੀ ਖਰੀਦ ਦਾ ਕੰਮ ਕੀਤਾ ਜਾ ਰਿਹਾ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸਾਲ 16 ਅਪ੍ਰੈਲ ਤੱਕ ਰਾਜ ਵਿੱਚ ਖਰੀਦ ਸੰਸਥਾਵਾਂ ਵੱਲੋਂ 4.93 ਲੱਖ ਮੀਟ੍ਰਿਕ ਟਨ ਸਰੋਂ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਸ ਵਿੱਚ 3.40 ਲੱਖ ਮੀਟ੍ਰਿਕ ਟਨ ਸਰੋਂ ਦਾ ਉਠਾਨ ਕੀਤਾ ਜਾ ਚੁੱਕਾ ਹੈ। ਰਾਜ ਸਰਕਾਰ ਵੱਲੋਂ ਹੁਣ ਤੱਕ 1 ਲੱਖ 71 ਹਜ਼ਾਰ ਕਿਸਾਨਾਂ ਤੋਂ ਸਰੋਂ ਦੀ ਖਰੀਦ ਕੀਤੀ ਗਈ ਹੈ ਅਤੇ 1843 ਕਰੋੜ ਰੁਪਏ ਦੀ ਰਕਮ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਤੌਰ 'ਤੇ ਭੇਜੀ ਜਾ ਚੁੱਕੀ ਹੈ।

ਉਨ੍ਹਾਂ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦਣ ਨੂੰ ਤਿਆਰ ਹੈ।

# ਪੰਜਾਬ ਸਿੱਖਿਆ ਕ੍ਰਾਂਤੀ ਸੂਬੇ ਵਿੱਚ ਵਿੱਦਿਅਕ ਪੱਧਰ ਨੂੰ ਹੋਰ ਉੱਚਾ ਚੁੱਕਣ ਵਿੱਚ ਮੱਦਦਗਾਰ ਸਾਬਤ ਹੋਵੇਗੀ: ਲਾਲਜੀਤ ਸਿੰਘ ਭੁੱਲਰ



**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਿੱਖਿਆ ਕ੍ਰਾਂਤੀ ਸੂਬੇ ਵਿੱਚ ਵਿੱਦਿਅਕ ਪੱਧਰ ਨੂੰ ਹੋਰ ਉੱਚਾ ਚੁੱਕਣ ਵਿੱਚ ਮੱਦਦਗਾਰ ਸਾਬਿਤ ਹੋਵੇਗੀ ਅਤੇ ਸਰਕਾਰੀ ਸਕੂਲਾਂ ਵਿੱਚ ਸਹੂਲਤਾਂ ਮਿਲਣ ਨਾਲ ਵਿਦਿਆਰਥੀਆਂ ਦਾ ਮਨੋਬਲ ਹੋਰ ਵੀ ਉੱਚਾ ਹੋਵੇਗਾ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਸ. ਲਾਲਜੀਤ ਸਿੰਘ ਭੁੱਲਰ ਨੇ ਅੱਜ ਹਲਕਾ ਪੱਟੀ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿਖੇ ਹੋਏ ਕੰਮਾਂ ਦਾ ਉਦਘਾਟਨ ਕਰਦਿਆਂ ਕੀਤਾ।

ਸ. ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਸਿੱਖਿਆ ਕਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰ ਰਹੀ ਹੈ ਅਤੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਹੋਰ ਮਜ਼ਬੂਤ ਕਰ ਰਹੀ ਹੈ, ਤਾਂ ਜੋ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਵੱਡੀ ਕਰਾਂਤੀ ਲਿਆਉਣ ਲਈ ਬਜਟ ਦਾ ਵੱਡਾ ਹਿੱਸਾ ਸਿੱਖਿਆ ਲਈ ਰੱਖਿਆ ਹੈ, ਤਾਂ ਜੋ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦਾ ਭਵਿੱਖ ਸੰਵਾਰਿਆ ਜਾ ਸਕੇ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਧੁਨਿਕਤਾ ਨਾਲ ਭਰਪੂਰ ਸਿੱਖਿਆ ਪ੍ਰਦਾਨ ਕਰਨ ਲਈ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਭੇਜ ਕੇ ਟ੍ਰੇਨਿੰਗ ਕਰਵਾਈ ਗਈ, ਤਾਂ ਜੋ ਉਹ ਆਪਣੇ ਅਤੇ ਵਿਦੇਸ਼ਾਂ ਦੀ ਪੜ੍ਹਾਈ ਵਿੱਚੋਂ ਮਿਲੇ ਤਜ਼ਰਬੇ ਨਾਲ ਵਿਦਿਆਰਥੀਆਂ ਨੂੰ ਉੱਚ ਕੋਟੀ ਦੀ ਸਿੱਖਿਆ ਦੇ ਸਕਣ।

ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਅੱਜ ਹਲਕਾ ਪੱਟੀ ਦੇ ਸਰਕਾਰੀ ਐਲੀਮੈਂਟਰੀ ਸਕੂਲ ਪੰਨਗੋਟਾ, ਸਰਕਾਰੀ ਹਾਈ ਸਕੂਲ ਪਰਿੰਗੜੀ, ਸਰਕਾਰੀ ਐਲੀਮੈਂਟਰੀ ਸਕੂਲ ਰੱਤਾ ਗੁੱਦਾ, ਸਰਕਾਰੀ ਹਾਈ ਸਕੂਲ ਬੁਰਜ ਪੂਹਲਾ, ਸਰਕਾਰੀ ਸੀ. ਸੈਕੰ. ਸਕੂਲ ਮਰਹਾਣਾ ਅਤੇ ਸਰਕਾਰੀ ਹਾਈ ਸਕੂਲ ਖਾਰਾ ਵਿਖੇ ਲੱਗਭੱਗ 01 ਕਰੋੜ 10 ਲੱਖ 38 ਹਜ਼ਾਰ ਰੁਪਏ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।

ਇਸ ਮੌਕੇ ਚੇਅਰਮੈਨ ਸ. ਦਿਲਬਾਗ ਸਿੰਘ, ਡੀਈਓ ਐਲੀਮੈਂਟਰੀ ਸਿੱਖਿਆ ਜਗਵਿੰਦਰ ਸਿੰਘ ਲਹਿਰੀ, ਹਲਕਾ ਇੰਚਾਰਜ ਜਸਵਿੰਦਰ ਸਿੰਘ, ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ, ਬੱਚਿਆਂ ਦੇ ਮਾਪੇ ਅਧਿਆਪਕ ਤੇ ਵਿਦਿਆਰਥੀ ਮੌਜੂਦ ਸੀ।

# ਓ.ਟੀ.ਐਸ. ਯੋਜਨਾ ਰਾਹੀਂ ਪਲਾਟ ਧਾਰਕਾਂ ਨੂੰ ਰਾਹਤ ਦੇਣ ਦਾ ਕੀਤਾ ਗਿਆ ਉਪਰਾਲਾ : ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ

**ਹੁਸ਼ਿਆਰਪੁਰ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ ਨੇ ਆਮ ਜਨਤਾ ਦਾ ਧਿਆਨ ਦਿਵਾਉਂਦੇ ਹੋਏ ਕਿਹਾ ਕਿ ਟਰੱਸਟ ਦੀਆਂ ਵੱਖ-ਵੱਖ ਯੋਜਨਾਵਾਂ ਵਿਚ ਕਈ ਇਸ ਤਰ੍ਹਾਂ ਦੇ ਅਲਾਟੀ/ਟਰਾਂਸਫਰੀ ਹਨ ਜਿਨ੍ਹਾਂ ਨੇ ਹੁਣ ਤੱਕ ਆਪਣੇ ਪਲਾਟ ਦਾ ਪੂਰੀ ਵਿਕਰੀ ਕੀਮਤ ਟਰੱਸਟ ਦਫ਼ਤਰ ਵਿਚ ਜਮ੍ਹਾਂ ਨਹੀਂ ਕਰਵਾਈ ਹੈ ਜਾਂ ਆਪਣੇ ਪਲਾਟ 'ਤੇ ਨਿਰਮਾਣ ਦਾ ਕੰਮ ਨਹੀਂ ਕਰਵਾਇਆ ਹੈ, ਨਾਲ ਹੀ ਸਬੰਧਤ ਨਿਰਮਾਣ ਨਾ ਕਰਵਾਉਣ ਦੀ ਫੀਸ ਵੀ ਸਮੇਂ ਸਿਰ ਜਮ੍ਹਾਂ ਨਹੀਂ ਕਰਵਾਈ ਗਈ ਹੈ। ਇਸ ਸਥਿਤੀ ਨੂੰ ਧਿਆਨ ਵਿਚ ਰੱਖਦੇ ਹੋਏ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਨੇ ਆਮ ਜਨਤਾ ਦੀ ਸੁਵਿਧਾ ਨੂੰ ਦੇਖਦੇ ਹੋਏ ਇਕ ਵਨ ਟਾਈਮ ਸੈਟਲਮੈਂਟ (ਓ.ਟੀ.ਐਸ.) ਯੋਜਨਾ ਲਾਗੂ ਕੀਤੀ ਹੈ। ਇਸ ਯੋਜਨਾ ਤਹਿਤ ਅਲਾਟੀ/ਟਰਾਂਸਫਰੀ ਸਰਕਾਰ ਦੁਆਰਾ ਨਿਰਧਾਰਤ ਨਿਰਦੇਸ਼ਾਂ ਅਨੁਸਾਰ ਵਿਕਰੀ ਮੁੱਲ ਦੀ ਬਾਕੀ ਰਾਸ਼ੀ ਅਤੇ ਨਿਰਮਾਣ ਨਾ ਕਰਵਾਉਣ ਦੀ ਫੀਸ ਸਮੇਤ ਕੁੱਲ ਬਕਾਇਆ ਰਾਸ਼ੀ ਦਾ 50 ਫੀਸਦੀ ਹਿੱਸਾ ਜਮ੍ਹਾਂ ਕਰਵਾ ਕੇ ਲਾਭ ਪ੍ਰਾਪਤ ਕਰ ਸਕਦੇ ਹਨ।

ਚੇਅਰਮੈਨ ਪਾਬਲਾ ਨੇ ਦੱਸਿਆ ਕਿ ਸੀਨੀਅਰ ਸਿਟੀਜ਼ਨ ਔਰਤਾਂ ਨੂੰ ਵਿਸ਼ੇਸ਼ ਛੋਟ ਦਿੰਦੇ ਹੋਏ ਉਨ੍ਹਾਂ ਨੂੰ 31 ਦਸੰਬਰ 2025 ਤੱਕ ਕੇਵਲ 25 ਫੀਸਦੀ ਰਾਸ਼ੀ ਜਮ੍ਹਾਂ ਕਰਵਾ ਕੇ ਆਪਣੇ ਨਕਸ਼ੇ ਨੂੰ ਪਾਸ ਕਰਵਾਉਣ ਅਤੇ ਭਵਨ ਨਿਰਮਾਣ ਦੀ ਪ੍ਰਵਾਨਗੀ ਪ੍ਰਾਪਤ ਕਰਨ



ਦੀ ਸੁਵਿਧਾ ਦਿੱਤੀ ਗਈ ਹੈ। ਇਹ ਯੋਜਨਾ ਉਨ੍ਹਾਂ ਲੋਕਾਂ ਲਈ ਇਕ ਵੱਡਾ ਮੌਕਾ ਹੈ ਜੋ ਵੱਖ-ਵੱਖ ਕਾਰਨ ਕਰਕੇ ਸਮੇਂ ਸਿਰ ਭੁਗਤਾਨ ਜਾਂ ਨਿਰਮਾਣ ਨਹੀਂ ਕਰਵਾ ਸਕੇ ਸਨ।

ਉਨ੍ਹਾਂ ਕਿਹਾ ਕਿ ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਅਤੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਦੀ ਪ੍ਰਗਤੀਸ਼ੀਲ ਨੀਤੀਆਂ ਦਾ ਨਤੀਜਾ ਹੈ। ਉਨ੍ਹਾਂ ਸਰਕਾਰ ਦਾ ਧੰਨਵਾਦ ਕਰਦੇ ਹੋਏ ਵਿਸ਼ਵਾਸ ਪ੍ਰਗਟ ਕੀਤਾ ਕਿ ਭਵਿੱਖ ਵਿਚ ਵੀ ਇਸ ਤਰ੍ਹਾਂ ਦੀਆਂ ਯੋਜਨਾਵਾਂ ਜਨਤਾ ਦੀ ਭਲਾਈ ਲਈ ਲਿਆਂਦੀਆਂ ਜਾਣਗੀਆਂ। ਪਾਬਲਾ ਨੇ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਸ ਓ.ਟੀ.ਐਸ. ਯੋਜਨਾ ਦਾ ਭਰਪੂਰ ਲਾਭ ਉਠਾਉਣ। ਇਸ ਯੋਜਨਾ ਨਾਲ ਸਬੰਧਤ ਵਧੇਰੇ ਜਾਣਕਾਰੀ ਲਈ ਚਾਹਵਾਨ ਵਿਅਕਤੀ ਕਿਸੇ ਵੀ ਕੰਮ ਵਾਲੇ ਦਿਨ ਨਗਰ ਸੁਧਾਰ ਟਰੱਸਟ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।

# ਪੰਜਾਬ ਸਿੱਖਿਆ ਕ੍ਰਾਂਤੀ' ਕੇਵਲ ਇਕ ਮੁਹਿੰਮ ਨਹੀਂ, ਬਲਕਿ ਇਕ ਪਰਿਵਰਤਨ ਦੀ ਲਹਿਰ : ਡਾ. ਰਵਜੋਤ ਸਿੰਘ

**ਹੁਸ਼ਿਆਰਪੁਰ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵਲੋਂ ਚਲਾਏ ਜਾ ਰਹੇ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਅੱਜ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ 4 ਸਰਕਾਰੀ ਸਕੂਲਾਂ ਵਿਚ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨ ਕਰੀਬ 33 ਲੱਖ ਰੁਪਏ ਦੀ ਲਾਗਤ ਨਾਲ ਪੂਰੇ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੁਹਿੰਮ ਦਾ ਉਦੇਸ਼ ਸ਼ਹਿਰੀ ਅਤੇ ਪੇਂਡੂ ਹਲਕੇ ਵਿਚ ਸਮਾਨ ਰੂਪ ਨਾਲ ਗੁਣਵੱਤਾ ਸਿੱਖਿਆ ਪ੍ਰਦਾਨ ਕਰਨਾ ਹੈ।

ਡਾ. ਰਵਜੋਤ ਸਿੰਘ ਨੇ ਕਿਹਾ ਕਿ ਉਨ੍ਹਾਂ 'ਪੰਜਾਬ ਸਿੱਖਿਆ ਕ੍ਰਾਂਤੀ' ਹੁਣ ਕੇਵਲ ਇਕ ਮੁਹਿੰਮ ਨਹੀਂ, ਬਲਕਿ ਇਕ ਪਰਿਵਰਤਨ ਦੀ ਲਹਿਰ ਹੈ ਜੋ ਹਰ ਪਿੰਡ, ਹਰ ਸਕੂਲ ਅਤੇ ਹਰ ਬੱਚੇ ਤੱਕ ਪਹੁੰਚ ਰਹੀ ਹੈ।

ਇਸ ਦੌਰਾਨ ਉਨ੍ਹਾਂ ਸਰਕਾਰੀ ਐਲੀਮੈਂਟਰੀ ਸਕੂਲ ਪੰਡੋਰੀ ਖਜੂਰ ਵਿਚ 7.51 ਲੱਖ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਕਲਾਸ ਰੂਮ, ਸਰਕਾਰੀ ਐਲੀਮੈਂਟਰ ਸਕੂਲ ਚੱਕੋਵਾਲ ਬ੍ਰਾਹਮਣਾ ਵਿਚ 7.51 ਲੱਖ ਰੁਪਏ ਦੀ ਲਾਗਤ ਨਾਲ ਬਣੇ ਕਲਾਸ ਰੂਮ, ਸਰਕਾਰੀ ਐਲੀਮੈਂਟਰੀ ਸਕੂਲ ਕਾਠੇ ਅਧਿਕਾਰੇ ਵਿਚ 4 ਲੱਖ ਰੁਪਏ ਨਾਲ ਬਣੀ ਚਾਰ ਦੀਵਾਰੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਂਧਰਾ ਵਿਚ 11 ਲੱਖ ਰੁਪਏ ਨਾਲ ਬਣੀ ਆਧੁਨਿਕ ਵਿਗਿਆਨ ਪ੍ਰਯੋਗਸ਼ਾਲਾ ਅਤੇ ਇਸੇ ਸਕੂਲ ਵਿਚ ਹੀ ਢਾਈ ਲੱਖ ਰੁਪਏ ਦੀ ਲਾਗਤ ਦੇ ਹੋਰ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ।

ਡਾ. ਰਵਜੋਤ ਸਿੰਘ ਨੇ ਕਿਹਾ ਕਿ ਸਾਡਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਸਰਕਾਰੀ ਸਕੂਲਾਂ ਵਿਚ ਪੜ੍ਹਨ ਵਾਲੇ ਜ਼ਰੂਰਤਮੰਦ ਅਤੇ ਮਧ ਵਰਗ ਦੇ ਬੱਚਿਆਂ ਨੂੰ ਵੀ ਇਹੀ



ਆਧੁਨਿਕ ਸੁਵਿਧਾਵਾਂ ਅਤੇ ਗੁਣਵੱਤਾ ਪ੍ਰਾਪਤ ਹੋਵੇ ਜੋ ਨਿੱਜੀ ਸਕੂਲਾਂ ਵਿਚ ਮਿਲਦੀਆਂ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਹੀ ਕਿਸੇ ਰਾਸ਼ਟਰ ਦੀ ਅਸਲੀ ਤਾਕਤ ਹੁੰਦੀ ਹੈ ਅਤੇ ਸਰਕਾਰ ਦਾ ਇਹ ਕਰਤੱਵ ਹੈ ਕਿ ਉਹ ਹਰ ਬੱਚੇ ਨੂੰ ਸਮਾਨ ਮੌਕੇ ਪ੍ਰਦਾਨ ਕਰੇ।

ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਨਵ-ਨਿਰਮਾਣ ਕਮਰੇ ਸਮਾਰਟ ਕਲਾਸ ਸੁਵਿਧਾਵਾਂ ਅਤੇ ਆਧੁਨਿਕ ਵਿਦਿਅਕ ਤਕਨੀਕਾਂ ਨਾਲ ਲੈਸ ਹਨ ਜਿਸ ਨਾਲ ਬੱਚਿਆਂ ਦਾ ਸਿੱਖਿਆ ਪੱਧਰ ਵਿਚ ਮਹੱਤਵਪੂਰਨ ਸੁਧਾਰ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਨਾ ਸਿਰਫ ਸਿੱਖਿਆ ਵਿਵਸਥਾ ਨੂੰ ਮਜਬੂਤੀ ਦੇਵੇਗਾ ਬਲਕਿ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸ ਅਤੇ ਆਤਮ-ਨਿਰਭਰ ਨਾਗਰਿਕ ਬਣਾਉਣ ਵਿਚ ਵੀ ਸਹਾਇਕ ਹੋਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਵਿਚ 118 ਸਕੂਲ ਆਫ਼ ਐਮੀਨੈਂਸ ਸਥਾਪਿਤ ਕੀਤੇ ਗਏ ਹਨ। ਅਧਿਆਪਕਾਂ ਨੂੰ ਟਰੇਨਿੰਗ ਲਈ ਵਿਦੇਸ਼ਾਂ ਵਿਚ ਭੇਜਿਆ ਜਾ ਰਿਹਾ ਹੈ ਤਾਂ ਜੋ ਬੱਚਿਆਂ ਨੂੰ ਅੱਜ ਦੇ ਸਮੇਂ ਦੇ ਹਿਸਾਬ ਨਾਲ ਬਿਹਤਰੀਨ ਸਿੱਖਿਆ ਦਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰੀ ਐਲੀਮੈਂਟਰੀ ਸਕੂਲਾਂ ਵਿਚ ਅਧਿਆਪਕਾਂ ਦੀ ਘਾਟ ਨੂੰ ਦੂਰ ਕੀਤਾ ਜਾ ਰਿਹਾ ਹੈ। ਸਿਰਫ ਹੁਸ਼ਿਆਰਪੁਰ ਜ਼ਿਲ੍ਹੇ ਵਿਚ ਹੀ 600 ਨਵੇਂ ਅਧਿਆਪਕ ਭੇਜੇ ਗਏ ਹਨ ਜਿਸ ਵਿਚ 125 ਵਿਧਾਨ ਸਭਾ ਹਲਕਾ ਸ਼ਾਮ ਚੁਰਾਸੀ ਲਈ ਭੇਜੇ ਗਏ ਹਨ।

ਡਾ. ਰਵਜੋਤ ਸਿੰਘ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿਚ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾਉਣ ਤਾਂ ਜੋ ਉਹ ਗੁਣਵੱਤਾਪੂਰਨ ਸਿੱਖਿਆ ਦੇ ਨਾਲ-ਨਾਲ ਆਧੁਨਿਕ ਸੰਸਥਾਵਾਂ ਦਾ ਲਾਭ ਵੀ ਪ੍ਰਾਪਤ ਕਰ ਸਕਣ। ਇਸ ਮੌਕੇ ਉਚ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਧੀਰਜ ਵਸ਼ਿਸ਼ਟ, ਰਾਜ ਕੁਮਾਰ, ਓਂਕਾਰ ਸਿੰਘ, ਸੰਜੀਵ ਕੁਮਾਰ, ਡਾ. ਵਿਜੇ, ਸਰਪੰਚ ਗੁਰਮੁਖ ਸਿੰਘ, ਬਖਸ਼ਿੰਦਰ ਸਿੰਘ, ਜਸਵੰਤ ਸਿੰਘ, ਅਜੀਤ ਸਿੰਘ, ਸਰਪੰਚ ਸੰਤੋਸ਼ ਸਿੰਘ, ਬਲਵੀਰ ਸਿੰਘ, ਅਨੀਸ਼ ਕੁਮਾਰ, ਜਸਵੀਰ ਸਿੰਘ, ਕੁਲਵਿੰਦਰ ਰਾਮ, ਸ਼ਿੰਗਾਰਾ ਸਿੰਘ, ਕੁਲਵੰਤ ਸਿੰਘ, ਸੁਖਦੇਵ, ਸਤਨਾਮ ਸਿੰਘ, ਸਰਪੰਚ ਅਨਿਲ ਕੁਮਾਰ, ਸਰਪੰਚ ਬਲਜੀਤ ਕੌਰ, ਚੰਦਰ ਮੋਹਨ ਵਰਮਾ, ਸਰਪੰਚ ਜਸਵਿੰਦਰ ਸਿੰਘ, ਨਿਰਮਲ ਕੌਰ, ਕੇਵਲ ਸਿੰਘ, ਹਰਜਿੰਦਰ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੀ ਟੀਮ ਨੌਜਵਾਨਾਂ ਨੂੰ ਸਕੂਲ, ਕਾਲਜ, ਯੂਨੀਵਰਸਿਟੀ ਅਤੇ ਪਿੰਡਾਂ ਸ਼ਹਿਰਾਂ ਕਸਬਿਆਂ ਵਿੱਚ ਜਾਂ ਕੇ ਨਸ਼ਿਆਂ ਵਿਰੁੱਧ ਕਰ ਰਹੀ ਹੈ ਜਾਗਰੂਕ : ਐਸ ਆਈ




**ਪਟਿਆਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਂਝ ਕੇਂਦਰ ਸਿਟੀ 2 ਪਟਿਆਲਾ ਵਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੂਵਕ ਸੇਵਾਵਾਂ ਕਲੱਬ ਦੀਪ ਨਗਰ, ਪਾਵਰ ਹਾਊਸ ਯੂਵਕ ਸੇਵਾਵਾਂ ਕਲੱਬ ਰਣਜੀਤ ਨਗਰ ਦੇ ਸਹਿਯੋਗ ਅਤੇ ਮਾਨਯੋਗ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਮਾਊਨਟੀ ਅਫੇਅਰ ਗੁਰਪ੍ਰੀਤ ਕੌਰ ਦਿਉਂ, ਡੀ ਆਈ ਜੀ ਪਟਿਆਲਾ ਰੇਂਜ ਮਨਦੀਪ ਸਿੰਘ ਸਿੱਧੂ, ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ, ਐਸ ਪੀ ਹੈਡਕੁਆਰਟਰ -ਕਮ-ਕਾਮਊਨਿਟੀ ਅਫੇਅਰ ਅਫ਼ਸਰ ਵੈਭਵ ਚੋਧਰੀ, ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਨ ਐਸ ਆਈ ਜਸਵੰਤ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 2 ਅਤੇ ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ ਨੇ ਸ਼ਿਰਕਤ ਕੀਤੀ, ਪ੍ਰੋਗਰਾਮ ਦੀ ਪ੍ਰਧਾਨਗੀ ਬਲਜਿੰਦਰ ਸ਼ਰਮਾ ਪੰਜੋਲਾ ਨੇ ਕੀਤੀ, ਪ੍ਰੋਗਰਾਮ ਦਾ ਉਦਘਾਟਨ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ,ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ ਕੀਤਾ ,ਵਿਸ਼ੇਸ਼ ਤੌਰ ਤੇ ਐਸ ਆਈ ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਡਮ ਮੋਨਿਕਾ ਸ਼ਰਮਾ, ਮੈਡਮ ਦੀਪਮਾਲਾ, ਵਿਨੇ ਸ਼ਰਮਾ, ਚਮਨ ਲਾਲ ਗਰਗ, ਉਪਕਾਰ ਸਿੰਘ, ਵਰਿੰਦਰ ਕੁਮਾਰ,ਰਮਨਦੀਪ ਸਿੰਘ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੂਵਕ ਸੇਵਾਵਾਂ ਕਲੱਬ ਦੀਪ ਨਗਰ, ਹਰਮਨਜੀਤ ਸਿੰਘ ਰੰਧਾਵਾ, ਲੱਕੀ ਹਰਦਾਸਪੁਰ, ਸੁਰਿੰਦਰ ਕੌਰ ਆਹੁੱਲਵਾਲੀਆ ,ਅਰਸਲੀਨ ਆਹੁੱਲਵਾਲੀਆ, ਨੇ ਵੀ ਸ਼ਿਰਕਤ ਕੀਤੀ, ਇਸ ਮੌਕੇ ਸੰਬੋਧਨ ਕਰਦਿਆ ਐਸ ਆਈ ਜਸਵੰਤ ਕੁਮਾਰ ਅਤੇ ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਐਸ ਆਈ ਜਸਪਾਲ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੀ ਸਮੁੱਚੀ ਟੀਮ ਨੌਜਵਾਨਾਂ ਨੂੰ ਸਕੂਲ, ਕਾਲਜ, ਯੂਨੀਵਰਸਿਟੀ ਅਤੇ ਪਿੰਡਾਂ, ਸ਼ਹਿਰਾਂ, ਕਸਬਿਆਂ ਵਿੱਚ ਜਾਂ ਕੇ ਨਸ਼ਿਆਂ ਵਿਰੁੱਧ ਨੌਜਵਾਨਾਂ ਨੂੰ ਜਾਗਰੂਕ ਕਰ ਰਹੀ ਹੈ, ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨੌਜਵਾਨਾ ਦਾ ਅੱਗੇ ਆਉਣਾ ਸ਼ਲਾਘਾਯੋਗ ਉਪਰਾਲਾ ਹੈ, ਉਹਨਾਂ ਕਿਹਾ ਕਿ ਨਸ਼ੇ ਰੂਪੀ ਅੱਤਵਾਦ ਦੇ ਖਾਤਮੇ ਲਈ ਪੁਲਿਸ ਨੂੰ ਸਹਿਯੋਗ ਕਰਨ ਲਈ ਪਬਲਿਕ ਨੂੰ ਅੱਗੇ ਆਉਣਾ ਚਾਹੀਦਾ ਹੈ, ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹੋ ਨਸ਼ਿਆਂ ਦੇ ਖਾਤਮੇ ਲਈ ਪੁਲਿਸ ਨੂੰ ਸਹਿਯੋਗ ਕਰਨ ਲਈ ਅੱਗੇ ਆ ਕੇ ਆਪਣਾ ਸਹਿਯੋਗ ਦੇਣ ਤਾਂ ਹੀ ਅਸੀਂ ਪੰਜਾਬ ਵਿਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰ ਸਕਾਂਗੇ।

ਇਸ ਮੌਕੇ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੀ ਅਗਵਾਈ ਹੇਠ ਨੌਜਵਾਨਾਂ ਨੂੰ ਸਾਂਝ ਕੇਂਦਰ ਵੱਲੋਂ ਦਿਤੀਆਂ ਜਾ ਰਹੀਆਂ ਸੁਵਿਧਾਵਾਂ ਬਾਰੇ ਪ੍ਰਚਾਰ ਸਮੱਗਰੀ ਵੀ ਵੰਡੀ ਗਈ। ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਉਹਨਾਂ ਦੀ ਟੀਮ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਲਈ ਪੰਜਾਬ ਪੁਲਿਸ ਦੇ ਨਾਲ ਹਰ ਸਮੇਂ ਵਲੰਟੀਅਰਜ਼ ਸੇਵਾਵਾਂ ਲਈ ਤਿਆਰ ਹੈ।

# ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਮਾਹਿਰਾਂ ਵੱਲੋਂ ਦਿੱਤੀ ਜਾਵੇਗੀ ਸਿਖ਼ਲਾਈ

**ਜਲੰਧਰ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਡਾਇਰੈਕਟਰ, ਡੇਅਰੀ ਕਸ਼ਮੀਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਚਾਰ ਹਫ਼ਤੇ ਦਾ ਡੇਅਰੀ ਉੱਦਮ ਸਿਖ਼ਲਾਈ ਕੋਰਸ 28 ਅਪ੍ਰੈਲ 2025 ਤੋਂ ਡੇਅਰੀ ਸਿਖ਼ਲਾਈ ਕੇਂਦਰ, ਫਗਵਾੜਾ ਵਿਖੇ ਚਲਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੇਂਡੂ ਖੇਤਰ ਨਾਲ ਸਬੰਧਿਤ ਚਾਹਵਾਨ ਡੇਅਰੀ ਫਾਰਮਰ, ਜਿਨ੍ਹਾਂ ਦੀ ਉਮਰ 18 ਤੋਂ 55 ਸਾਲ ਦੇ ਦਰਮਿਆਨ ਹੋਵੇ ਅਤੇ ਘੱਟ ਤੋਂ ਘੱਟ 10ਵੀਂ ਪਾਸ ਹੋਣ ਅਤੇ ਪਹਿਲਾਂ 5 ਪਸ਼ੂ ਰੱਖੇ ਹੋਣ, ਸਿਖ਼ਲਾਈ ਵਿੱਚ ਭਾਗ ਲੈ ਸਕਦੇ ਹਨ।

ਡਿਪਟੀ ਡਾਇਰੈਕਟਰ ਨੇ ਅੱਗੇ ਦੱਸਿਆ ਕਿ ਇਸ ਸਿਖ਼ਲਾਈ ਕੋਰਸ ਵਿੱਚ ਡੇਅਰੀ ਫਾਰਮਰਜ਼ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਵਿਸ਼ਾ ਮਾਹਰਾਂ ਵੱਲੋਂ ਪਸ਼ੂਆਂ ਦੀ ਸਾਂਭ-ਸੰਭਾਲ, ਵੱਖ-ਵੱਖ ਬਿਮਾਰੀਆਂ, ਮਨਸੂਹੀ ਗਰਭਦਾਨ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਦੀ ਪ੍ਰੈਕਟੀਕਲ ਸਿਖ਼ਲਾਈ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸਿਖ਼ਲਾਈ ਦੌਰਾਨ ਮਾਡਲ ਕੈਟਲ ਸ਼ੈੱਡਾਂ ਦੀ ਉਸਾਰੀ, ਦੁੱਧ ਚੁਆਈ ਮਸ਼ੀਨਾਂ ਅਤੇ ਡੇਅਰੀ ਧੰਦੇ ਦੇ ਮੁਕੰਮਲ ਮਸ਼ੀਨੀਕਰਨ ਲਈ ਲੋੜੀਂਦੀਆਂ ਤਕਨੀਕਾਂ ਅਤੇ ਸਬਸਿਡੀਆਂ ਬਾਰੇ ਵੀ ਵਿਸਥਾਰਪੂਰਵਕ ਦੱਸਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਜਲੰਧਰ ਦੇ ਚਾਹਵਾਨ ਨੌਜਵਾਨ ਮਿਤੀ 23-04-2025 ਤੱਕ ਦਫ਼ਤਰ, ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਜਲੰਧਰ, ਆਰ.ਡੀ.ਡੀ.ਐਲ ਕੰਪਲੈਕਸ ਲਾਡੋਵਾਲੀ ਰੋਡ ਤੋਂ ਪ੍ਰਾਸਪੈਕਟ (ਫਾਰਮ) ਹਾਸਲ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਚੁਣੇ ਹੋਏ ਸਿਖਿਆਰਥੀਆਂ ਦੀ ਜਨਰਲ ਕੈਟਾਗਰੀ ਲਈ ਫੀਸ 5000 ਰੁਪਏ ਅਤੇ ਅਨੁਸੂਚਿਤ ਜਾਤੀ ਲਈ 4000 ਰੁਪਏ ਫੀਸ ਹੋਵੇਗੀ। ਉਨ੍ਹਾ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 98781-44601 ਅਤੇ 94787-26641 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਕਰੁਨ ਕੌੜਾ ਵੱਲੋਂ ਸਰਪੰਚ ਯੂਨੀਅਨ ਪੰਜਾਬ ਪਾਰਟੀ ਦਾ ਗਠਨ, ਸਰਪੰਚਾਂ, ਪੰਚਾਂ ਤੇ ਪਿੰਡ ਦੇ ਲੋਕ ਹੱਕਾਂ ਲਈ ਕਰੇਗੀ ਕੰਮ



**ਸਮਾਣਾ/ਪਟਿਆਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਪੰਚ ਯੂਨੀਅਨ ਪੰਜਾਬ ਪ੍ਰਧਾਨ ਕਰੁਨ ਕੌੜਾ ਵੱਲੋਂ ਅੱਜ ਸਰਪੰਚ ਯੂਨੀਅਨ ਪੰਜਾਬ ਪਾਰਟੀ ਦਾ ਗਠਨ ਕੀਤਾ ਗਿਆ, ਜੋ ਕਿ ਸਰਪੰਚਾਂ, ਪੰਚਾਂ ਅਤੇ ਸਾਬਕਾ ਸਰਪੰਚਾਂ, ਮੈਂਬਰਾਂ ਤੇ ਲੋਕ ਹੱਕਾ ਦੇ ਲਈ ਕੰਮ ਕਰੇਗੀ। ਇਸ ਮੌਕੇ ਮੀਡੀਆ ਨੂੰ ਦੱਸਿਆ ਕਿ ਸਰਪੰਚੀ ਇਲੈਕਸ਼ਨਾਂ ਵਿੱਚ ਪੰਜਾਬ ਵਿੱਚ ਇਸ ਵਾਰ ਬਹੁਤ ਸਾਰੇ ਸਰਪੰਚ ਨਵੇਂ ਤੌਰ 'ਤੇ ਪਹਿਲੀ ਵਾਰ ਸਰਪੰਚ ਬਣੇ ਹਨ।

ਕਰੁਨ ਕੌੜਾ ਨੇ ਕਿਹਾ ਕਿ ਜਿਹੜੇ ਸਰਪੰਚਾਂ ਨੂੰ ਕੰਮਕਾਰ ਬਾਰੇ ਘੱਟ ਜਾਣਕਾਰੀ ਹੈ ਜਾਂ ਫਿਰ ਪੋਲੀਟੀਕਲ ਦਬਾਅ ਦੇ ਵਿੱਚ ਉਹ ਕੰਮਕਾਰ ਨਹੀਂ ਕਰ ਪਾ ਰਹੇ, ਇਸ ਲਈ ਸਾਡੇ ਵੱਲੋਂ ਸਰਪੰਚ ਯੂਨੀਅਨ ਪਾਰਟੀ ਦਾ ਗਠਨ ਕੀਤਾ ਗਿਆ ਹੈ। ਇਸ ਵਿੱਚ ਸਾਰੇ ਸਰਪੰਚ ਭੈਣ-ਭਰਾਵਾਂ ਨੂੰ ਨਾਲ ਰੱਖਿਆ ਜਾਵੇਗਾ, ਕਿਸੇ ਨਾਲ ਵੀ ਕਿਸੇ ਪ੍ਰਕਾਰ ਦਾ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਕਰੁਨ ਕੌੜਾ ਨੇ ਦੱਸਿਆ ਕਿ ਇਹ ਐਸੋਸੀਏਸ਼ਨ ਸਰਪੰਚਾਂ ਦੇ ਹੱਕਾਂ ਲਈ ਅੱਗੇ ਵੱਧ ਕੇ ਲੜੇਗੀ ਤਾਂ ਜੋ ਕਿ ਪਿੰਡਾਂ ਦੇ ਕੰਮ ਬਗੈਰ ਕਿਸੇ ਦਬਾਅ ਤੋਂ ਅਤੇ ਬਿਨ੍ਹਾਂ ਕਿਸੇ ਰੁਕਾਵਟ ਤੋਂ ਕਰਵਾਏ ਜਾ ਸਕਣ, ਦੂਜੇ ਪਾਸੇ ਜਿਹੜੇ ਸਰਪੰਚਾਂ ਨੇ ਪਿੰਡਾਂ ਦੇ ਫਾਇਦੇ ਲਈ ਕੁਝ ਔਖੇ ਫ਼ੈਸਲੇ ਲਏ ਹਨ ਜਾਂ ਲੈਣ ਜਾ ਰਹੇ ਹਨ, ਉਹਨਾਂ ਦੀ ਵੀ ਜਾਨ-ਮਾਲ ਦੀ ਸੁਰੱਖਿਆ ਕੀਤੀ ਜਾ ਸਕੇ ਕਿਉਂਕਿ ਆਪਾਂ ਦੇਖਦੇ ਹਾਂ ਕਿ ਆਏ ਦਿਨ ਪੰਜਾਬ ਵਿੱਚ ਕਿਸੇ ਨਾ ਕਿਸੇ ਸਰਪੰਚ ਨੂੰ ਗੋਲੀ ਮਾਰ ਦਿੱਤੀ ਜਾਂਦੀ ਹੈ ਜਾਂ ਫਿਰ ਕੋਈ ਨਾ ਕੋਈ ਸਰਪੰਚ ਝਗੜੇ ਵਿੱਚ ਉਲਝ ਜਾਂਦਾ ਹੈ।ਇਹ ਸਰਪੰਚ ਯੂਨੀਅਨ ਜੋ ਬਣਾਈ ਗਈ ਹੈ, ਇਹ ਸਰਪੰਚਾਂ ਦੇ ਹੱਕਾਂ ਦਾ ਰਾਖਵੀਕਰਨ ਵੀ ਕਰੇਗੀ ਅਤੇ ਸਰਪੰਚਾਂ ਨੂੰ ਸੋਸ਼ਲ ਸਿਕਉਰਿਟੀ ਵੀ ਦਿੱਤੀ ਜਾਵੇਗੀ ਤਾਂ ਜੋ ਕਿ ਕੋਈ ਵੀ ਦਿੱਕਤ ਹੋਵੇ ਤਾਂ ਸਰੀ ਯੂਨੀਅਨ ਭੈਣ-ਭਰਾ ਬਣਕੇ ਨਾਲ ਖੜ੍ਹੇ ਅਤੇ ਅਫ਼ਸਰਾਂ ਅੱਗੇ ਡੱਟ ਕੇ ਉਹਨਾਂ ਨੇ ਬਣਦੇ ਹੱਕਾਂ ਦਿਵਾਉਣ ਵਿੱਚ ਮਦਦ ਕਰੇ।

ਇਸ ਤੋਂ ਇਲਾਵਾ ਹੋਰ ਕਈ ਤਰ੍ਹਾਂ ਦੀ ਆਨਲਾਈਨ ਸੇਵਾਵਾਂ, ਪੰਚਾਇਤੀ ਜ਼ਮੀਨਾਂ ਦੇ ਪੰਗੇ, ਪੰਚਾਇਤੀ ਜ਼ਮੀਨਾਂ ਦੇ ਕਬਜ਼ੇ, ਪਿੰਡਾਂ ਦੀਆਂ ਗਰਾਂਟਾਂ, ਪਿੰਡਾਂ ਵਿੱਚ ਨਵੇਂ ਪ੍ਰੋਜੈਕਟ ਲਗਾਉਣਾ, ਸੀਐੱਸਆਰ ਦੇ ਵਿੱਚ ਕੰਪਨੀਆਂ ਤੋਂ ਪਿੰਡਾਂ ਲਈ ਗਰਾਂਟਾਂ ਲੈ ਕੇ ਆਉਣਾ ਅਤੇ ਸਮੇਂ-ਸਮੇਂ 'ਤੇ ਅਫ਼ਸਰਾਂ ਨੂੰ ਇੱਕ ਜਗ੍ਹਾ ਬੁਲਾ ਕੇ ਸਾਰੇ ਸਰਪੰਚਾਂ ਨੂੰ ਇੱਕਠੇ ਕਰਕੇ ਉਹਨਾਂ ਦੀ ਮੀਟਿੰਗ ਕਰਵਾ ਕੇ ਸਰਪੰਚਾਂ ਦੇ ਮਸਲੇ ਹੱਲ ਕਰਵਾਉਣ ਇਹ ਯੂਨੀਅਨ ਦਾ ਅਹਿਮ ਏਜੰਡਾ ਹੋਵੇਗਾ।

ਇਸ ਸਰਪੰਚ ਯੂਨੀਅਨ ਦੇ ਵਿੱਚ ਕੋਈ ਵੀ ਬੰਦਾ ਚਾਹੇ ਉਹ ਸਾਬਕਾ ਸਰਪੰਚ ਹੈ ਜਾਂ ਫਿਰ ਮੌਜੂਦਾ ਸਰਪੰਚ ਹੈ ਜਾਂ ਫਿਰ ਸਰਪੰਚ ਪੰਚ ਜਾਂ ਫਿਰ ਮੌਜੂਦਾ ਪੰਚ, ਕੋਈ ਵੀ ਸੋਸ਼ਲ ਐਕਟੀਵਿਸਟ, ਸਮਾਜ ਸੇਵੀ, ਪਿੰਡ ਦਾ ਮੋਹਤਰਵਰ ਬੰਦਾ ਮੈਂਬਰਸ਼ਿਪ ਲੈ ਸਕਦਾ ਹੈ। ਜਿਸਦੀ ਕੋਈ ਵੀ ਮੈਂਬਰਸ਼ਿਪ ਫੀਸ ਨਹੀਂ ਹੈ, ਇਸ ਸਰਪੰਚ ਯੂਨੀਅਨ ਪਿੰਡਾਂ ਦੀ ਕਾਇਆ ਪਲਟ ਬਹੁਤ ਜਲਦੀ ਕਰੇਗੀ ਇਸੇ ਲਈ ਸਭ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਲੋਕ ਇਸ ਐਸੋਸੀਏਸ਼ਨ ਦੇ ਵਿੱਚ ਇਸ ਯੂਨੀਅਨ ਨਾਲ ਜੁੜੋ ਤਾਂ ਜੋ ਕਿ ਪਿੰਡਾਂ ਦੀ ਨੁਹਾਰ ਬਦਲੀ ਜਾ ਸਕੇ।

ਖ਼ਾਸ ਕਰਕੇ ਅਸੀਂ ਪਟਿਆਲਾ ਜ਼ਿਲ੍ਹੇ ਦੇ ਪਿੰਡਾਂ ਦੀ ਨੁਹਾਰ ਬਦਲ ਸਕੀਏ, ਜਿੱਥੇ-ਜਿੱਥੇ ਸਰਪੰਚਾਂ ਨੂੰ ਜਾਂ ਪਿੰਡ ਦੇ ਕਿਸੇ ਵੀ ਵਿਅਕਤੀ ਨੂੰ ਯੂਨੀਅਨ ਜਾਂ ਕਰੁਨ ਕੌੜਾ ਦੇ ਐਨਜੀਓ ਓਮ ਫਾਊਡੇਂਸ਼ਨ ਜਾਂ ਫਿਰ ਕਰੁਨ ਕੌੜਾ ਦੀ ਲੋੜ ਹੋਵੇਗੀ, ਇਸ ਯੂਨੀਅਨ ਦੇ ਬੰਦੇ ਉਹਨਾਂ ਨੂੰ ਕਰੁਨ ਕੌੜਾ ਤੱਕ ਪਹੁੰਚਾਉਣ ਦਾ ਮਾਧਿਅਮ ਬਣਨਗੇ ਅਤੇ ਉਹਨਾਂ ਦੇ ਬਣਦੇ ਹੱਕਾਂ ਦੀ ਰਾਖੀ ਕਰਨਗੇ ਤੇ ਕਿਸੇ ਵੀ ਮੁਸ਼ਕਿਲ ਜਾਂ ਫਿਰ ਕੋਰਟ ਕਚਹਿਰੀ , ਥਾਣੇ ਦੇ ਕੰਮਾਂ ਵਿੱਚ ਨਾਲ ਖੜ੍ਹ ਕੇ ਮਦਦ ਕਰਨਗੇ।

ਇਸ ਮੌਕੇ 'ਤੇ ਜਗਦੀਸ਼ ਕੁਮਾਰ ਅਗਰਵਾਲ, ਲਲੀਤ ਕੁਮਾਰ ਸ਼ਰਮਾ, ਭਗਵੰਤ ਸਿੰਘ, ਅਮਰਜੀਤ ਸਿੰਘ (ਸਾਬਕਾ ਸਰਪੰਚ), ਸੋਨੀ ਮਾਜਰੀ (ਪ੍ਰਧਾਨ ਭਾਵਾਦਾਸ ਪਟਿਆਲਾ ਸ਼ਹਿਰੀ), ਪਰਮਿੰਦਰ ਸਿੰਘ ਕਲਿਆਣ, ਕੁਲਵਿੰਦਰ ਸਿੰਘ ਭੰਗੂ, ਨੀਰਜ ਸ਼ਰਮਾ ਅਤੇ ਮੰਗਲ ਸਿੰਘ ਜਾਹਲਾ ਵਿਸ਼ੇਸ਼ ਤੌਰ ਤੇ ਮੌਜੂਦ ਰਹੇ।

# ਪ੍ਰਾਪਰਟੀ ਟੈਕਸ ਵਧਾਉਣ ਦਾ ਮਾਮਲਾ: ਨਿਗਮ ਦੀ ਡਿਪਟੀ ਮੇਅਰ ਤਰੁਣਾ ਮਹਿਤਾ ਵੱਲੋਂ 'ਹਾਊਸ ਟੈਕਸ ਕਮੇਟੀ' ਤੋਂ ਅਸਤੀਫ਼ਾ

**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਟੀ ਬਿਊਟੀਫੁੱਲ ਚੰਡੀਗੜ੍ਹ ਵਿੱਚ ਪ੍ਰਸ਼ਾਸਨ ਵੱਲੋਂ ਵਧਾਏ ਗਏ ਤਿੰਨ ਗੁਣਾ ਪ੍ਰਾਪਰਟੀ ਟੈਕਸ ਦਾ ਮਸਲਾ ਦਿਨੋ-ਦਿਨ ਗੰਭੀਰ ਹੁੰਦਾ ਜਾ ਰਿਹਾ ਹੈ। ਇਸ ਮੁੱਦੇ ਨੂੰ ਲੈ ਕੇ ਅੱਜ ਡਿਪਟੀ ਮੇਅਰ ਤਰੁਣਾ ਮਹਿਤਾ ਨੇ 'ਹਾਊਸ ਟੈਕਸ ਕਮੇਟੀ' ਦੀ ਮੈਂਬਰੀ ਤੋਂ ਅਸਤੀਫ਼ਾ ਦੇ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਹੁਣ ਇਸ ਕਮੇਟੀ ਦੀ ਹੋਰ ਮੀਟਿੰਗ ਕਰਨੀ ਵਾਜਬ ਨਹੀਂ ਹੈ ਜਿੱਥੇ ਜਾਇਦਾਦ ਟੈਕਸ ਦੀਆਂ ਦਰਾਂ ਪਹਿਲਾਂ ਹੀ ਤਿੰਨ ਗੁਣਾ ਵਧਾਈਆਂ ਜਾ ਚੁੱਕੀਆਂ ਹਨ। ਮੇਅਰ ਵੱਲੋਂ ਸਦਨ ਵਿੱਚ ਏਜੰਡਾ ਲਿਆਉਣ ਤੋਂ ਪਹਿਲਾਂ ਇਸ 'ਤੇ ਹਾਊਸ ਟੈਕਸ ਕਮੇਟੀ ਵਿੱਚ ਚਰਚਾ ਨਹੀਂ ਕੀਤੀ ਗਈ। ਟੈਕਸ ਦੇ ਇਸ ਏਜੰਡੇ ਨੂੰ ਹਾਊਸ ਟੈਕਸ ਕਮੇਟੀ ਵਿੱਚ ਪੂਰੀ ਯੋਜਨਾਬੰਦੀ ਨਾਲ ਨਾ ਲਿਆ ਕੇ ਅਤੇ ਮੇਅਰ ਵੱਲੋਂ ਹਾਊਸ ਦੀ ਮੀਟਿੰਗ ਵਿੱਚ ਪੂਰੀ ਸੋਚੀ-ਸਮਝੀ ਸਕੀਮ ਨਾਲ ਲਿਆਂਦੇ ਗਏ ਪ੍ਰਾਪਰਟੀ ਟੈਕਸ ਵਧਾਉਣ ਦੇ ਏਜੰਡੇ ਨੂੰ ਰੱਦ ਕਰਕੇ, ਭਾਜਪਾ ਨੇ ਕਾਨੂੰਨੀ ਤੌਰ 'ਤੇ ਪ੍ਰਸ਼ਾਸਨ ਲਈ ਰਸਤਾ ਸਾਫ਼ ਕਰ ਦਿੱਤਾ ਤਾਂ ਜੋ ਪ੍ਰਸ਼ਾਸਨ ਖੁਦ ਆਪਣੀ ਮਰਜ਼ੀ ਅਨੁਸਾਰ ਟੈਕਸ ਲਗਾ ਸਕੇ।

ਡਿਪਟੀ ਮੇਅਰ ਤਰੁਣਾ ਮਹਿਤਾ ਨੇ ਕਿਹਾ ਕਿ ਮੇਅਰ ਸਮੇਤ ਭਾਜਪਾ ਕੌਂਸਲਰਾਂ ਅਤੇ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਪ੍ਰਾਪਰਟੀ ਟੈਕਸ ਤਿੰਨ ਗੁਣਾ ਵਧਾਇਆ ਗਿਆ ਹੈ।

ਹੁਣ ਜਦੋਂ ਪੂਰੇ ਸ਼ਹਿਰ ਵਿੱਚ ਲੋਕਾਂ ਵੱਲੋਂ ਭਾਜਪਾ ਵਿਰੁੱਧ ਅਵਾਜ਼ ਉੱਠਣੀ ਸ਼ੁਰੂ ਹੋ ਗਈ ਹੈ ਤਾਂ ਭਾਜਪਾ ਕੌਂਸਲਰ ਮਗਰਮੱਛ ਦੇ ਹੰਝੂ ਵਹਾ ਰਹੇ ਹਨ ਅਤੇ ਅਸਤੀਫ਼ੇ ਦੀ ਪੇਸ਼ਕਸ਼ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦੇ ਸਾਹਮਣੇ ਅਸਤੀਫ਼ਾ ਦੇਣ ਦੀ ਧਮਕੀ ਦੇਣ ਵਾਲੇ ਬੇਵੱਸ ਅਤੇ ਸ਼ਕਤੀਹੀਣ ਨਿਗਮ ਮੇਅਰ ਅਤੇ ਭਾਜਪਾ ਕੌਂਸਲਰ ਇਹ ਸਾਬਤ ਕਰਦੇ ਹਨ ਕਿ ਅੱਜ ਕੇਂਦਰ ਵਿੱਚ ਭਾਜਪਾ ਸਰਕਾਰ ਅਧੀਨ ਪ੍ਰਸ਼ਾਸਨ ਦੇ ਅਧਿਕਾਰੀ ਭਾਜਪਾ ਦੀ ਗੱਲ ਨਹੀਂ ਸੁਣਦੇ ਅਤੇ ਉਹ ਬੇਲਗਾਮ ਹੋ ਗਏ ਹਨ ਜੋ ਇਤਿਹਾਸ ਵਿੱਚ ਕਦੇ ਨਹੀਂ ਹੋਇਆ। ਭਾਜਪਾ ਪ੍ਰਸ਼ਾਸਨ, ਜਿਸ ਨੇ ਜਾਇਦਾਦ ਟੈਕਸ ਵਧਾਇਆ ਹੈ, ਨੂੰ ਖੁਦ ਕਰੋੜਾਂ ਰੁਪਏ ਟੈਕਸ ਦੇ ਰੂਪ ਵਿੱਚ ਅਦਾ ਕਰਨੇ ਪੈ ਰਹੇ ਹਨ, ਯਾਨੀ ਕਿ ਇਹ ਡਿਫਾਲਟਰਾਂ ਦੀ ਸੂਚੀ ਵਿੱਚ ਸ਼ਾਮਲ ਹੈ। ਜੇਕਰ ਇਹ ਟੈਕਸ ਅਦਾ ਵੀ ਕਰ ਦਿੰਦਾ ਹੈ ਤਾਂ ਵੀ ਇਹ ਨਗਰ ਨਿਗਮ ਦੀ ਕਮਜ਼ੋਰ ਵਿੱਤੀ ਹਾਲਤ ਨੂੰ ਬਹੁਤ ਰਾਹਤ ਦੇਵੇਗਾ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਕਾਂਗਰਸ ਇਸ ਲੋਕ ਵਿਰੋਧੀ ਫ਼ੈਸਲੇ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਦੀ ਰਹੇਗੀ।

# ਬਾਰ ਐਸੋਸੀਏਸ਼ਨ ਦਾ ਵਫ਼ਦ ਪੰਚਾਇਤ ਮੰਤਰੀ ਨੂੰ ਮਿਲਿਆ



**ਪੰਚਕੂਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਰਾਕੇਸ਼ ਸ਼ਰਮਾ ਐਡਵੋਕੇਟ ਅਤੇ ਸਾਬਕਾ ਪ੍ਰਧਾਨ ਪੰਜਾਬ ਤੇ ਹਰਿਆਣਾ ਰਣਧੀਰ ਸਿੰਘ ਬਧਰਾਣ ਅਤੇ ਲਾਭ ਸਿੰਘ, ਸੋਹਣ ਲਾਲ, ਮਨੋਜ ਗੌੜ, ਜਸਬੀਰ ਥੌਲ ਦੀ ਅਗਵਾਈ ਹੇਠ ਇੱਕ ਵਫ਼ਦ ਪੰਚਾਇਤ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੂੰ ਚੰਡੀਗੜ੍ਹ ਸਥਿਤ ਉਨ੍ਹਾਂ ਦੀ ਰਿਹਾਇਸ਼ 'ਤੇ ਮਿਲਿਆ। ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਰਾਕੇਸ਼ ਸ਼ਰਮਾ ਐਡਵੋਕੇਟ ਨੇ ਬਾਰ ਕੰਪਲੈਕਸ ਵਿੱਚ ਪਾਰਕਿੰਗ ਪ੍ਰਣਾਲੀ ਨੂੰ ਬਿਹਤਰ ਬਣਾਉਣ ਦੇ ਨਾਲ-ਨਾਲ ਚੈਂਬਰਾਂ ਦੀ ਗਿਣਤੀ ਵਧਾਉਣ ਦੀ ਮੰਗ ਕੀਤੀ ਤਾਂ ਜੋ ਅਦਾਲਤ ਵਿੱਚ ਆਉਣ ਵਾਲੇ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਇਸ 'ਤੇ ਪੰਚਾਇਤ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੇ ਬਹੁਤ ਜਲਦੀ ਪੰਚਕੂਲਾ ਬਾਰ ਆਉਣ ਦਾ ਭਰੋਸਾ ਦਿੱਤਾ ਅਤੇ ਪੰਚਕੂਲਾ ਬਾਰ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦਾ ਵੀ ਭਰੋਸਾ ਦਿੱਤਾ।

# ਬੇਟੀ ਬਚਾਓ-ਬੇਟੀ ਪੜ੍ਹਾਓ' ਬਾਰੇ ਜਾਗਰੂਕਤਾ ਰੈਲੀ




**ਰਤੀਆ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਵਾਰਡ ਨੰਬਰ 5 ਵਿੱਚ ਪੋਸ਼ਣ ਪੰਦਰਵਾੜੇ ਤਹਿਤ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ 'ਬੇਟੀ ਬਚਾਓ-ਬੇਟੀ ਪੜ੍ਹਾਓ' ਬਾਰੇ ਜਾਗਰੂਕਤਾ ਰੈਲੀ ਕੱਢੀ ਗਈ। ਇਸ ਵਿੱਚ ਸਕੂਲੀ ਵਿਦਿਆਰਥੀਆਂ ਦੇ ਨਾਲ-ਨਾਲ ਹੋਰ ਲੋਕਾਂ ਨੇ ਵੀ ਰੈਲੀ ਵਿੱਚ ਹਿੱਸਾ ਲਿਆ। ਰੈਲੀ ਨੂੰ ਆਂਗਣਵਾੜੀ ਵਰਕਰਾਂ ਸੁਲੇਖਾ ਛਿੰਦੋ ਅਤੇ ਮੋਨਿਕਾ ਨੇ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਇਹ ਪੋਸ਼ਣ ਪੰਦਰਵਾੜਾ 22 ਅਪਰੈਲ ਤੱਕ ਚੱਲੇਗਾ। ਇਸ ਤਹਿਤ ਅੱਜ ਵਾਰਡ ਨੰਬਰ 5 ਵਿੱਚ ਧੀਆਂ ਬਚਾਓ ਦਾ ਸੱਦਾ ਦੇਣ ਲਈ ਵੱਖ-ਵੱਖ ਨਾਅਰਿਆਂ ਦੀ ਵਰਤੋਂ ਕੀਤੀ ਗਈ ਤਾਂ ਜੋ ਵੱਧ ਤੋਂ ਵੱਧ ਧੀਆਂ ਨੂੰ ਬਚਾਇਆ ਜਾ ਸਕੇ ਅਤੇ ਉਨ੍ਹਾਂ ਨੂੰ ਸਿੱਖਿਆ ਦਿੱਤੀ ਜਾ ਸਕੇ।

ਉਨ੍ਹਾਂ ਕਿਹਾ ਕਿ ਸਰਕਾਰ ਕੁੜੀਆਂ ਦੀ ਸੁਰੱਖਿਆ ਅਤੇ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਆਲੇ-ਦੁਆਲੇ ਦੇ ਲੋਕਾਂ ਨੂੰ ਇਸ ਮੁਹਿੰਮ ਵਿੱਚ ਸ਼ਾਮਲ ਹੋਣ ਅਤੇ ਜਾਗਰੂਕਤਾ ਫੈਲਾਉਣ ਦੀ ਸਲਾਹ ਵੀ ਦਿੱਤੀ।

# ਧਰਮ ਅਤੇ ਸਮਾਜ ਦੀ ਰੱਖਿਆ ਲਈ ਸ਼੍ਰੀ ਗੁਰੂ ਤੇਗ ਬਹਾਦਰ ਜੀ ਨੇ ਕੁਰਬਾਨ ਕੀਤਾ ਸਾਰਾ ਵੰਸ਼ : ਨਾਇਬ ਸਿੰਘ ਸੈਣੀ



**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ਼੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਨੇ ਧਰਮ ਅਤੇ ਸਮਾਜ ਦੀ ਰੱਖਿਆ ਲਈ ਆਪਣਾ ਸਾਰਾ ਵੰਸ਼ ਕੁਰਬਾਨ ਕਰ ਦਿੱਤਾ।

ਉਨ੍ਹਾਂ ਨੇ ਨਾਗਰੀਕਾਂ ਨਾਲ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਆਦਰਸ਼ਾਂ, ਸਿਖਿਆਵਾਂ ਅਤੇ ਵਾਣੀ ਨੂੰ ਆਪਣੇ ਜੀਵਨ ਵਿੱਚ ਧਾਰਣ ਕਰਨ ਦੀ ਅਪੀਨ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਬਲਿਦਾਨ ਅਤੇ ਤਿਆਗ ਦੀ ਭਾਵਨਾ ਨੂੰ ਹਮੇਸ਼ਾ ਆਪਣੇ ਜਹਿਨ ਵਿੱਚ ਯਾਦ ਰੱਖਣ। ਇਹ ਹੀ ਸਾਡੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸ਼ੁੱਕਰਵਾਰ ਨੂੰ ਪਿੰਡ ਬੀਡ ਮਥਾਨਾ ਵਿੱਚ ਗੁਰੂਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਦਿਹਾੜੇ ’ਤੇ ਸ੍ਰੀ ਗੁਰੂਦੁਆਰਾ ਸਿੰਘ ਕਮੇਟੀ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਬੋਲ ਰਹੇ ਸਨ।ਇਸ ਤੋਂ ਪਹਿਲਾਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ, ਵਧੀਕ ਰਾਜ ਮੰਤਰੀ ਸੁਭਾਸ਼ ਸੁਧਾ ਨੇ ਪਿੰਡ ਬੀਡ ਮਥਾਨਾ ਦੇ ਪ੍ਰਵੇਸ਼ ਦੁਆਰ ’ਤੇ ਸ੍ਰੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਬੀਡ ਮਥਾਨਾ ਵੱਲੋਂ ਬਣਾਏ ਗਏ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੁਆਰ ਦਾ ਉਦਘਾਟਨ ਕੀਤਾ।

ਇਸ ਤੋਂ ਬਾਦ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪਿੰਡ ਦੇ ਸ੍ਰੀ ਗੁਰੂਦੁਆਰਾ ਸਿੰਘ ਕਮੇਟੀ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੱਥਾ ਟੇਕਿਆ ਅਤੇ ਪ੍ਰਦੇਸ਼ ਵਾਸਿਆਂ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ।

# ਸ਼ਾਨਨ ਪਾਵਰ ਪ੍ਰੋਜੈਕਟ ਪੰਜਾਬ ਦੀ ਮਲਕੀਅਤ : ਹਰਭਜਨ ਸਿੰਘ ਈਟੀਓ

**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਦੇ ਬਿਜਲੀ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਅੱਜ ਇੱਥੇ ਇੱਕ ਬਿਆਨ ਜਾਰੀ ਕਰਦਿਆਂ ਹਿਮਾਚਲ ਪ੍ਰਦੇਸ਼ ਦੇ ਉੱਪ ਮੁੱਖ ਮੰਤਰੀ ਅਤੇ ਸਹਿਕਾਰਤਾ ਮੰਤਰੀ ਸ੍ਰੀ ਮੁਕੇਸ਼ ਅਗਨੀਹੋਤਰੀ ਵੱਲੋਂ ਸ਼ਾਨਨ ਪਾਵਰ ਪ੍ਰੋਜੈਕਟ ਸਬੰਧੀ ਦਿੱਤੇ ਗਏ ਬਿਆਨ ਨੂੰ ਮੁੱਢੋਂ ਰੱਦ ਕਰਦਿਆਂ, ਕਿਹਾ ਕਿ ਸ਼ਾਨਨ ਪਾਵਰ ਪ੍ਰੋਜੈਕਟ ਪੰਜਾਬ ਰਾਜ ਦੀ ਮਲਕੀਅਤ ਹੈ ਅਤੇ ਇਸ ਉਤੇ ਹਿਮਾਚਲ ਪ੍ਰਦੇਸ਼ ਦੀ ਸਰਕਾਰ ਦਾ ਕੋਈ ਹੱਕ ਨਹੀਂ ਬਣਦਾ।

ਉਨ੍ਹਾਂ ਕਿਹਾ ਕਿ ਸ੍ਰੀ ਅਗਨੀਹੋਤਰੀ ਨੂੰ ਸ਼ਾਨਨ ਪ੍ਰੋਜੈਕਟ ਸਬੰਧੀ ਬਿਆਨ ਦੇਣ ਤੋਂ ਪਹਿਲਾਂ ਤੱਥਾਂ ਤੋਂ ਜਾਣੂ ਹੋ ਜਾਣਾ ਚਾਹੀਦਾ ਸੀ। ਤੱਥਾਂ ਤੋਂ ਅਣਜਾਣ ਹੋਣ ਕਾਰਨ ਸ੍ਰੀ ਅਗਨੀਹੋਰਤੀ ਗਲ਼ਤ ਬਿਆਨਬਾਜ਼ੀ ਕਰਕੇ ਦੋ ਰਾਜਾਂ ਦੇ ਆਪਸੀ ਸਬੰਧਾਂ ਨੂੰ ਖਰਾਬ ਕਰਨ ਦਾ ਕੰਮ ਕਰ ਰਹੇ ਹਨ।

ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮੈਂ ਸ੍ਰੀ ਅਗਨੀਹੋਤਰੀ ਦੀ ਜਾਣਕਾਰੀ ਲਈ ਦੱਸਣਾਂ ਚਾਹੁੰਦਾ ਹਾਂ ਕਿ 1966 ਵਿੱਚ ਪੰਜਾਬ ਰਾਜ ਦਾ ਪੁਨਰਗਠਨ ਹੋਇਆ ਸੀ , ਜਿਸ ਉਪਰੰਤ ਭਾਰਤ ਸਰਕਾਰ ਨੇ ਪੁਨਰਗਠਿਤ ਰਾਜਾਂ ਦੀਆਂ ਜਾਇਦਾਦਾਂ ਅਤੇ ਦੇਣਦਾਰੀਆਂ ਦੀ ਮਾਲਕੀ ਸਬੰਧੀ ਮਿਤੀ 01-05-



1967 ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਪੰਜਾਬ ਪੁਨਰਗਠਨ ਐਕਟ 1966 ਦੀ ਧਾਰਾ 67(4) ਦੇ ਅਨੁਸਾਰ ਭਾਰਤ ਸਰਕਾਰ ਨੇ ਹਾਈਡਰੋ ਪਾਵਰ ਹਾਊਸ ਜੋਗਿੰਦਰ ਨਗਰ ਦੀਆਂ ਜਾਇਦਾਦਾਂ ਪੰਜਾਬ ਰਾਜ ਬਿਜਲੀ ਬੋਰਡ ਨੂੰ ਅਲਾਟ ਕੀਤੀਆਂ ਗਈਆਂ ਸਨ,ਜੋ ਕਿ ਹੁਣ ਪੀਐਸਪੀਸੀਐਲ ਵਜੋਂ ਪੰਜਾਬ ਰਾਜ ਵਿੱਚ ਸੇਵਾਵਾਂ ਦੇ ਰਿਹਾ ਹੈ ।

ਉਨ੍ਹਾਂ ਕਿਹਾ ਕਿ ਸ੍ਰੀ ਅਗਨੀਹੋਰਤੀ ਨੂੰ ਸਮਝਣਾ ਚਾਹੀਦਾ ਹੈ ਕਿ ਜੋ ਐਕਟ ਸੰਸਦ ਵੱਲੋਂ ਲਾਗੂ ਕੀਤਾ ਗਿਆ ਹੋਵੇ ਉਹ ਕਾਨੂੰਨ ਬਣ ਜਾਂਦਾ ਹੈ , ਜੋ ਕਿ ਬਿਨਾਂ ਕਿਸੇ ਬਦਲਾਅ ਦੇ ਲਾਗੂ ਹੋਣ ਯੋਗ ਦਸਤਾਵੇਜ਼ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਨਰਗਠਨ ਰਾਜਾਂ ਦੇ ਅਧਿਕਾਰਾਂ ਨੂੰ ਨਿਰਧਾਰਤ ਕਰਦਾ ਹੈ, ਇਸ ਲਈ, ਸ਼ਾਨਨ ਪ੍ਰੋਜੈਕਟ ਪੂਰਨ ਰੂਪ ਵਿੱਚ ਪੰਜਾਬ ਰਾਜ ਦੀ ਸੰਪਤੀ ਹੈ ।

ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਭਾਰਤ ਸਰਕਾਰ ਦੇ ਸਿੰਚਾਈ ਅਤੇ ਬਿਜਲੀ ਮੰਤਰਾਲੇ ਵੱਲੋਂ ਆਪਣੇ ਪੱਤਰ ਨੰਬਰ ਈਐਲ11.77(45)/71 ਮਿਤੀ 22-03-1972 ਰਾਹੀਂ ਹਿਮਾਚਲ ਪ੍ਰਦੇਸ਼ ਸਰਕਾਰ ਦੇ ਬਹੁ-ਮੰਤਵੀ ਪ੍ਰੋਜੈਕਟਾਂ ਅਤੇ ਬਿਜਲੀ ਵਿਭਾਗ ਦੇ ਸਕੱਤਰ ਨੂੰ ਸੁਚਿਤ ਕੀਤਾ ਗਿਆ ਸੀ ਕਿ ਬਿਜਲੀ ਸਟੇਸ਼ਨਾਂ ਦੀ ਵੰਡ ਬਾਬਤ 01-05-1967 ਦੀ ਨੋਟੀਫਿਕੇਸ਼ਨ ਨੂੰ ਸੋਧਿਆ ਨਹੀਂ ਜਾਵੇਗਾ। ਇਸ ਤੋਂ ਇਲਾਵਾ, ਜਾਇਦਾਦ ਦੀ ਮਾਲਕੀ ਸੰਬੰਧੀ ਮੁੱਦਾ ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਭਾਰਤ ਸਰਕਾਰ ਦੇ ਬਿਜਲੀ ਵਿਭਾਗ, ਊਰਜਾ ਮੰਤਰਾਲੇ ਕੋਲ ਵੀ ਉਠਾਇਆ ਗਿਆ ਸੀ ਅਤੇ ਇਸਨੂੰ ਸਾਲ 1987 ਵਿੱਚ ਵੀ ਭਾਰਤ ਸਰਕਾਰ ਵੱਲੋ ਦੁਬਾਰਾ ਸਪੱਸ਼ਟ ਤੌਰ ’ਤੇ ਰੱਦ ਕਰ ਦਿੱਤਾ ਗਿਆ ਸੀ। ਜਿਸ ਤੋਂ ਸਪਸ਼ਟ ਹੋ ਜਾਂਦਾ ਹੈ ਕਿ ਸ਼ਾਨਨ ਪਾਵਰ ਪ੍ਰੋਜੈਕਟ ਦੀ ਪੰਜਾਬ ਰਾਜ ਨੂੰ ਅਲਾਟਮੈਂਟ ਬਿਲਕੁਲ ਦਰੁਸਤ ਹੈ ਅਤੇ ਇਹ ਪੰਜਾਬ ਦਾ ਹੈ।ਬਿਜਲੀ ਮੰਤਰੀ ਨੇ ਕਿਹਾ ਕਿ ਸ੍ਰੀ ਅਗਨੀਹੋਤਰੀ ਵੱਲੋਂ ਆਪਣੇ ਬਿਆਨ ਵਿੱਚ ਇਹ ਕਹਿਣਾ ਕਿ ਮੰਡੀ ਦੇ ਰਾਜੇ ਵੱਲੋਂ ਭਾਰਤ ਸਰਕਾਰ ਨੂੰ 99 ਸਾਲ ਦੇ ਪਟੇ ’ਤੇ ਦਿੱਤਾ ਗਿਆ ਸੀ ਅਤੇ ਇਸ ਦੇ ਨਾਲ ਇਹ ਵੀ ਕਹਿਣਾ ਕਿ ਹਿਮਾਚਲ ਪ੍ਰਦੇਸ਼ ਦਾ ਮੰਡੀ ਇਲਾਕਾ ਕਦੇ ਵੀ ਪੰਜਾਬ ਰਾਜ ਦਾ ਹਿੱਸਾ ਨਹੀਂ ਰਿਹਾ ,ਬਾਰੇ ਮੈਂ ਸ੍ਰੀ ਅਗਨੀਹੋਤਰੀ ਨੂੰ ਦੱਸਣਾ ਚਾਹੁੰਦਾ ਹਾਂ ਕਿ ਮੰਡੀ ਦੇ ਰਾਜੇ ਅਤੇ ਅੰਗਰੇਜ਼ ਸਰਕਾਰ ਵਿਚ ਸਮਝੌਤੇ ਤਹਿਤ ਸੰਨ 1925 ਵਿੱਚ ਬਣਨਾ ਸ਼ੁਰੂ ਹੋਇਆ ਸੀ ਅਤੇ 1932 ਵਿੱਚ ਪੂਰਾ ਹੋ ਗਿਆ ਸੀ। ਭਾਰਤ ਦੇਸ਼ ਬਣਨ ਉਪਰੰਤ ਹਿਮਾਚਲ ਦਾ ਹਰ ਜ਼ਿਲ੍ਹਾ ਪੰਜਾਬ ਦਾ ਹਿੱਸਾ ਸੀ । ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਮਨਘੜ੍ਹਤ ਬਿਆਨ ਦੇ ਕੇ ਸ੍ਰੀ ਅਗਨੀਹੋਤਰੀ ਹਿਮਾਚਲ ਦੇ ਲੋਕਾਂ ਨੂੰ ਮੂਰਖ ਬਨਾਉਣਾ ਚਾਹੁੰਦੇ ਹਨ।

ਬਿਜਲੀ ਮੰਤਰੀ ਨੇ ਕਿਹਾ ਕਿ ਸਾਲ 2023 ਵਿੱਚ ਵੀ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਨੇ ਸ਼ਾਨਨ ਪਾਵਰ ਪ੍ਰੋਜਕਟ ਦੀ ਲੀਜ਼ ਦੇ ਖਤਮ ਹੋਣ ਸਬੰਧੀ ਜ਼ਿਕਰ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੂੰ ਪੱਤਰ ਲਿਖਿਆ ਗਿਆ ਸੀ ਕਿ ਇਹ ਪ੍ਰੋਜੈਕਟ ਹੁਣ ਹਿਮਾਚਲ ਸਰਕਾਰ ਨੂੰ ਸੌਂਪਿਆ ਜਾਵੇ

ਉਨ੍ਹਾਂ ਕਿਹਾ ਕਿ ਹਿਮਾਚਲ ਪ੍ਰਦੇਸ਼ ਵੱਲੋਂ ਸ਼ਾਨਨ ਪਾਵਰ ਪ੍ਰੋਜੈਕਟ ਸਬੰਧੀ ਬਣਾਏ ਜਾ ਰਹੇ ਬੇਵਜਹ ਦਬਾਅ ਨੂੰ ਖ਼ਤਮ ਕਰਨ ਅਤੇ ਪੰਜਾਬ ਦੇ ਹਿੱਤਾ ਦੀ ਰਾਖੀ ਦੇ ਮੱਦੇ ਨਜ਼ਰ ਪੰਜਾਬ ਸਰਕਾਰ ਦੇ ਸਕੱਤਰ (ਬਿਜਲੀ) ਵੱਲੋਂ ਮਾਣਯੋਗ ਸਰਵ ਉੱਚ ਅਦਾਲਤ ਵਿੱਚ ਕੇਸ ਦਾਇਰ ਕੀਤਾ ਗਿਆ ਹੈ ਜੋਕਿ ਮਾਣਯੋਗ ਸਰਵ ਉੱਚ ਅਦਾਲਤ ਦੇ ਵਿਚਾਰ ਅਧੀਨ ਹੈ। ਇਸ ਲਈ ਸ੍ਰੀ ਮੁਕੇਸ਼ ਅਗਨੀਹੋਰਤੀ ਨੂੰ ਸ਼ਾਨਨ ਪਾਵਰ ਪ੍ਰੋਜੈਕਟ ਸਬੰਧੀ ਬਿਆਨਬਾਜ਼ੀ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

# ਕੈਬਨਿਟ ਮੰਤਰੀ ਨੇ ਲੱਗਭਗ 4.80 ਕਰੋੜ ਰੁਪਏ ਦੀ ਲਾਗਤ ਨਾਲ ਮੁੜ ਤਿਆਰ ਹੋਣ ਵਾਲੇ ਪੱਕੇ ਖਾਲਿਆਂ ਦਾ ਕੀਤਾ ਉਦਘਾਟਨ



**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਖੇਤੀਬਾੜੀ ਦੀ ਸਿੰਚਾਈ ਲਈ ਪੂਰਾ ਪਾਣੀ ਪਹੁੰਚਾਇਆ ਜਾ ਰਿਹਾ ਹੈ, ਇਹ ਪ੍ਰਗਟਾਵਾ ਡਾ.ਬਲਜੀਤ ਕੌਰ ਸਮਾਜਿਕ ਸੁਰੱਖਿਆ,ਇਸਤਰੀ,ਬਾਲ ਵਿਕਾਸ ਮੰਤਰੀ ਪੰਜਾਬ ਨੇ ਮਲੋਟ ਵਿਧਾਨ ਸਭਾ ਹਲਕੇ ਦੇ ਪਿੰਡ ਘੁਮਿਆਰਾਂ ਖੇੜਾ, ਜੰਡਵਾਲਾ,ਬੱਲਮਗੜ੍ਹ, ਲੱਖੇਵਾਲੀ, ਮੌੜ, ਫਕਰਸਰ ਅਤੇ ਥੇੜ੍ਹੀ ਵਿਖੇ 4.80 ਕਰੋੜ ਰੁਪਏ ਦੀ ਲਾਗਤ ਨਾਲ ਮੁੜ ਉਸਾਰੇ ਜਾਣ ਵਾਲੇ ਖਾਲਿਆਂ ਦਾ ਉਦਘਾਟਨ ਕਰਦਿਆਂ ਕੀਤਾ।

ਉਹਨਾਂ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਲਕੇ ਦੇ ਲੋਕਾਂ ਨਾਲ ਵਿਕਾਸ ਦੇ ਕੰਮ ਸ਼ੁਰੂ ਕਰਨ ਲਈ ਜੋ ਵਾਅਦੇ ਕੀਤੇ ਗਏ ਸਨ, ਇਹ ਵਾਅਦੇ ਲੜੀਵਾਰ ਪੂਰੇ ਕੀਤੇ ਜਾ ਰਹੇ ਹਨ।

ਉਹਨਾਂ ਮਲੋਟ ਰਜਬਾਹਾ ਨੂੰ ਲੱਗਦੇ ਪਿੰਡ ਜੰਡਵਾਲਾ ਵਿਖੇ 66.32 ਲੱਖ ਰੁਪਏ ਦੀ ਲਾਗਤ ਨਾਲ ਪੱਕਾ ਬਨਣ ਵਾਲੇ ਖਾਲੇ ਦੇ ਕੰਮ ਦੀ ਸ਼ੁਰੂਆਤ ਕੀਤੀ।

ਇਸੇ ਤਰ੍ਹਾਂ ਹੀ ਉਹਨਾਂ ਆਪਣੇ ਦੌਰੇ ਦੌਰਾਨ ਲਾਲਬਾਈ ਰਜਬਾਹਾ ਨਾਲ ਲੱਗਦੇ ਪਿੰਡ ਘੁਮਿਆਰਾਂ ਖੇੜਾ ਦੇ ਕੱਚੇ ਖਾਲੇ ਨੂੰ ਪੱਕਾ ਕਰਨ ਦੇ ਕੰਮ ਦਾ ਉਦਘਾਟਨ ਕੀਤਾ, ਜਿਸ ਤੇ ਸਰਕਾਰ ਵਲੋਂ 77.09 ਲੱਖ ਰੁਪਏ ਖਰਚ ਕੀਤੇ ਜਾਣਗੇ ਤਾਂ ਜੋ ਟੇਲਾਂ ਤੇ ਪੈਂਦੀਆਂ ਜਮੀਨਾਂ ਨੂੰ ਨਹਿਰੀ ਪਾਣੀ ਦੀ ਪੂਰੀ ਸਪਲਾਈ ਮੁਹੱਈਆਂ ਹੋ ਸਕੇ।

ਆਪਣੇ ਦੌਰੇ ਦੌਰਾਨ ਕੈਬਨਿਟ ਮੰਤਰੀ ਨੇ 57.05 ਲੱਖ ਦੀ ਲਾਗਤ ਦਾ ਪਿੰਡ ਲੱਖੇਵਾਲੀ ’ਚ ਕੱਚੇ ਖਾਲ ਨੂੰ ਪੱਕਾ ਕਰਨ ਦੀ ਉਸਾਰੀ ਦਾ ਉਦਘਾਟਨ ਕੀਤਾ, 54.63 ਲੱਖ ਦੀ ਲਾਗਤ ਨਾਲ ਪਿੰਡ ਬੱਲਮਗੜ੍ਹ ’ਚ ਕੱਚੇ ਖਾਲ ਨੂੰ ਪੱਕਾ ਕਰਨ ਦੀ ਉਸਾਰੀ ਦਾ ਉਦਘਾਟਨ ਕੀਤਾ ਅਤੇ ਇਸੇ ਤਰ੍ਹਾਂ ਹੀ 51.73 ਲੱਖ ਦੀ ਲਾਗਤ ਦਾ ਪਿੰਡ ਮੌੜ ’ਚ ਕੱਚੇ ਖਾਲ ਨੂੰ ਪੱਕਾ ਕਰਨ ਦੀ ਉਸਾਰੀ ਦਾ ਵੀ ਉਦਘਾਟਨ ਕੀਤਾ । ਇਸੇ ਤਰ੍ਹਾਂ ਪਿੰਡ ਫਕਰਸਰ ਵਿਖੇ 116.22 ਲੱਖ ਅਤੇ ਥੇੜ੍ਹੀ ਪਿੰਡ ਵਿਖੇ 57.85 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਰਜਬਾਹੇ ਦੇ ਕੰਮਾਂ ਸਬੰਧੀ ਨੀਂਹ ਪੱਥਰ ਰੱਖਿਆ।

ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਚੇਅਰਮੈਨ ਮਾਰਕੀਟ ਕਮੇਟੀ ਮਲੋਟ ਜਸ਼ਨ ਬਰਾੜ, ਅਰਸ਼ਦੀਪ ਸਿੰਘ ਸਿੱਧੂ ਨਿੱਜੀ ਸਕੱਤਰ, ਸਿੰਦਰਪਾਲ ਸਿੰਘ ਨਿੱਜੀ ਸਕੱਤਰ,ਸਰਪੰਚ ਨਿਰਮਲ ਸਿੰਘ, ਵੀਰ ਸਿੰਘ ਮੈਂਬਰ, ਧੀਰ ਸਿੰਘ ਮੈਂਬਰ, ਰਾਜਾ ਸਿੰਘ ਮੈਂਬਰ, ਬਲਾਕ ਪ੍ਰਧਾਨ ਕੁਲਵਿੰਦਰ ਬਰਾੜ, ਦੀਪ ਇੰਦਰ ਸਿੰਘ ਢਿੱਲੋਂ, ਵਕੀਲ ਸਿੰਘ,ਪ੍ਰਕਾਸ਼ ਢਿੱਲੋ, ਸਰਪੰਚ ਜਸਪ੍ਰੀਤ ਕੌਰ,ਮੰਗਾ ਸਿੰਘ, ਪੰਚਾਇਤ ਮੈਂਬਰ ਕੁਲਦੀਪ ਸਿੰਘ, ਸਰਪੰਚ ਰਣਧੀਰ ਸਿੰਘ,ਸਿਮਰਜੀਤ ਬਰਾੜ ਬਲਾਕ ਪ੍ਰਧਾਨ,ਦਿਲਬਾਗ ਲੱਖੇਵਾਲੀ,ਸਰਪੰਚ ਗੁਰਬਾਜ ਸਿੰਘ,ਸਰਪੰਚ ਜੋਗਿੰਦਰ ਸਿੰਘ,ਲਾਭ ਸਿੰਘ,ਅਮਰਿੰਦਰ ਸਿੰਘ ਬਲਾਕ ਪ੍ਰਧਾਨ ਗੁਰਮੇਲ ਸਿੰਘ ਤੋਂ ਇਲਾਵਾ ਤੋਂ ਇਲਾਵਾ ਪਤਵੰਤੇ ਵਿਅਕਤੀ ਹਾਜ਼ਰ ਸਨ।

# ਪੰਜਾਬ ਪੁਲਿਸ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਚਨਬੱਧ

**ਚੰਡੀਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ ਨੂੰ ਲਗਾਤਾਰ 49ਵੇਂ ਦਿਨ ਵੀ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਅੱਜ 124 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2.5 ਕਿਲੋ ਹੈਰੋਇਨ ਅਤੇ 2.02 ਲੱਖ ਰੁਪਏ ਡਰੱਗ ਮਨੀ ਬਰਾਮਦ ਕੀਤੀ। ਇਸ ਨਾਲ ਸਿਰਫ਼ 49 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 6573 ਹੋ ਗਈ ਹੈ।

ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਸੂਬੇ ਭਰ ਵਿੱਚ ਚਲਾਇਆ ਗਿਆ।

ਪੁਲਿਸ ਟੀਮਾਂ ਨੇ ਸਾਰੇ 28 ਜ਼ਿਲ੍ਹਿਆਂ ਵਿੱਚ ਪਛਾਣੇ ਗਏ ਡਰੱਗ ਹੌਟਸਪੌਟਾਂ ’ਤੇ ਦੁਪਹਿਰ 3 ਵਜੇ ਤੋਂ ਸ਼ਾਮ 6 ਵਜੇ ਤੱਕ ਇੱਕੋ ਸਮੇਂ ਵਿਸ਼ੇਸ਼ ਘੇਰਾਬੰਦੀ ਅਤੇ ਖੋਜ ਮੁਹਿੰਮ ਵੀ ਚਲਾਈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਗਏ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਵਿਸ਼ੇਸ਼ ਡੀਜੀਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 92 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1400 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 200 ਤੋਂ ਵੱਧ ਪੁਲਿਸ ਟੀਮਾਂ ਵੱਲੋਂ ਸੂਬਾ ਭਰ ਵਿੱਚ ਛਾਪੇਮਾਰੀ ਕੀਤੀ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 490 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ ਹੈ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ‘ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਵੱਲੋਂ ਇਸ ਰਣਨੀਤੀ ਦੇ ‘ਡੀ-ਅਡਿਕਸ਼ਨ’ ਹਿੱਸੇ ਵਜੋਂ 3 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਪ੍ਰੇਰਿਆ ਗਿਆ ਹੈ।

ਦੱਸਣਯੋਗ ਹੈ ਕਿ ਪੰਜਾਬ ਪੁਲਿਸ ਵੱਲੋਂ ਜੇਲ੍ਹਾਂ ਵਿੱਚ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਨੂੰ ਰੋਕਣ ਲਈ ਛੇ ਜ਼ਿਲ੍ਹਿਆਂ - ਕਮਿਸ਼ਨਰੇਟ ਅੰਮ੍ਰਿਤਸਰ, ਪਠਾਨਕੋਟ, ਗੁਰਦਾਸਪੁਰ, ਬਟਾਲਾ, ਅੰਮ੍ਰਿਤਸਰ ਦਿਹਾਤੀ ਅਤੇ ਤਰਨਤਾਰਨ - ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਵੀ ਤਲਾਸ਼ੀ ਮੁਹਿੰਮ ਚਲਾਈ ਗਈ ਹੈ। ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਜੇਲ੍ਹ ਕੰਪਲੈਕਸ ਵਿੱਚ ਬੈਰਕਾਂ, ਰਸੋਈ ਘਰਾਂ ਅਤੇ ਪਖਾਨਿਆਂ ਸਮੇਤ ਹਰੇਕ ਕੋਨੇ ਦੀ ਚੰਗੀ ਤਰ੍ਹਾਂ ਤਲਾਸ਼ੀ ਲਈ ਹੈ।

# ਸੈਣੀ ਵੱਲੋਂ ਬੀੜ ਮਥਾਨਾ ਵਿੱਚ ਗੁਰੂ ਤੇਗ ਬਹਾਦਰ ਗੇਟ ਦਾ ਉਦਘਾਟਨ

**ਕੁਰੂਕਸ਼ੇਤਰ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਗੁਰੂ ਤੇਗ ਬਹਾਦੁਰ ਜੀ ਮਹਾਰਾਜ ਨੇ ਧਰਮ ਅਤੇ ਸਮਾਜ ਦੀ ਰੱਖਿਆ ਲਈ ਆਪਣਾ ਸਾਰਾ ਵੰਸ਼ ਕੁਰਬਾਨ ਕਰ ਦਿੱਤਾ। ਉਨ੍ਹਾਂ ਦੀ ਇਸ ਸ਼ਹੀਦੀ ਅਤੇ ਤਿਆਗ ਨੂੰ ਸਦਾ ਯਾਦ ਰੱਖਣ ਦੀ ਲੋੜ ਹੈ। ਸਮਾਜ ਦੇ ਹਰ ਨਾਗਰਿਕ ਨੂੰ ਗੁਰੂ ਜੀ ਦੇ ਆਦਰਸ਼ਾਂ, ਉਪਦੇਸ਼ਾਂ ਅਤੇ ਬਾਣੀ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ।

ਮੁੱਖ ਮੰਤਰੀ ਸ਼ੁੱਕਰਵਾਰ ਨੂੰ ਪਿੰਡ ਬੀੜ ਮਥਾਨਾ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸਿੰਘ ਸਭਾ ਵਿੱਚ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰ ਰਹੇ ਸਨ। ਇਸ ਤੋਂ ਪਹਿਲਾਂ, ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਸਾਬਕਾ ਰਾਜ ਮੰਤਰੀ ਸੁਭਾਸ਼ ਸੁੱਧਾ ਨੇ ਪਿੰਡ ਦੇ ਪ੍ਰਵੇਸ਼ ਦਰਵਾਜ਼ੇ ’ਤੇ ਬਣੇ ‘ਗੁਰੂ ਤੇਗ ਬਹਾਦਰ ਜੀ ਗੇਟ’ ਦਾ ਉਦਘਾਟਨ ਕੀਤਾ, ਜੋ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਬੀੜ ਮਥਾਨਾ ਵੱਲੋਂ ਬਣਾਇਆ ਗਿਆ ਹੈ। ਇਸ ਤੋਂ ਬਾਅਦ ਮੁੱਖ ਮੰਤਰੀ ਨੇ ਗੁਰਦੁਆਰਾ ਸਿੰਘ ਸਭਾ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੱਥਾ ਟੇਕਿਆ ਅਤੇ ਪ੍ਰਦੇਸ਼ ਵਾਸੀਆਂ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਪਾਲ ਸਿੰਘ ਅਤੇ ਗੁਲਜ਼ਾਰ ਸਿੰਘ ਨੇ ਮੁੱਖ ਮੰਤਰੀ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਭੇਟ ਕੀਤਾ।

ਇਸ ਮੌਕੇ ਸੀਐੱਮ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ 11 ਲੱਖ ਰੁਪਏ ਦੀ ਆਰਥਿਕ ਸਹਾਇਤਾ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਦਿਹਾੜੇ ’ਤੇ ਬੀੜ ਮਥਾਨਾ ਵਿੱਚ ਗੁਰੂ ਤੇਗ ਬਹਾਦਰ ਜੀ ਦੀ ਯਾਦ ਨੂੰ ਤਰੋਤਾਜ਼ਾ ਰੱਖਣ ਲਈ ਇਹ ਗੇਟ ਬਣਾਇਆ ਗਿਆ ਹੈ।

# ਰਾਜਪਾਲ ਨੇ ਆਯੂਸ਼ ’ਵਰਸਿਟੀ ਦੇ ਵਿਦਿਆਰਥੀਆਂ ਨੂੰ ਡਿਗਰੀਆਂ ਵੰਡੀਆਂ




**ਕੁਰੂਕਸ਼ੇਤਰ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਅ ਨੇ ਕਿਹਾ ਕਿ ਸ੍ਰੀ ਕ੍ਰਿਸ਼ਨ ਆਯੂਸ਼ ਯੂਨੀਵਰਸਿਟੀ ਦੇ ਪਹਿਲੇ ਕਨਵੋਕੇਸ਼ਨ ਤੋਂ ਡਿਗਰੀਆਂ ਪ੍ਰਾਪਤ ਕਰਨ ਵਾਲੇ ਡਾਕਟਰ ਹੁਣ ਭਾਰਤ ਦੀ ਪ੍ਰਾਚੀਨ ਆਯੁਰਵੈਦਿਕ ਪ੍ਰਣਾਲੀ ਨੂੰ ਦੁਨੀਆ ਭਰ ਵਿੱਚ ਫੈਲਾਉਣਗੇ। ਅੱਜ ਇਸ ਪ੍ਰਾਚੀਨ ਆਯੁਰਵੈਦਿਕ ਵਿਧੀ ਦੀ ਦੁਨੀਆ ਭਰ ਦੇ ਸਿਹਤ ਖੇਤਰ ਵਿੱਚ ਮੰਗ ਹੈ।

ਇੰਨਾ ਹੀ ਨਹੀਂ, ਆਉਣ ਵਾਲੇ ਸਮੇਂ ਵਿੱਚ ਆਯੁਰਵੇਦ ਦੇ ਖੇਤਰ ਵਿੱਚ ਵੀ ਅਥਾਹ ਸੰਭਾਵਨਾਵਾਂ ਹਨ। ਰਾਜਪਾਲ ਬੰਡਾਰੂ ਦੱਤਾਤ੍ਰੇਅ ਸ਼ੁੱਕਰਵਾਰ ਨੂੰ ਕੁਰੂਕਸ਼ੇਤਰ ਦੇ ਸ੍ਰੀ ਰਿਸ਼ਨ ਆਯੂਸ਼ ਯੂਨੀਵਰਸਿਟੀ ’ਚ ਕਰਵਾਏ ਪਹਿਲੇ ਕਨਵੋਕੇਸ਼ਨ ਵਿੱਚ ਸੰਬੋਧਨ ਕਰ ਰਹੇ ਸਨ। ਇਸ ਤੋਂ ਪਹਿਲਾਂ, ਰਾਜਪਾਲ ਬੰਡਾਰੂ ਦੱਤਾਤ੍ਰੇਅ ਨੇ 9.5 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਯੂਨੀਵਰਸਿਟੀ ਦੇ ਆਡੀਟੋਰੀਅਮ ਹਾਲ ਦਾ ਉਦਘਾਟਨ ਕੀਤਾ। ਭਾਰਤ ਸਰਕਾਰ ਦੇ ਆਯੂਸ਼ ਵਿਭਾਗ ਦੇ ਸਕੱਤਰ ਰਾਜਪਾਲ ਬੰਡਾਰੂ ਦੱਤਾਤ੍ਰੇਅ, ਨਵੀਂ ਦਿੱਲੀ ਦੀ ਗਵਰਨਿੰਗ ਬਾਡੀ ਰਾਸ਼ਟਰੀ ਆਯੁਰਵੇਦ ਵਿਦਿਆਪੀਠ ਦੇ ਚੇਅਰਮੈਨ ਪਦਮਸ੍ਰੀ ਵੈਦਿਆ ਰਾਜੇਸ਼ ਕੋਟੇਚਾ, ਸ੍ਰੀ ਕ੍ਰਿਸ਼ਨ ਆਯੂਸ਼ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪਦਮ ਭੂਸ਼ਣ ਵੈਦਿਆ ਦੇਵੇਂਦਰ ਤ੍ਰਿਗੁਣਾ, ਪ੍ਰੋਫੈਸਰ ਵੈਦਿਆ ਕਰਤਾਰ ਸਿੰਘ ਧੀਮਾਨ ਨੇ ਦੀਪ ਜਗਾ ਕੇ ਪਹਿਲੇ ਕਨਵੋਕੇਸ਼ਨ ਦਾ ਰਸਮੀ ਉਦਘਾਟਨ ਕੀਤਾ। ਇਸ ਕਨਵੋਕੇਸ਼ਨ ਵਿੱਚ, ਰਾਜਪਾਲ ਬੰਡਾਰੂ ਦੱਤਾਤ੍ਰੇਅ ਦੀ ਮੌਜੂਦਗੀ ਵਿੱਚ, 126 ਵਿਦਿਆਰਥੀਆਂ ਨੂੰ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਡਿਗਰੀਆਂ ਨਾਲ ਸਨਮਾਨਿਤ ਕੀਤਾ ਗਿਆ। ਇਨ੍ਹਾਂ ਵਿੱਚੋਂ 26 ਡਿਗਰੀ ਧਾਰਕਾਂ ਨੂੰ ਸੋਨੇ ਦੇ ਤਗਮਿਆਂ ਨਾਲ ਵੀ ਸਨਮਾਨਿਤ ਕੀਤਾ ਗਿਆ। ਇਸ ਕਨਵੋਕੇਸ਼ਨ ਵਿੱਚ, ਗਵਰਨਿੰਗ ਬਾਡੀ ਰਾਸ਼ਟਰੀ ਆਯੁਰਵੇਦ ਵਿਦਿਆਪੀਠ, ਨਵੀਂ ਦਿੱਲੀ ਦੇ ਚੇਅਰਮੈਨ ਅਤੇ ਗੋਲਡ ਪਦਮ ਭੂਸ਼ਣ ਵੈਦਿਆ ਦੇਵੇਂਦਰ ਤ੍ਰਿਗੁਣਾ ਨੂੰ ਡਾਕਟਰ ਆਫ਼ ਲਿਟਰੇਚਰ ਦੀ ਆਨਰੇਰੀ ਡਿਗਰੀ ਪ੍ਰਦਾਨ ਕੀਤੀ ਗਈ। ਇਸ ਦੌਰਾਨ ਰਾਜਪਾਲ ਨੇ ਯੂਨੀਵਰਸਿਟੀ ਦੇ ਪਹਿਲੇ ਕਨਵੋਕੇਸ਼ਨ ਦਾ ਸੋਵੀਨਾਰ ਵੀ ਜਾਰੀ ਕੀਤਾ।

ਇਸ ਮੌਕੇ ਕੰਟਰੋਲਰ ਪ੍ਰੀਖਿਆਵਾਂ ਡਾ. ਰਣਧੀਰ ਸਿੰਘ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਤੇਜੇਂਦਰ ਸਿੰਘ ਗੋਲਡੀ, ਜ਼ਿਲ੍ਹਾ ਪਰਿਸ਼ਦ ਚੇਅਰਮੈਨ ਕੰਵਲਜੀਤ ਕੌਰ, ਨਗਰ ਪਰਿਸ਼ਦ ਥਾਨੇਸਰ ਦੀ ਚੇਅਰਮੈਨ ਮਾਫ਼ੀ ਢਾਂਡਾ, ਚੇਅਰਮੈਨ ਮਦਨ ਮੋਹਨ ਛਾਬੜਾ, ਡਾਇਰੈਕਟਰ ਡਾ. ਪ੍ਰੀਤਮ ਸਿੰਘ ਅਤੇ ਹੋਰ ਅਧਿਆਪਕ ਤੇ ਅਧਿਕਾਰੀ ਹਾਜ਼ਰ ਸਨ।

# ਸਕੂਲਾਂ ’ਚ ਡਿਜੀਟਲ ਡਾਇਰੀ ਸਿਸਟਮ ਦਾ ਵਿਰੋਧ

**ਸ਼ਾਹਬਾਦ ਮਾਰਕੰਡਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਕੂਲ ਲੈਕਚਰਾਰ ਐਸੋਸੀਏਸ਼ਨ (ਐੱਚਐੱਸਐੱਲਏ) ਕੁਰੂਕਸ਼ੇਤਰ ਇਕਾਈ,ਹਰਿਆਣਾ ਸਕੂਲ ਅਧਿਆਪਕ ਸੰਘ ਕੁਰੂਕਸ਼ੇਤਰ ,ਸਰਕਾਰੀ ਪ੍ਰਾਇਮਰੀ ਅਧਿਆਪਕ ਯੂਨੀਅਨ ਤੇ ਹੋਰ ਸੰਗਠਨਾਂ ਨੇ ਸਕੂਲਾਂ ’ਚ ਲਾਗੂ ਕੀਤੇ ਜਾ ਰਹੇ ਡਿਜੀਟਲ ਡਾਇਰੀ ਸਿਸਟਮ ਦਾ ਸਖ਼ਤ ਵਿਰੋਧ ਕੀਤਾ ਹੈ।

ਹਸਲਾ ਜ਼ਿਲ੍ਹਾ ਪ੍ਰਧਾਨ ਡਾ. ਤਰਸੇਮ ਕੌਸ਼ਿਕ ਤੇ ਹਰਿਆਣਾ ਸਕੂਲ ਅਧਿਆਪਕ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਵੀਰੇਂਦਰ ਸਿੰਘ ਦੀ ਅਗਵਾਈ ਹੇਠ ਵਫਦ ਨੇ ਇਸ ਸਬੰਧੀ ਜ਼ਿਲ੍ਹਾ ਸਿੱਖਿਆ ਅਧਿਕਾਰੀ ਸੰਤੋਸ਼ ਸ਼ਰਮਾ ਨੂੰ ਮੰਗ ਪੱਤਰ ਸੌਂਪਿਆ। ਡਾ. ਤਰਸੇਮ ਕੌਸ਼ਿਕ ਨੇ ਕਿਹਾ ਕਿ ਡਿਜੀਟਲ ਡਾਇਰੀ ਅਧਿਆਪਕਾਂ ਲਈ ਇਕ ਵਾਧੂ ਤਕਨੀਕੀ ਬੋਝ ਹੈ, ਜੋ ਨਾ ਸਿਰਫ ਅਧਿਆਪਨ ਦੇ ਕੰਮ ਨੂੰ ਪ੍ਰਭਾਵਿਤ ਕਰੇਗੀ ਬਲਕਿ ਅਧਿਆਪਕਾਂ ਤੇ ਮਾਨਸਿਕ ਦਬਾਅ ਵੀ ਵਧਾਏਗੀ।

ਉਨ੍ਹਾਂ ਕਿਹਾ ਕਿ ਅਧਿਆਪਕਾਂ ਤੋਂ ਪਹਿਲਾਂ ਹੀ ਬਹੁਤ ਸਾਰੇ ਗੈਰ-ਵਿਦਿਅਕ ਕੰਮ ਕਰਵਾਏ ਜਾ ਰਹੇ ਹਨ ਤੇ ਹੁਣ ਡਿਜੀਟਲ ਡਾਇਰੀ ਵਰਗੇ ਪ੍ਰਯੋਗਾਂ ਨਾਲ ਅਧਿਆਪਕਾਂ ਨੂੰ ਗੁਣਵੱਤਾ ਵਾਲੀ ਸਿੱਖਿਆ ਦੇ ਮੁੱਖ ਉਦੇਸ਼ ਤੋਂ ਭਟਕਾਇਆ ਜਾ ਰਿਹਾ ਹੈ। ਉਨ੍ਹਾਂ ਮੰਗ ਪੱਤਰ ਰਾਹੀਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਡਿਜੀਟਲ ਡਾਇਰੀ ਨੂੰ ਤੁਰੰਤ ਪ੍ਰਭਾਵ ਨਾਲ ਵਾਪਸ ਲਿਆ ਜਾਏ। ਉਨ੍ਹਾਂ ਕਿਹਾ ਕਿ ਜੇ ਸਰਕਾਰ ਅਧਿਆਪਕਾਂ ਦੀ ਇਸ ਜਾਇਜ਼ ਮੰਗ ਨੂੰ ਨਜਰਅੰਦਾਜ਼ ਕਰਦੀ ਹੈ ਤਾਂ ਐਸੋਸੀਏਸ਼ਨ ਸੂਬੇ ਭਰ ਵਿੱਚ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗੀ। ਉਨਾਂ ਇਹ ਵੀ ਸਪਸ਼ਟ ਕਿਹਾ ਕਿ ਅਧਿਆਪਕ ਨਵੀਂ ਤਕਨਾਲੋਜੀ ਦੇ ਖਿਲਾਫ ਨਹੀਂ ਹਨ ਪਰ ਜਦੋਂ ਤਕਨਾਲੋਜੀ ਸਿਖਿਆ ਵਿੱਚ ਰੁਕਾਵਟ ਬਨਣ ਲੱਗਦੀ ਹੈ ਤਾਂ ਇਸ ਦਾ ਵਿਰੋਧ ਜ਼ਰੂਰੀ ਹੋ ਜਾਂਦਾ ਹੈ।ਜਿਲਾ ਸਿਖਿਆ ਅਧਿਕਾਰੀ ਨੂੰ ਮੰਗ ਪੱਤਰ ਸੌਂਪਦੇ ਹੋਏ ਹਰਿਆਣਾ ਅਧਿਆਪਕ ਸੰਘ ਦੇ ਜ਼ਿਲ੍ਹਾ ਪ੍ਰਧਾਨ ਵੀਰੇਂਦਰ ਸਿੰਘ ਨੇ ਕਿਹਾ ਕਿ ਡਿਜੀਟਲ ਡਾਇਰੀ ਦੇ ਨਾਂ ’ਤੇ ਅਧਿਆਪਕਾਂ ਤੇ ਬੇਲੋੜਾ ਬੋਝ ਪਾਇਆ ਜਾ ਰਿਹਾ ਹੈ।

# ਐੱਸਡੀਐੱਮ ਨੇ ਕੈਂਪ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

**ਨਰਾਇਣਗੜ੍ਹ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਐੱਸਡੀਐੱਮ ਸ਼ਾਸ਼ਵਤ ਸਾਂਗਵਾਨ ਨੇ ਸਬ-ਡਿਵੀਜ਼ਨ ਪੱਧਰ ’ਤੇ ਲਗਾਏ ਗਏ ਕੈਂਪ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਪਹਿਲ ਦੇ ਆਧਾਰ ’ਤੇ ਸਮੱਸਿਆਵਾਂ ਦਾ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਸਮਾਧਾਨ ਕੈਂਪ ਵਿੱਚ, ਵੱਖ-ਵੱਖ ਵਿਭਾਗਾਂ ਨਾਲ ਸਬੰਧਤ 10 ਸ਼ਿਕਾਇਤਾਂ ਪ੍ਰਾਪਤ ਹੋਈਆਂ ਜਿਨ੍ਹਾਂ ਵਿੱਚ ਪਰਿਵਾਰਕ ਪਛਾਣ ਪੱਤਰ, ਬਿਜਲੀ, ਜਾਇਦਾਦ ਆਈਡੀ ਆਦਿ ਸ਼ਾਮਲ ਸਨ। ਐੱਸਡੀਐੱਮ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਜਲਦੀ ਤੋਂ ਜਲਦੀ ਸਮੱਸਿਆਵਾਂ ਦਾ ਹੱਲ ਕਰਨ ਅਤੇ ਉਨ੍ਹਾਂ ਨੂੰ ਰਿਪੋਰਟ ਦੇਣ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ, ਸੋਮਵਾਰ ਅਤੇ ਵੀਰਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਹੱਲ ਕੈਂਪ ਲਗਾਏ ਜਾ ਰਹੇ ਹਨ। ਹੱਲ ਕੈਂਪ ਵਿੱਚ, ਪਿੰਡ ਬੇਰਖੇੜੀ ਤੋਂ ਵਿਕਰਮਜੀਤ, ਪਿੰਡ ਛੋਟੀ ਕੋਹੜੀ ਤੋਂ ਪਰਮਜੀਤ ਕੌਰ ਨੇ ਪਰਿਵਾਰਕ ਪਛਾਣ ਪੱਤਰ ਵਿੱਚ ਆਮਦਨ ਘਟਾਉਣ ਸਬੰਧੀ ਆਪਣੀਆਂ ਸਮੱਸਿਆਵਾਂ ਦੱਸੀਆਂ ਅਤੇ ਪਿੰਡ ਦੁਧਲੀ ਤੋਂ ਸੋਨੀਆ ਨੇ ਪਰਿਵਾਰਕ ਪਛਾਣ ਪੱਤਰ ਨਾਲ ਸਬੰਧਤ ਆਪਣੀ ਸਮੱਸਿਆ ਦੱਸੀ। ਵਾਰਡ 8 ਦੇ ਮਨੀਸ਼ ਕੁਮਾਰ ਨੇ ਜਾਇਦਾਦ ਪਛਾਣ ਪੱਤਰ ਨਾਲ ਸਬੰਧਤ ਸਮੱਸਿਆ ਦੱਸੀਸ, ਪਿੰਡ ਬੇਰਖੇੜੀ ਦੇ ਜਰਨੈਲ ਸਿੰਘ ਨੇ ਖੇਤ ਦੇ ਰਸਤੇ ਤੋਂ ਦਰੱਖਤਾਂ ਦੀ ਕਟਾਈ ਦੀ ਸਮੱਸਿਆ ਦੱਸੀ, ਲਾਹਾ ਦੇ ਰਮੇਸ਼ ਕੁਮਾਰ ਨੇ ਬਿਜਲੀ ਦੀਆਂ ਤਾਰਾਂ ਟੁੱਟਣ ਅਤੇ ਫਸਲ ਨੂੰ ਅੱਗ ਲੱਗਣ ਕਾਰਨ ਹੋਏ ਨੁਕਸਾਨ ਦੀ ਸਮੱਸਿਆ ਦੱਸੀ ਅਤੇ ਪਿੰਡ ਹਮੀਦਪੁਰ ਦੇ ਸਤਪਾਲ ਨੇ ਸਮੱਸਿਆ ਉਠਾਈ ਕਿ ਉਸ ਕੋਲ ਕੋਈ ਵਾਹਨ ਨਹੀਂ ਹੈ ਪਰ ਪਰਿਵਾਰਕ ਪਛਾਣ ਪੱਤਰ ਵਿੱਚ ਉਸ ਕੋਲ ਵਾਹਨ ਦਿਖਾਇਆ ਗਿਆ ਹੈ ਅਤੇ ਇਸ ਨੂੰ ਪੀਪੀਪੀ ਤੋਂ ਹਟਾ ਦਿੱਤਾ ਜਾਣਾ ਚਾਹੀਦਾ ਹੈ।

# ਦੋ ਘਰਾਂ ’ਚੋਂ ਨਕਦੀ ਤੇ ਗਹਿਣੇ ਚੋਰੀ

**ਜੀਂਦ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਇਥੇ ਸਫੀਦੋਂ ਉਪ ਮੰਡਲ ’ਚ ਪੈਂਦੇ ਪਿੰਡ ਮਲਕਪੁਰ ਅਤੇ ਧਰਮਗੜ੍ਹ ਦੇ ਖੇਤਾਂ ’ਚ ਬਣੇ ਦੋ ਡੇਰਿਆਂ ’ਚੋਂ ਚੋਰ ਗਹਿਣਿਆਂ ਸਣੇ 72 ਹਜ਼ਾਰ ਰੁਪਏ ਦੀ ਨਕਦੀ ਲੈ ਕੇ ਫਰਾਰ ਹੋ ਗਏ। ਪਿੰਡ ਮਲਕਪੁਰ ਨਿਵਾਸੀ ਗੁਲਜ਼ਾਰ ਸਿੰਘ ਨੇ ਦੱਸਿਆ ਕਿ ਚੋਰ ਉਨ੍ਹਾਂ ਦੇ ਡੇਰੇ ’ਚੋਂ 12 ਤੋਲੇ ਸੋਨਾ, 10 ਤੋਲੇ ਚਾਂਦੀ ਅਤੇ 60 ਹਜ਼ਾਰ ਰੁਪਏ ਦੀ ਨਕਦੀ ਲੈ ਗਏ ਹਨ। ਪਿੰਡ ਧਰਮਗੜ੍ਹ ਨਿਵਾਸੀ ਬਲਵਿੰਦਰ ਨੇ ਦੱਸਿਆ ਕਿ ਚੋਰ ਉਨ੍ਹਾਂ ਦੇ ਡੇਰੇ ਵਿੱਚੋਂ ਦੋ ਤੋਲੇ ਸੋਨਾ ਅਤੇ 12 ਹਜ਼ਾਰ ਰੁਪਏ ਦੀ ਨਕਦੀ ਚੋਰੀ ਕੀਤੀ ਹੈ। ਥਾਣਾ ਮੁਖੀ ਵਰਿੰਦਰ ਸਿੰਘ ਨੇ ਦੱਸਿਆ ਕਿ ਕੇਸ ਦਰਜ ਕਰਕੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਸੇ ਤਰ੍ਹਾਂ ਚੋਰਾਂ ਨੇ ਸ਼ਹਿਰ ਦੀ ਸ਼ਾਮ ਕਲੋਨੀ ਨਿਵਾਸੀ ਮਹਿਲਾ ਸੁਮਨ ਦੇ ਘਰੋਂ ਸੋਨੇ ਦੀ ਦੋ ਅੰਗੂਠੀਆਂ ਅਤੇ 40 ਹਜ਼ਾਰ ਰੁਪਏ ਦੀ ਨਕਦੀ ਚੋਰੀ ਕੀਤੀ ਹੈ। ਇਸੇ ਤਰ੍ਹਾਂ ਇੱਥੇ ਵਿਸ਼ਵਕਰਮਾ ਕਾਲੋਨੀ ਵਿੱਚ ਲਛਮਣ ਸਿੰਘ ਨਾਮਕ ਵਿਕਅਤੀ ਦੇ ਘਰ ਵਿੱਚੋਂ ਚੋਰਾਂ ਨੇ 10 ਹਜ਼ਾਰ ਰੁਪਏ ਤੇ ਸਗਹਿਣੇ ਆਦਿ ਲੈ ਗਏ ਹਨ।

# ਪੰਜ ਦੇਸੀ ਪਿਸਤੌਲਾਂ ਅਤੇ ਕਾਰਤੂਸਾਂ ਸਣੇ ਗ੍ਰਿਫ਼ਤਾਰ

**ਅੰਬਾਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਐੱਸਪੀ ਅੰਬਾਲਾ ਸੁਰੇਂਦਰ ਸਿੰਘ ਭੋਰੀਆ ਦੇ ਨਿਰਦੇਸ਼ਾਂ ਅਨੁਸਾਰ ਅੰਬਾਲਾ ਪੁਲੀਸ ਨੇ ਇੱਕ ਵਿਅਕਤੀ ਨੂੰ ਪੰਜ ਦੇਸੀ ਕੱਟੇ ਤੇ ਦੋ ਕਾਰਤੂਸ ਸਣੇ ਗ੍ਰਿਫ਼ਤਾਰ ਕੀਤਾ ਹੈ। ਜਾਣਕਾਰੀ ਮੁਤਾਬਿਕ ਸੀਆਈਏ-1 ਦੀ ਪੁਲੀਸ ਟੀਮ ਨੇ ਸੂਹ ਦੇ ਆਧਾਰ ’ਤੇ ਤੁਰੰਤ ਕਾਰਵਾਈ ਕਰਦਿਆਂ ਇਕ ਵਿਅਕਤੀ ਜੈਦ ਵਾਸੀ ਪਿੰਡ ਗੈਬਲੀਪੁਰ, ਥਾਣਾ ਮੰਡਾਵਰ ਜ਼ਿਲ੍ਹਾ ਬਿਜਨੌਰ ਉੱਤਰ ਪ੍ਰਦੇਸ਼ ਮੌਜੂਦਾ ਪਤਾ ਅਜੈ ਕਰਿਆਨਾ ਸਟੋਰ, ਪੂਜਾ ਵਿਹਾਰ, ਥਾਣਾ ਮਹੇਸ਼ਨਗਰ, ਅੰਬਾਲਾ ਤੋਂ 5 ਦੇਸੀ ਕੱਟੇ ਤੇ ਦੋ ਕਾਰਤੂਸ ਬਰਾਮਦ ਕੀਤੇ ਹਨ। ਇਹ ਕਾਰਵਾਈ ਪਿੰਡ ਮੰਗਲਈ ਨੇੜੇ ਬਣ ਰਹੇ ਫਲਾਈਓਵਰ ਹੇਠ ਕੀਤੀ ਗਈ। ਮੁਲਜ਼ਮ ਖ਼ਿਲਾਫ਼ ਥਾਣਾ ਮਹੇਸ਼ਨਗਰ ਵਿੱਚ ਆਰਮਜ਼ ਐਕਟ ਦੀ ਧਾਰਾ 25 ਅਧੀਨ ਪਰਚਾ ਦਰਜ ਕੀਤਾ ਗਿਆ। ਮੁਲਜ਼ਮ ਨੂੰ ਅਦਾਲਤ ਨੇ ਪੰਜ ਦਿਨ ਦੇ ਪੁਲੀਸ ਰਿਮਾਂਡ ’ਤੇ ਭੇਜ ਦਿੱਤਾ।

# ਸੁਭਾਸ਼ ਸੁਧਾ ਵੱਲੋਂ ਭਾਜਪਾ ਵਰਕਰਾਂ ਨਾਲ ਮੀਟਿੰਗ

**ਸ਼ਾਹਬਾਦ ਮਾਰਕੰਡਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 2047 ਤਕ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਵਿਚ ਹਰਿਆਣਾ ਦਾ ਵਿਸ਼ੇਸ਼ ਯੋਗਦਾਨ ਹੋਵੇਗਾ।ਇਸ ਤਰ੍ਹਾਂ ਸਾਨੂੰ ਸਾਰਿਆਂ ਨੂੰ ਮਿਲ ਕੇ ਸੂਬੇ ਦੀ ਵਿਕਾਸ ਦੀ ਗਤੀ ਨੂੰ ਤੇਜ਼ ਕਰਨੀ ਹੋਵੇਗੀ। ਸਰਕਾਰੀ ਨੀਤੀਆਂ ਤੇ ਭਲਾਈ ਯੋਜਨਾਵਾਂ ਨੂੰ ਹਰ ਘਰ ਤਕ ਪਹੁੰਚਾਉਣਾ ਹੋਵੇਗਾ। ਸਾਬਕਾ ਰਾਜ ਮੰਤਰੀ ਸੈਕਟਰ 7 ਹਾਊਸਿੰਗ ਦਫਤਰ ਵਿਚ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਤੋਂ ਬਾਅਦ ਪਾਰਟੀ ਕਾਰਕੁਨਾਂ ਨਾਲ ਗੱਲਬਾਤ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਦੇ ਹਰ ਖੇਤਰ ਵਿਚ ਵਿਕਾਸ ਹੋਇਆ ਹੈ ਤੇ ਭਾਰਤ ਦਾ ਨਾਂ ਸੰਸਾਰ ਵਿਚ ਉੱਚਾ ਹੋਇਆ ਹੈ। ਸੂਬੇ ਵਿਚੱ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ ਜਿਸ ਨਾਲ ਬਿਹਤਰ ਆਵਾਜਾਈ ਸਹੂਲਤਾਂ ਪ੍ਰਦਾਨ ਹੋਈਆਂ ਹਨ। ਟ੍ਰਿਪਲ ਇੰਜਣ ਦੀ ਸਰਕਾਰ ਦੇਸ਼ ਤੇ ਸੂਬੇ ਵਿਚ ਵਿਕਾਸ ਕਾਰਜਾਂ ਨੂੰ ਤਿੰਨ ਗੁਣਾ ਤੇਜ਼ੀ ਨਾਲ ਵਧਾਏਗੀ। ਉਨ੍ਹਾਂ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰ ਨੇ ਕਿਸਾਨਾਂ ਨੂੰ ਆਰਥਿਕ ਤੌਰ ’ਤੇ ਮਜ਼ਬੂਤ ਕਰਨ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦੇਸ਼ ਦਾ ਪਹਿਲਾ ਸੂਬਾ ਹੈ ਜੋ ਕਿਸਾਨਾਂ ਦੀਆਂ ਸਾਰੀਆਂ ਫਸਲਾਂ ਨੂੰ 100 ਫ਼ੀਸਦ ਘੱਟੋ ਘੱਟ ਸਮਰਥਨ ਮੁੱਲ ’ਤੇ ਖਰੀਦ ਰਿਹਾ ਹੈ। ਉਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਿਸਾਰ ਵਿਚ ਮਹਾਰਾਜਾ ਅਗਰਸੈਨ ਹਵਾਈ ਅੱਡੇ ਦਾ ਉਦਘਾਟਨ ਤੇ ਯਮੁਨਾਨਗਰ ਵਿਚ ਇਕ ਨਵੇਂ 800 ਮੈਗਾਵਾਟ ਪਾਵਰ ਯੂਨਿਟ ਦਾ ਨੀਂਹ ਪੱਥਰ ਰੱਖਿਆ।

# ਗੁੱਜਰ ਸਮਾਜ ਨੇ ਸਾਹਿਤਕ ਸਮਾਗਮ ਕਰਵਾਇਆ

**ਪੰਚਕੂਲਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਚਕੂਲਾ ਵਿੱਚ ਗੁੱਜਰ ਸਮਾਜ ਕਲਿਆਣ ਪਰਿਸ਼ਦ ਨੇ ਗੁੱਜਰ ਭਵਨ ਦੇ ਸੱਤਿਆ ਸਦਨ ਆਡੀਟੋਰੀਅਮ ਵਿੱਚ ਆਪਣਾ ਪਹਿਲਾ ਸਾਹਿਤਕ ਪ੍ਰੋਗਰਾਮ ਸਾਹਿਤ ਸੰਗਮ ਕਰਵਾਇਆ।

# ਨਸ਼ਿਆਂ ਖ਼ਿਲਾਫ਼ ਸਾਈਕਲ ਯਾਤਰਾ ਲਈ ਪ੍ਰਸ਼ਾਸਨ ਪੱਬਾਂ ਭਾਰ




**ਜੀਂਦ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਮੁਹੰਮਦ ਇਮਰਾਨ ਰਜ਼ਾ ਨੇ ਹਰਿਆਣਾ ਉਦੈ ਆਊਟਰੀਚ ਪ੍ਰੋਗਰਾਮ ਤਹਿਤ ਡਰੱਗ ਫਰੀ ਹਰਿਆਣਾ ਦਾ ਸੰਦੇਸ਼ ਲੈ ਕੇ ਕੀਤੀ ਜਾਣ ਵਾਲੀ ਸਾਈਕਲੋਥਨ 2.0 ਸਾਈਕਲ ਯਾਤਰਾ ਵਿੱਚ ਵੱਧ ਤੋਂ ਵੱਧ ਭੀੜ ਜੁਟਾਉਣ ਲਈ ਯਤਨ ਤੇਜ਼ ਕਰ ਦਿੱਤੇ ਹਨ। ਇਸ ਲੜੀ ਤਹਿਤ ਉਨ੍ਹਾਂ ਨੇ ਮਿਨੀ ਸਕੱਤਰੇਤ ਵਿੱਚ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਦੇ ਪਦ ਅਧਿਕਾਰੀਆਂ ਦੀ ਮੀਟਿੰਗ ਬੁਲਾਈ। ਜਿਸ ਵਿੱਚ ਡੀਸੀ ਨੇ ਕਿਹਾ ਕਿ ਇਸ ਮੁਹਿੰਮ ਰਾਹੀਂ ਜ਼ਿਲ੍ਹੇ ਵਿੱਚ ਨਸ਼ੇ ਖ਼ਿਲਾਫ਼ ਜਾਗਰੂਕਤਾ ਫੈਲਾਉਣ ਦਾ ਇੱਕ ਸੁਨਹਿਰਾ ਮੌਕਾ ਹੈ। ਉਨ੍ਹਾਂ ਨੇ ਸਾਰੇ ਨਿੱਜੀ ਸਕੂਲ ਦੇ ਸੰਚਾਲਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਵਿੱਚ ਵੱਧ-ਚੜ੍ਹਕੇ ਹਿੱਸਾ ਲੈਣ। ਐੱਸਪੀ ਰਾਜੇਸ਼ ਕੁਮਾਰ ਨੇ ਕਿਹਾ ਕਿ ਆਪਣੇ-ਆਪਣੇ ਸਕੂਲਾਂ ਵਿੱਚ ਨਸ਼ਾ ਵਿਰੋਧੀ ਸਲੋਗਨ, ਲੇਖਨ, ਡਰਾਇੰਗ ਮੁਕਾਬਲੇ, ਭਾਸ਼ਣ ਅਤੇ ਵਾਦ-ਵਿਵਾਦ ਆਦਿ ਗਤੀਵਿਧੀਆਂ ਦਾ ਕਰਵਾਈਆਂ ਜਾਣ ਤਾਂ ਕਿ ਵੱਧ ਤੋਂ ਵਿਦਿਆਰਥੀਆਂ ਦੀ ਹਿੱਸੇਦਾਰੀ ਯਕੀਨੀ ਬਣਾਈ ਜਾ ਸਕੇ। ਇਸ ਮੌਕੇ ਵਧੀਕ ਡੀਸੀ ਵਿਵੇਕ ਆਰੀਆ, ਐਸ ਪੀ ਰਾਜੇਸ਼ ਕੁਮਾਰ, ਸਿੱਟੀ ਐਮ ਡਾ. ਆਸ਼ੀਸ਼ ਦੇਸ਼ਵਾਲ, ਜ਼ਿਲ੍ਹਾ ਸਿੱਖਿਆ ਅਧਿਕਾਰੀ ਸੁਮਿਤਰਾ ਦੇਵੀ ਤੇ ਹੋਰ ਅਧਿਕਾਰੀ ਹਾਜ਼ਰ ਸਨ।

# ਡੀਐੱਫਓ ਵੱਲੋਂ ਬਾਬੈਨ ਅਨਾਜ ਮੰਡੀ ਦਾ ਦੌਰਾ



**ਸ਼ਾਹਬਾਦ ਮਾਰਕੰਡਾ, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਫੂਡ ਸਪਲਾਈ ਅਧਿਕਾਰੀ ਸੁਰਿੰਦਰ ਸੈਣੀ ਨੇ ਮਾਰਕੀਟ ਕਮੇਟੀ ਦੇ ਸਕੱਤਰ ਗੁਰਮੀਤ ਸਿੰਘ ਨਾਲ ਅਚਾਨਕ ਬਾਬੈਨ ਅਨਾਜ ਮੰਡੀ ਦਾ ਨਿਰੀਖਣ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਮੰਡੀ ਵਿਚ ਕਣਕ ਦੀਆਂ ਭਰੀਆਂ ਬੋਰੀਆਂ ਦਾ ਤੋਲ ਵੀ ਚੈਕ ਕੀਤਾ ਤੇ ਮੰਡੀ ਵਿਚ ਕਣਕ ਦੀ ਚੁਕਾਈ ਦੇ ਕੰਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਮੰਡੀ ਵਿੱਚ ਕਿਸਾਨਾਂ ਤੇ ਵਪਾਰੀਆਂ ਨਾਲ ਗੱਲਬਾਤ ਕਰ ਕਣਕ ਦੀ ਸਰਕਾਰੀ ਖਰੀਦ ਬਾਰੇ ਜਾਣਕਾਰੀ ਲਈ।

ਉਨ੍ਹਾਂ ਕਿਹਾ ਕਿ ਕਿਸਾਨਾਂ ਤੇ ਵਪਾਰੀਆਂ ਦੀ ਸਹੂਲਤ ਲਈ ਕਣਕ ਦੀ ਚੁਕਾਈ ਵਿਚ ਤੇਜ਼ੀ ਲਿਆਂਦੀ ਜਾਵੇਗੀ। ਉਨ੍ਹਾਂ ਦੱਸਿਆ ਕਿ ਬਾਬੈਨ ਮੰਡੀ ਵਿਚ ਹੁਣ ਤਕ 2 ਲੱਖ 50 ਹਜ਼ਾਰ ਕਣਕ ਦੀਆਂ ਬੋਰੀਆਂ ਦੀ ਆਮਦ ਹੋ ਚੁੱਕੀ ਹੈ ਤੇ 70 ਹਜ਼ਾਰ ਬੋਰੀਆਂ ਚੁੱਕੀਆਂ ਗਈਆਂ ਹਨ। ਜ਼ਿਲ੍ਹਾ ਫੂਡ ਤੇ ਸਪਲਾਈ ਅਧਿਕਾਰੀ ਸੁਰਿੰਦਰ ਸੈਣੀ ਨੇ ਕਿਹਾ ਕਿ ਫੂਡ ਤੇ ਸਪਲਾਈ ਵਿਭਾਗ ਵਲੋਂ 1 ਲੱਖ 39 ਹਜ਼ਾਰ 222 ਮੀਟਰਿਕ ਟਨ ਕਣਕ ਦੀ ਖਰੀਦ ਹੋਈ ਹੈ ਤੇ ਇਸ ਏਜੰਸੀ ਵਲੋਂ 31434 ਮੀਟਰਿਕ ਟਨ ਦੀ ਚੁਕਾਈ ਕੀਤੀ ਜਾ ਚੁੱਕੀ ਹੈ। ਪ੍ਰਾਈਵੇਟ ਏਜੰਸੀਆਂ ਨੇ 1570 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਹੈ ਤੇ ਇਸ ਚ 525 ਮੀਟਰਿਕ ਟਨ ਦੀ ਲਿਫਟਿੰਗ ਹੋ ਚੁੱਕੀ ਹੈ। ਜ਼ਿਲ੍ਹੇ ਵਿੱਚ 2 ਲੱਖ 32 ਹਜਾਰ 641 ਐੱਮਟੀ ਕਣਕ ਦੀ ਖਰੀਦ ਹੋਈ ਹੈ ਤੇ ਇਸ ਵਿੱਚ 53940 ਐਮਟੀ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ। ਇਸ ਮੌਕੇ ਫੂਡ ਤੇ ਸਪਲਾਈ ਨਿਰੀਖਕ ਬ੍ਰਿਜਮੋਹਨ ਸ਼ਰਮਾ, ਮੰਡੀ ਦੇ ਆੜ੍ਹਤੀ ਨਾਇਬ ਸਿੰਘ ਪਟਾਕ ਮਾਜਰਾ, ਜਸਵਿੰਦਰ ਜੱਸੀ, ਕੌਸ਼ਲ ਸੈਣੀ, ਮੋਹਨ ਚੁੱਘ, ਬਲਿਹਾਰ ਸਿੰਘ, ਹਰਕੇਸ਼ ਸੈਣੀ, ਕ੍ਰਿਸ਼ਨ ਗੋਇਲ, ਲਵਲੀ ਸੈਣੀ, ਕ੍ਰਿਸ਼ਨ ਮੱਕੜ ਤੋਂ ਇਲਾਵਾ ਕਿਸਾਨ ਤੇ ਵਪਾਰੀ ਮੌਜੂਦ ਸਨ

# ਗੁਰੂ ਤੇਗ ਬਹਾਦਰ ਦਾ ਪ੍ਰਕਾਸ਼ ਪੁਰਬ ਮਨਾਇਆ

**ਮੁਹਾਲੀ:, 21 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਗੁਰੂ ਤੇਗ ਬਹਾਦਰ ਦਾ 404ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਵੇਰੇ ਸਹਿਜ ਪਾਠ ਦੇ ਭੋਗ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਜਾਰੀ ਰਿਹਾ। ਭਾਈ ਗੁਰਦੇਵ ਸਿੰਘ ਦੇ ਇੰਟਰਨੈਸ਼ਨਲ ਢਾਡੀ ਜਥੇ, ਭਾਈ ਲਖਵਿੰਦਰ ਸਿੰਘ ਅੰਮ੍ਰਿਤਸਰ ਵਾਲਿਆਂ ਦੇ ਰਾਗੀ ਜਥੇ ਨੇ ਹਾਜ਼ਰੀ ਲਵਾਈ। ਸ਼੍ਰੋਮਣੀ ਪ੍ਰਚਾਰਕ ਭਾਈ ਜਰਨੈਲ ਸਿੰਘ ਨੇ ਹਿੰਦ ਦੀ ਚਾਦਰ ਦੇ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਬਾਣੀ ਦੇ 15 ਰਾਗਾਂ ਵਿੱਚ 59 ਸ਼ਬਦ ਅਤੇ 57 ਸ਼ਲੋਕਾਂ ਬਾਰੇ ਦੱਸਿਆ। ਇਸ ਮੌਕੇ ਧਰਮ ਸਿੰਘ ਪਟਿਆਲਾ ਵਾਲੇ, ਭਾਈ ਹਰਭਜਨ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਸਰਬਜੋਤ ਸਿੰਘ, ਭਾਈ ਦਿਲਬਰ ਸਿੰਘ ਅਤੇ ਭਾਈ ਗੁਰਮੀਤ ਸਿੰਘ ਨੇ ਹਾਜ਼ਰੀ ਲਵਾਈ।

## ਐਂਬੂਲੈਂਸ 'ਚ ਮੁੰਡੇ ਦੀ ਲਾਸ਼ ਲੈ ਕੇ ਜਾ ਰਹੇ ਪਰਿਵਾਰ ਨਾਲ ਵਾਪਰਿਆ ਹਾਦਸਾ

ਜ਼ੀਰਾ 21 ਅਪ੍ਰੈਲ। ਜ਼ੀਰਾ ਵਿਚ ਇਕ ਦਰਦਨਾਕ ਘਟਨਾ ਵਾਪਰੀ ਹੈ, ਜਿਸ ਵਿਚ ਇਕ ਮ੍ਰਿਤਕ ਨੌਜਵਾਨ ਦੀ ਲਾਸ਼ ਨੂੰ ਐਂਬੂਲੈਂਸ ਵਿਚ ਲੈ ਕੇ ਜਾਂਦੇ ਸਮੇਂ ਵਾਪਰੇ ਹਾਦਸੇ ਵਿਚ ਇਕ ਮਹਿਲਾ ਦੀ ਮੌਤ ਹੋ ਗਈ। ਮਿਲੀ ਜਾਣਕਾਰੀ ਮੁਤਾਬਕ ਪਿੰਡ ਨੀਲੇ ਵਾਲਾ ਦੇ ਵਸਨੀਕ ਇਕ 16 ਸਾਲ ਦੇ ਲੜਕੇ ਦੀ ਵੀਰਵਾਰ ਸਵੇਰੇ ਇਕ ਕੈਂਟਰ ਨਾਲ ਟੱਕਰ ਹੋ ਜਾਣ ਦੇ ਚੱਲਦਿਆਂ ਮੌਤ ਹੋ ਗਈ ਸੀ। ਮ੍ਰਿਤਕ ਲੜਕੇ ਦੇ ਰਿਸ਼ਤੇਦਾਰ ਉਸ ਦੀ ਮ੍ਰਿਤਕ ਦੇਹ ਨੂੰ ਸ਼ਾਮ ਸਮੇਂ ਐਂਬੂਲੈਂਸ ਵਿਚ ਆਪਣੇ ਪਿੰਡ ਲੈ ਕੇ ਜਾ ਰਹੇ ਸਨ ਤਾਂ ਐਂਬੂਲੈਂਸ ਦੀ ਸਾਹਮਣੇ ਤੋਂ ਆ ਰਹੀ ਸਵਿਫਟ ਕਾਰ ਨਾਲ ਜ਼ਬਰਦਸਤ ਟੱਕਰ ਹੋ ਗਈ। ਇਹ ਟੱਕਰ ਇੰਨੀ ਭਿਆਨਕ ਸੀ ਕਿ ਐਂਬੂਲੈਂਸ ਦੋ ਤਿੰਨ ਪਲਟੀਆਂ ਖਾਂਦੀ ਹੋਈ ਖੇਤਾਂ ਵਿਚ ਜਾ ਡਿੱਗੀ ਇਸ ਹਾਦਸੇ ਵਿਚ ਐਂਬੂਲੈਂਸ ਸਵਾਰ ਛੇ ਲੋਕ ਗੰਭੀਰ ਰੂਪ ਵਿਚ ਜ਼ਖਮੀ ਹੋ ਗਏ ਜਿਨ੍ਹਾਂ ਵਿਚੋਂ ਇਕ ਮਹਿਲਾ ਦੀ ਮੌਕੇ 'ਤੇ ਮੌਤ ਹੋ ਗਈ ਅਤੇ ਇਕ ਮਹਿਲਾ ਜਿਸ ਦੀ ਹਾਲਤ ਗੰਭੀਰ ਬਣੀ ਹੋਈ ਹੈ, ਨੂੰ ਡਾਕਟਰਾਂ ਵੱਲੋਂ ਮੁੱਢਲੀ ਸਹਾਇਤਾ ਦੇਣ ਉਪਰੰਤ ਫਰੀਦਕੋਟ ਮੈਡੀਕਲ ਕਾਲਜ ਵਿਖੇ ਰੈਫਰ ਕਰ ਦਿੱਤਾ ਹੈ।

# ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵੱਡੇ ਫ਼ੈਸਲੇ, ਮੁਲਾਜ਼ਮਾਂ ਦਾ ਮਹਿੰਗਾਈ ਭੱਤਾ ਵਧਾਇਆ

**ਸਰਦੂਲ ਸਿੰਘ**

ਜੈਤੋ 20 ਅਪ੍ਰੈਲ। ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਅੱਜ ਹੋਈ ਇਕੱਤਰਤਾ ਵਿਚ ਬਲਵੰਤ ਸਿੰਘ ਰਾਜੋਆਣਾ ਤੇ ਹੋਰ ਬੰਦੀ ਸਿੰਘਾਂ ਦੇ ਮਾਮਲੇ ਵਿਚ ਕੇਂਦਰ ਸਰਕਾਰ ਵੱਲੋਂ ਅਪਣਾਈ ਜਾ ਰਹੀ ਟਾਲ-ਮਟੋਲ ਦੀ ਨੀਤੀ ਦੀ ਕਰੜੀ ਆਲੋਚਨਾ ਕਰਦਿਆਂ ਇਸ ਵਰਤਾਰੇ ਨੂੰ ਘੱਟਗਿਣਤੀ ਸਿੱਖਾਂ ਨਾਲ ਅਨਿਆਂ ਕਰਾਰ ਦਿੱਤਾ ਗਿਆ। ਇਸ ਸਬੰਧੀ ਇਕ ਵਿਸ਼ੇਸ਼ ਮਤਾ ਪਾਸ ਕਰਕੇ ਮਾਨਯੋਗ ਸੁਪਰੀਮ ਕੋਰਟ ਪਾਸੋਂ ਮੰਗ ਕੀਤੀ ਗਈ ਕਿ ਉਹ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਸਬੰਧੀ ਤੁਰੰਤ ਫੈਸਲਾ ਲੈਣ ਲਈ ਕੇਂਦਰ ਸਰਕਾਰ ਨੂੰ ਆਦੇਸ਼ ਕਰੇ ਤਾਂ ਜੋ 2007 ਤੋਂ ਫਾਂਸੀ ਦੀ ਚੱਕੀ ਵਿਚ ਸਜ਼ਾ ਕੱਟ ਰਹੇ ਰਾਜੋਆਣਾ ਨੂੰ ਇਨਸਾਫ਼ ਮਿਲ ਸਕੇ। ਇਕੱਤਰਤਾ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਨੇ ਉਨ੍ਹਾਂ ਤੱਕ ਇਹ ਸਨੇਹਾ ਪਹੁੰਚਾਇਆ ਹੈ ਕਿ ਸ਼?ਰੋਮਣੀ ਕਮੇਟੀ ਉਨ੍ਹਾਂ ਸਬੰਧੀ ਪਾਈ ਗਈ ਆਪਣੀ ਪਟੀਸ਼ਨ ਵਾਪਸ ਲਵੇ ਅਤੇ ਕੇਂਦਰ ਸਰਕਾਰ ਨੂੰ ਤੁਰੰਤ ਫੈਸਲਾ ਲੈਣ ਲਈ ਕਿਹਾ ਜਾਵੇ ਕਿਉਂਕਿ ਹੁਣ ਉਹ ਜ਼ਿੰਦਗੀ ਅਤੇ ਮੌਤ ਵਿਚ ਕੋਈ ਫਰਕ ਨਹੀਂ ਸਮਝਦੇ। ਉਨ੍ਹਾਂ ਕਿਹਾ ਕਿ ਭਾਈ ਰਾਜੋਆਣਾ ਦੇ ਵਿਚਾਰ ਦਾ ਸ਼?ਰੋਮਣੀ ਕਮੇਟੀ ਸਤਿਕਾਰ ਕਰਦੀ ਹੈ ਅਤੇ ਉਨ੍ਹਾਂ ਵੱਲੋਂ ਲੰਮੇ ਅਰਸੇ ਤੋਂ ਫਾਂਸੀ ਦੀ ਚੱਕੀ ਵਿਚ ਦ੍ਰਿੜ੍ਹਤਾ ਤੇ ਚੜ੍ਹਦੀ ਕਲਾ ਦਾ ਪ੍ਰਗਟਾਵਾ ਕੌਮ ਲਈ ਇਕ ਪ੍ਰੇਰਣਾ ਵਾਂਗ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਨੂੰ ਆਪਣੇ ਫੈਸਲਿਆਂ ਤੋਂ ਪਿੱਛੇ ਨਹੀਂ ਹਟਣਾ ਚਾਹੀਦਾ ਅਤੇ 2019 ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਸਮੇਂ ਕੀਤੇ ਨੋਟੀਫਿਕੇਸ਼ਨ ਨੂੰ ਪੂਰਨ ਰੂਪ ਵਿਚ ਲਾਗੂ ਕਰਨਾ ਚਾਹੀਦਾ ਹੈ। ਇਸ ਦੇ ਨਾਲ ਹੀ ਸੁਪਰੀਮ ਕੋਰਟ ਵੱਲੋਂ ਕੇਂਦਰ ਸਰਕਾਰ ਨੂੰ ਰਾਜੋਆਣਾ ਦੇ ਮਾਮਲੇ ਵਿਚ ਫੈਸਲਾ ਲੈਣ ਦੀ ਹਿਦਾਇਤ ਨੂੰ ਵੀ ਦਰਕਿਨਾਰ ਨਹੀਂ ਕਰਨਾ ਚਾਹੀਦਾ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਵਿਚ ਦਖ਼ਲ ਦੇਣ ਅਤੇ ਵੱਡਾ ਦਿਲ ਦਿਖਾਉਂਦਿਆਂ ਸਿੱਖ ਭਾਵਨਾਵਾਂ ਅਨੁਸਾਰ ਬਲਵੰਤ ਸਿੰਘ ਰਾਜੋਆਣਾ ਸਬੰਧੀ ਫੈਸਲਾ ਕਰਨ। ਸ਼?ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਕੌਮ ਬੰਦੀ ਸਿੰਘਾਂ ਦੇ ਮਾਮਲੇ ਵਿਚ ਸਰਕਾਰ ਪਾਸੋਂ ਇਨਸਾਫ਼ ਦੀ ਮੰਗ ਕਰ ਰਹੀ ਹੈ ਨਾ ਕਿ ਭੀਖ ਮੰਗ ਰਹੀ ਹੈ। ਉਨ੍ਹਾਂ ਕਿਹਾ ਕਿ ਸ਼?ਰੋਮਣੀ ਕਮੇਟੀ ਇਸ ਮਾਮਲੇ 'ਤੇ ਕੇਂਦਰੀ ਗ੍ਰਹਿ ਮੰਤਰੀ ਨਾਲ ਮੁਲਾਕਾਤ ਵਾਸਤੇ ਵੀ ਸਮਾਂ ਮੰਗੇਗੀ ਜਿਸ ਲਈ ਸਕੱਤਰ ਪੱਧਰ ਦੇ ਅਧਿਕਾਰੀ ਨੂੰ ਗ੍ਰਹਿ ਮੰਤਰਾਲੇ ਭੇਜਿਆ ਜਾਵੇਗਾ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਨਿਯੁਕਤੀ ਤੇ ਸੇਵਾਮੁਕਤੀ ਸਬੰਧੀ ਤੈਅ ਕੀਤੇ ਜਾਣ ਵਾਲੇ ਸੇਵਾ ਨਿਯਮਾਂ ਲਈ ਮੰਗੇ ਗਏ ਸੁਝਾਵਾਂ ਬਾਰੇ ਗੱਲ ਕਰਦਿਆਂ ਐਡਵੋਕੇਟ ਧਾਮੀ ਨੇ ਦੱਸਿਆ ਕਿ ਹੁਣ ਤੱਕ ਵੱਡੀ ਗਿਣਤੀ ਵਿਚ ਸੁਝਾਅ ਪ੍ਰਾਪਤ ਹੋਏ ਹਨ ਅਤੇ ਲਗਾਤਾਰ ਆ ਰਹੇ ਹਨ। ਉਨ੍ਹਾਂ ਇਸ ਨੂੰ ਲੈ ਕੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਇਸ ਸਬੰਧੀ ਵੱਧ ਤੋਂ ਵੱਧ ਸੁਝਾਅ ਸ਼?ਰੋਮਣੀ ਕਮੇਟੀ ਨੂੰ ਭੇਜੇ ਜਾਣ। ਖਾਸ ਕਰਕੇ ਪੰਥ ਦੀਆਂ ਸਿਰਮੌਰ ਜਥੇਬੰਦੀਆਂ ਇਸ ਨੂੰ ਪਹਿਲ ਦੇ ਅਧਾਰ 'ਤੇ ਲੈਣ ਤਾਂ ਜੋ ਸਿੱਖ ਸੰਸਥਾ ਸ਼?ਰੋਮਣੀ ਕਮੇਟੀ ਸਾਂਝੀ ਰਾਇ ਤੇ ਭਾਵਨਾ ਅਨੁਸਾਰ ਇਕ ਸਰਬ-ਸਾਂਝੀ ਨਿਯਮਾਵਲੀ ਬਣਾਉਣ ਦੇ ਅਮਲ ਨੂੰ ਪੂਰਾ ਕਰ ਸਕੇ। ਉਨ੍ਹਾਂ ਕਿਹਾ ਕਿ ਸੁਝਾਅ ਭੇਜਣ ਦਾ ਸਮਾਂ ਫਿਲਹਾਲ 20 ਅਪ੍ਰੈਲ ਤੱਕ ਰੱਖਿਆ ਗਿਆ ਹੈ ਅਤੇ ਇਸ ਮਗਰੋਂ ਇਕ ਕਮੇਟੀ ਨਿਰਧਾਰਤ ਕਰਕੇ ਪੁੱਜੇ ਸੁਝਾਵਾਂ ਨੂੰ ਵਾਚਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਬਹੁਤ ਅਹਿਮ ਕਾਰਜ ਹੈ ਜਿਸ ਲਈ ਦੀਰਘ ਵਿਚਾਰ ਕਰਨੇ ਲੋੜੀਂਦੇ ਹਨ। ਐਡਵੋਕੇਟ ਧਾਮੀ ਨੇ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਤਖ਼ਤ ਸਾਹਿਬਾਨ ਅਤੇ ਵੱਖ-ਵੱਖ ਜ਼ੋਨਾਂ ਵਿਚ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮਾਂ ਵਿਚ ਅੰਮ੍ਰਿਤਪਾਨ ਕਰਕੇ ਗੁਰੂ ਲੜ ਲੱਗਣ ਵਾਲੀਆਂ 13,258 ਸੰਗਤਾਂ ਨੂੰ ਵਧਾਈ ਦਿੰਦਿਆਂ ਇਸ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਦਾ ਵੀ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਦਿਹਾੜੇ ਦੀ ਸ਼ਤਾਬਦੀ ਸਬੰਧੀ 20 ਅਪ੍ਰੈਲ ਨੂੰ ਗੁਰਦੁਆਰਾ ਗੁਰੂ ਕੇ ਮਹਿਲ ਅੰਮ੍ਰਿਤਸਰ ਤੋਂ ਸ਼ਤਾਬਦੀ ਸਮਾਗਮਾਂ ਦੀ ਸ਼ੁਰੂਆਤ ਕੀਤੀ ਜਾਵੇਗੀ ਅਤੇ ਇਸ ਨੂੰ ਸਮਰਪਿਤ ਵੱਖ-ਵੱਖ ਥਾਵਾਂ ਉੱਤੇ ਗੁਰਮਤਿ ਸਮਾਗਮ, ਅੰਮ੍ਰਿਤ ਸੰਚਾਰ, ਨਗਰ ਕੀਰਤਨ ਅਤੇ ਸੈਮੀਨਾਰ ਆਦਿ ਕਰਵਾਉਣ ਦਾ ਪ੍ਰਬੰਧ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸ਼ਤਾਬਦੀ ਦੇ ਸਬੰਧ ਵਿਚ ਸ਼?ਰੋਮਣੀ ਕਮੇਟੀ ਬਜਟ ਵਿਚ ਵਿਸ਼ੇਸ਼ ਰਾਸ਼ੀ ਰੱਖੀ ਗਈ ਹੈ। ਐਡਵੋਕੇਟ ਧਾਮੀ ਨੇ ਇਹ ਵੀ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਸ਼?ਰੋਮਣੀ ਕਮੇਟੀ ਦੇ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਵਿਚ 4 ਫੀਸਦੀ ਦਾ ਵਾਧਾ ਕਰਨ ਨੂੰ ਵੀ ਪ੍ਰਵਾਨਗੀ ਦਿੱਤੀ ਹੈ। ਇਕੱਤਰਤਾ ਦੌਰਾਨ ਸ਼?ਰੋਮਣੀ ਕਮੇਟੀ ਮੈਂਬਰ ਰਣਧੀਰ ਸਿੰਘ ਚੀਮਾ ਅਤੇ ਨਿਹੰਗ ਜਥੇਬੰਦੀ ਗੁਰੂ ਨਾਨਕ ਦਲ ਮੜੀਆਂ ਵਾਲਾ ਦੇ ਮੁਖੀ ਬਾਬਾ ਮਾਨ ਸਿੰਘ ਦੇ ਅਕਾਲ ਚਲਾਣੇ 'ਤੇ ਸ਼ੋਕ ਮਤਾ ਕਰਕੇ ਸ਼ਰਧਾਜਲੀ ਦਿੱਤੀ ਗਈ। ਇਕੱਤਰਤਾ 'ਚ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ, ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਸੁਰਜੀਤ ਸਿੰਘ ਤੁਗਲਵਾਲ, ਪਰਮਜੀਤ ਸਿੰਘ ਖ਼ਾਲਸਾ, ਸੁਰਜੀਤ ਸਿੰਘ ਗੜ੍ਹੀ, ਬਲਦੇਵ ਸਿੰਘ ਕਾਇਮਪੁਰ, ਸੁਖਹਰਪ੍ਰੀਤ ਸਿੰਘ ਰੋਡੇ, ਜਸਵੰਤ ਸਿੰਘ ਪੁੜੈਣ, ਪਰਮਜੀਤ ਸਿੰਘ ਰਾਇਪੁਰ, ਮੈਂਬਰ ਬਲਜੀਤ ਸਿੰਘ ਜਲਾਲਉਸਮਾਂ, ਗੁਰਨਾਮ ਸਿੰਘ ਜੱਸਲ, ਓਐਸਡੀ ਸਤਬੀਰ ਸਿੰਘ ਧਾਮੀ, ਸਕੱਤਰ ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਗੁਰਨਾਮ ਸਿੰਘ, ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਅਮਨਬੀਰ ਸਿੰਘ ਸਿਆਲੀ, ਐਕਸੀਅਨ ਜਤਿੰਦਰ ਸਿੰਘ ਆਦਿ ਸ਼ਾਮਲ ਹਨ।



## ਸਪੀਕਰ ਸੰਧਵਾਂ ਦੀ ਹਾਜ਼ਰੀ 'ਚ ਮਾਰਕੀਟ ਕਮੇਟੀ ਦੇ ਚੇਅਰਮੈਨ ਝਨੇੜੀ ਨੇ ਸੰਭਾਲਿਆ ਅਹੁਦਾ

ਭਵਾਨੀਗੜ੍ਹ 20 ਅਪ੍ਰੈਲ। ਮਾਰਕੀਟ ਕਮੇਟੀ ਭਵਾਨੀਗੜ੍ਹ ਦੇ ਨਵਨਿਯੁਕਤ ਚੇਅਰਮੈਨ 'ਆਗੂ' ਜਗਸੀਰ ਸਿੰਘ ਜੱਗਾ ਝਨੇੜੀ ਵੱਲੋਂ ਇੱਥੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਲੋਕ ਸਭਾ ਹਲਕਾ ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ, ਕੈਬਨਿਟ ਮੰਤਰੀ ਬਰਿੰਦਰ ਗੋਇਲ ਤੇ ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਦੀ ਹਾਜ਼ਰੀ 'ਚ ਸ਼ੁੱਕਰਵਾਰ ਨੂੰ ਆਪਣਾ ਅਹੁਦਾ ਸੰਭਾਲਿਆ ਗਿਆ। ਇਸ ਮੌਕੇ ਸਪੀਕਰ ਕੁਲਤਾਰ ਸੰਧਵਾਂ ਨੇ ਚੇਅਰਮੈਨ ਝਨੇੜੀ ਨੂੰ ਵਧਾਈ ਦਿੰਦਿਆਂ ਆਖਿਆ ਕਿ ਪੰਜਾਬ ਸਰਕਾਰ ਨੇ ਪਾਰਟੀ ਦੇ ਬਹੁਤ ਹੀ ਹੋਣਹਾਰ ਤੇ ਜੁਝਾਰੂ ਵਰਕਰ ਨੂੰ ਇਕ ਵੱਡੀ ਜ਼ਿੰਮੇਵਾਰੀ ਸੌਂਪ ਕੇ ਮਾਨ ਬਖਸ਼ਿਆ ਹੈ ਤੇ ਉਹ ਆਸ ਕਰਦੇ ਹਨ ਕਿ ਚੇਅਰਮੈਨ ਝਨੇੜੀ ਕਿਸਾਨਾਂ ਮਜ਼ਦੂਰਾਂ ਅਤੇ ਆੜ੍ਹਤੀਆਂ ਨਾਲ ਜੁੜੇ ਇਸ ਅਦਾਰੇ ਲਈ ਵਧੀਆ ਢੰਗ ਨਾਲ ਆਪਣੀ ਸੇਵਾਵਾਂ ਨਿਭਾਉਣਗੇ। ਇਸ ਮੌਕੇ ਮੈਂਬਰ ਪਾਰਲੀਮੈਂਟ ਮੀਤ ਹੇਅਰ ਤੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਚੇਅਰਮੈਨ ਝਨੇੜੀ ਦੀ ਨਿਯੁਕਤੀ 'ਤੇ ਜਿੱਥੇ ਖੁਸ਼ੀ ਜ਼ਾਹਿਰ ਕੀਤੀ ਉੱਥੇ ਹੀ ਸੂਬੇ ਦੇ ਸੀਐੱਮ ਭਗਵੰਤ ਮਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਆਮ ਆਦਮੀ ਪਾਰਟੀ ਵਿਚ ਹਰੇਕ ਜੁਝਾਰੂ ਵਰਕਰ ਨੂੰ ਬਣਦਾ



ਮਾਣ ਸਨਮਾਨ ਦਿੱਤਾ ਜਾਂਦਾ ਹੈ। ਇਸ ਮੌਕੇ ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਚੇਅਰਮੈਨ ਝਨੇੜੀ ਦੇ ਤਾਜਪੋਸ਼ੀ ਸਮਾਗਮ ਵਿਚ ਪਹੁੰਚਣ 'ਤੇ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਐੱਮਪੀ ਮੀਤ ਹੇਅਰ ਤੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਤੇ ਚੇਅਰਮੈਨ ਝਨੇੜੀ ਨੂੰ ਮੁਬਾਰਕਬਾਦ ਦਿੱਤੀ। ਇਸ ਤੋਂ ਪਹਿਲਾਂ ਸਵੇਰੇ ਤਾਜਪੋਸ਼ੀ ਸਮਾਗਮ ਦੀ ਖੁਸ਼ੀ ਵਿਚ ਮਾਰਕੀਟ ਕਮੇਟੀ ਦਫਤਰ ਵਿਖੇ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਪਾਏ ਗਏ। ਜਿਸ ਵਿਚ ਇਲਾਕੇ ਦੇ ਪੰਚਾਂ-ਸਰਪੰਚਾਂ ਤੇ ਹੋਰ ਵੱਡੀ ਗਿਣਤੀ 'ਚ ਪਤਵੰਤਿਆਂ ਨੇ ਹਾਜ਼ਰੀ ਲਵਾਈ।

## ਪੰਜਾਬ 'ਚ ਸ਼ਰਮਸਾਰ ਕਰਨ ਵਾਲੀ ਘਟਨਾ !

ਕਾਠਗੜ੍ਹ 21 ਅਪ੍ਰੈਲ। ਬੀਤੇ ਕੱਲ ਹਲਕੇ ਦੇ ਇੱਕ ਪਿੰਡ ਦੀ ਰਹਿਣ ਵਾਲੀ ਇਕ ਲੜਕੀ ਨਾਲ ਇਕ ਨੌਜਵਾਨ ਵੱਲੋਂ ਉਸ ਦੇ ਘਰ ਵਿੱਚ ਜਬਰੀ ਦਾਖਲ ਹੋ ਕੇ ਪਹਿਲਾਂ ਉਸ ਨਾਲ ਮਾਰਕੁੱਟ ਕੀਤੀ ਅਤੇ ਬਾਅਦ ਵਿੱਚ ਉਸਦਾ ਜਿਨਸੀ ਸੋਸ਼ਣ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ। ਪੁਲਸ ਨੇ ਲੜਕੀ ਦੇ ਬਿਆਨਾਂ 'ਤੇ ਕਥਿਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਕੇ ਉਸ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਪੀੜਿਤ ਲੜਕੀ ਰਾਣੀ (ਕਲਪਨਿਕ ਨਾਮ) ਨੇ ਦੱਸਿਆ ਕਿ ਉਹ ਇਕ ਪ੍ਰਾਈਵੇਟ ਸਕੂਲ 'ਚ ਟੀਚਰ ਦੀ ਨੌਕਰੀ ਕਰਦੀ ਹੈ ਤੇ ਕਿਸੇ ਕਾਰਨ ਕੱਲ ਉਹ ਛੁੱਟੀ 'ਤੇ ਸੀ ਤੇ ਘਰ 'ਚ ਇਕੱਲੀ ਸੀ। ਉਸ ਦੀ ਮਾਤਾ ਆਪਣੇ ਪੇਕੇ ਪਿੰਡ ਗਈ ਹੋਈ ਸੀ ਅਤੇ ਪਿਤਾ ਤੇ ਭਰਾ ਕੰਮ 'ਤੇ ਗਏ ਹੋਏ ਸਨ। ਘਰ 'ਚ ਇਕੱਲੀ ਨੂੰ ਦੇਖ ਕੇ ਕਥਿਤ ਮੁਲਜ਼ਮ ਲੜਕਾ ਉਨ੍ਹਾਂ ਦੇ ਘਰ 'ਚ ਜਬਰੀ ਦਾਖਲ ਹੋ ਗਿਆ ਅਤੇ ਉਸਦੇ ਨਾਲ ਮਾਰਕੁੱਟ ਕਰਨ ਲੱਗਿਆ ਜਿਸ 'ਤੇ ਉਸਨੇ ਰੌਲਾ ਵੀ ਪਾਇਆ ਲੇਕਿਨ ਉਹ ਉਸ ਨਾਲ ਮਾਰਕੁੱਟ ਕਰਦਾ ਰਿਹਾ। ਮੁਲਜ਼ਮ ਨੇ ਉਸਦਾ ਫੋਨ ਵੀ ਤੋੜ ਦਿੱਤਾ ਅਤੇ ਜੋ ਉਨ੍ਹਾਂ ਦੇ ਘਰ ਫੋਨ ਪਿਆ ਸੀ ਉਸ ਨੂੰ ਵੀ ਚੁੱਕ ਕੇ ਆਪਣੇ ਨਾਲ ਲੈ ਗਿਆ। ਉਸ ਫੋਨ 'ਤੇ ਜਦੋਂ ਉਸਦੇ ਪਿਤਾ ਅਤੇ ਇੱਕ ਰਿਸ਼ਤੇਦਾਰ ਦਾ ਫੋਨ ਆਇਆ ਤਾਂ ਮੁਲਜ਼ਮ ਨੌਜਵਾਨ ਉਨ੍ਹਾਂ ਨੂੰ ਗਾਲੀਗਲੋਚ ਕਰਨ ਲੱਗਿਆ। ਪੀੜਿਤ ਲੜਕੀ ਨੇ ਦੱਸਿਆ ਕਿ ਕੁੱਝ ਸਮੇਂ ਬਾਅਦ ਨੌਜਵਾਨ ਫਿਰ ਕੰਧ ਟੱਪ ਕੇ ਉਨ੍ਹਾਂ ਦੇ ਘਰ ਅੰਦਰ ਦਾਖਲ ਹੋ ਗਿਆ ਤੇ ਉਸਨੇ ਉਸਦਾ ਜਿਨਸੀ ਸ਼ੋਸਣ ਕੀਤਾ ਜਿਸ ਤੋਂ ਬਾਅਦ ਉਹ ਬੇਸੁੱਧ ਹੋ ਗਈ।

## ਕੈਬਨਿਟ ਮੰਤਰੀ ਗੋਇਲ ਵੱਲੋਂ ਵੱਖ-ਵੱਖ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦੇ ਉਦਘਾਟਨ

**ਕਿਸ਼ਨ ਪਾਲ**

ਲਹਿਰਾਗਾਗਾ 20 ਅਪ੍ਰੈਲ। ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਵਿਧਾਨ ਸਭਾ ਹਲਕਾ ਲਹਿਰਾ ਅਧੀਨ ਆਉਂਦੇ ਵੱਖ-ਵੱਖ ਸਰਕਾਰੀ ਸਕੂਲਾਂ 'ਚ ਲੱਗਭਗ 1.90 ਕਰੋੜ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਕੈਬਨਿਟ ਮੰਤਰੀ ਗੋਇਲ ਨੇ ਕਿਹਾ ਕਿ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਸਰਵੋਤਮ ਸਹੂਲਤਾਂ ਪ੍ਰਦਾਨ ਕਰਨ ਦਾ ਮਕਸਦ ਵਿਦਿਆਰਥੀਆਂ ਨੂੰ ਉੱਚ ਪੱਧਰੀ ਅਤੇ ਆਧੁਨਿਕ ਸਿੱਖਿਆ ਦੇ ਕੇ ਸਮੇਂ ਦਾ ਹਾਣੀ ਬਣਾਉਣਾ ਹੈ ਤਾਂ ਜੋ ਉਹ ਆਉਣ ਵਾਲੇ ਸਮੇਂ 'ਚ ਮੁਕਾਬਲੇ ਦੀਆਂ ਔਖੀਆਂ ਪ੍ਰੀਖਿਆਵਾਂ ਨੂੰ ਸੁਖਾਲੇ ਢੰਗ ਨਾਲ ਪਾਸ ਕਰਨ ਦੇ ਸਮਰੱਥ ਬਣ ਸਕਣ ਅਤੇ ਆਪਣੀ ਮਿਹਨਤ ਅਤੇ ਲਗਨ ਦੇ ਨਾਲ ਅਜਿਹੀਆਂ ਬੁਲੰਦੀਆਂ ਨੂੰ ਹਾਸਲ ਕਰਕੇ ਨਾਮਣਾ ਖੱਟ ਸਕਣ, ਜਿਹੜੀਆਂ ਬੁਲੰਦੀਆਂ ਦਾ ਉਹ ਸੁਪਨਾ ਵੇਖਦੇ ਹਨ। ਗੋਇਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹੁਣ ਤੱਕ 52 ਹਜ਼ਾਰ ਤੋਂ ਵੀ ਵਧੇਰੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕਰ ਕੇ ਕੀਰਤੀਮਾਨ ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ 'ਚ ਵਿਦਿਆਰਥੀਆਂ ਦੇ ਹੁਨਰ ਨੂੰ ਤਰਾਸ਼ ਕੇ ਦਿਲਚਸਪੀ ਮੁਤਾਬਕ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਉਹ ਬਾਰ੍ਹਵੀਂ ਪਾਸ ਕਰਨ ਮਗਰੋਂ ਮੁਕਾਬਲੇ ਦੀਆਂ ਪ੍ਰੀਖਿਆਵਾਂ 'ਚ ਹਿੱਸਾ ਲੈਣ ਦੇ ਯੋਗ ਬਣਨ ਅਤੇ ਮਨ ਪਸੰਦ ਦੇ ਅਹੁਦਿਆਂ 'ਤੇ ਸੇਵਾਵਾਂ ਨਿਭਾਉਣ। ਉਨ੍ਹਾਂ ਕਿਹਾ ਕਿ ਸਰਕਾਰੀ ਵਿਭਾਗਾਂ ਨੂੰ ਮੁਕੰਮਲ ਤੌਰ 'ਤੇ ਭ੍ਰਿਸ਼ਟਾਚਾਰ ਮੁਕਤ ਕਰਨ ਦੀ ਮੁਹਿੰਮ ਵੀ ਸਾਰਥਕ ਨਤੀਜੇ ਸਾਹਮਣੇ ਲਿਆ ਰਹੀ ਹੈ। ਕੈਬਨਿਟ ਮੰਤਰੀ ਗੋਇਲ ਵੱਲੋਂ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਅਤੇ ਮਿਡਲ ਸਕੂਲ ਰਾਮਗੜ੍ਹ ਸੰਧੂਆਂ, ਸਰਕਾਰੀ ਪ੍ਰਾਇਮਰੀ ਸਕੂਲ ਸੇਖੋਵਾਸ, ਸਰਕਾਰੀ ਪ੍ਰਾਇਮਰੀ ਤੇ ਹਾਈ ਸਕੂਲ ਘੋੜੇਨਬ, ਸਰਕਾਰੀ ਪ੍ਰਾਇਮਰੀ ਸਕੂਲ ਰੋੜੇਵਾਲਾ, ਸਰਕਾਰੀ ਪ੍ਰਾਇਮਰੀ ਤੇ ਹਾਈ ਸਕੂਲ ਕਾਲਬੰਜਾਰਾ, ਸਰਕਾਰੀ ਹਾਈ ਅਤੇ ਪ੍ਰਾਇਮਰੀ ਸਕੂਲਾਂ ਪਿੰਡ ਜਲੂਰ ਵਿਖੇ ਆਯੋਜਿਤ ਸਮਾਗਮਾਂ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਇਸ ਮੌਕੇ ਜ਼ਿਲਾ ਸਿੱਖਿਆ ਅਫਸਰ ਪ੍ਰਾਇਮਰੀ ਬਲਜਿੰਦਰ ਕੌਰ, ਪੀ.ਏ. ਰਾਕੇਸ਼ ਕੁਮਾਰ ਗੁਪਤਾ, ਅਮਰੀਕ ਸਿੰਘ ਸਾਬਕਾ ਸਰਪੰਚ ਰਾਮਗੜ੍ਹ ਸੰਧੂਆਂ, ਜਗਸੀਰ ਸਿੰਘ ਬਲਾਕ ਪ੍ਰਧਾਨ ਪਿੰਡ ਰਾਮਗੜ੍ਹ ਸੰਧੂਆਂ, ਲਖਬੀਰ ਸਿੰਘ ਲੱਖਾ ਸਰਪੰਚ ਘੋੜੇਨਾਬ, ਗੁਰਪਿਆਰ ਸਿੰਘ ਬਲਾਕ ਪ੍ਰਧਾਨ ਪਿੰਡ ਘੋੜੇਨਾਬ, ਭੂਸ਼ਣ ਸਿੰਘ ਬਿੱਲਾ, ਰਾਮਾ ਸਿੰਘ ਨੰਬਰਦਾਰ, ਜੱਸੀ ਸਿੰਘ ਪਿੰਡ ਸੇਖੋਵਾਸ, ਬਿੰਦਰ ਸਿੰਘ ਪਿੰਡ ਸੇਖੋਵਾਸ, ਕਰਮਜੀਤ ਸਿੰਘ ਪਿੰਡ ਰੋੜੇਵਾਲਾ, ਜਸਵਿੰਦਰ ਸਿੰਘ, ਦੀਪਾ ਸਿੰਘ, ਗੁਰਵਿੰਦਰ ਸਿੰਘ ਸਰਪੰਚ ਪਿੰਡ ਜਲੂਰ, ਪਰਮਜੀਤ ਸਿੰਘ ਪੰਮਾ, ਗੁਰਪ੍ਰੀਤ ਸਿੰਘ, ਛੱਜੂ ਸਿੰਘ ਸਰਾਓ, ਕਰਮਜੀਤ ਸਿੰਘ ਕਾਮਾ, ਗੁਰਪਿਆਰ ਸਿੰਘ ਵੀ ਹਾਜ਼ਰ ਸਨ।



## ਪੰਜਾਬ 'ਚ ਵੱਡਾ ਹਾਦਸਾ, ਡਿੱਗੇ ਖੰਭੇ 'ਚ ਜਾ ਵਜਿਆ ਮੋਟਰਸਾਈਕਲ

ਕਾਠਗੜ੍ਹ 21 ਅਪ੍ਰੈਲ। ਸਵੇਰੇ ਬਲਾਚੌਰ-ਰੂਪਨਗਰ ਰਾਸ਼ਟਰੀ ਮਾਰਗ 'ਤੇ ਨੈਸ਼ਨਲ ਪਿੰਡ ਰੈਲਮਾਜਰਾ ਅੱਡੇ ਦੇ ਕੋਲ ਇਕ ਟਰੱਕ ਨਾਲ ਹਾਦਸਾ ਵਾਪਰਨ ਤੋਂ ਬਾਅਦ ਸਰਵਿਸ ਮਾਰਗ 'ਤੇ ਡਿੱਗੇ ਲਾਈਟ ਵਾਲੇ ਖੰਭੇ ਵਿਚ ਟਕਰਾਉਣ ਨਾਲ ਮੋਟਰਸਾਈਕਲ ਸਵਾਰ ਪਿਓ-ਪੁੱਤ ਜ਼ਖਮੀ ਹੋ ਗਏ ਅਤੇ ਹਸਪਤਾਲ ਪਹੁੰਚ ਕੇ ਪਿਤਾ ਦੀ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਉਕਤ ਮਾਰਗ 'ਤੇ ਵਾਪਰੇ ਇਸ ਹਾਦਸੇ ਸਬੰਧੀ ਜਾਣਕਾਰੀ ਦਿੰਦੇ ਹੋਏ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਏ.ਐੱਸ.ਆਈ. ਕੁਲਦੀਪ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਕੰਟ?ਰੋਲਰ ਰੂਮ ਨਵਾਂਸ਼ਹਿਰ ਤੋਂ ਸੂਚਨਾ ਮਿਲੀ ਸੀ ਕਿ ਇਕ ਟਰੱਕ ਜਿਸ ਨੂੰ ਸੁਨੀਲ ਕੁਮਾਰ ਪੁੱਤਰ ਅਜੀਤ ਰਾਜ ਪਿੰਡ ਬੈਂਗਲਰ ਤਹਿਸੀਲ ਸਾਂਬਾ ਜੰਮੂ ਐਂਡ ਕਸ਼ਮੀਰ ਚਲਾ ਰਿਹਾ ਸੀ ਤੇ ਉਹ ਜੰਮੂ ਤੋਂ ਟਰੱਕ ਲੋਡ ਕਰ ਕੇ ਪੰਚਕੂਲਾ ਹਰਿਆਣਾ ਜਾ ਰਿਹਾ ਸੀ, ਜਦੋਂ ਇਹ ਟਰੱਕ ਰੈਲਮਾਜਰਾ ਦੇ ਨੇੜੇ ਪਹੁੰਚਿਆ ਤਾਂ ਟਰੱਕ ਅੱਗੇ ਅਚਾਨਕ ਆਵਾਰਾ ਪਸ਼ੂ ਆ ਗਿਆ ਜਿਸ ਨੂੰ ਬਚਾਉਣ ਲਈ ਟਰੱਕ ਚਾਲਕ ਨੇ ਇਕਦਮ ਬ੍ਰੇਕ ਮਾਰੀ ਪਰ ਤੇਜ਼ ਹੋਣ ਕਾਰਨ ਟਰੱਕ ਦਾ ਸੰਤੁਲਨ ਵਿਗੜ ਜਿਸ ਕਾਰਨ ਟਰੱਕ ਬੇਕਾਬੂ ਹੋ ਕੇ ਹਾਈਵੇ ਮਾਰਗ ਦੇ ਡਿਵਾਇਡਰ 'ਤੇ ਜਾ ਚੜ੍ਹਿਆ ਅਤੇ ਡਿਵਾਈਡਰ 'ਤੇ ਲੱਗੀ ਰੇਲਿੰਗ ਨੂੰ ਕਾਫੀ ਦੂਰ ਤੱਕ ਤੋੜਦਾ ਚਲਾ ਗਿਆ ਅਤੇ ਨਾਲ ਹੀ ਮਾਰਗ 'ਤੇ ਲੱਗੇ ਲਾਈਟ ਵਾਲੇ ਖੰਭੇ ਨਾਲ ਜਾ ਟਕਰਾਇਆ ਜਿਸ ਕਾਰਨ ਲਾਈਟ ਦਾ ਖੰਭਾ ਟੁੱਟ ਕੇ ਸਰਵਿਸ ਰੋਡ 'ਤੇ ਜਾ ਡਿਗਿਆ ਅਤੇ ਟਰੱਕ ਬੁਰੀ ਤਰ੍ਹਾਂ ਨਾਲ ਨੁਕਸਾਨਿਆ ਗਿਆ। ਏ.ਐੱਸ.ਆਈ. ਕੁਲਦੀਪ ਕੁਮਾਰ ਨੇ ਦੱਸਿਆ ਕਿ ਅਜੇ ਉਹ ਹਾਦਸੇ ਵਾਲੀ ਜਗ?ਹਾ 'ਤੇ ਪਹੁੰਚੇ ਹੀ ਸਨ ਕਿ ਰੈਲਮਾਜਰਾ ਸਾਈਡ ਤੋਂ ਇਕ ਮੋਟਰਸਾਈਕਲ ਆਇਆ ਜਿਸ ਨੂੰ ਮੋਹਨ ਲਾਲ ਪੁੱਤਰ ਜਗਦੀਸ਼ ਕੁਮਾਰ ਵਾਸੀ ਬੜੀ ਹਵੇਲੀ ਰੋਪੜ ਅਤੇ ਉਸ ਦਾ ਪੁੱਤਰ ਰੋਹਨ ਪੁੱਤਰ ਜਗਦੀਸ਼ ਕੁਮਾਰ ਜੋ ਮੋਟਰਸਾਈਕਲ ਦੇ ਪਿੱਛੇ ਬੈਠਾ ਸੀ ਇਹ ਦੋਵੇਂ ਪਿਓ-ਪੁੱਤਰ ਜੋ ਪਿੰਡ ਟੌਂਸਾ ਵਿਖੇ ਜਾਗਰਣ ਕਰਨ ਉਪਰੰਤ ਵਾਪਸ ਆਪਣੇ ਘਰ ਰੋਪੜ ਵਿਖੇ ਪਰਤ ਰਹੇ ਸਨ ਕਿ ਜਦੋਂ ਉਹ ਉਪਰੋਕਤ ਸਥਾਨ 'ਤੇ ਪਹੁੰਚੇ ਤਾਂ ਪਤਾ ਨਾ ਲੱਗਣ ਕਰ ਕੇ ਉਨ੍ਹਾਂ ਦਾ ਮੋਟਰਸਾਈਕਲ ਸਰਵਿਸ ਰੋਡ 'ਤੇ ਡਿੱਗੇ ਖੰਭੇ ਨਾਲ ਟਕਰਾ ਗਿਆ ਜਿਸ ਨਾਲ ਦੋਨੋਂ ਪਿਓ-ਪੁੱਤਰ ਗੰਭੀਰ ਰੂਪ 'ਚ ਜ਼ਖਮੀ ਹੋ ਗਏ ਜਿਨ੍ਹਾਂ ਨੂੰ ਨੈਸ਼ਨਲ ਹਾਈਵੇ ਅਥਾਰਟੀ ਦੀ ਐਬੂਲੈਂਸ ਰਾਹੀ ਐੱਸ.ਐੱਸ.ਐੱਫ. ਦੀ ਟੀਮ ਵੱਲੋਂ ਸਿਵਲ ਹਸਪਤਾਲ ਰੋਪੜ ਵਿਖੇ ਇਲਾਜ ਲਈ ਦਾਖ਼ਲ ਕਰਵਾਇਆ ਗਿਆ ਪਰ ਜ਼ਖਮਾਂ ਦੀ ਤਾਬ ਨਾ ਚਲਦੇ ਹੋਏ ਪਿਓ ਦੀ ਮੌਤ ਹੋ ਗਈ

## ਯੁੱਧ ਨਸ਼ਿਆ ਵਿਰੁੱਧ: ਜਲੰਧਰ ਪੁਲਸ ਨੇ ਵਿਕਟੋਰੀਆ ਗਾਰਡਨ ਵਿਖੇ ਨਸ਼ਾ ਵਿਰੋਧੀ ਪਹਿਲਕਦਮੀ ਕੀਤੀ ਸ਼ੁਰੂ

**ਏਜੰਸੀਆਂ**

ਜਲੰਧਰ 20 ਅਪ੍ਰੈਲ। ਜਲੰਧਰ ਨੂੰ ਨਸ਼ਾ ਮੁਕਤ ਸ਼ਹਿਰ ਬਣਾਉਣ ਦੇ ਉਦੇਸ਼ ਨਾਲ 'ਸੰਪਰਕ' ਤਹਿਤ ਅੱਜ ਵਿਕਟੋਰੀਆ ਗਾਰਡਨ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਸਮਾਗਮ ਦੀ ਅਗਵਾਈ ਏ ਡੀ ਜੀ ਪੀ ਟੈਕਨੀਕਲ ਸਰਵਿਸਿਜ਼, ਸੀ ਪੀ ਜਲੰਧਰ, ਜਲੰਧਰ ਦੇ ਡਿਪਟੀ ਕਮਿਸ਼ਨਰ, ਜੁਆਇੰਟ ਸੀ ਪੀ ਜਲੰਧਰ ਸਮੇਤ ਹੋਰ ਸੀਨੀਅਰ ਪੁਲਿਸ ਅਧਿਕਾਰੀਆਂ ਨੇ ਕੀਤੀ। ਇਸ ਵਿੱਚ ਵੱਖ-ਵੱਖ ਐਸੋਸੀਏਸ਼ਨਾਂ ਅਤੇ ਸੰਸਥਾਵਾਂ ਦੇ ਨਾਲ 200 ਤੋਂ ਵੱਧ ਹਾਜ਼ਰੀਨ ਦੀ ਸਰਗਰਮ ਭਾਗੀਦਾਰੀ ਵੇਖੀ ਗਈ। ਗੱਲਬਾਤ ਸੈਸ਼ਨ ਦੌਰਾਨ, ਨਸ਼ਿਆਂ ਦੀ ਦੁਰਵਰਤੋਂ ਅਤੇ ਇਸ ਦੇ ਦੂਰਗਾਮੀ ਨਤੀਜਿਆਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਨਾਟਕ, ਇੱਕ-ਨਾਲ-ਇੱਕ ਚਰਚਾ ਅਤੇ ਜਾਗਰੂਕਤਾ ਮੁਹਿੰਮਾਂ ਦਾ ਆਯੋਜਨ ਕੀਤਾ ਗਿਆ। ਹਾਜ਼ਰੀਨ ਨੂੰ ਸੀਨੀਅਰ ਅਧਿਕਾਰੀਆਂ ਨਾਲ ਸਿੱਧੀ ਗੱਲਬਾਤ ਕਰਨ ਦਾ ਮੌਕਾ ਵੀ ਮਿਲਿਆ। ਯੁੱਧ ਨਸ਼ਿਆ ਵਿਰੁੱਧ ਪਹਿਲਕਦਮੀ 'ਤੇ ਚਾਨਣਾ ਪਾਉਂਦੇ ਹੋਏ, ਏ ਡੀ ਜੀ ਪੀ ਤਕਨੀਕੀ ਸੇਵਾਵਾਂ, ਸ਼. ਰਾਮ ਸਿੰਘ, ਆਈ.ਪੀ.ਐਸ. ਨੇ ਕਿਹਾ ਕਿ ਪੁਲਿਸ ਨਸ਼ੀਲੇ ਪਦਾਰਥਾਂ ਦੀ ਮੰਗ ਅਤੇ ਸਪਲਾਈ ਨੂੰ ਰੋਕਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸੰਪਰਕ ਮੀਟਿੰਗ ਜਲੰਧਰ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਸ਼ਹਿਰ ਵਿੱਚ ਬਦਲਣ ਲਈ ਇੱਕ ਪ੍ਰੇਰਣਾ ਵਜੋਂ ਕੰਮ ਕਰੇਗੀ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਜਿਹੀ ਗੰਭੀਰ ਚੁਣੌਤੀ ਨੂੰ ਸਮੂਹਿਕ ਯਤਨਾਂ ਨਾਲ ਹੀ ਕਾਬੂ ਕੀਤਾ ਜਾ ਸਕਦਾ ਹੈ। ਸੀ ਪੀ ਜਲੰਧਰ ਨੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜੰਗ ਵਿੱਚ ਸਰਗਰਮੀ ਨਾਲ ਸ਼ਾਮਲ ਹੋਣ ਅਤੇ ਨਸ਼ਾ ਵਿਰੋਧੀ ਹੈਲਪਲਾਈਨ 9779100200 'ਤੇ ਕਿਸੇ ਵੀ ਨਸ਼ੇ ਨਾਲ ਸਬੰਧਤ ਗਤੀਵਿਧੀ ਦੀ ਸੂਚਨਾ ਦੇਣ ਲਈ ਵੀ ਅਪੀਲ ਕੀਤੀ। ਉਨ੍ਹਾਂ ਦੁਹਰਾਇਆ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੀ ਡੂੰਘੀ ਖੱਡ ਵਿੱਚ ਡਿੱਗਣ ਤੋਂ ਬਚਾਉਣਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਨਸ਼ਾ ਮੁਕਤ ਰਾਜ ਦੇ ਸੁਪਨੇ ਨੂੰ ਇੱਕ ਜਿਉਂਦੀ ਜਾਗਦੀ ਹਕੀਕਤ ਵਿੱਚ ਬਦਲਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ ਅਤੇ ਇਹ ਲੜਾਈ ਸਮੂਹਿਕ ਸੰਕਲਪ ਅਤੇ ਭਾਈਚਾਰਕ ਕਾਰਵਾਈ ਨਾਲ ਹੀ ਜਿੱਤੀ ਜਾ ਸਕਦੀ ਹੈ। ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਜਲੰਧਰ ਦੇ ਡਿਪਟੀ ਕਮਿਸ਼ਨਰ ਸ. ਹਿਮਾਂਸ਼ੂ ਅਗਰਵਾਲ, ਆਈ.ਏ.ਐਸ, ਨੇ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਵਿੱਚ ਖੇਡਾਂ ਦੀ ਅਹਿਮ ਭੂਮਿਕਾ ਬਾਰੇ ਚਾਨਣਾ ਪਾਇਆ। ਖੇਡਾਂ ਨੂੰ ਨਸ਼ਿਆਂ ਦੇ ਪਰਛਾਵੇਂ ਵਿਰੁੱਧ ਢਾਲ ਦੱਸਦਿਆਂ ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਅਤੇ ਤੰਦਰੁਸਤੀ ਨੂੰ ਆਪਣੀ ਜ਼ਿੰਦਗੀ ਦਾ ਨਿਯਮਤ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਇੰਟਰਐਕਟਿਵ ਸੈਸ਼ਨ ਦੌਰਾਨ, ਵਿਅਕਤੀਆਂ ਨੇ ਨਸ਼ਿਆਂ ਵਿਰੁੱਧ ਲੜਾਈ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਕੀਮਤੀ ਸੂਝ ਅਤੇ ਸੁਝਾਅ ਸਾਂਝੇ ਕੀਤੇ। ਬਹੁਤ ਸਾਰੇ ਭਾਗੀਦਾਰਾਂ ਨੇ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਦੇ ਯਤਨਾਂ ਲਈ ਜ਼ੋਰਦਾਰ ਸਮਰਥਨ ਦੀ ਆਵਾਜ਼ ਉਠਾਉਂਦੇ ਹੋਏ ਯੁੱਧ ਨਸ਼ਿਆ ਵਿਰੁੱਧ ਪਹਿਲਕਦਮੀ ਲਈ ਪ੍ਰਸ਼ੰਸਾ ਕੀਤੀ। ਸੀ.ਪੀ.ਜਲੰਧਰ ਨੇ ਇਕੱਠ ਨੂੰ ਭਰੋਸਾ ਦਿੱਤਾ ਕਿ ਉਠਾਈਆਂ ਗਈਆਂ ਸਾਰੀਆਂ ਚਿੰਤਾਵਾਂ ਅਤੇ ਸਿਫਾਰਿਸ਼ਾਂ ਨੂੰ ਪ੍ਰਭਾਵੀ ਕਾਰਵਾਈ ਨਾਲ ਹੱਲ ਕੀਤਾ ਜਾਵੇਗਾ।



# ਕਿਧਰੇ ਤੁਹਾਡੇ ਘਰ ਦੀ ਰਸੋਈ 'ਚ ਤਾਂ ਨਹੀਂ ਮਿਲਾਵਟੀ ਲੂਣ

**ਏਜੰਸੀਆਂ**

ਹੈਲਥ ਡੈਸਕ 20 ਅਪ੍ਰੈਲ। ਰਸੋਈ ਦੀ ਰਾਣੀ ਮੰਨੇ ਜਾਂਦੇ ਮਸਾਲੇ ਜਿੱਥੇ ਖਾਣੇ ਨੂੰ ਸੁਆਦ ਦਿੰਦੇ ਹਨ, ਉਥੇ ਹੀ ਜੇਕਰ ਇਹ ਮਿਲਾਵਟੀ ਹੋਣ ਤਾਂ ਸਿਹਤ ਲਈ ਜ਼ਹਿਰ ਸਾਬਤ ਹੋ ਸਕਦੇ ਹਨ। ਵਧ ਰਹੀ ਮੰਗ ਅਤੇ ਥੋੜ੍ਹੇ ਜਿਹੇ ਮੁਨਾਫ਼ੇ ਦੇ ਲਾਲਚ ਕਾਰਨ ਬਾਜ਼ਾਰ 'ਚ ਮਿਲਾਵਟ ਵਾਲੇ ਮਸਾਲੇ ਆਸਾਨੀ ਨਾਲ ਉਪਲਬਧ ਹਨ ਪਰ ਚਿੰਤਾ ਨਾ ਕਰੋ, ਤੁਸੀਂ ਇਹ ਮਿਲਾਵਟ ਘਰ ਬੈਠੇ ਹੀ ਆਸਾਨ ਤਰੀਕਿਆਂ ਨਾਲ ਪਛਾਣ ਸਕਦੇ ਹੋ। ਜੀ, ਹਾਂ ਘਰ ਅੰਦਰ ਹੀ ਇਨ੍ਹਾਂ ਮਸਾਲਿਆਂ ਦੀ ਜਾਂਚ ਕੀਤੀ ਜਾ ਸਕਦੀ ਹੈ ਕਿ ਮਸਾਲੇ ਮਿਲਾਵਟੀ ਹਨ ਜਾਂ ਨਹੀਂ। ਪਾਣੀ ਵਾਲਾ ਟੈਸਟ: ਇੱਕ ਕੱਚ ਦਾ ਗਿਲਾਸ ਲਵੋ ਅਤੇ ਠੰਡਾ ਪਾਣੀ ਭਰੋ। ਇੱਕ ਚੁਟਕੀ ਹਲਦੀ ਪਾਣੀ ਵਿੱਚ ਪਾਓ ਅਤੇ ਹੌਲੀ-ਹੌਲੀ ਹਿਲਾਓ। ਅਸਲੀ ਹਲਦੀ ਦਾ ਪਾਣੀ ਦਾ ਰੰਗ ਜ਼ਿਆਦਾ ਨਹੀਂ ਬਦਲੇਗਾ, ਤੇ ਪਾਊਡਰ ਇਕਸਾਰ ਘੁਲ ਜਾਵੇਗਾ। ਅਸਲੀ ਹਲਦੀ ਦੀ ਤੇਜ਼ ਤੇ ਖਾਸ ਸੂਝੀ ਹੋਈ ਮਿੱਟੀਵਾਂ ਮਹਿਕ। ਮਿਲਾਵਟੀ ਹਲਦੀ ਦੀ ਮਹਿਕ ਬਹੁਤ ਹਲਕੀ ਜਾਂ ਬਿਲਕੁਲ ਨਾ ਹੋਣੀ। ਹਲਦੀ ਪਾਊਡਰ ਨੂੰ ਹੱਥ ਵਿੱਚ ਰੱਖ ਕੇ ਰਗੜੋ। ਜੇਕਰ ਰੰਗ ਹੱਥ 'ਤੇ ਲੱਗ ਜਾਵੇ ਅਤੇ ਧੋਣ 'ਤੇ ਵੀ ਨਾ ਉਤਰੇ, ਤਾਂ ਇਹ ਰੰਗ ਮਿਲਾਵਟ ਹੋ ਸਕਦੀ ਹੈ। ਹੁਣ ਗੱਲ ਕਰੀਏ ਲਾਲ ਮਿਰਚ ਪਾਊਡਰ ਦੀ-ਜੋ ਹਰ ਰਸੋਈ ਦੀ ਜ਼ਰੂਰਤ ਹੈ। ਪਰ ਇਸ ਵਿੱਚ ਵੀ ਅਕਸਰ ਇੱਟ ਦਾ ਬੁਰਾਦਾ, ਰੰਗ, ਜਾਂ ਚੂਨਾ ਵਰਗੀਆਂ ਮਿਲਾਵਟਾਂ ਕੀਤੀਆਂ ਜਾਂਦੀਆਂ ਹਨ, ਜੋ ਸਿਹਤ ਲਈ ਖ਼ਤਰਨਾਕ ਹਨ। ਪਾਣੀ ਵਾਲਾ ਟੈਸਟ: ਇੱਕ ਪਿਆਲੇ ਵਿੱਚ ਠੰਡਾ ਪਾਣੀ ਭਰੋ। ਇੱਕ ਚਮਚੀ ਲਾਲ ਮਿਰਚ ਪਾਊਡਰ ਪਾਓ ਅਤੇ ਹੌਲੀ ਹਿਲਾਓ। ਅਸਲੀ ਮਿਰਚ ਪਾਊਡਰ ਪਾਣੀ ਵਿੱਚ ਹੌਲੀ-ਹੌਲੀ ਘੁਲਦਾ ਜਾਂ ਨੀਵਾਂ ਵੱਸ ਜਾਂਦਾ ਹੈ। ਮਿਲਾਵਟੀ ਪਾਊਡਰ (ਇੱਟ ਦਾ ਬੁਰਾਦਾ ਜਾਂ ਰੰਗ) ਦਾ ਰੰਗ ਪਾਣੀ ਵਿੱਚ ਤੁਰੰਤ ਫੈਲ ਜਾਵੇਗਾ ਜਾਂ ਤਲ ਵਿੱਚ ਲਾਲ ਰੇਤ ਵਰਗਾ ਪਦਾਰਥ ਬੈਠ ਜਾਵੇਗਾ। ਅਸਲੀ ਲਾਲ ਮਿਰਚ ਦੀ ਤੇਜ਼ ਤੇ ਝੱਲਣ ਵਾਲੀ ਮਹਿਕ ਹੁੰਦੀ ਹੈ। ਜੇ ਮਹਿਕ ਬਿਲਕੁਲ ਨਹੀਂ ਜਾਂ ਸਾਬੁਣੀ ਹੋਵੇ, ਤਾਂ ਸੰਭਾਵਨਾ ਹੈ ਕਿ ਇਹ ਮਿਲਾਵਟ ਵਾਲੀ ਹੈ। ਹਲਕੀ ਲਾਲ ਮਿਰਚ ਹੱਥ 'ਤੇ ਰਗੜੋ, ਜੇਕਰ ਰੰਗ ਹੱਥ 'ਤੇ ਲੱਗ ਜਾਵੇ ਤੇ ਹੱਥ ਧੋ ਕੇ ਵੀ ਰੰਗ ਨਾ ਉਤਰੇ, ਤਾਂ ਇਹ ਨਕਲੀ ਰੰਗ ਹੋ ਸਕਦਾ ਹੈ। ਸਾਵਧਾਨੀ: ਲਾਲ ਮਿਰਚ ਵਿਚ ਮਲਾਇਆ ਜਾਣ ਵਾਲਾ ਇੱਟ ਦਾ ਬੁਰਾਦਾ ਪਚਨ ਤੰਤਰ ਨੂੰ ਨੁਕਸਾਨ ਪਹੁੰਚਾਉਂਦਾ ਹੈ। ਇਸ ਵਿਚ ਮਿਲਾਏ ਜਾਣ ਵਾਲੇ ਨਕਲੀ ਰੰਗ ਚਮੜੀ ਰੈਸ਼, ਅਲਰਜੀ ਤੇ ਅੰਦਰੂਨੀ ਸੂਜਣ ਦਾ ਕਾਰਨ ਬਣਦੇ ਹਨ। ਉਥੇ ਹੀ ਇਨ੍ਹਾਂ ਦੇ ਕਾਰਨ ਇਸ ਦਾ ਸੇਵਨ ਕਰਨ ਵਾਲਿਆਂ ਨੂੰ ਕਿਡਨੀ ਦੀ ਸਮੱਸਿਆ ਹੋ ਸਕਦੀ ਹੈ। ਪਾਣੀ ਵਾਲਾ ਟੈਸਟ: ਇੱਕ ਪਿਆਲੇ ਵਿੱਚ ਠੰਡਾ ਪਾਣੀ ਭਰੋ।ਇੱਕ ਚਮਚ ਧਨੀਆ ਪਾਊਡਰ ਪਾਣੀ ਵਿੱਚ ਪਾਓ ਤੇ ਹੌਲੀ-ਹੌਲੀ ਹਿਲਾਓ। ਅਸਲੀ ਧਨੀਆ ਪਾਣੀ ਵਿੱਚ ਹੌਲੀ-ਹੌਲੀ ਮਿਲ ਜਾਵੇਗਾ, ਰੰਗ ਨਹੀਂ ਛੱਡੇਗਾ। ਮਿਲਾਵਟੀ ਧਨੀਆ ਕਾਰਨ ਪਾਣੀ ਉੱਤੇ ਭਰਾਵਟ ਜਾਂ ਬੁਰਾਦਾ ਤੈਰਨ ਲੱਗੇਗਾ, ਜਾਂ ਤਲ ਵਿੱਚ ਭਾਰੀ ਪਦਾਰਥ ਬੈਠ ਜਾਣਗੇ। ਅਸਲੀ ਧਨੀਆ ਪਾਊਡਰ ਵਿੱਚ ਤੇਜ਼ ਸੁਗੰਧ ਹੋਣੀ ਚਾਹੀਦੀ ਹੈ। ਮਿਲਾਵਟ ਵਾਲੇ ਪਾਊਡਰ ਵਿੱਚ ਮਹਿਕ ਨਹੀਂ ਆਉਂਦੀ ਜਾਂ ਬਹੁਤ ਹਲਕੀ ਹੁੰਦੀ ਹੈ। ਧਨੀਆ ਪਾਊਡਰ ਨੂੰ ਹੱਥ ਵਿਚ ਲੈ ਕੇ ਮਲੋ। ਜੇਕਰ ਉਹ ਚਾਕ ਵਾਲਾ ਸੁੱਕਾ ਲੱਗੇ ਜਾਂ ਹੱਥ 'ਤੇ ਚਮਕਦਾਰ ਰੰਗ ਰਹਿ ਜਾਏ, ਤਾਂ ਸੰਭਵ ਹੈ ਕਿ ਰੰਗ ਮਿਲਾਇਆ ਹੋਇਆ ਹੋਵੇ। ਹੁਣ ਗੱਲ ਕਰੀਏ ਕਾਲੀ ਮਿਰਚ ਦੀ-ਜੋ ਸਿਰਫ਼ ਸੁਆਦ ਹੀ ਨਹੀਂ, ਸਿਹਤ ਲਈ ਵੀ ਲਾਭਦਾਇਕ ਮੰਨੀ ਜਾਂਦੀ ਹੈ। ਪਰ ਅੱਜਕਲ੍ਹ ਬਾਜ਼ਾਰ ਵਿੱਚ ਇਸ ਵਿੱਚ ਵੀ ਮਿਲਾਵਟ ਹੋਣ ਦੀ ਸੰਭਾਵਨਾ ਹੁੰਦੀ ਹੈ, ਖਾਸ ਕਰਕੇ ਕੱਚੇ ਪਪੀਤੇ ਦੇ ਬੀਜਾਂ ਦੀ। ਪਾਣੀ ਵਾਲਾ ਟੈਸਟ : ਇੱਕ ਪਿਆਲੇ ਜਾਂ ਕੱਚ ਦੇ ਗਿਲਾਸ ਵਿੱਚ ਪਾਣੀ ਭਰੋ। ਕੁਝ ਕਾਲੀ ਮਿਰਚ ਦੇ ਦਾਣੇ ਪਾਣੀ ਵਿੱਚ ਪਾਓ। ਮਿਲਾਵਟੀ (ਪਪੀਤੇ ਦੇ ਬੀਜ) ਪਾਣੀ ਉੱਤੇ ਤੈਰਦੇ ਹਨ, ਕਿਉਂਕਿ ਇਹ ਹਲਕੇ ਹੁੰਦੇ ਹਨ। ਅਸਲੀ ਮਿਰਚ ਥੋੜ੍ਹੀ ਚਮਕਦਾਰ ਅਤੇ ਸਖ਼ਤ ਹੁੰਦੀ ਹੈ। ਨਕਲੀ ਬੀਜ ਥੋੜ੍ਹੇ ਫਿੱਕੇ, ਮੈਲੇ ਰੰਗ ਦੇ, ਅਤੇ ਹੌਲੇ ਹੁੰਦੇ ਹਨ। ਕਈ ਵਾਰੀ ਨਕਲੀ ਬੀਜ ਦੇ ਉੱਪਰ ਹਲਕਾ ਚਿੱਟਾ-ਚਿੱਟਾ ਨਿਸ਼ਾਨ ਵੀ ਹੁੰਦਾ ਹੈ। ਦਾਣੇ ਨੂੰ ਹੱਥ ਨਾਲ ਕੱਟ ਕੇ ਵੇਖੋ। ਅਸਲੀ ਕਾਲੀ ਮਿਰਚ ਅੰਦਰੋਂ ਵੀ ਕਾਲੀ ਜਾਂ ਭੂਰੀ ਹੁੰਦੀ ਹੈ। ਨਮਕ ਵੀ ਰੋਜ਼ਾਨਾ ਦੀ ਰਸੋਈ ਵਿੱਚ ਵਰਤੇ ਜਾਣ ਵਾਲਾ ਸਭ ਤੋਂ ਆਮ ਘਰੇਲੂ ਸਮਾਨ ਹੈ। ਪਰ ਅਫ਼ਸੋਸ ਦੀ ਗੱਲ ਇਹ ਹੈ ਕਿ ਨਮਕ ਵਿੱਚ ਵੀ ਅੱਜਕੱਲ੍ਹ ਚੂਨਾ ਜਾਂ ਵਾਸ਼ਿੰਗ ਸੋਡਾ ਵਰਗੀਆਂ ਮਿਲਾਵਟਾਂ ਕੀਤੀਆਂ ਜਾਂਦੀਆਂ ਹਨ, ਜੋ ਸਿਹਤ ਲਈ ਖ਼ਤਰਨਾਕ ਹੋ ਸਕਦੀਆਂ ਹਨ। ਮੇਰਠ: ਉੱਤਰ ਪ੍ਰਦੇਸ਼ ਦੇ ਮੇਰਠ ਜ਼ਿਲ੍ਹੇ ਤੋਂ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਜਿਸ ਨੇ ਰਿਸ਼ਤਿਆਂ ਨੂੰ ਤਾਰ ਤਾਰ ਕਰ ਕੇ ਰੱਖ ਦਿੱਤਾ। ਇੱਥੇ ਇੱਕ ਨੌਜਵਾਨ ਨੂੰ ਆਪਣੀ ਹੀ ਮਾਮੀ ਨਾਲ ਪਿਆਰ ਹੋ ਗਿਆ ਅਤੇ ਅੰਤ ਵਿੱਚ ਦੋਵੇਂ ਭੱਜ ਗਏ। ਹੁਣ ਮਾਮਲਾ ਪੁਲਸ ਸਟੇਸ਼ਨ ਤੱਕ ਪਹੁੰਚ ਗਿਆ ਹੈ, ਅਤੇ ਪੁਲਸ ਦੋਵਾਂ ਦੀ ਭਾਲ ਕਰ ਰਹੀ ਹੈ।



## ਅਣਪਛਾਤੇ ਨਕਾਬਪੋਸ਼ਾਂ ਨੇ ਤੇਜ਼ਧਾਰ ਹਥਿਆਰ ਦਿਖਾ ਕੇ ਮਾਂ-ਪੁੱਤ ਕੋਲੋਂ ਮੋਟਰਸਾਈਕਲ ਖੋਹਿਆ

ਬਟਾਲਾ 21 ਅਪ੍ਰੈਲ। ਅਣਪਛਾਤੇ ਨਕਾਬਪੋਸ਼ਾਂ ਵਲੋਂ ਤੇਜ਼ਧਾਰ ਹਥਿਆਰ ਦਿਖਾ ਕੇ ਮਾਂ-ਪੁੱਤ ਕੋਲੋਂ ਮੋਟਰਸਾਈਕਲ ਖੋਹ ਕੇ ਫਰਾਰ ਹੋਣ ਦਾ ਸਮਾਚਾਰ ਮਿਲਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ.ਐੱਸ.ਆਈ ਰਾਕੇਸ਼ ਕੁਮਾਰ ਨੇ ਦੱਸਿਆ ਕਿ ਕਰਨਬੀਰ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਛੋਟੇ ਘੁੰਮਣ ਨੇ ਪੁਲਸ ਨੂੰ ਦਰਜ ਕਰਵਾਏ ਬਿਆਨ ਵਿਚ ਲਿਖਵਾਇਆ ਹੈ ਕਿ ਬੀਤੀ 2 ਅਪ੍ਰੈਲ ਨੂੰ ਉਹ ਤੇ ਉਸਦੀ ਮਾਤਾ ਕੁਲਵਿੰਦਰ ਕੌਰ ਮੋਟਰਸਾਈਕਲ ਸਪਲੈਂਡਰ ਰੰਗ ਕਾਲਾ ਨੰ.ਪੀ.ਬੀ.06.8634 'ਤੇ ਸਵਾਰ ਹੋ ਕੇ ਪਿੰਡ ਤੋਂ ਬਟਾਲਾ ਕਿਸੇ ਕੰਮ ਲਈ ਗਏ ਹੋਏ ਸੀ ਅਤੇ ਜਦੋਂ ਉਹ ਵਾਪਸ ਘਰ ਨੂੰ ਪਰਤਦੇ ਸਮੇਂ ਅੱਡਾ ਤਾਰਾਗੜ੍ਹ ਤੋਂ ਛੋਟੇ ਘੁੰਮਣ ਰੋਡ 'ਤੇ ਚੜ੍ਹੇ ਤਾਂ ਇਸੇ ਦੌਰਾਨ ਇਕ ਸਪਲੈਂਡਰ ਮੋਟਰਸਾਈਕਲ 'ਤੇ ਸਵਾਰ ਹੋ ਕੇ 3 ਅਣਪਛਾਤੇ ਨੌਜਵਾਨ ਜਿਨ੍ਹਾਂ ਨੇ ਮੂੰਹ ਬੱਧੇ ਹੋਏ ਸਨ, ਨੇ ਦਾਤਰ ਅਤੇ ਕਿਰਚ ਦਿਖਾ ਕੇ ਜ਼ਬਰਦਸਤੀ ਉਸਦਾ ਮੋਟਰਸਾਈਕਲ ਖੋਹ ਲਿਆ ਅਤੇ ਫਰਾਰ ਹੋ ਗਏ। ਉਕਤ ਬਿਆਨਕਰਤਾ ਮੁਤਾਬਕ ਉਹ ਉਕਤ ਵਿਅਕਤੀਆਂ ਦੀ ਆਪਣੇ ਤੌਰ 'ਤੇ ਭਾਲ ਕਰਦਾ ਰਿਹਾ, ਜੋ ਹੁਣ ਉਸ ਨੂੰ ਪਤਾ ਚੱਲਿਆ ਹੈ ਕਿ ਉਸਦਾ ਮੋਟਰਸਾਈਕਲ ਮਨਦੀਪ ਸਿੰਘ ਉਰਫ ਮਨੀ ਉਰਫ ਪਟਵਾਰੀ ਪੁੱਤਰ ਬਿਸ਼ਨ ਲਾਲ ਵਾਸੀ ਵੀਲਾਬੱਜੂ ਹਾਲ ਵਾਸੀ ਦਾਣਾ ਮੰਡੀ ਬਟਾਲਾ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਖੋਹਿਆ ਹੈ। ਉਕਤ ਪੁਲਸ ਅਧਿਕਾਰੀ ਨੇ ਅੱਗ ਦੱਸਿਆ ਕਿ ਉਕਤ ਮਾਮਲੇ ਸਬੰਧੀ ਕਾਰਵਾਈ ਕਰਦਿਆਂ ਮਨਦੀਪ ਸਿੰਘ ਉਰਫ ਪਟਵਾਰੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਜਦਕਿ ਬਾਕੀਆਂ ਦੀ ਤਲਾਸ਼ ਜਾਰੀ ਹੈ ਤੇ ਇਸ ਸਬੰਧੀ ਥਾਣਾ ਕਿਲਾ ਲਾਲ ਸਿੰਘ ਵਿਖੇ ਬਣਦੀਆਂ ਧਾਰਾਵਾਂ ਹੇਠ ਉਕਤ ਨਕਾਬਪੋਸ਼ਾਂ ਵਿਰੁੱਧ ਕੇਸ ਦਰਜ ਕਰ ਦਿੱਤਾ ਗਿਆ ਹੈ।